ਸ਼ੁੱਕਰਵਾਰ, 3 ਜੁਲਾਈ, 2026
19 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 32

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 3 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਪ੍ਰਧਾਨ ਮੰਤਰੀ ਦਾ ਧ੍ਰਿਤਰਾਸ਼ਟਰ ਵਰਗਾ ਰੋਲ : ਕੇਜਰੀਵਾਲ

## ਦਾਨ ਘੁਟਾਲਾ : ਪ੍ਰਧਾਨ ਮੰਤਰੀ ਨੇ ਖ਼ੁਦ ਰਾਮ ਮੰਦਰ ਟਰੱਸਟ ਬਣਾਇਆ ਤੇ ਆਪਣੇ ਖਾਸ ਚੰਪਤ ਰਾਏ ਨੂੰ ਸਰਵੇਸਰਵਾ ਬਣਾਇਆ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਸ੍ਰੀ ਰਾਮ ਦੇ ਮੰਦਰ ਵਿੱਚ ਚੰਦਾ ਚੋਰੀ ਮਾਮਲੇ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਪ੍ਰਭੂ ਸ੍ਰੀ ਰਾਮ ਦੇ ਮੰਦਰ ਵਿੱਚ ਚੰਦਾ ਚੋਰੀ ਦੇ ਅਸਲੀ ਗੁਨਾਹਗਾਰਾਂ ਨੂੰ ਬਚਾ ਰਹੇ ਹਨ? ਕਿਉਂਕਿ ਮੋਦੀ ਜੀ ਨੇ ਖੁਦ ਟਰੱਸਟ ਬਣਾਇਆ, ਇੱਕ-ਇੱਕ ਵਿਅਕਤੀ ਨੂੰ ਖੁਦ ਚੁਣਿਆ ਅਤੇ ਆਪਣੇ ਖਾਸ ਚੰਪਤ ਰਾਏ ਨੂੰ ਮੰਦਰ ਦਾ ਸਰਵੇਸਰਵਾ ਵੀ ਬਣਾਇਆ। ਅਜਿਹੇ ਵਿੱਚ ਕੀ ਦੇਸ਼ ਦੇ ਲੋਕਾਂ ਨੂੰ ਭਰੋਸਾ ਹੈ ਕਿ ਮੋਦੀ ਜੀ ਅਸਲੀ ਚੋਰਾਂ ਨੂੰ ਸਜ਼ਾ ਦਿਵਾ ਸਕਣਗੇ? ਕਿਉਂਕਿ ਪੂਰਾ ਘਟਨਾਕ੍ਰਮ ਤਾਂ ਇਹੀ ਦਿਖਾਉਂਦਾ ਹੈ ਕਿ ਮੋਦੀ ਜੀ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਅਤੇ ਦੋਸ਼ੀਆਂ ਨੂੰ ਬਚਾਉਣ ਵਿੱਚ ਲੱਗੇ ਹੋਏ ਹਨ।

ਕੇਜਰੀਵਾਲ ਨੇ ਕਿਹਾ ਕਿ ਸ੍ਰੀ ਰਾਮ ਮੰਦਰ ਦੀ ਜ਼ਮੀਨ ਖਰੀਦ, ਨਿਰਮਾਣ ਅਤੇ ਚੜ੍ਹਾਵੇ ਵਿੱਚ ਏਨੇ ਵੱਡੇ-ਵੱਡੇ ਘੁਟਾਲੇ ਹੋ ਗਏ, ਮੋਦੀ ਜੀ ਨੂੰ ਪਤਾ ਕਿਵੇਂ ਨਹੀਂ ਲੱਗਿਆ? ਸੱਚ ਤਾਂ ਇਹ ਹੈ ਕਿ ਉਨ੍ਹਾ ਨੂੰ ਸਭ ਪਤਾ ਸੀ, ਪਰ ਉਹ ਧ੍ਰਿਤਰਾਸ਼ਟਰ ਬਣੇ ਰਹੇ। ਜਦੋਂ ਦੇਸ਼ ਦੇ ਸਾਹਮਣੇ ਸੱਚ ਆਉਣ ਲੱਗਿਆ ਤਾਂ ਲੋਕਾਂ ਦੀਆਂ ਅੱਖਾਂ ਵਿੱਚ ਧੂੜ ਪਾਉਣ ਲਈ ਫਰਜ਼ੀ ਐੱਸ ਆਈ ਟੀ ਬਣਾ ਦਿੱਤੀ। ਉਨ੍ਹਾ ਕਿਹਾ ਕਿ ਜਦੋਂ ਸਾਡੇ ਸਾਂਸਦ ਸੰਜੇ ਸਿੰਘ ਨੇ ਜ਼ਮੀਨ ਘੁਟਾਲੇ ਦੇ ਸਬੂਤ ਦਿੱਤੇ, ਤਾਂ ਐਸਆਈਟੀ ਨੇ ਕਿਹਾ ਕਿ ਉਹ ਜ਼ਮੀਨ ਘੁਟਾਲੇ ਦੀ ਜਾਂਚ ਨਹੀਂ ਕਰ ਰਹੀ। ਅਖੀਰ ਐੱਸ ਆਈ ਟੀ ਕੀ ਕਰ ਰਹੀ ਹੈ? ਪਹਿਲਾਂ ਵੀ ਐੱਸ ਆਈ ਟੀ ਬਣੀ, ਕੁਝ ਨਹੀਂ ਹੋਇਆ, ਇਸ ਵਾਰ ਵੀ ਐੱਸ ਆਈ ਟੀ ਬਣੀ ਹੈ, ਕੁਝ ਨਹੀਂ ਹੋਵੇਗਾ।

ਵੀਰਵਾਰ ਦਿੱਲੀ ਪ੍ਰਦੇਸ਼ ਪ੍ਰਧਾਨ ਸੌਰਭ ਭਾਰਦਵਾਜ ਨਾਲ ਪਾਰਟੀ ਹੈੱਡਕੁਆਰਟਰ 'ਤੇ ਪ੍ਰੈੱਸ ਕਾਨਫਰੰਸ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਸ੍ਰੀ ਰਾਮ ਮੰਦਰ ਵਿੱਚ ਚੜ੍ਹਾਵੇ ਦੀ ਚੋਰੀ ਹੋਈ ਹੈ, ਹੁਣ ਇਹ ਸਭ ਲੋਕ ਮੰਨ ਰਹੇ ਹਨ, ਪਰ ਕੀ ਅਸਲੀ ਦੋਸ਼ੀਆਂ, ਜੋ ਵੱਡੇ-ਵੱਡੇ ਪ੍ਰਭਾਵਸ਼ਾਲੀ ਅਤੇ ਤਾਕਤਵਰ ਲੋਕ ਹਨ, ਨੂੰ ਸਜ਼ਾ ਮਿਲ ਸਕੇਗੀ? ਉਨ੍ਹਾਂ ਦੀਆਂ ਗ੍ਰਿਫ਼ਤਾਰੀਆਂ ਹੋਣਗੀਆਂ? ਕੀ ਉਨ੍ਹਾਂ ਖ਼ਿਲਾਫ਼ ਐਕਸ਼ਨ ਹੋਵੇਗਾ? ਹਰ ਜਗ੍ਹਾ ਖ਼ੂਬ ਰੌਲਾ ਪਾਇਆ ਗਿਆ ਹੈ ਕਿ ਮੋਦੀ ਜੀ ਹਨ, ਮੋਦੀ ਜੀ ਕਿਸੇ ਨੂੰ ਛੱਡਣਗੇ ਨਹੀਂ, ਮੋਦੀ ਜੀ ਕਿਸੇ ਨੂੰ ਬਖਸ਼ਣਗੇ ਨਹੀਂ। ਮੈਂ ਲੋਕਾਂ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਉਨ੍ਹਾਂ ਨੂੰ ਵੀ ਭਰੋਸਾ ਹੈ ਕਿ ਮੋਦੀ ਜੀ ਅਸਲੀ ਚੋਰਾਂ ਨੂੰ ਸਜ਼ਾ ਦਿਵਾ ਸਕਣਗੇ? ਮੈਂ ਇਹ ਨਹੀਂ ਕਹਿ ਸਕਦਾ ਅਤੇ ਮੇਰੇ ਕੋਲ ਇਸ ਗੱਲ ਦਾ ਕੋਈ ਸਬੂਤ ਵੀ ਨਹੀਂ ਕਿ ਪੈਸਾ ਮੋਦੀ ਜੀ ਤੱਕ ਪਹੁੰਚਿਆ. ਇਸ 'ਤੇ ਮੈਂ ਕੋਈ ਟਿੱਪਣੀ ਨਹੀਂ ਕਰਾਂਗਾ, ਪਰ ਪੂਰਾ ਘਟਨਾਕ੍ਰਮ ਇਹ ਜ਼ਰੂਰ ਦਿਖਾਉਂਦਾ ਹੈ ਕਿ ਮੋਦੀ ਜੀ ਨੇ ਪੂਰੇ ਮਾਮਲੇ ਨੂੰ ਰਫ਼ਾ-ਦਫ਼ਾ ਕਰਨ, ਉਸ ਨੂੰ ਢਕਣ ਅਤੇ ਦੋਸ਼ੀਆਂ ਨੂੰ ਬਚਾਉਣ ਵਿੱਚ ਕੋਈ ਕਸਰ ਨਹੀਂ ਛੱਡੀ।

ਕੇਜਰੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਜੀ ਨੇ ਖੁਦ ਪਰਸਨਲੀ ਇੱਕ ਟਰੱਸਟ ਬਣਾਇਆ। ਇਸ ਟਰੱਸਟ ਦੇ ਅੰਦਰ ਦਾ ਇੱਕ-ਇੱਕ ਵਿਅਕਤੀ ਪ੍ਰਧਾਨ ਮੰਤਰੀ ਜੀ ਨੇ ਖੁਦ ਚੁਣਿਆ ਹੈ। ਇਸ ਟਰੱਸਟ ਵਿੱਚ ਪ੍ਰਧਾਨ ਮੰਤਰੀ ਦੇ ਆਪਣੇ ਲੋਕ ਹਨ। ਚੰਪਤ ਰਾਏ ਪ੍ਰਧਾਨ ਮੰਤਰੀ ਜੀ ਦੇ ਬਹੁਤ ਖਾਸ ਮੰਨੇ ਜਾਂਦੇ ਹਨ। ਮੋਦੀ ਜੀ ਨੇ ਚੰਪਤ ਰਾਏ ਨੂੰ ਸ੍ਰੀ ਰਾਮ ਮੰਦਰ ਦਾ ਜਨਰਲ ਸੈਕਟਰੀ ਅਤੇ ਸਰਵੇਸਰਵਾ ਬਣਾਇਆ। ਚੰਪਤ ਰਾਏ ਉਨ੍ਹਾ ਦੇ ਆਪਣੇ ਆਦਮੀ ਮੰਨੇ ਜਾਂਦੇ ਹਨ। 2021 ਵਿੱਚ ਉੱਥੇ ਜ਼ਮੀਨਾਂ ਦੇ ਖ਼ੂਬ ਘੁਟਾਲੇ ਹੋਏ। ਇੱਕ ਪਾਠਕ ਪਰਵਾਰ ਨੇ 2 ਕਰੋੜ ਦੀ ਜ਼ਮੀਨ ਇਨ੍ਹਾਂ ਦੀ ਪਾਰਟੀ ਦੇ ਇੱਕ ਵਿਅਕਤੀ ਨੂੰ ਵੇਚੀ ਅਤੇ 10 ਮਿੰਟ ਦੇ ਅੰਦਰ ਉਸ ਵਿਅਕਤੀ ਨੇ ਉਹੀ ਜ਼ਮੀਨ 18 ਕਰੋੜ ਰੁਪਏ ਵਿੱਚ ਮੰਦਰ ਟਰੱਸਟ ਨੂੰ ਵੇਚ ਦਿੱਤੀ। 10 ਮਿੰਟ ਦੇ ਅੰਦਰ 2 ਕਰੋੜ ਦੀ ਜ਼ਮੀਨ 18 ਕਰੋੜ ਦੀ ਹੋ ਗਈ। ਕੀ ਪ੍ਰਧਾਨ ਮੰਤਰੀ ਨੂੰ ਇਸ ਦਾ ਪਤਾ ਨਹੀਂ



ਲੱਗਿਆ? ਪੂਰੀ ਦੁਨੀਆ ਨੂੰ ਪਤਾ ਸੀ, ਮੀਡੀਆ ਵਿੱਚ ਵੀ ਆਇਆ ਸੀ। ਇਸੇ ਤਰ੍ਹਾਂ 3 ਕਰੋੜ ਦੀ ਜ਼ਮੀਨ 24 ਕਰੋੜ ਵਿੱਚ ਟਰੱਸਟ ਨੂੰ ਵੇਚ ਦਿੱਤੀ ਗਈ। 9 ਕਰੋੜ ਦੀ ਜ਼ਮੀਨ 55 ਕਰੋੜ ਵਿੱਚ ਵੇਚ ਦਿੱਤੀ ਗਈ। 14 ਕਰੋੜ ਦੀ ਜ਼ਮੀਨ 95 ਕਰੋੜ ਵਿੱਚ ਮੰਦਰ ਟਰੱਸਟ ਨੇ ਖਰੀਦੀ। ਕੀ ਪ੍ਰਧਾਨ ਮੰਤਰੀ ਨੂੰ ਇਸ ਦਾ ਪਤਾ ਨਹੀਂ ਲੱਗਿਆ? ਇਹ ਸਭ ਪਬਲਿਕ ਡੋਮੇਨ ਵਿੱਚ ਹੈ, ਫਿਰ ਵੀ ਕੀ ਪ੍ਰਧਾਨ ਮੰਤਰੀ ਨੂੰ ਪਤਾ ਨਹੀਂ ਲੱਗਿਆ?

ਕੇਜਰੀਵਾਲ ਨੇ ਕਿਹਾ, 'ਮੰਦਰ ਨਿਰਮਾਣ ਵਿੱਚ ਇੰਜੀਨੀਅਰਾਂ ਦਾ ਦੋਸ਼ ਹੈ ਕਿ ਉਨ੍ਹਾਂ ਕੋਲੋਂ ਟੈਂਡਰਾਂ 'ਤੇ 40-40 ਫੀਸਦੀ ਕਮਿਸ਼ਨ ਮੰਗਿਆ ਜਾਂਦਾ ਸੀ। ਕੀ ਪ੍ਰਧਾਨ ਮੰਤਰੀ ਨੂੰ ਇਸ ਦਾ ਪਤਾ ਨਹੀਂ ਲੱਗਿਆ? 40 ਦਿਨਾਂ ਵਿੱਚ 70 ਵਾਰ ਸੀ ਸੀ ਟੀ ਵੀ ਕੈਮਰਿਆਂ ਦੇ ਅੰਦਰ ਚੋਰੀ ਫੜੀ ਗਈ, ਕੀ ਉਨ੍ਹਾ ਨੂੰ ਪਤਾ ਨਹੀਂ ਲੱਗਿਆ? 8 ਮਹੀਨਿਆਂ ਦੀ ਸੀ ਸੀ ਟੀ ਵੀ ਫੁਟੇਜ਼ ਡਿਲੀਟ ਕਰ ਦਿੱਤੀ ਗਈ, ਕੀ ਪ੍ਰਧਾਨ ਮੰਤਰੀ ਜੀ ਨੂੰ ਪਤਾ ਨਹੀਂ ਲੱਗਿਆ? ਏਨੀ ਚੋਰੀ ਏਨੇ ਲੰਮੇ ਸਮੇਂ ਤੱਕ ਚੱਲੀ ਅਤੇ ਕੀ ਉਨ੍ਹਾਂ ਨੂੰ ਇਸ ਦਾ ਪਤਾ ਨਹੀਂ ਲੱਗਿਆ? ਉਸ ਟਰੱਸਟ ਦੇ ਅੰਦਰ ਕੇਂਦਰ ਸਰਕਾਰ ਦੇ ਗ੍ਰਹਿ ਵਿਭਾਗ ਦਾ ਇੱਕ ਅਧਿਕਾਰੀ ਵੀ ਮੌਜੂਦ ਸੀ, ਉਸ ਦੇ ਬਾਵਜੂਦ ਕੀ ਉਨ੍ਹਾਂ ਨੂੰ ਪਤਾ ਨਹੀਂ ਲੱਗਿਆ? ਪ੍ਰਧਾਨ ਮੰਤਰੀ ਜੀ ਨੂੰ ਇਸ ਦੇਸ਼ ਦੇ ਹਰ ਬੂਥ ਬਾਰੇ ਪਤਾ ਹੈ ਕਿ ਕਿਹੜਾ ਵੋਟਰ ਕਿਸ ਪਾਰਟੀ ਦਾ ਹੈ, ਕਿਸ ਦਾ ਨਾਂਅ ਵੋਟਰ ਸੂਚੀ ਵਿੱਚੋਂ ਕਟਵਾਉਣਾ ਹੈ ਅਤੇ ਕਿਸ ਦਾ ਨਾਂਅ ਜੁੜਵਾਉਣਾ ਹੈ, ਇੱਥੋਂ ਤੱਕ ਉਨ੍ਹਾ ਨੂੰ ਪਤਾ ਹੈ। ਜੇਕਰ ਉਹ ਕਹਿਣ ਕਿ ਉਨ੍ਹਾਂ ਨੂੰ ਇਸ ਚੋਰੀ ਦਾ ਪਤਾ ਨਹੀਂ ਲੱਗਿਆ, ਤਾਂ ਇਹ ਅਸੀਂ ਮੰਨਣ ਨੂੰ ਤਿਆਰ ਨਹੀਂ ਹਾਂ। ਪ੍ਰਧਾਨ ਮੰਤਰੀ ਨੂੰ ਇਸ ਚੋਰੀ ਦਾ ਪਤਾ ਸੀ।

ਕੇਜਰੀਵਾਲ ਨੇ ਕਿਹਾ, 'ਸੂਤਰਾਂ ਤੋਂ ਮੈਨੂੰ ਪਤਾ ਲੱਗਿਆ ਹੈ ਕਿ ਆਈ ਬੀ ਨੇ ਘੱਟੋ-ਘੱਟ 12 ਰਿਪੋਰਟਾਂ ਪ੍ਰਧਾਨ ਮੰਤਰੀ ਨੂੰ ਸੌਂਪੀਆਂ ਹਨ, ਜਿਸ ਵਿੱਚ ਉਨ੍ਹਾ ਦੱਸਿਆ ਹੈ ਕਿ ਕਿਸ ਤਰ੍ਹਾਂ ਕੰਸਟ੍ਰਕਸ਼ਨ ਵਿੱਚ, ਜ਼ਮੀਨਾਂ ਵਿੱਚ ਅਤੇ ਚੜ੍ਹਾਵੇ ਦੇ ਅੰਦਰ ਬਹੁਤ ਵੱਡੇ ਪੱਧਰ 'ਤੇ ਰਾਮ ਮੰਦਰ ਵਿੱਚ ਚੋਰੀ ਹੋ ਰਹੀ ਹੈ। ਉਨ੍ਹਾਂ ਨੂੰ ਸਭ ਕੁਝ ਪਤਾ ਸੀ, ਪਰ ਉਹ ਧ੍ਰਿਤਰਾਸ਼ਟਰ ਦੀ ਤਰ੍ਹਾਂ ਚੁੱਪ ਰਹੇ, ਅੱਖਾਂ 'ਤੇ ਪੱਟੀ ਬੰਨ੍ਹੀ ਰੱਖੀ ਅਤੇ ਜਦੋਂ ਪਾਣੀ ਸਿਰ ਤੋਂ ਉਪਰ ਚਲਾ ਗਿਆ, ਜਦੋਂ ਮਜਬੂਰੀ ਹੋ ਗਈ ਅਤੇ ਬਹੁਤ ਜ਼ਿਆਦਾ ਮੁੱਦਾ ਉਠਣ ਲੱਗ ਗਿਆ ਤਾਂ ਉਨ੍ਹਾ ਲੋਕਾਂ ਦੀਆਂ ਅੱਖਾਂ ਵਿੱਚ ਧੂੜ ਪਾਉਣ ਲਈ ਇੱਕ ਐੱਸ ਆਈ ਟੀ ਬਣਾ ਦਿੱਤੀ।'

ਬਿਨਾਂ ਐੱਫ ਆਈ ਆਰ ਦੇ ਐੱਸ ਆਈ ਟੀ ਬਣ ਕਿਵੇਂ ਸਕਦੀ ਹੈ? ਉਦੋਂ ਤੱਕ ਐੱਫ ਆਈ ਆਰ ਹੀ ਨਹੀਂ ਹੋਈ ਸੀ। ਬਿਨਾਂ ਐੱਫ ਆਈ ਆਰ ਦੇ ਐੱਸ ਆਈ ਟੀ ਬਣ ਹੀ ਨਹੀਂ ਸਕਦੀ। ਉਨ੍ਹਾ ਨੇ ਲੋਕਾਂ ਦੀਆਂ ਅੱਖਾਂ ਵਿੱਚ ਧੂੜ ਪਾਉਣ ਲਈ ਇੱਕ ਐੱਸ ਆਈ ਟੀ ਬਣਾ ਦਿੱਤੀ। ਉਸੇ ਦਿਨ ਦੇਸ਼ ਦੇ ਲੋਕਾਂ ਨੂੰ ਪਤਾ ਚੱਲ ਗਿਆ ਸੀ ਕਿ ਪ੍ਰਧਾਨ ਮੰਤਰੀ ਜੀ ਲਿਪਾਪੋਚੀ ਕਰ ਰਹੇ ਹਨ ਅਤੇ ਅਸਲੀ ਗੁਨਾਹਗਾਰਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਕੇਜਰੀਵਾਲ ਨੇ ਕਿਹਾ ਕਿ ਇਸ ਤੋਂ ਬਾਅਦ ਉਨ੍ਹਾ ਇੱਕ ਫਰਜ਼ੀ ਐੱਫ ਆਈ ਆਰ ਦਰਜ ਕੀਤੀ। ਫਰਜ਼ੀ ਐੱਫ ਆਈ ਆਰ ਵਿੱਚ ਅੱਠ ਛੋਟੇ-ਛੋਟੇ ਲੋਕਾਂ ਨੂੰ ਫੜ ਕੇ ਜੇਲ੍ਹ ਵਿੱਚ ਸੁੱਟ ਦਿੱਤਾ। ਉਸ ਵਿੱਚ ਵੀ ਉਨ੍ਹਾਂ ਅੱਠ ਛੋਟੇ-ਛੋਟੇ ਲੋਕਾਂ ਦੀ ਪੁਲਸ ਕਸਟਡੀ ਨਹੀਂ ਦਿਵਾਈ ਗਈ। ਪੁਲਸ ਨੇ ਕਸਟਡੀ ਮੰਗੀ ਹੀ ਨਹੀਂ ਅਤੇ ਉਨ੍ਹਾਂ ਨੂੰ ਸਿੱਧੇ ਜੁਡੀਸ਼ੀਅਲ ਕਸਟਡੀ ਵਿੱਚ ਭੇਜ ਦਿੱਤਾ ਗਿਆ। ਕਿਸੇ ਵੀ ਚੋਰੀ ਦੇ ਮਾਮਲੇ ਵਿੱਚ ਪੁਲਸ ਕਹਿੰਦੀ ਹੈ ਕਿ ਉਸ ਨੇ ਪੁੱਛਗਿੱਛ ਕਰਨੀ ਹੈ, ਚੋਰ ਤੋਂ ਪੁੱਛਣਾ ਹੈ ਕਿ ਮਾਲ ਕਿੱਥੇ ਹੈ, ਕਿਸ ਦੇ ਕਹਿਣ 'ਤੇ ਚੋਰੀ ਕੀਤੀ, ਕੋਈ ਮਾਸਟਰਮਾਈਂਡ ਤਾਂ ਨਹੀਂ ਹੈ, ਕੁੱਲ ਕਿੰਨੀ ਚੋਰੀ ਕੀਤੀ, ਪਰ ਇੱਥੇ ਪੁਲਸ ਨੇ ਉਨ੍ਹਾਂ ਅੱਠ ਲੋਕਾਂ ਤੋਂ ਕੋਈ ਪੁੱਛਗਿੱਛ ਨਹੀਂ ਕੀਤੀ, ਉਨ੍ਹਾਂ ਦੀ ਪੁਲਸ ਕਸਟਡੀ ਨਹੀਂ ਲਈ ਗਈ। ਉਨ੍ਹਾਂ ਨੂੰ ਭਰੋਸਾ ਦਿੱਤਾ ਗਿਆ ਕਿ ਚਿੰਤਾ ਨਾ ਕਰੋ, ਦੋ-ਚਾਰ ਦਿਨਾਂ ਵਿੱਚ ਬੇਲ (ਜ਼ਮਾਨਤ) ਕਰਵਾ ਦਿਆਂਗੇ। ਇਹ ਚੱਲ ਕੀ ਰਿਹਾ ਹੈ ਪ੍ਰਧਾਨ ਮੰਤਰੀ ਜੀ?

ਕੇਜਰੀਵਾਲ ਨੇ ਕਿਹਾ ਕਿ 'ਆਪ' ਦੇ ਸਾਂਸਦ ਸੰਜੇ

• ਬਾਕੀ ਸਫਾ 2 'ਤੇ

### ਫਰਜ਼ੀ ਹਿੰਦੂ : ਸਿੱਬਲ



**ਨਵੀਂ ਦਿੱਲੀ (ਨ ਜ਼ ਸ)**-ਰਾਜ ਸਭਾ ਮੈਂਬਰ ਕਪਿਲ ਸਿੱਬਲ ਨੇ ਵੀਰਵਾਰ ਭਾਜਪਾ, ਬਜਰੰਗ ਦਲ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ (ਵੀ ਐੱਚ ਪੀ) ਨੂੰ ਅਯੁੱਧਿਆ ਦੇ ਰਾਮ ਮੰਦਰ ਵਿੱਚ ਪ੍ਰਾਪਤ ਦਾਨ ਦੇ ਗਬਨ ਵਿੱਚ ਸ਼ਮੂਲੀਅਤ ਲਈ 'ਫਰਜ਼ੀ ਹਿੰਦੂ' ਕਿਹਾ। ਉਨ੍ਹਾ ਕਿਹਾ, 'ਵੀ ਐੱਚ ਪੀ, ਭਾਜਪਾ, ਬਜਰੰਗ ਦਲ ਰਾਮ ਕੇ ਨਾਮ ਪੇ ਵੋਟ ਤੋ ਲੇਂਗੇ, ਫਿਰ ਰਾਮ ਕੋ ਹੀ ਵੋ ਲੂਟੇਂਗੇ। ਅਸਲੀ ਹਿੰਦੂ ਯੇ ਕਯਾ ਜਾਨੇਂ, ਯੇ ਤੋ ਫਰਜ਼ੀ ਹਿੰਦੂ ਹੈਂ।'

## ਬੇਅਦਬੀ ਮਾਮਲਿਆਂ 'ਚ ਸਿੱਟ ਨੇ ਤੇਜ਼ੀ ਫੜੀ



**ਫਰੀਦਕੋਟ (ਨ ਜ਼ ਸ)**

2015 ਦੇ ਬੇਅਦਬੀ ਅਤੇ ਬਹਿਬਲ ਕਲਾਂ ਪੁਲਸ ਗੋਲੀਕਾਂਡ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਦੇ ਮੈਂਬਰਾਂ ਨੇ ਵੀਰਵਾਰ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਦਾ ਦੌਰਾ ਕੀਤਾ, ਜਿੱਥੋਂ 1 ਜੂਨ 2015 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਇੱਕ ਸਰੂਪ ਚੋਰੀ ਹੋ ਗਿਆ ਸੀ। ਟੀਮ ਦੀ ਅਗਵਾਈ ਡੀ ਆਈ ਜੀ ਹਰਜੀਤ ਸਿੰਘ ਕਰ ਰਹੇ ਸਨ। ਬੁਰਜ ਜਵਾਹਰ ਸਿੰਘ ਵਾਲਾ ਵਿਖੇ ਮੁਆਇਨਾ ਕਰਨ ਤੋਂ ਬਾਅਦ ਸਿੱਟ ਨੇ ਬਰਗਾੜੀ ਜਾਣਾ ਸੀ, ਜਿੱਥੇ 12 ਅਕਤੂਬਰ 2015 ਨੂੰ ਪਿੰਡ ਦੀਆਂ ਗਲੀਆਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਖਿੱਲਰੇ ਮਿਲੇ ਸਨ। ਇਸ ਤੋਂ ਬਾਅਦ ਟੀਮ ਬਹਿਬਲ ਕਲਾਂ ਜਾਵੇਗੀ, ਜਿੱਥੇ 14 ਅਕਤੂਬਰ 2015 ਨੂੰ ਬੇਅਦਬੀ ਦੀਆਂ ਘਟਨਾਵਾਂ ਨੂੰ ਲੈ ਕੇ ਧਰਨਾ ਦੇ ਰਹੇ ਪ੍ਰਦਰਸ਼ਨਕਾਰੀਆਂ 'ਤੇ ਪੁਲਸ ਵੱਲੋਂ ਗੋਲੀ ਚਲਾਉਣ ਤੋਂ ਬਾਅਦ ਦੋ ਸਿੱਖ ਪ੍ਰਦਰਸ਼ਨਕਾਰੀਆਂ ਦੀ ਮੌਤ ਹੋ ਗਈ ਸੀ। ਵਿਸ਼ੇਸ਼ ਜਾਂਚ ਟੀਮ ਘਟਨਾ ਦੇ ਸੀਨ ਨੂੰ ਰੀਕ੍ਰੀਏਟ ਕਰਨ ਵਾਸਤੇ ਉੱਥੇ ਪੁੱਜੀ ਹੈ। ਗੋਲੀਕਾਂਡ ਵਿੱਚ ਸੁਖਬੀਰ ਸਿੰਘ ਬਾਦਲ, ਸਾਬਕਾ ਆਈ ਜੀ ਪਰਮਰਾਜ ਸਿੰਘ ਉਮਰਾਨੰਗਲ, ਸਾਬਕਾ ਐੱਸ ਐੱਸ ਪੀ ਚਰਨਜੀਤ ਸ਼ਰਮਾ ਸਮੇਤ 9 ਵਿਅਕਤੀਆਂ ਖਿਲਾਫ ਚਲਾਨ ਅਦਾਲਤ ਵਿੱਚ ਪੇਸ਼ ਹੋ ਚੁੱਕਾ ਹੈ।

## ਬੇਅਦਬੀਆਂ ਦੇ ਮੁਲਜ਼ਮ ਬਖਸ਼ਣੇ ਨਹੀਂ : ਚੀਮਾ



**ਚੰਡੀਗੜ੍ਹ (ਨ ਜ਼ ਸ)**

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੇਅਦਬੀ ਦੇ ਮਾਮਲਿਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੇਅਦਬੀ ਦੇ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ ਦੀ ਜਾਂਚ ਆਖਰੀ ਪੜਾਅ ਵਿੱਚ ਪਹੁੰਚ ਚੁੱਕੀ ਹੈ। ਹੁਣ ਮੁਲਜ਼ਮਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਚੀਮਾ ਨੇ ਕਿਹਾ ਕਿ ਸਰਕਾਰ ਵੱਲੋਂ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਜਾਂ ਅਜਿਹੀਆਂ ਘਟਨਾਵਾਂ ਵਿੱਚ ਸਿੱਧੇ ਜਾਂ ਅਸਿੱਧੇ ਢੰਗ ਨਾਲ ਸ਼ਾਮਲ ਸਾਰਿਆਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਚੀਮਾ ਨੇ ਕਾਂਗਰਸ ਪਾਰਟੀ ਉੱਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਕੁਝ ਵੀ ਠੀਕ ਨਹੀਂ ਚੱਲ ਰਿਹਾ। ਕਾਂਗਰਸ ਵੱਲੋਂ ਲੰਘੇ ਦਿਨ ਵੱਖ-ਵੱਖ ਅਹੁਦਿਆਂ 'ਤੇ ਨਿਯੁਕਤੀਆਂ ਕੀਤੀਆਂ ਗਈਆਂ ਹਨ, ਪਰ ਇਨ੍ਹਾਂ ਨਿਯੁਕਤੀਆਂ ਤੋਂ ਕੋਈ ਵੀ ਖੁਸ਼ ਨਹੀਂ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਕਾਂਗਰਸ ਵਿੱਚ ਅੰਦਰੂਨੀ ਪੱਧਰ 'ਤੇ ਕੀ ਕੁਝ ਚੱਲ ਰਿਹਾ ਹੈ, ਪਰ ਆਮ ਆਦਮੀ ਪਾਰਟੀ ਪੰਜਾਬ ਦੇ ਲੋਕਾਂ ਦੇ ਹਿੱਤ ਵਿੱਚ ਕੰਮ ਕਰ ਰਹੀ ਹੈ ਅਤੇ ਕਰਦੀ ਰਹੇਗੀ।

### ਮਾਨ ਹਫਤਾ ਬੇਂਗਲੂਰੂ ਰਹਿਣਗੇ



**ਚੰਡੀਗੜ੍ਹ (ਨ ਜ਼ ਸ) :** ਮੁੱਖ ਮੰਤਰੀ ਭਗਵੰਤ ਮਾਨ ਇੱਕ ਹਫਤੇ ਦੇ ਵਿਪਾਸਨਾ ਸੈਸ਼ਨ ਲਈ ਬੇਂਗਲੁਰੂ ਰਵਾਨਾ ਹੋ ਗਏ ਹਨ। ਉਹ 9 ਜੁਲਾਈ ਤੱਕ ਨਿੱਜੀ ਕੁਦਰਤੀ ਇਲਾਜ (ਨੇਚਰੋਪੈਥੀ) ਕੇਂਦਰ ਵਿੱਚ ਰਹਿਣਗੇ। ਕੁਝ ਦਿਨਾਂ ਦੌਰਾਨ ਉਨ੍ਹਾ ਵੱਲੋਂ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਕੀਤੇ ਗਏ 'ਲੋਕ ਮਿਲਣੀ' ਪ੍ਰੋਗਰਾਮਾਂ ਅਤੇ ਲਗਾਤਾਰ ਦੌਰਿਆਂ ਕਾਰਨ ਉਨ੍ਹਾ ਦਾ ਸ਼ਡਿਊਲ ਬੇਹੱਦ ਰੁਝੇਵਿਆਂ ਭਰਿਆ ਰਿਹਾ ਸੀ, ਜਿਸ ਨਾਲ ਉਨ੍ਹਾ ਨੂੰ ਕਾਫੀ ਥਕਾਵਟ ਮਹਿਸੂਸ ਹੋ ਰਹੀ ਸੀ।

### ਪ੍ਰਧਾਨ ਮੰਤਰੀ ਪੰਜਾਬ ਆਉਣਗੇ : ਬਿੱਟੂ



**ਚੰਡੀਗੜ੍ਹ (ਨ ਜ਼ ਸ) :** ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਛੇਤੀ ਹੀ ਪੰਜਾਬ ਦਾ ਦੌਰਾ ਕਰਨਗੇ। ਮੋਦੀ ਫਰਵਰੀ ਵਿੱਚ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਪੰਜਾਬ ਆਏ ਸਨ। ਬਿੱਟੂ ਮੁਤਾਬਕ ਪ੍ਰਧਾਨ ਮੰਤਰੀ ਮਹੱਤਵਪੂਰਨ ਰੇਲਵੇ ਪ੍ਰੋਜੈਕਟ ਦਾ ਉਦਘਾਟਨ ਕਰਨਗੇ। ਇਸ ਤੋਂ ਇਲਾਵਾ ਉਹ ਪੰਜਾਬ ਦੇ ਵਿਕਾਸ ਨੂੰ ਗਤੀ ਦੇਣ ਲਈ ਕਈ ਹੋਰ ਬੁਨਿਆਦੀ ਢਾਂਚੇ ਅਤੇ ਵਿਕਾਸ ਨਾਲ ਜੁੜੇ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ।

### 7402 ਜ਼ਬਤ ਵਾਹਨਾਂ ਦਾ ਨਿਪਟਾਰਾ

**ਚੰਡੀਗੜ੍ਹ (ਨ ਜ਼ ਸ)** ਹਾਈ ਕੋਰਟ ਦੇ ਨਿਰਦੇਸ਼ ਤੋਂ ਬਾਅਦ ਪੰਜਾਬ ਪੁਲਸ ਨੇ ਸੂਬੇ ਭਰ ਦੇ ਥਾਣਿਆਂ ਵਿੱਚ ਲੰਮੇ ਸਮੇਂ ਤੋਂ ਖੜ੍ਹੇ ਅਣਅਧਿਕਾਰਤ ਅਤੇ ਜ਼ਬਤ ਵਾਹਨਾਂ ਦੇ ਨਿਪਟਾਰੇ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਇੱਕ ਮਹੀਨੇ ਵਿੱਚ 7,402 ਜ਼ਬਤ ਵਾਹਨਾਂ ਦਾ ਨਿਪਟਾਰਾ ਕੀਤਾ ਹੈ। ਇਸ ਮੁਹਿੰਮ ਤੋਂ ਪਹਿਲਾਂ ਪੰਜਾਬ ਪੁਲਸ ਕੋਲ 55,721 ਜ਼ਬਤ ਵਾਹਨ ਸਨ। ਇਸੇ ਦੌਰਾਨ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਅਤੇ ਗੈਰਕਾਨੂੰਨੀ ਗਤੀਵਿਧੀਆਂ ਖਿਲਾਫ ਸੂਬੇ ਭਰ ਵਿੱਚ ਚਲਾਈ ਗਈ ਮੁਹਿੰਮ ਦੌਰਾਨ ਪੁਲਸ ਨੇ 3,355 ਹੋਰ ਵਾਹਨ ਜ਼ਬਤ ਕੀਤੇ। ਇਸ ਨਾਲ ਕੁੱਲ ਗਿਣਤੀ 59,076 ਹੋ ਗਈ। ਪਿਛਲੇ ਇੱਕ ਮਹੀਨੇ ਵਿੱਚ 7,402 ਵਾਹਨਾਂ ਦੇ ਨਿਪਟਾਰੇ ਤੋਂ ਬਾਅਦ ਪੁਲਸ ਕੋਲ ਜ਼ਬਤ ਵਾਹਨਾਂ ਦੀ ਗਿਣਤੀ ਘਟ ਕੇ 51,674 ਰਹਿ ਗਈ ਹੈ।

## ਚੰਪਤ ਰਾਏ ਨੂੰ ਮੁਲਜ਼ਮ ਬਣਾਉਣ ਲਈ ਵਕੀਲਾਂ ਵੱਲੋਂ ਮਾਰਚ

**ਫੈਜ਼ਾਬਾਦ (ਨ ਜ਼ ਸ)**

ਸਥਾਨਕ ਬਾਰ ਐਸੋਸੀਏਸ਼ਨ ਦੇ ਵਕੀਲਾਂ ਨੇ ਵੀਰਵਾਰ ਰੋਸ ਮਾਰਚ ਕੱਢਿਆ ਅਤੇ ਰਾਮ ਮੰਦਰ ਟਰੱਸਟ ਦੇ ਜਨਰਲ ਸਕੱਤਰ ਚੰਪਤ ਰਾਏ, ਟਰੱਸਟ ਮੈਂਬਰ ਅਨਿਲ ਮਿਸ਼ਰਾ ਅਤੇ ਗੋਪਾਲ ਰਾਓ ਵਿਰੁੱਧ ਦਾਨ ਦੇ ਫੰਡਾਂ ਵਿੱਚ ਘੁਟਾਲੇ ਵਿੱਚ ਐੱਫ ਆਈ ਆਰ ਦਰਜ ਕਰਨ ਦੀ ਮੰਗ ਕਰਦਿਆਂ ਪੁਲਸ ਨੂੰ ਸ਼ਿਕਾਇਤ ਸੌਂਪੀ।

ਫੈਜ਼ਾਬਾਦ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਕਾਲਿਕਾ ਪ੍ਰਸਾਦ ਮਿਸ਼ਰਾ ਮੁਤਾਬਕ ਇੱਕ ਹੋਰ ਟਰੱਸਟੀ ਕ੍ਰਿਸ਼ਨਾ ਮੋਹਨ (ਜੋ ਇਸ ਕੇਸ ਵਿੱਚ ਪਹਿਲੀ ਐੱਫ ਆਈ ਆਰ ਵਿੱਚ ਸ਼ਿਕਾਇਤਕਰਤਾ ਸਨ), ਨੂੰ ਵੀ ਵਕੀਲਾਂ ਦੀ ਇਸ ਨਵੀਂ ਪੁਲਸ ਸ਼ਿਕਾਇਤ ਵਿੱਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਹੈ।

ਵਕੀਲਾਂ ਨੇ ਅਦਾਲਤੀ ਕੰਪਲੈਕਸ ਤੋਂ ਰਾਮ ਜਨਮ ਭੂਮੀ ਪੁਲਸ ਸਟੇਸ਼ਨ ਤੱਕ ਰੋਸ ਮਾਰਚ ਕੱਢਿਆ ਅਤੇ ਸ਼ਿਕਾਇਤ ਸੌਂਪ ਕੇ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਕੇਸ ਦਰਜ ਕਰਕੇ ਦੋਸ਼ਾਂ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕੀਤੀ ਜਾਵੇ। ਵੱਡੀ ਗਿਣਤੀ ਵਿੱਚ ਵਕੀਲਾਂ ਨੇ ਰਾਮ ਮੰਦਰ ਟਰੱਸਟ ਦੇ ਸੀਨੀਅਰ ਅਹੁਦੇਦਾਰਾਂ ਵਿਰੁੱਧ ਨਾਅਰੇਬਾਜ਼ੀ ਕੀਤੀ। ਬਾਰ ਐਸੋਸੀਏਸ਼ਨ ਨੇ ਪਹਿਲਾਂ ਹੀ ਐਲਾਨ ਕੀਤਾ ਸੀ ਕਿ ਉਹ ਇਸ ਕੇਸ ਵਿੱਚ ਮੁਲਜ਼ਮਾਂ ਦਾ ਬਚਾਅ ਨਹੀਂ ਕਰਨਗੇ ਅਤੇ ਚਿਤਾਵਨੀ ਦਿੱਤੀ ਸੀ ਕਿ ਜੇ ਕੋਈ ਵਕੀਲ ਉਨ੍ਹਾਂ ਦੀ ਪੈਰਵੀ ਕਰੇਗਾ ਤਾਂ ਉਸ ਨੂੰ ਪ੍ਰਤੀ ਮੁਲਜ਼ਮ 5 ਲੱਖ ਰੁਪਏ ਜੁਰਮਾਨਾ ਕੀਤਾ ਜਾਵੇਗਾ। ਮਾਰਚ ਦੌਰਾਨ ਭੀੜ ਨੂੰ ਕਾਬੂ ਕਰਨ ਵਿੱਚ ਪੁਲਸ ਮੁਲਾਜ਼ਮਾਂ ਨੂੰ ਕਾਫੀ ਮੁਸ਼ੱਕਤ ਕਰਨੀ ਪਈ ਅਤੇ ਕੁਝ ਵਕੀਲਾਂ ਨੇ ਦੋਸ਼ ਲਾਇਆ ਕਿ ਧੱਕਾ-ਮੁੱਕੀ ਦੌਰਾਨ ਉਨ੍ਹਾਂ ਨੂੰ ਮਾਮੂਲੀ ਸੱਟਾਂ ਵੀ ਲੱਗੀਆਂ। ਕਈ ਵਕੀਲ ਅਤੇ ਮੀਡੀਆਕਰਮੀ ਥਾਣੇਦਾਰ ਦੇ ਦਫਤਰ ਵਿੱਚ ਇਕੱਠੇ ਹੋ ਗਏ ਅਤੇ ਤੁਰੰਤ ਕੇਸ ਦਰਜ ਕਰਨ ਦੀ ਮੰਗ 'ਤੇ ਅੜ ਗਏ। ਪੁਲਸ ਅਧਿਕਾਰੀਆਂ ਨੇ ਉਨ੍ਹਾਂ ਨੂੰ ਸ਼ਾਂਤ ਕਰਦਿਆਂ ਭਰੋਸਾ ਦਿੱਤਾ ਕਿ ਸ਼ਿਕਾਇਤ ਦੀ ਜਾਂਚ ਕੀਤੀ ਜਾਵੇਗੀ ਅਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਪ੍ਰਧਾਨ ਮਿਸ਼ਰਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜੇ ਪੁਲਸ ਕੇਸ ਦਰਜ ਕਰਨ ਵਿੱਚ ਅਸਫਲ ਰਹੀ ਤਾਂ ਐਸੋਸੀਏਸ਼ਨ ਵੱਲੋਂ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਦੂਜੇ ਪਾਸੇ, ਐੱਸ ਪੀ ਸਿਟੀ ਚੱਕਰਪਾਣੀ ਤ੍ਰਿਪਾਠੀ ਨੇ ਕਿਹਾ ਕਿ ਪੁਲਸ ਨੂੰ ਸ਼ਿਕਾਇਤ ਮਿਲ ਗਈ ਹੈ ਅਤੇ ਇਸ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਇਹ ਵਿਵਾਦ 7 ਜੂਨ ਨੂੰ ਸ਼ੁਰੂ ਹੋਇਆ ਸੀ ਜਦੋਂ ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਰਾਮ ਮੰਦਰ ਦੇ ਦਾਨ ਵਿੱਚ ਹੇਰਾਫੇਰੀ ਦੇ ਦੋਸ਼ ਲਗਾਏ ਸਨ। ਯੂ ਪੀ ਸਰਕਾਰ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਸਿੱਟ) ਨੇ 23 ਜੂਨ ਨੂੰ ਆਪਣੀ ਮੁਢਲੀ ਰਿਪੋਰਟ ਸੌਂਪੀ ਸੀ, ਜਿਸ ਤੋਂ ਬਾਅਦ 25 ਜੂਨ ਨੂੰ ਐੱਫ ਆਈ ਆਰ ਦਰਜ ਕਰਕੇ ਦਾਨ ਦੀ ਗਿਣਤੀ ਪ੍ਰਕਿਰਿਆ ਨਾਲ ਜੁੜੇ ਅੱਠ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

## ਦਿਲਜੀਤ ਦੋਸਾਂਝ 'ਕਾਕਰੋਚਾਂ' ਤੋਂ ਪਰ੍ਹੇ ਰਹਿਣ ਦੇ ਹੱਕ 'ਚ



**ਨਵੀਂ ਦਿੱਲੀ (ਨ ਜ਼ ਸ)**

ਵਾਰ-ਵਾਰ ਪ੍ਰੀਖਿਆ ਪੇਪਰ ਲੀਕ ਹੋਣ ਅਤੇ ਪ੍ਰੀਖਿਆ ਤੇ ਭਰਤੀ ਪ੍ਰਕਿਰਿਆਵਾਂ ਵਿੱਚ ਬੇਨੇਮੀਆਂ ਦੇ ਮੁੱਦੇ 'ਤੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫੇ ਲਈ ਦਿੱਲੀ ਦੇ ਜੰਤਰ-ਮੰਤਰ ਵਿਖੇ ਚੱਲ ਰਹੇ 'ਕਾਕਰੋਚ ਜਨਤਾ ਪਾਰਟੀ' (ਸੀ ਜੇ ਪੀ) ਦੇ ਪ੍ਰਦਰਸ਼ਨ ਨਾਲ ਦਿਲਜੀਤ ਦੋਸਾਂਝ ਸੰਬੰਧ ਨਹੀਂ ਰੱਖਣਾ ਚਾਹੁੰਦਾ। ਹਾਲ ਹੀ ਵਿੱਚ ਇੱਕ ਇੰਸਟਾਗ੍ਰਾਮ ਲਾਈਵ ਸੈਸ਼ਨ ਦੌਰਾਨ ਜਦੋਂ ਇੱਕ ਪ੍ਰਸੰਸਕ ਨੇ ਇਸ ਅੰਦੋਲਨ ਬਾਰੇ ਉਸ ਦੇ ਵਿਚਾਰ ਜਾਣਨੇ ਚਾਹੇ, ਤਾਂ ਦਿਲਜੀਤ ਨੇ ਕਿਹਾ, 'ਬਾਈ, ਮੈਨੂੰ ਪ੍ਰਦਰਸ਼ਨ ਵਰਗੀਆਂ ਚੀਜ਼ਾਂ ਤੋਂ ਦੂਰ ਹੀ ਰੱਖੋ। ਬਾਈ, ਮੈਂ ਇੱਕ ਕਲਾਕਾਰ ਹਾਂ। ਮੈਂ ਕੋਈ ਨੇਤਾ ਥੋੜ੍ਹੀ ਹਾਂ। ਜ਼ਿੰਦਗੀ ਵਿੱਚ ਸਭ ਕੁਝ ਕਦੇ ਠੀਕ ਨਹੀਂ ਹੋ ਸਕਦਾ। ਇਸ ਦੁਨੀਆ ਵਿੱਚ ਸਭ ਕੁਝ ਠੀਕ ਨਹੀਂ ਹੋ ਸਕਦਾ।' ਇਸ ਦੇ ਨਾਲ ਹੀ ਉਸ ਨੇ ਗੁਰੂ ਗ੍ਰੰਥ ਸਾਹਿਬ ਦੀ ਇੱਕ ਪੰਗਤੀ ਦਾ ਹਵਾਲਾ ਵੀ ਦਿੱਤਾ : ਨਾਨਕ ਦੁਖੀਆ ਸਭੁ ਸੰਸਾਰੁ ॥ ਸੋ ਸੁਖੀਆ ਜਿਸੁ ਨਾਮੁ ਅਧਾਰੁ ॥

ਇਸੇ ਦੌਰਾਨ ਦਿਲਜੀਤ ਦੋਸਾਂਝ ਨੇ 'ਕਿਊ ਵਿਦ ਟੌਮ ਪਾਵਰ' ਪੌਡਕਾਸਟ ਵਿੱਚ ਸੰਗੀਤ ਅਤੇ ਅਦਾਕਾਰੀ ਦੀ ਦੁਨੀਆ ਵਿੱਚ ਆਪਣੀ ਪਛਾਣ ਬਣਾਉਣ ਤੋਂ ਪਹਿਲਾਂ ਆਪਣੇ ਸ਼ੁਰੂਆਤੀ ਸੰਘਰਸ਼ ਦੇ ਦਿਨਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਗੁਜ਼ਾਰਾ ਕਰਨ ਲਈ ਜਨਮ ਦਿਨ ਦੀਆਂ ਪਾਰਟੀਆਂ ਤੇ ਵਿਆਹਾਂ ਵਿੱਚ ਪ੍ਰੋਗਰਾਮ ਲਾਉਂਦਾ ਸੀ। ਦੋਸਾਂਝ ਨੇ ਕਿਹਾ ਕਿ ਗਰੀਬੀ ਵਿੱਚ ਪਲੇ ਹੋਣ ਕਾਰਨ ਉਸ ਨੂੰ ਪੈਸੇ ਦੀ ਅਹਿਮੀਅਤ ਸਮਝ ਆਈ ਅਤੇ ਇਸੇ ਕਾਰਨ ਉਸ ਨੇ ਆਪਣੇ ਕੋਲ ਆਏ ਹਰ ਮੌਕੇ ਨੂੰ ਸਵੀਕਾਰ ਕੀਤਾ। ਪਰਵਾਰ ਦੀਆਂ ਆਰਥਕ ਮੁਸ਼ਕਲਾਂ ਨੇ ਉਸ ਨੂੰ ਲਗਾਤਾਰ ਸਖਤ ਮਿਹਨਤ ਕਰਨ ਲਈ ਪ੍ਰੇਰਤ ਕੀਤਾ। ਉਸ ਨੇ ਕਿਹਾ, 'ਮੈਂ ਇੱਕ ਗਰੀਬ ਪਰਵਾਰ ਤੋਂ ਆਇਆ ਹਾਂ। ਸਾਡਾ ਪਰਵਾਰ ਔਸਤ ਤੋਂ ਵੀ ਕਮਜ਼ੋਰ ਆਰਥਕ ਸਥਿਤੀ ਵਾਲਾ ਸੀ। ਜੇ ਕੋਈ ਬਿਮਾਰ ਪੈ ਜਾਂਦਾ ਸੀ ਤਾਂ ਡਾਕਟਰ ਕੋਲ ਜਾਣ ਲਈ ਪੈਸੇ ਨਹੀਂ ਹੁੰਦੇ ਸਨ, ਇਸ ਲਈ ਤੁਸੀਂ ਬਿਮਾਰ ਨਹੀਂ ਪੈ ਸਕਦੇ, ਕਿਉਂਕਿ ਤੁਹਾਡੇ ਕੋਲ ਪੈਸੇ ਨਹੀਂ ਹਨ।'

'ਅਮਰ ਸਿੰਘ ਚਮਕੀਲਾ' ਫਿਲਮ ਦੇ ਅਦਾਕਾਰ ਨੇ ਕਿਹਾ ਕਿ ਉਹ ਹਮੇਸ਼ਾ 'ਅਮੀਰ ਅਤੇ ਮਸ਼ਹੂਰ' ਬਣਨ ਦਾ ਸੁਪਨਾ ਦੇਖਦਾ ਸੀ, ਕਿਉਂਕਿ ਆਰਥਕ ਸੁਰੱਖਿਆ ਜ਼ਰੂਰੀ ਸੀ।

## ਪੀ ਐੱਫ ਯੋਗਦਾਨ 1800 ਰੁਪਏ ਤੋਂ ਵੱਧ ਵੀ ਸੰਭਵ

**ਨਵੀਂ ਦਿੱਲੀ (ਨ ਜ਼ ਸ)**

ਕਿਰਤ ਅਤੇ ਰੁਜ਼ਗਾਰ ਮੰਤਰਾਲੇ ਨੇ ਨਵੀਂ ਈ ਪੀ ਐੱਫ ਯੋਜਨਾ-2026 ਅਧੀਨ 15,000 ਰੁਪਏ ਦੀ ਮਹੀਨਾਵਾਰ ਤਨਖਾਹ ਸੀਮਾ ਤੋਂ ਵਧ ਆਮਦਨ ਵਾਲਿਆਂ ਲਈ ਈ ਪੀ ਐੱਫ ਯੋਗਦਾਨ ਨੂੰ ਸਵੈਇੱਛੁਕ ਬਣਾ ਦਿੱਤਾ ਹੈ। ਨਵੀਂ ਯੋਜਨਾ ਅਨੁਸਾਰ 15,000 ਰੁਪਏ ਦੀ ਤਨਖਾਹ 'ਤੇ 12 ਫੀਸਦੀ ਦੇ ਹਿਸਾਬ ਨਾਲ ਬਣਦਾ 1,800 ਰੁਪਏ ਤੋਂ ਵੱਧ ਯੋਗਦਾਨ ਕਰਨਾ ਹੁਣ ਕਰਮਚਾਰੀ ਅਤੇ ਕੰਪਨੀ ਮਾਲਕ ਦੀ ਆਪਸੀ ਸਹਿਮਤੀ 'ਤੇ ਨਿਰਭਰ ਕਰੇਗਾ। ਪਹਿਲਾਂ ਈ ਪੀ ਐੱਫ ਦੇ ਦਾਇਰੇ ਵਿੱਚ ਆਉਣ ਤੋਂ ਬਾਅਦ ਕਰਮਚਾਰੀ ਅਤੇ ਕੰਪਨੀ ਮਾਲਕ ਅਸਲ ਤਨਖਾਹ ਦੇ ਆਧਾਰ 'ਤੇ ਯੋਗਦਾਨ ਦਿੰਦੇ ਸਨ। ਨਵੀਂ ਯੋਜਨਾ ਮੁਤਾਬਕ ਲਾਜ਼ਮੀ ਯੋਗਦਾਨ ਸਿਰਫ ਸਰਕਾਰ ਵੱਲੋਂ ਨਿਰਧਾਰਤ ਤਨਖਾਹ ਸੀਮਾ ਤੱਕ ਹੀ ਹੋਵੇਗਾ। ਹਾਲਾਂਕਿ, ਜੇ ਦੋਵੇਂ ਧਿਰਾਂ ਚਾਹੁਣ ਤਾਂ ਇਸ ਤੋਂ ਵੱਧ ਤਨਖਾਹ 'ਤੇ ਵੀ ਸਵੈਇੱਛੁਕ ਤੌਰ 'ਤੇ ਈ ਪੀ ਐੱਫ ਵਿੱਚ ਯੋਗਦਾਨ ਜਾਰੀ ਰੱਖ ਸਕਦੀਆਂ ਹਨ।

ਸਭ ਤੋਂ ਅਹਿਮ ਗੱਲ ਇਹ ਹੈ ਕਿ 12 ਫੀਸਦੀ ਪੀ ਐੱਫ ਯੋਗਦਾਨ ਸਿਰਫ 15 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਸੀਮਾ ਤਕ ਹੀ ਜ਼ਰੂਰੀ ਹੈ। ਇਸ ਤੋਂ ਜ਼ਿਆਦਾ ਯੋਗਦਾਨ ਹੁਣ ਸਵੈਇੱਛਾ ਅਨੁਸਾਰ ਹੋਵੇਗਾ। ਇਸ ਨਾਲ ਮੁਲਾਜ਼ਮਾਂ ਨੂੰ

• ਬਾਕੀ ਸਫਾ 2 'ਤੇ

## ਜ਼ਮੀਨ ਮਾਲਕਾਂ ਨੂੰ ਮਿਲਣਗੇ ਵੱਧ ਰਿਹਾਇਸ਼ੀ ਤੇ ਵਪਾਰਕ ਪਲਾਟ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਜ਼ਮੀਨ ਮਾਲਕਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਅਤੇ ਜ਼ਮੀਨ ਐਕਵਾਇਰ ਕਰਨ ਦੌਰਾਨ ਕਿਸਾਨਾਂ ਨੂੰ ਵੱਧ ਲਾਭ ਦੇਣ ਦੇ ਉਦੇਸ਼ ਨਾਲ ਵੱਡਾ ਫੈਸਲਾ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਪੰਜਾਬ ਕੈਬਨਿਟ ਨੇ ਜ਼ਮੀਨ ਮਾਲਕਾਂ ਦੇ ਲਾਭਾਂ ਨਾਲ ਸੰਬੰਧਤ ਮੌਜੂਦਾ ਨੀਤੀ ਵਿੱਚ ਸੋਧਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ ਅਤੇ ਨਾਲ ਹੀ ਰਾਹਤ ਲਈ ਕਈ ਹੋਰ ਕਦਮਾਂ ਦੀ ਵੀ ਸ਼ੁਰੂਆਤ ਕੀਤੀ ਹੈ।

ਜ਼ਮੀਨ ਐਕਵਾਇਰ ਦੌਰਾਨ ਜ਼ਮੀਨ ਮਾਲਕਾਂ ਲਈ ਵਧੇ ਹੋਏ ਲਾਭ ਬਾਰੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਕੈਬਨਿਟ ਨੇ ਜ਼ਮੀਨ ਮਾਲਕਾਂ ਲਈ ਰਿਹਾਇਸ਼ੀ ਅਤੇ ਵਪਾਰਕ ਪਲਾਟਾਂ ਦਾ ਏਰੀਆ ਵਧਾਉਣ ਲਈ ਸੋਧਾਂ ਨੂੰ ਮਨਜ਼ੂਰੀ ਦਿੱਤੀ ਹੈ, ਜਦਕਿ ਹਿੱਸੇਦਾਰਾਂ ਨੂੰ ਦਰਪੇਸ਼ ਚਿੰਤਾਵਾਂ ਅਤੇ ਅਮਲੀ ਮੁਸ਼ਕਲਾਂ ਨੂੰ ਹੱਲ ਕਰਨ ਲਈ 'ਆਓਸਟੀ ਪਾਲਿਸੀ' ਵਿੱਚ ਵੀ ਕਈ ਬਦਲਾਅ ਕੀਤੇ ਹਨ।ਸੋਧੇ ਹੋਏ ਨਿਯਮਾਂ ਅਨੁਸਾਰ ਲੈਂਡ ਪੂਲਿੰਗ ਤਹਿਤ ਰਿਹਾਇਸ਼ੀ ਅਤੇ ਵਪਾਰਕ ਸ਼੍ਰੇਣੀ ਦੀ ਚੋਣ ਕਰਨ ਵਾਲੇ ਜ਼ਮੀਨ ਮਾਲਕਾਂ ਨੂੰ ਪ੍ਰਤੀ ਏਕੜ 1,000 ਵਰਗ ਗਜ਼ ਦੇ ਰਿਹਾਇਸ਼ੀ ਪਲਾਟ ਮਿਲਦੇ ਰਹਿਣਗੇ, ਜਦੋਂ ਕਿ ਕਮਰਸ਼ੀਅਲ ਜਗ੍ਹਾ ਨੂੰ 200 ਵਰਗ ਗਜ਼ ਤੋਂ ਵਧਾ ਕੇ 210 ਵਰਗ ਗਜ਼ ਪ੍ਰਤੀ ਏਕੜ ਕਰ ਦਿੱਤਾ ਗਿਆ ਹੈ। ਜਿਹੜੇ ਲੋਕ ਸਿਰਫ਼ ਰਿਹਾਇਸ਼ੀ ਸ਼੍ਰੇਣੀ ਦੀ ਚੋਣ ਕਰਦੇ ਹਨ, ਉਨ੍ਹਾਂ ਨੂੰ ਹੁਣ 1,600 ਵਰਗ ਗਜ਼ ਦੀ ਬਜਾਏ 1,630 ਵਰਗ ਗਜ਼ ਪ੍ਰਤੀ ਏਕੜ ਮਿਲੇਗਾ, ਜਦੋਂ ਕਿ ਵਪਾਰਕ-ਸ਼੍ਰੇਣੀ ਦੇ ਪ੍ਰਾਜੈਕਟਾਂ ਲਈ ਵਪਾਰਕ

• ਬਾਕੀ ਸਫਾ 2 'ਤੇ

### ਪ੍ਰੀਖਿਆਰਥੀਆਂ 'ਤੇ ਦਬਾਅ ਘਟਾਉਣ ਲਈ ਕਈ ਬਦਲਾਵਾਂ 'ਤੇ ਵਿਚਾਰ

**ਨਵੀਂ ਦਿੱਲੀ :** ਨੀਟ ਤੇ ਜੇਈਈ ਵਰਗੀਆਂ ਪ੍ਰਵੇਸ਼ ਪ੍ਰੀਖਿਆਵਾਂ ਦੇ ਅੰਕਾਂ 'ਤੇ ਆਧਾਰਤ ਹੋਣ ਵਾਲੇ ਮਹੱਤਵਪੂਰਨ ਦਾਖਲਿਆਂ ਵਿੱਚ ਹੁਣ ਬੋਰਡ ਪ੍ਰੀਖਿਆਵਾਂ ਨੂੰ 50 ਫੀਸਦੀ ਵੇਟੇਜ (ਅਹਿਮੀਅਤ) ਦਿੱਤੀ ਜਾ ਸਕਦੀ ਹੈ। ਇਸ ਸੰਭਾਵਨਾ 'ਤੇ ਗੌਰ ਕੀਤਾ ਜਾ ਰਿਹਾ ਹੈ ਕਿ ਕਿਸੇ ਵੀ ਇੱਕ ਪ੍ਰੀਖਿਆ ਦੇ ਬਹੁਤ ਜ਼ਿਆਦਾ ਉੱਚ-ਦਾਅ (ਹਾਈ-ਸਟੇਕਸ) ਵਾਲੇ ਸੁਭਾਅ ਨੂੰ ਘਟਾਇਆ ਜਾ ਸਕੇ, ਚਾਹੇ ਉਹ

• ਬਾਕੀ ਸਫਾ 2 'ਤੇ

### ਅੱਜ-ਨਾਮਾ

ਮਾਮੂਲੀ ਗੱਲਾਂ ਲਈ ਮਰੀ ਕੁਝ ਲੋਕ ਜਾਂਦੇ,
ਕਰਦੇ ਕਾਹਤੋਂ ਨਾ ਅਕਲ ਦੀ ਗੱਲ ਮੀਆਂ।
ਵਿੱਚੋਂ ਸੂਏ ਦੇ ਨਾਰੀਅਲ ਸਨ ਗਏ ਚੁੱਕਣ,
ਵਾਪਸੀ ਲਾਂਘਾ ਲਿਆ ਮੌਤ ਸੀ ਮੱਲ ਮੀਆਂ।
ਮਿਲੀ ਅੱਜ ਇਹ ਮੌਤਾਂ ਦੀ ਖਬਰ ਜਿਹੜੀ,
ਆਈ ਏਹੋ ਜਿਹੀ ਪਰਸੋਂ ਜਾਂ ਕੱਲ੍ਹ ਮੀਆਂ।
ਬੇਅਕਲੀ ਕਰਨ ਤੋਂ ਝਿਜਕਦੇ ਲੋਕ ਨਾਹੀਂ,
ਮਿਲਦਾ ਇਹਦਾ ਨਾ ਕੋਈ ਵੀ ਹੱਲ ਮੀਆਂ।
ਨਹੀਂ ਸਰਕਾਰ ਕੋਈ ਲੋਕਾਂ ਨੂੰ ਸੇਧ ਦਿੰਦੀ,
ਮੌਤ ਦੀਆਂ ਤੰਦਾਂ ਤੋਂ ਰਹੋ ਜੀ ਪਰੇ ਮੀਆਂ।
ਦਿੱਸੇ ਏਦਾਂ ਕਿ ਕਿਸੇ ਨੂੰ ਫਿਕਰ ਕੋਈ ਨਾ,
ਜਿਵੇਂ ਮਰਦਾ ਹੈ ਕੋਈ ਪਿਆ ਮਰੇ ਮੀਆਂ।

-ਤੀਸ ਮਾਰ ਖਾਂ

## ਪੰਜਾਬ 'ਚ ਛੇਤੀ ਏ ਆਈ ਪਾਠਕ੍ਰਮ ਹੋਵੇਗਾ ਸ਼ੁਰੂ : ਹਰਜੋਤ ਬੈਂਸ

**ਦੋਰਾਹਾ (ਹਰਮਿੰਦਰ ਸੇਠ)**

ਬਰਾਈਟ ਮਾਈਂਡਜ਼ ਪੰਜਾਬ 2026 ਤਹਿਤ ਵੀਰਵਾਰ ਗੁਰੂ ਨਾਨਕ ਦੇਵ ਭਵਨ, ਲੁਧਿਆਣਾ ਵਿਖੇ ਇੱਕ ਵਿਸ਼ਾਲ ਅਤੇ ਪ੍ਰੇਰਣਾਦਾਇਕ ਸਮਾਰੋਹ ਆਯੋਜਿਤ ਕੀਤਾ ਗਿਆ।ਇਸ ਸਮਾਗਮ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਸ੍. ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮਨੀਸ਼ ਸਿਸੋਦੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧਾ ਸੰਵਾਦ ਸਥਾਪਤ ਕਰਨਾ ਅਤੇ ਸਿੱਖਿਆ ਪ੍ਰਣਾਲੀ ਵਿੱਚ ਹੋ ਰਹੇ ਬਦਲਾਅ ਅਤੇ ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕਰਨਾ ਸੀ।

ਇਸ ਮੌਕੇ 12ਵੀਂ ਜਮਾਤ ਵਿੱਚ 95 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਵਿਦਿਆਰਥੀ ਸਿਰਫ਼ ਆਪਣੇ ਪਰਵਾਰਾਂ ਲਈ ਹੀ ਨਹੀਂ, ਸਗੋਂ ਪੰਜਾਬ ਅਤੇ ਦੇਸ਼ ਦਾ ਭਵਿੱਖ ਵੀ ਹਨ।ਉਨ੍ਹਾਂ ਕਿਹਾ ਕਿ ਇਹ





ਬੱਚੇ ਭਵਿੱਖ ਵਿੱਚ ਆਈ.ਏ.ਐੱਸ., ਆਈ.ਪੀ.ਐੱਸ., ਡਾਕਟਰ, ਵਕੀਲ ਅਤੇ ਹੋਰ ਮਹੱਤਵਪੂਰਨ ਅਹੁਦਿਆਂ 'ਤੇ ਬੈਠ ਕੇ ਦੇਸ਼ ਦੀ ਸੇਵਾ ਕਰਨਗੇ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਵਿਦਿਆਰਥੀਆਂ ਨਾਲ ਖੁੱਲ੍ਹੀ ਗੱਲਬਾਤ ਕਰਕੇ ਉਨ੍ਹਾਂ ਦੀ ਰਾਏ ਲਈ ਗਈ ਕਿ ਸਿੱਖਿਆ ਪ੍ਰਣਾਲੀ ਵਿੱਚ ਕਿਹੜੇ ਬਦਲਾਅ ਲਿਆਉਣ ਦੀ ਲੋੜ ਹੈ।ਉਨ੍ਹਾ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਿੱਖਿਆ ਮੰਤਰੀ ਅਤੇ ਸਿੱਖਿਆ ਸਕੱਤਰ ਨੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਕਰਕੇ ਪ੍ਰੀਖਿਆ ਪ੍ਰਣਾਲੀ, ਸਿਲੇਬਸ ਅਤੇ ਪੜ੍ਹਾਈ ਦੇ ਢੰਗਾਂ ਬਾਰੇ ਸੁਝਾਅ ਮੰਗੇ ਹਨ।ਉਨ੍ਹਾ ਕਿਹਾ ਕਿ ਬੱਚਿਆਂ ਵੱਲੋਂ ਉਠਾਏ ਗਏ ਸਾਰੇ ਮੁੱਦੇ ਬਹੁਤ ਹੀ ਵਾਜਬ ਅਤੇ ਸਮੇਂ ਦੇ ਅਨੁਕੂਲ ਹਨ।

ਸਿੱਖਿਆ ਮੰਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਸਮੇਂ ਵਿੱਚ ਏ.ਆਈ. (ਆਰਟੀਫ਼ੀਸ਼ਲ ਇੰਟੈਲੀਜੈਂਸ) ਇੱਕ ਵੱਡਾ ਵਿਸ਼ਾ ਬਣ ਚੁੱਕਾ ਹੈ।ਦੁਨੀਆ ਦੇ ਸਾਰੇ ਦੇਸ਼ ਇਸ ਤਕਨਾਲੋਜੀ ਨੂੰ ਤੇਜ਼ੀ ਨਾਲ ਅਪਣਾ ਰਹੇ ਹਨ, ਇਸ ਲਈ ਪੰਜਾਬ ਨੂੰ ਵੀ ਸਮੇਂ ਦੇ ਨਾਲ ਕਦਮ ਮਿਲਾਉਣ ਦੀ ਲੋੜ ਹੈ।ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਪਿਛਲੇ ਇੱਕ ਸਾਲ ਤੋਂ ਇਸ 'ਤੇ ਕੰਮ ਕਰ ਰਹੀ ਹੈ ਅਤੇ ਅਗਲੇ ਮਹੀਨੇ ਤੋਂ ਸੂਬੇ ਦੇ ਸਾਰੇ ਸਕੂਲਾਂ ਵਿੱਚ ਏ.ਆਈ ਪਾਠਕ੍ਰਮ ਲਾਂਚ ਕੀਤਾ ਜਾਵੇਗਾ।

ਉਨ੍ਹਾ ਇਹ ਵੀ ਕਿਹਾ ਕਿ ਪੰਜਾਬ ਨੇ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਵੱਡੀ ਪ੍ਰਗਤੀ ਕੀਤੀ ਹੈ ਅਤੇ ਕੇਰਲਾ ਨੂੰ ਪਿੱਛੇ ਛੱਡਦੇ ਹੋਏ ਭਾਰਤ ਦੇ ਸਿੱਖਿਆ ਸੂਚਕ ਅੰਕ ਵਿੱਚ ਸਿਖਰਲੇ ਸਥਾਨ 'ਤੇ ਪਹੁੰਚ ਗਿਆ ਹੈ। ਇਹ ਉਪਲੱਬਧੀ ਸਾਰੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਰਕਾਰ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਹੋਰ ਵੀ ਉਚਾਈਆਂ ਛੂਹੇਗਾ। ਇਸ ਮੌਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਮੌਜੂਦਾ ਸਿੱਖਿਆ ਪ੍ਰਣਾਲੀ ਵਿੱਚ ਵੱਡੇ ਪੱਧਰ 'ਤੇ ਸੁਧਾਰਾਂ ਦੀ ਲੋੜ ਹੈ।ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਹਰ ਬੱਚੇ ਤੱਕ ਗੁਣਵੱਤਾ ਵਾਲੀ ਸਿੱਖਿਆ ਪਹੁੰਚਾਉਣਾ ਸਰਕਾਰ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ ਉਸ ਦੀ ਸਿੱਖਿਆ ਪ੍ਰਣਾਲੀ 'ਤੇ ਨਿਰਭਰ ਕਰਦੀ ਹੈ ਅਤੇ ਇਸ ਨੂੰ ਮਜ਼ਬੂਤ ਬਣਾਉਣਾ ਸਮੇਂ ਦੀ ਲੋੜ ਹੈ।

ਮਨੀਸ਼ ਸਿਸੋਦੀਆ ਨੇ ਇਹ ਵੀ ਕਿਹਾ ਕਿ ਏ.ਆਈ ਆਉਣ ਵਾਲੇ ਸਮੇਂ ਵਿੱਚ ਨਵੀਆਂ ਨੌਕਰੀਆਂ ਦੇ ਮੌਕੇ ਪੈਦਾ ਕਰੇਗੀ, ਪਰ ਕੁਝ ਰਵਾਇਤੀ ਨੌਕਰੀਆਂ 'ਤੇ ਅਸਰ ਵੀ ਪਵੇਗਾ। ਇਸ ਲਈ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਨਾਲ ਤਿਆਰ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ, ਨਕਲ ਰੋਕਣ ਅਤੇ ਪੜ੍ਹਾਉਣ ਦੇ ਨਵੇਂ ਢੰਗ ਅਪਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਇਸ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ

• ਬਾਕੀ ਸਫਾ 2 'ਤੇ

## 10 ਦੇ ਚੰਡੀਗੜ੍ਹ ਪ੍ਰਦਰਸ਼ਨ 'ਚ ਕਿਸਾਨਾਂ ਦਾ ਵੱਡਾ ਕਾਫ਼ਲਾ ਜਾਵੇਗਾ



**ਜਗਰਾਉਂ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਹੰਬੜਾਂ ਦੀ ਭਰਵੀਂ ਮੀਟਿੰਗ ਭੱਠਾ ਧੂਹਾ ਦੇ ਗੁਰਦੁਆਰਾ ਸਾਹਿਬ ਵਿੱਚ ਹੋਈ।ਬਲਾਕ ਪ੍ਰਧਾਨ ਬੇਅੰਤ ਸਿੰਘ ਬਾਣੀਏਵਾਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਬਲਾਕ ਦੀਆਂ ਪੰਦਰਾਂ ਪਿੰਡ ਇਕਾਈਆਂ ਦੇ ਅਹੁਦੇਦਾਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਬੁਲਾਰਿਆਂ ਨੇ ਇਕੱਤਰ ਕਿਸਾਨ ਯੂਨੀਅਨ ਦੇ ਨੁਮਾਇੰਦਿਆਂ ਨੂੰ ਦੱਸਿਆ ਕਿ ਜੁਲਾਈ ਮਹੀਨੇ ਵਿੱਚ ਅਮਰੀਕਾ ਸਰਕਾਰ ਭਾਵ ਸੰਸਾਰ ਸਾਮਰਾਜੀ ਸਰਗਨੇ ਟਰੰਪ ਨਾਲ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤੇ ਨੂੰ ਕਿਸਾਨ ਜਥੇਬੰਦੀਆਂ ਨੇ ਖੇਤੀ ਦੇ ਤਿੰਨ ਕਾਲੇ ਕਾਨੂੰਨਾਂ ਦਾ ਦੂਜਾ ਖਤਰਨਾਕ ਰੂਪ ਕਰਾਰ ਦਿੱਤਾ ਹੈ। ਬੁਲਾਰਿਆਂ ਨੇ ਕਿਹਾ ਕਿ ਉਸ ਸਮੇਂ ਮੋਦੀ ਹਕੂਮਤ ਨੇ ਕਿਸਾਨਾਂ ਦੇ ਇਤਿਹਾਸਕ ਅੰਦੋਲਨ ਦੇ ਦਬਾਅ ਹੇਠ ਖੇਤੀ ਦੀ ਬਰਬਾਦੀ ਦੇ ਕਾਲੇ ਕਨੂੰਨ ਵਾਪਸ ਲਏ ਸਨ, ਪਰ ਲੁਟੇਰੇ ਕਾਰਪੋਰੇਟਾਂ ਨੇ ਲਗਾਤਾਰ ਵਿਸ ਘੋਲਦਿਆਂ ਸਾਡੀ ਮੌਤ ਦਾ ਨਵਾਂ ਫ਼ਰਮਾਨ ਜਾਰੀ ਕਰ ਦਿੱਤਾ ਹੈ।ਅਮਰੀਕਾ ਨਾਲ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਦੇਸੀ ਸਨਅਤ, ਖੇਤੀ ਪੈਦਾਵਾਰ, ਸੇਵਾ ਖੇਤਰ ਉਪਰ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਾਉਣ ਦਾ ਮਸੌਦਾ ਦੱਸਿਆ, ਜਿਸ 'ਤੇ ਤੇਈ ਜੁਲਾਈ ਨੂੰ ਦਸਤਖ਼ਤ ਹੋਣ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੋਦੀ ਹਕੂਮਤ ਨੇ ਮੋਨੋਪਲੀ ਰੋਕੂ ਕਾਨੂੰਨ ਰੱਦ ਕਰਕੇ ਅਡਾਨੀ ਨੂੰ ਅਨਾਜ ਸੰਭਾਲਣ ਦਾ ਸਮੁੱਚਾ ਕੰਮ ਸੌਂਪ ਦਿੱਤਾ ਹੈ, ਜਿਸ ਤਹਿਤ ਵੀਹ ਹਜ਼ਾਰ ਸਾਈਲੋ ਪੂਰੇ ਦੇਸ਼ 'ਚ ਖੋਲ੍ਹੇ ਜਾ ਰਹੇ ਹਨ।ਐਫ਼ ਸੀ ਆਈ ਦਾ ਭੋਗ ਪਾਇਆ ਜਾ ਰਿਹਾ ਹੈ।

## ਵਿਧਾਇਕ ਬਾਜ਼ੀਗਰ ਵੱਲੋਂ ਸਖੀ ਪ੍ਰੋਗਰਾਮ ਬਹਾਨੇ ਸ਼ਕਤੀ ਪ੍ਰਦਰਸ਼ਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਦੀ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਤੇ ਉਨ੍ਹਾਂ ਦੇ ਪਤੀ ਕਰਨ ਸਿੰਘ ਡੀਟੀਓ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਾਤੜਾਂ ਫੇਰੀ ਦੌਰਾਨ ਅਨਾਜ ਮੰਡੀ ਵਿਖੇ ਕੀਤੀ ਗਈ ਰੈਲੀ ਤੋਂ ਐਨ ਪਹਿਲਾਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਆਪਣੇ ਗ੍ਰਹਿ ਵਿਖੇ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਖਾਤਿਆਂ 'ਚ ਹਜ਼ਾਰ-ਹਜ਼ਾਰ ਰੁਪਏ ਪਾਉਣ ਦੇ ਕੀਤੇ ਗਏ ਵਾਅਦੇ ਨੂੰ ਪੂਰਾ ਕਰਨ ਲਈ ਕਰਵਾਏ ਸਖੀ ਪ੍ਰੋਗਰਾਮ ਤਹਿਤ ਵਿਸ਼ਾਲ ਸ਼ਕਤੀ ਪ੍ਰਦਰਸ਼ਨ ਕੀਤਾ।ਇਸ ਦੌਰਾਨ ਜਿੱਥੇ ਵੱਡੀ ਗਿਣਤੀ ਵਿੱਚ ਸਕੀਮ ਦੇ ਪਿੰਡਾਂ ਵਿੱਚ ਫਾਰਮ ਭਰਨ ਲਈ ਸਰਕਾਰ ਵੱਲੋਂ ਨਿਯੁਕਤ ਕੀਤੀਆਂ ਗਈਆਂ, ਸਖੀਆਂ ਦਾ ਇਕੱਠ ਕੀਤਾ ਗਿਆ, ਉਥੇ ਵੱਡੀ ਗਿਣਤੀ ਵਿੱਚ ਸਮਰਥਕਾਂ ਨੇ ਪਹੁੰਚ ਕੇ ਵਿਧਾਇਕ ਬਾਜ਼ੀਗਰ ਦੇ ਹੱਕ 'ਚ ਨਾਅਰੇਬਾਜ਼ੀ ਕੀਤੀ।ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2022 ਦੀਆਂ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਇਸ ਦੇ ਤਹਿਤ ਹੀ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੇ ਵਾਅਦੇ ਨੂੰ ਪੂਰਾ ਕਰਨਾ ਇੱਕ ਇਤਿਹਾਸਿਕ ਕਦਮ ਸਾਬਤ ਹੋਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਸਕੀਮ ਨੂੰ ਘਰ-ਘਰ ਪੁਚਾਉਣ ਦੇ ਮਕਸਦ ਨਾਲ ਸਮਾਗਮ ਕਰਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅੱਜ ਸੂਬੇ ਭਰ ਵਿੱਚ ਐਲਈਡੀ ਸਕਰੀਨਾਂ ਲਾ ਕੇ ਸਕੀਮ ਦੀ ਰਸਮੀ ਸ਼ੁਰੂਆਤ ਕੀਤੀ ਗਈ ਹੈ।

## ਆਪ ਨੇ ਔਰਤਾਂ ਨਾਲ ਕੀਤਾ ਵਾਅਦਾ ਨਿਭਾਇਆ : ਡਿੰਪੀ ਢਿੱਲੋਂ



**ਗਿੱਦੜਬਾਹਾ (ਜਸਵੰਤ ਗਿੱਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਪਣੀ ਆਖਰੀ ਗਰੰਟੀ ਪੂਰੀ ਕਰਦਿਆਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਐੱਸ.ਸੀ. ਔਰਤਾਂ ਨੂੰ 1500 ਅਤੇ ਜਨਰਲ ਸਮੇਤ ਹੋਰਨਾਂ ਵਰਗਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ।ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਵਿੱਚ ਪਾਰਟੀ ਦੇ ਮੁੱਖ ਦਫਤਰ ਵਿਖੇ ਐਲ ਈ ਡੀ ਲਾ ਕੇ ਮੁੱਖ ਮੰਤਰੀ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕਰਨ ਦੇ ਪ੍ਰੋਗਰਾਮ ਨੂੰ ਅੱਜ ਵਰਚੂਅਲ ਤੌਰ 'ਤੇ ਹਲਕੇ ਦੀਆਂ ਬੀਬੀਆਂ ਨੂੰ ਦਿਖਾਇਆ ਵੀ ਗਿਆ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਜੋ ਵਾਅਦਾ ਪੰਜਾਬ ਦੀਆਂ ਔਰਤਾਂ ਨਾਲ ਕੀਤਾ ਸੀ, ਉਸ ਨੂੰ ਪੂਰਾ ਕਰ ਦਿੱਤਾ ਹੈ ਤੇ ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਤਹਿਤ ਐਸ.ਸੀ. ਵਰਗ ਦੀਆਂ ਔਰਤਾਂ ਦੇ ਖਾਤਿਆਂ ਵਿੱਚ 1500 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਪੈਸੇ ਭੇਜੇ ਗਏ ਹਨ, ਜਦਕਿ ਜਨਰਲ ਅਤੇ ਹੋਰ ਸਾਰੇ ਵਰਗ ਦੀਆਂ ਔਰਤਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਰਾਸ਼ੀ ਟਰਾਂਸਫਰ ਕੀਤੀ ਗਈ ਹੈ। ਇਹ ਯੋਜਨਾ ਲਾਗੂ ਕਰਕੇ ਰਾਜ ਸਰਕਾਰ ਨੇ ਪੰਜਾਬ ਦੀਆਂ ਔਰਤਾਂ ਦਾ ਸਤਿਕਾਰ ਵਧਾਇਆ ਹੈ, ਕਿਉਂਕਿ ਪੰਜਾਬ ਦੀਆਂ ਧੀਆਂ-ਭੈਣਾਂ ਕਿਸੇ ਵੀ ਖੇਤਰ ਵਿੱਚ ਕਿਸੇ ਨਾਲੋਂ ਘੱਟ ਨਹੀਂ ਹਨ।

## ਲਾਇਨਿਸਟਿਕ ਨੇ ਨਵੇਂ ਸੈਸ਼ਨ ਦੀ ਸ਼ੁਰੂਆਤ ਗਊ ਸੇਵਾ ਪ੍ਰੋਜੈਕਟ ਨਾਲ ਕੀਤੀ




**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਡਿਸਟ੍ਰਿਕਟ ਗਵਰਨਰ ਪੀ ਐਮ ਜੇ ਐਫ ਲਾਇਨ ਅਜੈ ਗੋਇਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਲਾਇਨਜ਼ ਕਲੱਬ ਸੁਨਾਮ ਸਿਟੀ ਨੇ ਨਵੇਂ ਲਾਇਨਿਸਟਿਕ ਸਾਲ 2026-27 ਦੀ ਸ਼ੁਰੂਆਤ ਕਲਿਆਣ ਗਊਸ਼ਾਲਾ, ਸੁਨਾਮ ਵਿਖੇ ਗਊ ਸੇਵਾ ਪ੍ਰੋਜੈਕਟ ਨਾਲ ਕੀਤੀ।ਪ੍ਰਧਾਨ ਲਾਇਨ ਰਾਜੀਵ ਕੌਸ਼ਿਕ ਦੀ ਅਗਵਾਈ ਹੇਠ ਇਹ ਸੇਵਾ ਪ੍ਰੋਜੈਕਟ ਬੜੇ ਉਤਸ਼ਾਹ ਅਤੇ ਸਮਰਪਣ ਨਾਲ ਕਰਵਾਇਆ ਗਿਆ।ਇਸ ਮੌਕੇ ਰੀਜਨ ਚੇਅਰਪਰਸਨ ਐਮ ਜੇ ਐਫ ਲਾਇਨ ਕਰਨ ਗੋਇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦ ਕਿ ਰੀਜਨ ਪੀ ਆਰ ਓ ਲਾਇਨ ਸ਼ੁਭਮ ਗਰਗ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ।ਇਸ ਮੌਕੇ ਕਲੱਬ ਦੇ ਸਾਰੇ ਮੈਂਬਰ ਹਾਜ਼ਰ ਰਹੇ, ਜਿਨ੍ਹਾਂ ਵਿੱਚ ਲਾਇਨ ਅਮਰੀਕ ਸਿੰਘ ਕਾਂਡਾ, ਆਈ ਪੀ ਪੀ ਲਾਇਨ ਪਰਮਜੀਤ ਧਾਲੀਵਾਲ, ਸਕੱਤਰ ਬਲਦੇਵ ਕ੍ਰਿਸ਼ਨ ਭੋਲਾ ,ਖਜ਼ਾਨਚੀ ਲਾਇਨ ਚੰਦਰ ਮਣੀ ਗੋਇਲ, ਪੀ ਆਰ ਓ ਲਾਇਨ ਜੋਗਿੰਦਰ ਸਿੰਘ ਮਲ੍ਹੀ ਅਤੇ ਹੋਰ ਸਤਿਕਾਰਯੋਗ ਮੈਂਬਰ ਸ਼ਾਮਲ ਸਨ।ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੀਵ ਕੌਸ਼ਿਕ ਨੇ ਕਿਹਾ ਕਿ ਇਹ ਪ੍ਰੋਜੈਕਟ ਕਲੱਬ ਦੀ ਸਮਾਜ ਸੇਵਾ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ

## ਸੀਨੀਅਰ ਡਾਕਟਰਾਂ ਦਾ ਸਨਮਾਨ ਸਿਹਤ ਵਿਭਾਗ ਫਾਜ਼ਿਲਕਾ ਲਈ ਮਾਣ ਵਾਲੀ ਗੱਲ




**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸਿਹਤ ਵਿਭਾਗ ਫਾਜ਼ਿਲਕਾ ਅਤੇ ਜਿਲ੍ਹਾ ਨਿਵਾਸੀਆਂ ਲਈ ਇਹ ਬਹੁਤ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਜ਼ਿਲ੍ਹੇ ਦੇ ਸੀਨੀਅਰ ਡਾਕਟਰਾਂ ਨੇ ਪੰਜਾਬ ਪੱਧਰ 'ਤੇ ਆਪਣੀ ਉੱਤਮ ਕਾਰਗੁਜ਼ਾਰੀ ਨਾਲ ਵਿਸ਼ੇਸ਼ ਪਛਾਣ ਬਣਾਈ ਹੈ। ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ 'ਨੈਸ਼ਨਲ ਡਾਕਟਰ ਦਿਵਸ' 'ਤੇ ਕਰਵਾਏ ਗਏ ਸਟੇਟ ਲੈਵਲ ਅਵਾਰਡ ਫਾਰ ਡਾਕਟਰਸ ਸਮਾਗਮ ਦੌਰਾਨ ਸੂਬੇ ਭਰ ਵਿੱਚੋਂ ਕੁੱਲ 58 ਡਾਕਟਰਾਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿੱਚੋਂ ਫਾਜ਼ਿਲਕਾ ਜ਼ਿਲ੍ਹੇ ਦੇ ਸਿਵਲ ਸਰਜਨ ਡਾ. ਕਵਿਤਾ ਸਿੰਘ ਅਤੇ ਕਾਰਜਕਾਰੀ ਐਸ.ਐਮ.ਓ./ਡਿਪਟੀ ਮੈਡੀਕਲ ਕਮਿਸ਼ਨਰ ਡਾ. ਐਡੀਸਨ ਏਰਿਕ ਵੀ ਸ਼ਾਮਲ ਹਨ। ਇਸ ਸਮਾਗਮ ਦੌਰਾਨ ਉੱਚ ਅਧਿਕਾਰੀਆਂ ਵੱਲੋਂ ਸਨਮਾਨ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਇਨ੍ਹਾਂ ਡਾਕਟਰਾਂ ਦੀਆਂ ਸੇਵਾਵਾਂ ਦੀ ਭਰਪੂਰ ਸਰਾਹਨਾ ਕੀਤੀ ਗਈ। ਇਹ ਸਨਮਾਨ ਉਨ੍ਹਾਂ ਦੀ ਨਿਸ਼ਠਾ, ਸਮਰਪਣ ਅਤੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਕੀਤੇ ਗਏ ਯਤਨਾਂ ਦਾ ਪ੍ਰਤੀਕ ਹੈ।ਡਾ. ਕਵਿਤਾ ਸਿੰਘ ਨੇ ਜ਼ਿਲ੍ਹਾ ਫਾਜ਼ਿਲਕਾ ਵਿੱਚ ਸਿਹਤ ਸੇਵਾਵਾਂ ਦੇ ਸੁਧਾਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਦੀ ਅਗਵਾਈ ਹੇਠ ਮਾਤਾ ਅਤੇ ਬੱਚਾ ਸਿਹਤ ਸੇਵਾਵਾਂ, ਰੁਟੀਨ ਟੀਕਾਕਰਨ, ਅਤੇ ਆਮ ਆਦਮੀ ਕਲੀਨਿਕ ਦੇ ਨਾਲ ਵੱਖ-ਵੱਖ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਗਿਆ ਹੈ।ਇਸੇ ਤਰ੍ਹਾਂ ਡਾ. ਐਡੀਸਨ ਏਰਿਕ ਨੇ ਵੀ ਆਪਣੇ ਖੇਤਰ ਵਿੱਚ ਪ੍ਰਸ਼ਾਸਕੀ ਅਤੇ ਚਿਕਿਤਸਾ ਸੇਵਾਵਾਂ ਨੂੰ ਨਵੀਂ ਦਿਸ਼ਾ ਦਿੱਤੀ ਹੈ।ਇਸ ਮੌਕੇ 'ਤੇ ਸਿਹਤ ਵਿਭਾਗ ਫਾਜ਼ਿਲਕਾ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਦੋਵਾਂ ਡਾਕਟਰਾਂ ਨੂੰ ਵਧਾਈ ਦਿੱਤੀ ਗਈ ਅਤੇ ਇਸ ਉਪਲਬਧੀ ਨੂੰ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਦੱਸਿਆ ਗਿਆ। ਸਿਵਲ ਸਰਜਨ ਦਫ਼ਤਰ ਫਾਜ਼ਿਲਕਾ ਵੱਲੋਂ ਕਿਹਾ ਗਿਆ ਕਿ ਇਹ ਸਨਮਾਨ ਸਿਰਫ ਵਿਅਕਤੀਗਤ ਨਹੀਂ, ਸਗੋਂ ਪੂਰੀ ਸਿਹਤ ਟੀਮ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ।

# ਕਲਿਆਣ ਰਜਵਾਹੇ ਦੀ ਕੰਕਰੀਟ ਲਾਈਨਿੰਗ ਦੇ ਪ੍ਰੋਜੈਕਟ ਦੀ ਸ਼ੁਰੂਆਤ

**ਮਹਿਲ ਕਲਾ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**



ਪੰਜਾਬ ਦੇ ਤੇਜ਼ੀ ਨਾਲ ਘਟ ਰਹੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਤੇ ਸਿੰਚਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇੱਕ ਵੱਡੀ ਪਹਿਲਕਦਮੀ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 34.51 ਕਰੋੜ ਰੁਪਏ ਦੀ ਲਾਗਤ ਨਾਲ ਕਲਿਆਣ ਰਜਵਾਹੇ ਦੀ ਕੰਕਰੀਟ ਲਾਈਨਿੰਗ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਹੈ। ਪ੍ਰੋਜੈਕਟ ਦਾ ਨੀਂਹ ਪੱਥਰ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਰੱਖਿਆ ਗਿਆ।ਮੁੱਖ ਮੰਤਰੀ ਮਾਨ ਨੇ ਦੱਸਿਆ ਕਿ ਇਸ ਅਹਿਮ ਪ੍ਰੋਜੈਕਟ ਤਹਿਤ 60.66 ਕਿਲੋਮੀਟਰ ਲੰਬੇ ਇਸ ਜਲਮਾਰਗ ਦਾ ਨਵੀਨੀਕਰਨ ਕੀਤਾ ਜਾਵੇਗਾ, ਜੋ ਅਕਤੂਬਰ 2026 ਤੱਕ ਮੁਕੰਮਲ ਹੋ ਜਾਵੇਗਾ।ਰਜਵਾਹੇ ਦੀ ਕੰਕਰੀਟ ਲਾਈਨਿੰਗ ਹੋਣ ਨਾਲ ਇਸ ਦੀ ਨਹਿਰੀ ਪਾਣੀ ਲਿਜਾਣ ਦੀ ਸਮਰੱਥਾ 10 ਫ਼ੀਸਦ ਤੱਕ ਵਧ ਜਾਵੇਗੀ, ਜਿਸ ਨਾਲ ਮੌਜੂਦਾ 150.40 ਕਿਊਸਿਕ ਦੀ ਸਮਰੱਥਾ ਵਧ ਕੇ 170.61 ਕਿਊਸਿਕ ਹੋ ਜਾਵੇਗੀ।ਇਸ ਨਵੀਨੀਕਰਨ ਨਾਲ ਬਰਨਾਲਾ ਤੇ ਮਾਲੇਰਕੋਟਲਾ ਜ਼ਿਲ੍ਹਿਆਂ ਦੇ 42 ਪਿੰਡਾਂ ਦੇ 50,819 ਏਕੜ ਰਕਬੇ ਲਈ ਸਿੰਚਾਈ ਸਹੂਲਤਾਂ ਵਿੱਚ ਸੁਧਾਰ ਯਕੀਨੀ ਬਣੇਗਾ, ਜਿਸ ਨਾਲ ਕਿਸਾਨਾਂ ਦੀ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਕਾਫੀ ਹੱਦ ਤੱਕ ਘਟੇਗੀ।ਮੁੱਖ ਮੰਤਰੀ ਮਾਨ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਇਹ ਪ੍ਰੋਜੈਕਟ ਡਾਰਕ ਜ਼ੋਨ ਖੇਤਰ ਲਈ ਵਰਦਾਨ ਸਾਬਤ ਹੋਵੇਗਾ, ਕਿਉਂਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਕਾਫ਼ੀ ਹੇਠਾ ਚਲੇ ਜਾਣ ਕਰਕੇ ਮਹਿਲ ਕਲਾਂ ਬਲਾਕ ਨੂੰ ਡਾਰਕ ਜ਼ੋਨ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ, ਜਿੱਥੋਂ ਦੇ ਕਿਸਾਨਾਂ ਨੂੰ ਇਸ ਨਾਲ ਵੱਡੀ ਰਾਹਤ ਮਿਲੇਗੀ।

ਇਸ ਵਾਟਰਕੋਰਸ ਦੇ ਪਿਛੋਕੜ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਮਲੇਰਕੋਟਲਾ ਤੋਂ ਸ਼ੁਰੂ ਹੋਣ ਵਾਲੇ ਕਲਿਆਣ ਰਜਵਾਹੇ ਨੂੰ 1980 ਦੇ ਦਹਾਕੇ ਦੌਰਾਨ ਇੱਟਾਂ ਨਾਲ ਪੱਕਾ ਕੀਤਾ ਗਿਆ ਸੀ, ਪਰ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਇਹ ਸਮੇਂ ਦੇ ਨਾਲ ਖਸਤਾਹਾਲ ਹੋ ਗਿਆ ਅਤੇ ਆਪਣੀ ਪੂਰੀ ਸਮਰੱਥਾ ਅਨੁਸਾਰ ਕੰਮ ਕਰਨ ਦੇ ਯੋਗ ਨਹੀਂ ਰਿਹਾ ਸੀ, ਜਿਸ ਦੇ ਨਤੀਜੇ ਵਜੋਂ ਕਿਸਾਨਾਂ ਨੂੰ ਸਿੰਚਾਈ ਲਈ ਲੋੜੀਂਦਾ ਪਾਣੀ ਨਹੀਂ ਮਿਲ ਰਿਹਾ ਸੀ।ਉਨ੍ਹਾਂ ਭਰੋਸਾ ਜਤਾਇਆ ਕਿ ਇਹ ਨਵਾਂ ਪ੍ਰੋਜੈਕਟ ਬਿਹਤਰ ਸਿੰਚਾਈ ਸਹੂਲਤਾਂ ਯਕੀਨੀ ਬਣਾਏਗਾ, ਜਿਸ ਨਾਲ ਖੇਤੀਬਾੜੀ ਦੀ ਉਤਪਾਦਕਤਾ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਫ਼ਸਲਾਂ ਦਾ ਝਾੜ ਵੀ ਵਧੇਗਾ।

## ਤੇਜ਼ ਮੀਂਹ ਤੇ ਹਨੇਰੀ ਕਾਰਨ ਗੁਦਾਮ ਦੀ ਚਾਰਦੀਵਾਰੀ ਡਿੱਗੀ

**ਮੱਖੂ (ਰਛਪਾਲ ਸਿੰਘ ਸੰਧੂ)**-ਪਿਛਲੇ ਕਈ ਦਿਨਾਂ ਤੋਂ ਪੈ ਰਹੀ ਭਿਆਨਕ ਗਰਮੀ ਤੋਂ ਪ੍ਰੇਸ਼ਾਨ ਲੋਕਾਂ ਨੂੰ ਬੁੱਧਵਾਰ ਦੇਰ ਰਾਤ ਵੇਲੇ ਮੌਸਮ ਵਿਚ ਅਚਾਨਕ ਆਏ ਬਦਲਾਅ ਨੇ ਜਿਥੇ ਗਰਮੀ ਤੋਂ ਰਾਹਤ ਦਿੱਤੀ ਉੱਥੇ ਹੀ ਇਸ ਕੁਦਰਤੀ ਆਫ਼ਤ ਨੇ ਵੱਡੇ ਪੱਧਰ 'ਤੇ ਤਬਾਹੀ ਮਚਾਈ।ਤੇਜ਼ ਮੀਂਹ ਤੇ ਹਨੇਰੀ ਕਾਰਨ ਇਲਾਕੇ ਵਿੱਚ ਭਾਰੀ ਨੁਕਸਾਨ ਦੀਆਂ



ਖਬਰਾਂ ਸਾਹਮਣੇ ਆਈਆਂ।ਇਸ ਮੀਂਹ ਹਨੇਰੀ ਨਾਲ ਦਰਸ਼ਨ ਕੁਮਾਰ ਕੋ ਆਨਰਜ ਖੁਰੂਰ ਦੇ ਗੁਦਾਮ ਦੀ ਚਾਰਦੀਵਾਰੀ ਡਿੱਗਣ ਦਾ ਸਮਾਚਾਰ ਪ੍ਰਾਪਤ ਹੋਇਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਦਾਮ ਦੇ ਮਾਲਿਕ ਸ਼ਿਵ ਨੰਦਨ ਆਹੂਜਾ ਨੇ ਦੱਸਿਆ ਕਿ ਗੁਦਾਮ ਦੀ ਚਾਰਦੀਵਾਰੀ ਡਿੱਗਣ ਨਾਲ ਬਹੁਤ ਜਿਆਦਾ ਨੁਕਸਾਨ ਹੋ ਗਿਆ ਹੈ।

## ਨਹਿਰ 'ਚ 23 ਸਾਲਾ ਨੌਜਵਾਨ ਨੇ ਮਾਰੀ ਛਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁਕਤਸਰ-ਮਲੋਟ ਰੋਡ 'ਤੇ ਪਿੰਡ ਰੁਪਾਣਾ ਨੇੜੇ ਲੰਘਦੀ ਨਹਿਰ ਵਿੱਚ 23 ਸਾਲਾ ਨੌਜਵਾਨ ਵੱਲੋਂ ਛਾਲ ਮਾਰਨ ਦੀ ਘਟਨਾ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ।ਨਹਿਰ ਦੇ ਤੇਜ਼ ਵਹਾਅ ਕਾਰਨ



ਨੌਜਵਾਨ ਪਾਣੀ ਵਿੱਚ ਰੁੜ੍ਹ ਗਿਆ ਅਤੇ ਲਾਪਤਾ ਹੋ ਗਿਆ।ਸਵੇਰ ਤੋਂ ਹੀ ਪਿੰਡ ਵਾਸੀ ਅਤੇ ਆਸ-ਪਾਸ ਦੇ ਲੋਕ ਉਸ ਦੀ ਭਾਲ ਵਿੱਚ ਜੁਟੇ ਹੋਏ ਹਨ, ਪਰ ਖ਼ਬਰ ਲਿਖੇ ਜਾਣ ਤੱਕ ਉਸ ਦਾ ਕੋਈ ਸੁਰਾਗ ਨਹੀਂ ਲੱਗ ਸਕਿਆ।ਲਾਪਤਾ ਨੌਜਵਾਨ ਦੀ ਪਛਾਣ ਪਵਨ ਪੁੱਤਰ ਜੈ ਸਿੰਘ ਵਾਸੀ ਪਿੰਡ ਦੂਹੇਵਾਲਾ, ਤਹਿਸੀਲ ਗਿੱਦੜਬਾਹਾ ਵਜੋਂ ਹੋਈ ਹੈ।ਪਰਿਵਾਰਕ ਮੈਂਬਰਾਂ ਅਨੁਸਾਰ ਪਵਨ ਅਣਵਿਆਹਿਆ ਸੀ ਅਤੇ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਣ ਵਿੱਚ ਸਹਿਯੋਗ ਕਰਦਾ ਸੀ।

ਪਵਨ ਦੇ ਪਿਤਾ ਜੈ ਸਿੰਘ ਨੇ ਦੱਸਿਆ ਕਿ ਵੀਰਵਾਰ ਸਵੇਰੇ ਕਰੀਬ 8 ਵਜੇ ਪਵਨ ਮੋਟਰਸਾਈਕਲ ਲੈ ਕੇ ਘਰੋਂ ਨਿਕਲਿਆ ਸੀ।ਉਨ੍ਹਾਂ ਨੂੰ ਲੱਗਿਆ ਕਿ ਉਹ ਝੋਨੇ ਦੀ ਲਵਾਈ ਲਈ ਗਿਆ ਹੈ, ਪਰ ਕੁਝ ਸਮੇਂ ਬਾਅਦ ਨਹਿਰ ਵਿੱਚ ਛਾਲ ਮਾਰ ਦੇਣ ਦੀ ਖ਼ਬਰ ਮਿਲੀ ਤਾਂ ਉਹ ਹੈਰਾਨ ਰਹਿ ਗਏ। ਪੁਲਿਸ ਚੌਕੀ ਰੁਪਾਣਾ ਦੇ ਇੰਚਾਰਜ ਏ ਐੱਸ ਆਈ ਬਲਵਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

## ਭਿਆਨਕ ਗਰਮੀ 'ਚ ਪਾਣੀ ਨੂੰ ਤਰਸੇ ਮੁਕਤਸਰ ਵਾਸੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਿਆਨਕ ਗਰਮੀ ਦੇ ਵਿਚਕਾਰ ਮੁਕਤਸਰ ਸ਼ਹਿਰ ਦੇ ਲੋਕ ਪਿਛਲੇ ਚਾਰ ਦਿਨਾਂ ਤੋਂ ਪੀਣ ਵਾਲੇ ਪਾਣੀ ਦੀ ਬੂੰਦ-ਬੂੰਦ ਨੂੰ ਤਰਸ ਰਹੇ ਹਨ। ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਕੱਚੇ ਕਰਮਚਾਰੀਆਂ ਦੀ ਹੜਤਾਲ ਕਾਰਨ ਸ਼ਹਿਰ ਦੀ ਸਪਲਾਈ ਪੂਰੀ ਤਰ੍ਹਾਂ ਠੱਪ ਹੋ ਗਈ ਹੈ। ਟੂਟੀਆਂ ਸੁੱਕੀਆਂ ਪਈਆਂ ਹਨ ਅਤੇ ਘਰਾਂ 'ਚ ਪਾਣੀ ਨਹੀਂ ਪਹੁੰਚ ਰਿਹਾ। ਸ਼ਹਿਰ 'ਚ 10,500 ਪਾਣੀ ਦੇ ਕਨੈਕਸ਼ਨ ਹਨ, ਜਿੱਥੇ ਪਾਣੀ ਦੀ ਸਪਲਾਈ ਚਾਰ ਦਿਨਾਂ ਤੋਂ ਬੰਦ ਪਈ ਹੈ। ਗਰਮੀ ਦਾ ਪਾਰਾ ਲਗਾਤਾਰ ਵਧ ਰਿਹਾ ਹੈ ਅਤੇ ਤਾਪਮਾਨ 42 ਡਿਗਰੀ ਸੈਲਸੀਅਸ 'ਤੇ ਪਹੁੰਚ ਗਿਆ ਹੈ। ਅਜਿਹੇ ਮੌਸਮ 'ਚ ਪਾਣੀ ਨਾ ਮਿਲਣ ਕਾਰਨ ਲੋਕ ਸਭ ਤੋਂ ਵੱਧ ਪ੍ਰੇਸ਼ਾਨ ਹਨ।ਮੁਕਤਸਰ 'ਚ ਜ਼ਮੀਨੀ ਪਾਣੀ ਪਹਿਲਾਂ ਹੀ ਖਾਰਾ ਅਤੇ ਸਿਹਤ ਲਈ ਹਾਨੀਕਾਰਕ ਹੈ। ਮਜਬੂਰੀ 'ਚ ਲੋਕਾਂ ਨੂੰ ਉਹੀ ਜ਼ਮੀਨੀ ਪਾਣੀ ਵਰਤਣਾ ਪੈ ਰਿਹਾ ਹੈ ਜਾਂ ਦੂਰ-ਦੁਰਾਡੇ ਤੋਂ ਲਿਆਉਣਾ ਪੈ ਰਿਹਾ ਹੈ। ਸ਼ਹਿਰ ਦੇ ਖਾਲਸਾ ਸਕੂਲ ਰੋਡ, ਸ਼ਹੀਦ ਬਾਬਾ ਦੀਪ ਸਿੰਘ ਨਗਰ, ਕਾਰੰਗ ਕਲੋਨੀ ਦੇ ਵਸਨੀਕ ਕੌਂਸਲਰ ਤੇਜਿੰਦਰ ਸਿੰਘ ਜਿੰਮੀ ਬਰਾੜ ਵਾਰਡ ਨੰਬਰ 8, ਸੁਮੇਰ ਸਿੰਘ ਸਾਬਕਾ ਮਨੇਜਰ, ਜਸਵਿੰਦਰ ਸਿੰਘ ਗਿੱਲ, ਹਰਮੰਦਰ ਸਿੰਘ ਰੂਬੀ, ਰਵਿੰਦਰ ਪਾਲ ਰਵੀ, ਜਸਪਾਲ ਸਿੰਘ ਸੋਨੂੰ, ਅਮਨਦੀਪ ਸਿੰਘ, ਪਿਆਰੇ ਲਾਲ, ਸੰਦੇਸ਼ ਕੁਮਾਰ, ਗੁਰਮੀਤ ਮਲਣ, ਕੁਲਜੀਤ ਸਿੰਘ ਸੰਧੂ ਨੇ ਦੱਸਿਆ ਕਿ ਪਿਛਲੇਂ ਕਰੀਬ 5 ਦਿਨਾਂ ਤੋਂ ਪਾਣੀ ਨਾ ਮਿਲਣ ਕਾਰਨ ਖਾਣਾ ਬਣਾਉਣਾ, ਨਹਾਉਣਾ ਅਤੇ ਸਾਫ਼-ਸਫ਼ਾਈ ਸਭ ਕੁਝ ਪ੍ਰਭਾਵਿਤ ਹੋ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਪ੍ਰਸ਼ਾਸਨ ਜਲਦ ਪਾਣੀ ਦੀ ਸਪਲਾਈ ਬਹਾਲ ਕਰੇ। ਇਸੇ ਦੌਰਾਨ ਐੱਸ ਡੀ ਓ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਐਸ ਡੀ ਓ ਜਗਮੋਹਨ ਸਿੰਘ ਨੇ ਕਿਹਾ ਕਿ ਹੜਤਾਲ ਖ਼ਤਮ ਕਰਵਾ ਕੇ ਜਲਦ ਤੋਂ ਜਲਦ ਪਾਣੀ ਦੀ ਸਪਲਾਈ ਬਹਾਲ ਕਰ ਦਿੱਤੀ ਜਾਵੇਗੀ।

## ਸਫਾ 1 ਦੇ ਬਾਕੀ...

### ਪ੍ਰਧਾਨ ਮੰਤਰੀ ਦਾ ਧ੍ਰਿਤਰਾਸ਼ਟਰ...

ਸਿੰਘ ਜਦੋਂ ਜ਼ਮੀਨਾਂ ਦੇ ਘੁਟਾਲੇ ਦੇ ਕਾਗਜ਼ ਲੈ ਕੇ ਐੱਸ ਆਈ ਟੀ ਕੋਲ ਗਏ, ਤਾਂ ਐੱਸ ਆਈ ਟੀ ਨੇ ਜੋ ਕਿਹਾ, ਉਹ ਹੈਰਾਨ ਕਰਨ ਵਾਲਾ ਸੀ। ਐੱਸ ਆਈ ਟੀ ਨੇ ਕਿਹਾ ਕਿ ਉਹ ਜ਼ਮੀਨਾਂ ਦੇ ਘੁਟਾਲੇ ਦੀ ਤਾਂ ਜਾਂਚ ਹੀ ਨਹੀਂ ਕਰ ਰਹੇ, ਉਹ ਤਾਂ ਕੇਵਲ ਚੜ੍ਹਾਵੇ ਦੀ ਜਾਂਚ ਕਰ ਰਹੇ ਹਨ। ਤਾਂ ਇਹ ਐੱਸ ਆਈ ਟੀ ਕਰ ਕੀ ਰਹੀ ਹੈ? ਇਹ ਕੰਸਟ੍ਰਕਸ਼ਨ ਅਤੇ ਜ਼ਮੀਨਾਂ ਦੇ ਘੁਟਾਲੇ ਦੀ ਜਾਂਚ ਨਹੀਂ ਕਰ ਰਹੀ ਤਾਂ ਫਿਰ ਉਹ ਜਾਂਚ ਕੌਣ ਕਰੇਗਾ? 2021 ਵਿੱਚ ਯੂ ਪੀ ਸਰਕਾਰ ਨੇ ਜ਼ਮੀਨਾਂ ਦੇ ਘੁਟਾਲੇ 'ਤੇ ਇੱਕ ਐੱਸ ਆਈ ਟੀ ਬਣਾਈ ਸੀ, ਜੋ ਰਫ਼ਾ-ਦਫ਼ਾ ਹੋ ਗਈ। ਕਿਸੇ ਨੂੰ ਪਤਾ ਵੀ ਨਹੀਂ ਲੱਗਿਆ ਕਿ ਉਸ ਦੀ ਰਿਪੋਰਟ ਕਦੋਂ ਆਈ ਅਤੇ ਕਦੋਂ ਗਈ, ਉਸ ਐੱਸ ਆਈ ਟੀ ਦਾ ਕੀ ਹੋਇਆ। ਅਜਿਹੇ ਹੀ ਇਨ੍ਹਾਂ ਲੋਕਾਂ ਨੇ ਦੁਬਾਰਾ ਐੱਸ ਆਈ ਟੀ ਬਣਾ ਦਿੱਤੀ ਹੈ। 2021 ਵਿੱਚ ਕੋਈ ਜੇਲ੍ਹ ਨਹੀਂ ਗਿਆ, ਕੋਈ ਐੱਫ ਆਈ ਆਰ ਨਹੀਂ ਹੋਈ ਅਤੇ ਕੋਈ ਗ੍ਰਿਫ਼ਤਾਰੀ ਨਹੀਂ ਹੋਈ। ਇਸ ਐੱਸ ਆਈ ਟੀ ਦਾ ਵੀ ਇਹੀ ਹਾਲ ਹੋਵੇਗਾ, ਸਭ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਕੇਜਰੀਵਾਲ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਅਸਤੀਫ਼ੇ ਦਿੱਤੇ ਹਨ, ਉਨ੍ਹਾਂ ਬਾਰੇ ਕਿਹਾ ਜਾ ਰਿਹਾ ਹੈ ਕਿ ਅੱਜ ਵੀ ਮੰਦਰ ਉਹੀ ਚਲਾ ਰਹੇ ਹਨ। ਕਾਗਜ਼ਾਂ ਵਿੱਚ ਅਸਤੀਫ਼ਾ ਦੇ ਦਿੱਤਾ ਗਿਆ ਹੈ, ਪਰ ਮੰਦਰ ਅੱਜ ਵੀ ਉਨ੍ਹਾਂ ਹੀ ਲੋਕਾਂ ਦੇ ਹੱਥ ਵਿੱਚ ਹੈ ਅਤੇ ਉਹੀ ਲੋਕ ਇਸ ਨੂੰ ਚਲਾ ਰਹੇ ਹਨ। ਇਨ੍ਹਾਂ ਦੇ ਇੱਕ ਵੱਡੇ ਨੇਤਾ ਬ੍ਰਿਜਭੂਸ਼ਣ ਹਨ, ਜਿਨ੍ਹਾਂ ਦਾ ਬਿਆਨ ਮੈਂ ਸੋਸ਼ਲ ਮੀਡੀਆ 'ਤੇ ਦੇਖ ਰਿਹਾ ਸੀ। ਬ੍ਰਿਜਭੂਸ਼ਣ ਦਾ ਕਹਿਣਾ ਹੈ ਕਿ ਜੇਕਰ ਉਨ੍ਹਾਂ ਮੂੰਹ ਖੋਲ੍ਹਿਆ ਤਾਂ ਬਹੁਤ ਵੱਡੇ-ਵੱਡੇ ਨਾਂਅ ਆਉਣਗੇ ਅਤੇ ਉਨ੍ਹਾਂ ਨੂੰ ਖ਼ਤਰਾ ਹੈ। ਅਜਿਹੇ ਕਿਹੜੇ ਨਾਂਅ ਹਨ, ਜਿਨ੍ਹਾਂ ਤੋਂ ਬ੍ਰਿਜਭੂਸ਼ਣ ਨੂੰ ਵੀ ਬੋਲਣ ਵਿੱਚ ਡਰ ਲੱਗ ਰਿਹਾ ਹੈ?

ਬਾਬਾ ਬਾਗੇਸ਼ਵਰ ਧਾਮ ਨੇ ਕਿਹਾ ਕਿ ਇਸ ਵਿੱਚ ਬਹੁਤ ਵੱਡੇ-ਵੱਡੇ ਲੋਕ ਸ਼ਾਮਲ ਹਨ ਅਤੇ ਜੇ ਉਨ੍ਹਾ ਨੇ ਮੂੰਹ ਖੋਲ੍ਹਿਆ ਤਾਂ ਉਨ੍ਹਾਂ 'ਤੇ ਵੀ ਆਂਚ ਆ ਸਕਦੀ ਹੈ। ਜਦੋਂ ਦੇਸ਼ ਦੇ ਏਨੇ ਤਾਕਤਵਰ ਅਤੇ ਵੱਡੇ ਲੋਕ ਨਾਂਅ ਲੈਣ ਤੋਂ ਡਰ ਰਹੇ ਹਨ, ਤਾਂ ਇਸ ਦਾ ਮਤਲਬ ਇਹ ਹੈ ਕਿ ਜਿਨ੍ਹਾਂ ਅੱਠ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਉਹ ਤਾਂ ਸਿਰਫ਼ ਅੱਖਾਂ ਵਿੱਚ ਧੂੜ ਪਾਉਣ ਲਈ ਹਨ। ਅਸਲੀ ਲੋਕ ਕੋਈ ਹੋਰ ਹਨ ਅਤੇ ਜਿਨ੍ਹਾਂ ਨੂੰ ਫੜਿਆ ਗਿਆ ਹੈ, ਉਹ ਸਿਰਫ ਮੋਹਰੇ ਹਨ।

ਕੇਜਰੀਵਾਲ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਕਿਹਾ ਕਿ ਦੇਸ਼ ਦੀ ਜਨਤਾ ਇਹ ਜਾਣਨਾ ਚਾਹੁੰਦੀ ਹੈ ਕਿ ਉਹ ਕਿਸ ਨੂੰ ਬਚਾ ਰਹੇ ਹਨ, ਕਿਉਂ ਬਚਾ ਰਹੇ ਹਨ ਅਤੇ ਉਨ੍ਹਾ ਦੀ ਕੀ ਮਜਬੂਰੀ ਹੈ? ਦੇਸ਼ ਦੇ ਕਰੋੜਾਂ ਲੋਕਾਂ ਦੀ ਆਸਥਾ ਨੂੰ ਠੇਸ ਪਹੁੰਚੀ ਹੈ।ਪ੍ਰਧਾਨ ਮੰਤਰੀ ਦੇਸ਼ ਨੂੰ ਦੱਸਣ, ਕੀ ਤੁਹਾਨੂੰ ਇਨ੍ਹਾਂ ਘੁਟਾਲਿਆਂ ਦੀ ਜਾਣਕਾਰੀ ਨਹੀਂ ਸੀ?

ਭਾਜਪਾ ਦੇ ਇੱਕ ਵਿਅਕਤੀ ਨੇ 2 ਕਰੋੜ ਵਿੱਚ ਜ਼ਮੀਨ ਖਰੀਦੀ ਅਤੇ 10 ਮਿੰਟ ਵਿੱਚ 18 ਕਰੋੜ ਵਿੱਚ ਟਰੱਸਟ ਨੂੰ ਵੇਚ ਦਿੱਤੀ, 3 ਕਰੋੜ ਦੀ ਜ਼ਮੀਨ 24 ਕਰੋੜ ਵਿੱਚ ਟਰੱਸਟ ਨੇ ਖਰੀਦੀ, 9 ਕਰੋੜ ਦੀ ਜ਼ਮੀਨ 55 ਕਰੋੜ ਵਿੱਚ ਟਰੱਸਟ ਨੇ ਖਰੀਦੀ, 14 ਕਰੋੜ ਦੀ ਜ਼ਮੀਨ 95 ਕਰੋੜ ਵਿੱਚ ਟਰੱਸਟ ਨੇ ਖਰੀਦੀ, ਮੰਦਰ ਨਿਰਮਾਣ ਵਿੱਚ ਟੈਂਡਰਾਂ 'ਤੇ 40 ਫੀਸਦੀ ਕਮਿਸ਼ਨ ਮੰਗਿਆ ਗਿਆ, 40 ਦਿਨਾਂ ਵਿੱਚ ਸੀ ਸੀ ਟੀ ਵੀ ਕੈਮਰੇ ਵਿੱਚ 70 ਵਾਰ ਚੋਰੀ ਫੜੀ ਗਈ, ਅੱਠ ਮਹੀਨਿਆਂ ਦੀ ਸੀ ਸੀ ਟੀ ਵੀ ਫੁਟੇਜ ਡਿਲੀਟ ਕਰ ਦਿੱਤੀ ਗਈ। ਏਨੇ ਲੰਮੇ ਸਮੇਂ ਤੱਕ ਚੜ੍ਹਾਵੇ ਦੀ ਚੋਰੀ ਚੱਲੀ ਅਤੇ ਟਰੱਸਟ ਵਿੱਚ ਗ੍ਰਹਿ ਮੰਤਰਾਲੇ ਦਾ ਇੱਕ ਅਧਿਕਾਰੀ ਵੀ ਸੀ, ਫਿਰ ਵੀ ਤੁਹਾਨੂੰ ਕਿਵੇਂ ਪਤਾ ਨਹੀਂ ਲੱਗਿਆ?

### ਪ੍ਰੀਖਿਆਰਥੀਆਂ 'ਤੇ ਦਬਾਅ ...

ਮੈਡੀਕਲ ਅਤੇ ਇੰਜੀਨੀਅਰਿੰਗ ਦਾਖਲਿਆਂ ਲਈ ਪ੍ਰਵੇਸ਼ ਪ੍ਰੀਖਿਆਵਾਂ ਹੋਣ ਜਾਂ ਫਿਰ ਬੋਰਡ ਦੀਆਂ ਪ੍ਰੀਖਿਆਵਾਂ। ਜਿਨ੍ਹਾਂ ਬਦਲਾਵਾਂ 'ਤੇ ਵਿਚਾਰ ਕੀਤਾ ਜਾ ਰਿਹਾ ਹੈ, ਉਨ੍ਹਾਂ ਵਿੱਚ ਦਾਖਲੇ/ਮੈਰਿਟ ਵਿੱਚ ਬੋਰਡ ਦੇ ਅੰਕਾਂ ਲਈ 50 ਫੀਸਦੀ ਵੇਟੇਜ ਦੇਣਾ, ਕੋਚਿੰਗ ਸੈਂਟਰਾਂ 'ਤੇ ਨਿਰਭਰਤਾ ਘਟਾਉਣ ਲਈ ਪ੍ਰਵੇਸ਼ ਪ੍ਰੀਖਿਆਵਾਂ ਨੂੰ ਸਕੂਲੀ ਸਿਲੇਬਸ ਦੇ ਹੋਰ ਨੇੜੇ (ਅਨੁਕੂਲ) ਕਰਨਾ, ਪ੍ਰੀਖਿਆ ਦੇਣ ਲਈ ਕਈ ਮੌਕੇ (ਮਲਟੀਪਲ ਅਟੈਂਪਟਸ) ਦੇਣਾ ਅਤੇ ਹੌਲੀ-ਹੌਲੀ 'ਅਡੈਪਟਿਵ ਆਨ-ਡਿਮਾਂਡ ਕੰਪਿਊਟਰ-ਆਧਾਰਤ ਪ੍ਰੀਖਿਆਵਾਂ' ਵੱਲ ਵਧਣਾ ਸ਼ਾਮਲ ਹੈ।

### ਜ਼ਮੀਨ ਮਾਲਕਾਂ ਨੂੰ ਮਿਲਣਗੇ ...

ਜਗ੍ਹਾ 800 ਵਰਗ ਗਜ਼ ਤੋਂ ਵਧਾ ਕੇ 840 ਵਰਗ ਗਜ਼ ਪ੍ਰਤੀ ਏਕੜ ਕਰ ਦਿੱਤੀ ਗਈ ਹੈ।

ਕੈਬਨਿਟ ਨੇ ਆਓਸਟੀ ਪਾਲਿਸੀ ਵਿੱਚ ਸੋਧਾਂ ਨੂੰ ਵੀ ਮਨਜ਼ੂਰੀ ਦਿੱਤੀ ਹੈ, ਜਿਸ ਤਹਿਤ ਉਹ ਜ਼ਮੀਨ ਮਾਲਕ ਜਿਨ੍ਹਾਂ ਦੀ ਇੱਕ ਏਕੜ ਜ਼ਮੀਨ ਐਕਵਾਇਰ ਕੀਤੀ ਜਾਂਦੀ ਹੈ, ਉਹ 200 ਵਰਗ ਗਜ਼ ਦੇ ਪਲਾਟ ਦੇ ਹੱਕਦਾਰ ਹੋਣਗੇ, ਜਿਨ੍ਹਾਂ ਦੀ ਐਕਵਾਇਰ ਕੀਤੀ ਜ਼ਮੀਨ ਇੱਕ ਏਕੜ ਤੋਂ ਵੱਧ ਅਤੇ 2.5 ਏਕੜ ਤੱਕ ਹੈ, ਉਨ੍ਹਾਂ ਨੂੰ 300 ਵਰਗ ਗਜ਼ ਦਾ ਪਲਾਟ ਮਿਲੇਗਾ, ਜਦਕਿ ਜਿਨ੍ਹਾਂ ਦੀ ਐਕਵਾਇਰ ਕੀਤੀ ਜ਼ਮੀਨ 2.5 ਏਕੜ ਤੋਂ ਵੱਧ ਹੈ, ਉਹ 500 ਵਰਗ ਗਜ਼ ਦੇ ਪਲਾਟ ਦੇ ਹੱਕਦਾਰ ਹੋਣਗੇ।

ਕੈਬਨਿਟ ਨੇ ਛੋਟੇ ਕਿਸਾਨਾਂ ਲਈ ਵਿਸ਼ੇਸ਼ ਲੈਟਰ ਆਫ਼ ਇੰਟੈਂਟ ਦੀ ਵਿਵਸਥਾ ਨੂੰ ਵੀ ਮਨਜ਼ੂਰੀ ਦਿੱਤੀ ਹੈ ਅਤੇ 'ਸਹੂਲੀਅਤ ਸਰਟੀਫਿਕੇਟ' ਦੀ ਮਿਆਦ ਦੋ ਸਾਲ ਤੋਂ ਵਧਾ ਕੇ ਚਾਰ ਸਾਲ ਕਰ ਦਿੱਤੀ ਹੈ। ਇਸ ਤੋਂ ਇਲਾਵਾ ਇਸ ਨੀਤੀ ਤਹਿਤ ਵਿਕਸਤ ਪਲਾਟ ਲੈਣ ਵਾਲੇ ਅਸਲ ਜ਼ਮੀਨ ਮਾਲਕਾਂ ਨੂੰ ਰਜਿਸਟ੍ਰੇਸ਼ਨ ਜਾਂ ਕਨਵੈਂਸ ਡੀਡ ਦੇ ਸਮੇਂ ਸਟੈਂਪ ਡਿਊਟੀ ਜਾਂ ਹੋਰ ਖਰਚੇ ਨਹੀਂ ਦੇਣੇ ਪੈਣਗੇ। ਵਿਕਲਪਕ ਤੌਰ 'ਤੇ ਉਹ ਐਕਵਾਇਰ ਕੀਤੀ ਜ਼ਮੀਨ ਦੇ ਕੁਲੈਕਟਰ ਰੇਟ 'ਤੇ ਗਣਨਾ ਕੀਤੇ ਗਏ ਮੁੱਲ ਤੱਕ ਪੰਜਾਬ ਵਿੱਚ ਕਿਤੇ ਵੀ ਜ਼ਮੀਨ ਖਰੀਦਣ ਵੇਲੇ ਸਟੈਂਪ ਡਿਊਟੀ ਦੀ ਛੋਟ ਦਾ ਲਾਭ ਲੈ ਸਕਦੇ ਹਨ।ਯੋਗ ਜ਼ਮੀਨ ਮਾਲਕਾਂ ਨੂੰ ਇੱਕ ਤਰਜੀਹੀ ਟਿਊਬਵੈੱਲ ਕੁਨੈਕਸ਼ਨ ਵੀ ਮਿਲੇਗਾ, ਜਦੋਂ ਕਿ ਇਸ ਨੀਤੀ ਵਿੱਚ ਹਿੱਸਾ ਲੈਣ ਵਾਲੇ ਕਿਸਾਨ ਤਰਜੀਹੀ ਸਥਾਨਾਂ 'ਤੇ ਪਲਾਟਾਂ ਦੀ ਅਲਾਟਮੈਂਟ ਦੇ ਯੋਗ ਹੋਣਗੇ।

ਇਸ ਦੌਰਾਨ ਪ੍ਰੈੱਸ ਕਾਨਫਰੰਸ ਦੌਰਾਨ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੌਜੂਦਾ ਨੀਤੀ ਸੰਬੰਧੀ ਜ਼ਮੀਨ ਮਾਲਕਾਂ ਤੇ ਹੋਰ ਹਿੱਸੇਦਾਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਸੀ ਅਤੇ ਉਨ੍ਹਾਂ ਦੇ ਸੁਝਾਵਾਂ ਤੇ ਚਿੰਤਾਵਾਂ ਨੂੰ ਮੁੱਖ ਰੱਖਦਿਆਂ ਇਨ੍ਹਾਂ ਸੋਧਾਂ ਨੂੰ ਪ੍ਰਵਾਨਗੀ ਦਿੱਤੀ ਹੈ। ਉਨ੍ਹਾ ਕਿਹਾ—ਰਿਹਾਇਸ਼ੀ ਅਤੇ ਵਪਾਰਕ ਵਿਕਲਪ ਤਹਿਤ ਰਿਹਾਇਸ਼ੀ ਜਗ੍ਹਾ ਪ੍ਰਤੀ ਏਕੜ 1,000 ਵਰਗ ਗਜ਼ ਹੀ ਰਹੇਗੀ, ਜਦੋਂ ਕਿ ਵਪਾਰਕ ਜਗ੍ਹਾ 200 ਵਰਗ ਗਜ਼ ਤੋਂ ਵਧਾ ਕੇ 210 ਵਰਗ ਗਜ਼ ਪ੍ਰਤੀ ਏਕੜ ਕਰ ਦਿੱਤੀ ਗਈ ਹੈ। ਜੇ ਕੋਈ ਜ਼ਮੀਨ ਮਾਲਕ ਵਪਾਰਕ ਜਗ੍ਹਾ ਦੀ ਬਜਾਏ ਸਿਰਫ਼ ਰਿਹਾਇਸ਼ੀ ਪਲਾਟ ਦੀ ਚੋਣ ਕਰਦਾ ਹੈ ਤਾਂ ਰਿਹਾਇਸ਼ੀ ਜਗ੍ਹਾ 1,600 ਵਰਗ ਗਜ਼ ਤੋਂ ਵਧਾ ਕੇ 1,630 ਵਰਗ ਗਜ਼ ਪ੍ਰਤੀ ਏਕੜ ਕਰ ਦਿੱਤੀ ਗਈ ਹੈ।

### ਪੰਜਾਬ 'ਚ ਛੇਤੀ...

ਨਾਲ ਸਿੱਧਾ ਸੰਵਾਦ ਕਰਦੇ ਹੋਏ ਉਨ੍ਹਾਂ ਦੇ ਵਿਚਾਰ ਵੀ ਸੁਣੇ।

ਸਿੱਖਿਆ ਸਕੱਤਰ ਸੋਨਾਲੀ ਗਿਰੀ ਨੇ ਵੀ ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਸਮਾਜ ਦੇ ਵਿਕਾਸ ਲਈ ਸਦਾ ਅੱਗੇ ਆਉਣ ਦਾ ਸੰਦੇਸ਼ ਦਿੱਤਾ।ਉਨ੍ਹਾ ਨਸ਼ਿਆਂ, ਬੇਰੁਜ਼ਗਾਰੀ ਅਤੇ ਸਿੱਖਿਆ ਪ੍ਰਣਾਲੀ ਵਿੱਚ ਮੌਜੂਦ ਕਮੀਆਂ ਵਿਰੁੱਧ ਇਕੱਠੇ ਹੋ ਕੇ ਲੜਨ ਦੀ ਅਪੀਲ ਕੀਤੀ।ਉਨ੍ਹਾ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਅਤੇ ਸੰਵਿਧਾਨਕ ਮੁੱਲਾਂ ਦੀ ਰਾਖੀ ਕਰਨ, ਮਾਂ-ਭੂਮੀ, ਸੱਭਿਆਚਾਰ ਅਤੇ ਵਾਤਾਵਰਣ ਦੀ ਸੰਭਾਲ ਲਈ ਯੋਗਦਾਨ ਪਾਉਣ ਦਾ ਪ੍ਰਣ ਵੀ ਦਿਵਾਇਆ।ਇਹ ਸਮਾਗਮ ਨਾ ਸਿਰਫ਼ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਸਾਬਤ ਹੋਇਆ, ਸਗੋਂ ਸਿੱਖਿਆ ਪ੍ਰਣਾਲੀ ਵਿੱਚ ਸੁਧਾਰਾਂ ਲਈ ਇੱਕ ਨਵੀਂ ਦਿਸ਼ਾ ਵੀ ਪ੍ਰਦਾਨ ਕਰ ਗਿਆ।ਸਰਕਾਰ ਵੱਲੋਂ ਵਿਦਿਆਰਥੀਆਂ ਦੀ ਰਾਏ ਨੂੰ ਮਹੱਤਵ ਦੇਣਾ ਅਤੇ ਨਵੀਆਂ ਤਕਨੀਕਾਂ ਨੂੰ ਅਪਣਾਉਣਾ ਇਹ ਦਰਸਾਉਂਦਾ ਹੈ ਕਿ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਇੱਕ ਨਵਾਂ ਮਾਪਦੰਡ ਸਥਾਪਤ ਕਰਨ ਵੱਲ ਵਧ ਰਿਹਾ ਹੈ।ਇਸ ਮੌਕੇ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਸਕੱਤਰ ਸਿੰਘ ਬੱਲ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਡਾ. ਨਰਿੰਦਰ ਧਾਲੀਵਾਲ, ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੂਰਬੀ) ਜਸਲੀਨ ਕੌਰ ਭੁੱਲਰ, ਜ਼ਿਲ੍ਹਾ ਸਿੱਖਿਆ ਅਫਸਰ ਡਿੰਪਲ ਮਦਾਨ, ਸਟੇਜ ਸਕੱਤਰ ਨੈਸ਼ਨਲ ਐਵਾਰਡੀ ਮਾਸਟਰ ਕਰਮਜੀਤ ਸਿੰਘ ਗਰੇਵਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਅਧਿਆਪਕ ਮੌਜੂਦ ਸਨ।

## ਆਸ਼ਾ ਵਰਕਰਜ਼ ਵੱਲੋਂ 9 ਨੂੰ ਪੁਤਲੇ ਫੂਕਣ ਦਾ ਐਲਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਯੂਨੀਅਨ ਪੰਜਾਬ ਗਰੁੱਪ ਏਟਕ ਮੁੱਖ ਦਫਤਰ ਪ ਸ ਸ ਫ ਦੀ ਚੰਡੀਗੜ੍ਹ 'ਚ ਮੀਟਿੰਗ ਹੋਈ। ਜਿਲਾ ਪ੍ਰਧਾਨ ਰਜਵੰਤ ਕੌਰ, ਮੁੱਖ ਸਕੱਤਰ ਮਨਜੀਤ ਕੌਰ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਕੌਰ ਬਿੰਦੂ ਮੀਤ ਪ੍ਰਧਾਨ, ਜਿਲਾ ਜਨਰਲ ਸਕੱਤਰ ਪਰਮਜੀਤ ਕੌਰ, ਸੀਨੀਅਰ ਜਨਰਲ ਸਕੱਤਰ ਪਰਮਜੀਤ ਕੌਰ ਸਾਦਕ, ਵਿੱਤ ਸਕੱਤਰ ਭੋਲੀ ਰਾਣੀ, ਸੁਨੀਤਾ ਰਾਣੀ ਮੁੱਖ ਸਕੱਤਰ, ਰਮਨਦੀਪ ਕੌਰ ਪ੍ਰਚਾਰ ਸਕੱਤਰ, ਸਹਾਇਕ ਸਕੱਤਰ ਕੈਂਡੀ, ਸੀਮਾ ਰਾਣੀ, ਵੀਰਪਾਲ ਕੌਰ, ਕਿਰਨਦੀਪ ਕੌਰ ਦੀ ਅਗਵਾਈ ਵਿੱਚ ਮੀਟਿੰਗ ਹੋਈ ਮੀਟਿੰਗ ਵਿੱਚ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਵਿਭਾਗ ਵਿੱਚ ਆਸ਼ਾ ਵਰਕਰਾਂ ਤੋਂ ਪੂਰੇ 18 ਸਾਲ ਤੋਂ ਨਿਗੂਣੇ ਭੱਤਿਆਂ 'ਤੇ ਕੰਮ ਲੈ ਕੇ ਸ਼ੋਸ਼ਣ ਕੀਤਾ ਜਾ ਰਿਹਾ ਹੈ। ਸ਼ੋਸ਼ਣ ਕਰਨਾ ਬੰਦ ਕੀਤਾ ਜਾਵੇ ਅਤੇ ਤਨਖਾਹਾਂ ਦਾ ਪ੍ਰਬੰਧ ਕੀਤਾ ਜਾਵੇ। ਪੰਜਾਬ ਭਰ ਦੀਆਂ ਵਰਕਰਾਂ ਨੂੰ ਉਜਰਤਾਂ ਦੇ ਕਨੂੰਨ ਲਾਗੂ ਕਰਦਿਆਂ ਘੱਟੋ ਘੱਟ 28000 ਰੁਪਏ ਪ੍ਰਤੀ ਮਹੀਨਾ ਦੇ ਕੇ ਰੈਗੂਲਰ ਕੀਤਾ ਜਾਵੇ ਤੇ ਸੇਵਾ ਮੁਕਤ ਹੋਣ ਸਮੇਂ ਪੰਜ ਲੱਖ ਰੁਪਏ ਅਤੇ ਪੈਨਸ਼ਨ ਦਿੱਤੀ ਜਾਵੇ। ਮੰਗਾਂ ਮਨਵਾਉਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੀਆਂ ਵਰਕਰਾਂ 9 ਜੁਲਾਈ ਨੂੰ ਤਹਿਸੀਲ ਪੱਧਰ 'ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ, ਜੇਕਰ ਫਿਰ ਵੀ ਹੱਲ ਨਾ ਹੋਇਆਂ ਤਾ 24 ਜੁਲਾਈ ਨੂੰ ਆਪਣੇ ਹਲਕੇ ਦੇ ਐਮ ਐਲ ਏ ਦੇ ਦਫ਼ਤਰਾਂ ਅੱਗੇ ਘੜਾ ਭੰਨ ਰੋਸ ਮੁਜ਼ਾਹਰੇ ਕੀਤੇ ਜਾਣਗੇ।

## ਮੰਡਲ ਰਿਪੋਰਟ ਸਬੰਧੀ ਮੋਗਾ 'ਚ ਹੋਵੇਗਾ 5 ਜੁਲਾਈ ਨੂੰ ਸੈਮੀਨਾਰ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਰਾਜ ਦੀਆਂ ਪਛੜੀਆਂ ਸ਼੍ਰੇਣੀਆਂ ਸਬੰਧੀ ਮੰਡਲ ਰਿਪੋਰਟ ਨੂੰ ਪੂਰਨ ਤੌਰ 'ਤੇ ਲਾਗੂ ਕਰਨ ਸਬੰਧੀ ਓ.ਬੀ.ਸੀ. ਫੈਡਰੇਸ਼ਨ ਪੰਜਾਬ ਜ਼ਿਲ੍ਹਾ ਮੋਗਾ ਵੱਲੋਂ 5 ਜੁਲਾਈ ਦਿਨ ਐਤਵਾਰ ਵਿਸ਼ਵਕਰਮਾ ਭਵਨ, ਜੀ.ਟੀ.ਰੋਡ ਮੋਗਾ ਵਿਖੇ ਸਵੇਰੇ 10 ਵਜੇ ਸੈਮੀਨਾਰ ਕਰਵਾਇਆ ਜਾਵੇਗਾ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਹਰਨੇਕ ਸਿੰਘ ਰੋਡੇ ਅਤੇ ਗੁਰ ਪ੍ਰੀਤਮ ਸਿੰਘ ਚੀਮਾ ਨੇ ਦਿੱਤੀ। ਡਾ ਰੋਡੇ ਅਤੇ ਚੀਮਾ ਨੇ ਦੱਸਿਆ ਕਿ ਇਹ ਸੈਮੀਨਾਰ ਦੌਰਾਨ ਮੁੱਖ ਬੁਲਾਰਿਆਂ ਵਿੱਚ ਅਵਤਾਰ ਸਿੰਘ ਸੈਣੀ, ਬਲਵਿੰਦਰ ਸਿੰਘ ਮੁਲਤਾਨੀ, ਰਣਜੀਤ ਸਿੰਘ ਜੱਸਲ, ਸਰਬਜੀਤ ਸਿੰਘ ਲਹਿਰੀ, ਹਰਜੀਤ ਸਿੰਘ ਰਾਮਗੜ੍ਹੀਆ ਅਤੇ ਸਵਰਨ ਸਿੰਘ ਬਰਗਾੜੀ ਸ਼ਾਮਿਲ ਹਨ।

### ਪੀ ਐੱਫ ਯੋਗਦਾਨ...

ਇਹ ਨਿਰਧਾਰਤ ਕਰਨ ਦੀ ਆਜ਼ਾਦੀ ਮਿਲੇਗੀ ਕਿ ਉਹ ਆਪਣੀ ਤਨਖਾਹ ਦਾ ਕਿੰਨਾ ਹਿੱਸਾ ਆਪਣੇ ਪੀ ਐੱਫ ਖਾਤੇ ਵਿਚ ਜਮ੍ਹਾ ਕਰਵਾਉਣਾ ਚਾਹੁੰਦੇ ਹਨ। ਨਵੇਂ ਨਿਯਮਾਂ ਅਨੁਸਾਰ ਪੀ ਐੱਫ ਕੰਟਰਬਿਊਸ਼ਨ ਵਿਚ ਜ਼ਰੂਰੀ 1800 ਦੀ ਲਿਮਟ ਨੂੰ ਬਰਕਰਾਰ ਰੱਖਿਆ ਗਿਆ ਹੈ। ਇਸ ਤਹਿਤ ਇੱਕ ਲੱਖ ਰੁਪਏ ਮਹੀਨਾ ਤਨਖਾਹ ਲੈਣ ਵਾਲੇ ਮੁਲਾਜ਼ਮ ਨੂੰ ਵੀ ਈ ਪੀ ਐੱਫ ਤਹਿਤ ਪੀ ਐੱਫ ਕੰਟਰੀਬਿਊਸ਼ਨ ਵਿਚ ਸਿਰਫ 1800 ਦਾ ਯੋਗਦਾਨ ਦੇਣਾ ਪਵੇਗਾ। ਜਿਹੜੇ ਮੁਲਾਜ਼ਮ ਸੇਵਾਮੁਕਤੀ ਵੇਲੇ ਵੱਧ ਬਚਤ ਕਰਨਾ ਚਾਹੁੰਦੇ ਹਨ, ਉਹ ਇਸ ਜ਼ਰੂਰੀ ਰਾਸ਼ੀ ਤੋਂ ਵੱਧ ਯੋਗਦਾਨ ਦੇ ਸਕਦੇ ਹਨ ਪਰ ਇਸ ਨੂੰ ਸਵੈਇੱਛਾ ਅਨੁਸਾਰ ਮੰਨਿਆ ਜਾਵੇਗਾ।

## ਨੇਪਾਲ 'ਚ ਭਵਾਨੀਗੜ੍ਹ ਦੇ ਖਿਡਾਰੀਆਂ ਦਾ ਡੰਕਾ, 3 ਸੋਨੇ ਤੇ 2 ਚਾਂਦੀ ਦੇ ਤਗਮੇ ਜਿੱਤੇ



**ਭਵਾਨੀਗੜ੍ਹ (ਰਾਜ ਖੁਰਮੀ)**-ਨੇਪਾਲ ਦੇ ਕਾਠਮੰਡੂ ਵਿੱਚ ਹੋਈ ਕਡੂਗੰ ਮਾਰਸ਼ਲ ਆਰਟ ਚੈਂਪੀਅਨਸ਼ਿਪ ਵਿੱਚ ਭਵਾਨੀਗੜ੍ਹ ਦੇ ਨੌਜਵਾਨ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 3 ਸੋਨ ਅਤੇ 2 ਚਾਂਦੀ ਦੇ ਤਗਮੇ ਜਿੱਤ ਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਕੋਚ ਗੁਰਤੇਜ ਸਿੰਘ ਦੀ ਅਗਵਾਈ ਹੇਠ ਭਾਗ ਲੈਣ ਵਾਲੇ ਖਿਡਾਰੀ ਕਮਲਪ੍ਰੀਤ ਕੌਰ, ਹਰਸ਼ਦੀਪ ਕੌਰ, ਹਰਮਨ ਕੌਰ, ਜੁਝਾਰ ਸਿੰਘ ਅਤੇ ਅਗਮ ਕਾਂਸਲ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ।ਭਵਾਨੀਗੜ੍ਹ ਪਰਤਣ 'ਤੇ ਗੁਰਦੁਆਰਾ ਸ੍ਰੀ ਪਾਤਸ਼ਾਹੀ ਨੌਵੀਂ ਵਿਖੇ ਖਿਡਾਰੀਆਂ ਦਾ ਭਰਵਾਂ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬਲਾਕ ਸੰਮਤੀ ਦੇ ਚੇਅਰਮੈਨ ਬਲਵਿੰਦਰ ਸਿੰਘ ਬਾਲਦ ਖੁਰਦ, ਐਮ ਸੀ ਜਤਿੰਦਰ ਸਿੰਘ ਬਾਜਵਾ (ਵਿੱਕੀ), ਐਮ ਸੀ ਸਤਿਗੁਰੂ ਸਿੰਘ ਡੋਗਲਾ, ਐਮ ਸੀ ਗੁਰਤੇਜ ਕੌਰ ਕੰਧੋਲਾ, ਸਮਾਜ ਸੇਵੀ ਗੁਰਪ੍ਰੀਤ ਸਿੰਘ ਕੰਦੋਲਾ, ਖਿਡਾਰੀਆਂ ਦੇ ਪਰਿਵਾਰਕ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਸਨ।ਚੇਅਰਮੈਨ ਨੇ ਕਿਹਾ ਕਿ ਇਨ੍ਹਾਂ ਬੱਚਿਆਂ ਨੇ ਛੋਟੀ ਉਮਰ ਵਿੱਚ ਵੱਡੀ ਪ੍ਰਾਪਤੀ ਹਾਸਲ ਕਰਕੇ ਭਵਾਨੀਗੜ੍ਹ ਦਾ ਮਾਣ ਵਧਾਇਆ ਹੈ। ਉਨ੍ਹਾਂ ਕੋਚ ਗੁਰਤੇਜ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਮਿਹਨਤ ਅਤੇ ਮਾਰਗਦਰਸ਼ਨ ਸਦਕਾ ਬੱਚੇ ਅੰਤਰਰਾਸ਼ਟਰੀ ਪੱਧਰ 'ਤੇ ਸਫ਼ਲਤਾ ਹਾਸਲ ਕਰ ਰਹੇ ਹਨ।ਸਮਾਜ ਸੇਵੀ ਅਤੇ ਕਾਂਗਰਸ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਕੰਧੋਲਾ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਪੰਜਾਬ ਸਰਕਾਰ ਤੋਂ ਉਨ੍ਹਾਂ ਲਈ ਆਰਥਿਕ ਸਹਾਇਤਾ ਦੀ ਮੰਗ ਕੀਤੀ।ਇਸ ਮੌਕੇ ਗੁਰਚਰਨ ਸਿੰਘ, ਬੱਗਾ ਸਿੰਘ, ਗਗਨਦੀਪ ਸਿੰਘ, ਖਿਡਾਰੀਆਂ ਦੇ ਮਾਤਾ-ਪਿਤਾ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਵੀ ਆਦਿ ਹਾਜ਼ਰ ਸਨ।

## ਜਨਗਣਨਾ ਦਾ ਮਿਹਨਤਾਨਾ ਤੁਰੰਤ ਜਾਰੀ ਕੀਤਾ ਜਾਵੇ : ਡੀ ਟੀ ਐੱਫ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਅਮਨਦੀਪ ਮਾਛੀਕੇ ਤੇ ਸਕੱਤਰ ਗੁਰਮੀਤ ਝੋਰੜਾਂ ਨੇ ਮੰਗ ਕੀਤੀ ਹੈ ਕਿ 15 ਮਈ ਤੋਂ ਲੈ ਕੇ 15 ਜੂਨ ਤੱਕ ਸਿਖਰ ਦੀ ਗ਼ਰਮੀ ਵਿੱਚ ਪੰਜਾਬ ਦੇ ਹਜ਼ਾਰਾਂ ਅਧਿਆਪਕਾਂ ਤੋਂ ਮਰਦਮਸ਼ੁਮਾਰੀ ਦਾ ਗੈਰ ਵਿੱਦਿਅਕ ਕੰਮ ਲਿਆ ਗਿਆ ਹੈ, ਜਿਸ ਦੇ ਅੰਤਰਗਤ ਸਕੂਲਾਂ ਦੇ 90 ਫੀਸਦੀ ਅਧਿਆਪਕਾਂ ਨੇ ਬੱਚਿਆਂ ਦੀ ਪੜ੍ਹਾਈ ਦੀ ਕੀਮਤ 'ਤੇ ਡੋਰ ਟੂ ਡੋਰ ਜਾ ਕੇ ਪਹਿਲਾਂ ਨਜ਼ਰੀ ਨਕਸ਼ਾ ਤਿਆਰ ਕੀਤਾ ਤੇ ਫਿਰ ਲੰਮਾ ਚੌੜਾ ਜਨਗਣਨਾ ਦਾ ਕੰਮ ਨੇਪਰੇ ਚਾੜ੍ਹਿਆ ਹੈ।ਡੀਟੀਐੱਫ ਨਿਹਾਲ ਸਿੰਘ ਵਾਲਾ ਦੇ ਮੀਤ ਪ੍ਰਧਾਨ ਸੁਖਜੀਤ ਕੁੱਸਾ, ਵਿੱਤ ਸਕੱਤਰ ਜਸਵੀਰ ਸੈਦੋਕੇ ਤੇ ਪ੍ਰੈਸ ਸਕੱਤਰ ਹੀਰਾ ਸਿੰਘ ਢਿੱਲੋਂ ਨੇ ਕਿਹਾ ਕਿ ਏਨੇ ਦਿਨ ਬੀਤ ਜਾਣ ਦੇ ਬਾਵਜੂਦ ਪੰਜਾਬ ਦੇ ਹਜ਼ਾਰਾਂ ਅਧਿਆਪਕਾਂ ਨੂੰ ਸੈਂਸਸ ਦੀ ਪਹਿਲੀ ਕਿਸ਼ਤ 9000 ਰੁਪਏ ਜਾਰੀ ਨਹੀਂ ਕੀਤੇ।ਅਧਿਆਪਕ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਦੀਆਂ ਲੋਕ ਦੋਖੀ ਸਰਕਾਰਾਂ ਇੱਕ ਪਾਸੇ ਅਧਿਆਪਕਾਂ ਨੂੰ ਸਾਰਾ ਸਾਲ ਵੱਖ-ਵੱਖ ਗੈਰ ਵਿੱਦਿਅਕ ਕੰਮਾਂ ਵਿੱਚ ਉਲਝਾਈ ਰੱਖਦੀਆਂ ਹਨ, ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਦਾ ਭਾਰੀ ਨੁਕਸਾਨ ਹੁੰਦਾ ਹੈ, ਦੂਜੇ ਪਾਸੇ ਬਣਦਾ ਮਿਹਨਤਾਨਾ ਵੀ ਸਮੇਂ ਸਿਰ ਜਾਰੀ ਨਹੀਂ ਕੀਤਾ ਜਾਂਦਾ।ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੀ ਏ ਦਾ ਮੁਕੰਮਲ ਬਕਾਇਆ ਜਾਰੀ ਕੀਤਾ ਜਾਵੇ ਅਤੇ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਦੀ ਚੋਣ ਵਾਅਦੇ ਮੁਤਾਬਿਕ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ।

## ਮਹਿਲਾ ਸ਼ਕਤੀਕਰਨ ਦੀ ਦਿਸ਼ਾ 'ਚ ਇੱਕ ਹੋਰ ਇਤਿਹਾਸਕ ਕਦਮ : ਪ੍ਰਿੰਸੀਪਲ ਬੁੱਧ ਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੀਆਂ ਮਹਿਲਾਵਾਂ ਲਈ ਸ਼ੁਰੂ ਕੀਤੀ ਗਈ ਇਤਿਹਾਸਕ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸਿੱਧੀ ਵਿੱਤੀ ਸਹਾਇਤਾ ਦੇ ਭੁਗਤਾਨ ਦੀ ਮੁਹਿੰਮ ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ।ਇਸ ਮੌਕੇ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਤਹਿ ਦਿਲੋਂ ਧੰਨਵਾਦ ਕੀਤਾ।ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਪੰਜਾਬ ਦੀਆਂ ਲੱਖਾਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤੌਰ 'ਤੇ ਤਿੰਨ ਮਹੀਨਿਆਂ ਦੀ ਇਕੱਠੀ ਰਾਸ਼ੀ ਟ੍ਰਾਂਸਫਰ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ ਤੇ ਅੱਜ ਔਰਤਾਂ ਦੇ ਖਾਤਿਆਂ ਵਿੱਚ ਪੈਸੇ ਪਹੁੰਚਣ ਨਾਲ ਪੂਰੇ ਪੰਜਾਬ ਸਮੇਤ ਹਲਕੇ ਦੇ ਘਰ-ਘਰ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਹੈ।ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਯੋਜਨਾ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਸਿਰਫ਼ ਇੱਕ ਵਿੱਤੀ ਸਹਾਇਤਾ ਨਹੀਂ ਹੈ, ਬਲਕਿ ਪੰਜਾਬ ਦੀਆਂ ਮਾਵਾਂ, ਭੈਣਾਂ ਤੇ ਧੀਆਂ ਦੇ ਸਤਿਕਾਰ ਅਤੇ ਸਵੈ-ਮਾਣ ਦੀ ਬਹਾਲੀ ਹੈ।ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਰਾਸ਼ੀ ਜਾਣ ਨਾਲ ਉਹ ਆਰਥਿਕ ਤੌਰ 'ਤੇ ਆਤਮ-ਨਿਰਭਰ ਹੋਣਗੀਆਂ ਤੇ ਇਹ ਕਦਮ ਉਨ੍ਹਾਂ ਦੇ ਸਮਾਜਿਕ ਤੇ ਆਰਥਿਕ ਸ਼ਕਤੀਕਰਨ ਨੂੰ ਮਜ਼ਬੂਤ ਕਰਨ ਵਿੱਚ ਬਹੁਤ ਸਹਾਈ ਸਿੱਧ ਹੋਵੇਗਾ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਬਿਜਲੀ ਬਿੱਲ ਜ਼ੀਰੋ ਕਰਕੇ ਤੇ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਕਰਕੇ ਪਰਿਵਾਰਾਂ ਨੂੰ ਵੱਡੀ ਰਾਹਤ ਦਿੱਤੀ ਗਈ ਅਤੇ ਹੁਣ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਰਾਹੀਂ ਔਰਤਾਂ ਨੂੰ ਸਿੱਧਾ ਲਾਭ ਦੇ ਕੇ ਘਰੇਲੂ ਆਰਥਿਕਤਾ ਨੂੰ ਵੱਡਾ ਹੁਲਾਰਾ ਦਿੱਤਾ ਗਿਆ ਹੈ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਦਸਤਾਰ ਮੁਕਾਬਲੇ ਕਰਾਏ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਦਸਤਾਰ ਕੋਚ ਜਸਪਿੰਦਰ ਸਿੰਘ ਗੁੰਮਟੀ ਦੀ ਅਗਵਾਈ ਹੇਠ ਸਫ਼ਾਈ ਸੇਵਾ ਕਲੱਬ ਛਾਪਾ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਦਿਉਲ ਪੱਤੀ, ਪਿੰਡ ਛਾਪਾ ਵਿਖੇ ਸੱਤ ਰੋਜ਼ਾ ਸੁੰਦਰ ਦਸਤਾਰ ਸਜਾਉਣ ਸਿਖਲਾਈ ਕੈਂਪ ਲਾਇਆ ਗਿਆ।ਸਮਾਪਤੀ ਮੌਕੇ ਬੱਚਿਆਂ ਵਿਚਕਾਰ ਸੁੰਦਰ ਦਸਤਾਰ ਮੁਕਾਬਲਾ ਕਰਾਇਆ ਗਿਆ।ਮੁਕਾਬਲੇ 'ਚ ਸਹਿਜਪ੍ਰੀਤ ਸਿੰਘ ਨੇ ਪਹਿਲਾ, ਦਵਿੰਦਰ ਸਿੰਘ ਨੇ ਦੂਜਾ ਤੇ ਰਣਜੋਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜਸਪਿੰਦਰ ਸਿੰਘ ਗੁੰਮਟੀ ਨੇ ਕਿਹਾ ਕਿ ਦਸਤਾਰ ਸਿੱਖ ਦੀ ਵਿਲੱਖਣ ਪਛਾਣ, ਸਵੈਮਾਣ ਤੇ ਗੁਰੂ ਸਾਹਿਬਾਨ ਦੀ ਬਖ਼ਸ਼ੀ ਹੋਈ ਅਨਮੋਲ ਦਾਤ ਹੈ।ਨੌਜਵਾਨ ਪੀੜ੍ਹੀ ਨੂੰ ਦਸਤਾਰ ਤੇ ਸਿੱਖੀ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਦਾ ਮਕਸਦ ਬੱਚਿਆਂ 'ਚ ਦਸਤਾਰ ਪ੍ਰਤੀ ਪਿਆਰ ਪੈਦਾ ਕਰਨਾ ਤੇ ਉਨ੍ਹਾਂ ਨੂੰ ਸਿੱਖ ਇਤਿਹਾਸ ਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਨਾ ਹੈ।ਜੇਤੂ ਬੱਚਿਆਂ ਤੇ ਦਸਤਾਰ ਕੋਚ ਜਸਪਿੰਦਰ ਸਿੰਘ ਨੂੰ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਮੇਜਰ ਸਿੰਘ, ਖ਼ਜ਼ਾਨਚੀ ਕੌਰ ਸਿੰਘ, ਹੈੱਡ ਗ੍ਰੰਥੀ ਧਰਮਪਾਲ ਸਿੰਘ, ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਛਾਪਾ, ਸਮੂਹ ਪ੍ਰਬੰਧਕਾਂ ਦੀ ਅਗਵਾਈ ਹੇਠ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਭਾਜਪਾ ਰਾਮ ਮੰਦਰ ਚੰਦੇ 'ਤੇ ਜਨਤਕ ਜਵਾਬਦੇਹੀ ਤੋਂ ਭੱਜ ਰਹੀ : ਸ਼ੁਭਮ ਸ਼ਰਮਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ੁਭੀ ਸ਼ਰਮਾ ਨੇ ਭਾਜਪਾ ਦੀ ਕਾਰਜਸ਼ੈਲੀ 'ਤੇ ਤਿੱਖੇ ਸਵਾਲ ਖੜੇ ਕਰਦਿਆਂ ਕਿਹਾ ਕਿ ਆਖ਼ਿਰ ਸੱਤਾਧਾਰੀ ਭਾਜਪਾ ਰਾਮ ਮੰਦਰ ਦੇ ਨਿਰਮਾਣ ਲਈ ਇਕੱਠੇ ਕੀਤੇ ਗਏ ਚੰਦੇ ਤੇ ਚੋਰੀ ਹੋਏ ਚੜ੍ਹਾਵੇ ਦੇ ਸੰਵੇਦਨਸ਼ੀਲ ਮੁੱਦੇ 'ਤੇ ਰਹੱਸਮਈ ਚੁੱਪੀ ਕਿਉਂ ਧਾਰੀ ਬੈਠੀ ਹੈ? ਉਨ੍ਹਾਂ ਸਪੱਸ਼ਟ ਲਫ਼ਜ਼ਾਂ ਵਿੱਚ ਆਖਿਆ ਕਿ ਦੇਸ਼ ਦੇ ਕਰੋੜਾਂ ਸ਼ਰਧਾਲੂਆਂ ਦੀ ਪਵਿੱਤਰ ਆਸਥਾ ਤੇ ਜਜ਼ਬਾਤ ਨਾਲ ਜੁੜੇ ਇਸ ਅਹਿਮ ਸਵਾਲ ਤੋਂ ਮੁੱਖ ਮੋੜਨਾ ਬੇਹੱਦ ਮੰਦਭਾਗਾ ਹੈ। ਭਾਜਪਾ ਨੂੰ ਇਸ ਗੰਭੀਰ ਮੁੱਦੇ 'ਤੇ ਇਧਰ-ਉਧਰ ਦੀਆਂ ਗੱਲਾਂ ਕਰਨ ਦੀ ਬਜਾਏ ਸਾਹਮਣੇ ਆ ਕੇ ਪਾਰਦਰਸ਼ਤਾ ਨਾਲ ਜਵਾਬ ਦੇਣਾ ਚਾਹੀਦਾ ਹੈ।ਸ਼ੁਭਮ ਸ਼ੁਭੀ ਸ਼ਰਮਾ ਨੇ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਦਾ ਹਵਾਲਾ ਦਿੰਦਿਆਂ ਜ਼ੋਰ ਦੇ ਕੇ ਕਿਹਾ ਕਿ ਜਨਤਾ ਦੇ ਅਥਾਹ ਵਿਸ਼ਵਾਸ ਅਤੇ ਸਮਰਪਣ ਨਾਲ ਜੁੜੇ ਹਰ ਇੱਕ ਸਵਾਲ ਦਾ ਨਿਰਪੱਖਤਾ ਨਾਲ ਜਵਾਬ ਦੇਣਾ ਭਾਜਪਾ ਸਰਕਾਰ ਦੀ ਸੰਵਿਧਾਨਕ ਅਤੇ ਨੈਤਿਕ ਜ਼ਿੰਮੇਵਾਰੀ ਹੈ, ਕੋਈ ਨਿੱਜੀ ਅਹਿਸਾਨ ਨਹੀਂ।ਜਦੋਂ ਦੇਸ਼ ਦੇ ਨਾਗਰਿਕ ਆਪਣੇ ਹੱਕ ਦੀ ਕਮਾਈ ਵਿੱਚੋਂ ਸ਼ਰਧਾ ਵਜੋਂ ਦਾਨ ਕਰਦੇ ਹਨ, ਤਾਂ ਉਸ ਦੇ ਲੇਖੇ-ਜੋਖੇ ਬਾਰੇ ਜਾਣਨਾ ਉਨ੍ਹਾਂ ਦਾ ਮੌਲਿਕ ਅਧਿਕਾਰ ਬਣ ਜਾਂਦਾ ਹੈ।ਸੱਤਾ ਦੇ ਨਸ਼ੇ ਵਿੱਚ ਚੂਰ ਹੋ ਕੇ ਜਨਤਾ ਦੇ ਸਵਾਲਾਂ ਨੂੰ ਅਣਗੌਲਿਆ ਕਰਨਾ ਲੋਕਤੰਤਰੀ ਮਰਿਆਦਾਵਾਂ ਦੇ ਖ਼ਿਲਾਫ਼ ਹੈ।ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਇਸ ਵਿਸ਼ੇ 'ਤੇ ਧਾਰੀ ਗਈ ਲੰਮੀ ਚੁੱਪੀ ਜਨਤਾ ਦੇ ਮਨਾਂ ਵਿੱਚ ਸ਼ੱਕ ਤੇ ਭਰਮ-ਭੁਲੇਖਿਆਂ ਨੂੰ ਹੋਰ ਗੂੜ੍ਹਾ ਕਰ ਰਹੀ ਹੈ।ਰਾਜਨੀਤੀ ਵਿੱਚ ਪਾਰਦਰਸ਼ਤਾ ਹੀ ਸਭ ਤੋਂ ਵੱਡਾ ਗਹਿਣਾ ਹੁੰਦੀ ਹੈ ਤੇ ਜੇਕਰ ਨੀਅਤ ਸਾਫ਼ ਹੋਵੇ ਤਾਂ ਸਵਾਲਾਂ ਤੋਂ ਡਰਨ ਦੀ ਕੋਈ ਲੋੜ ਨਹੀਂ ਹੁੰਦੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੇਜਰ ਜਨਰਲ ਬੱਲ 'ਅਤਿ ਵਸ਼ਿਸ਼ਟ ਸੇਵਾ ਮੈਡਲ' ਨਾਲ ਸਨਮਾਨਤ

**ਬਿਆਸ (ਪਰਮਜੀਤ ਸਿੰਘ ਰੱਖੜਾ)** ਪੱਤੀ ਨੌਰੰਗਪੁਰ, ਬੁਤਾਲਾ ਵਾਸੀ ਮੇਜਰ ਜਨਰਲ ਅਵਰਿੰਦਰਪਾਲ ਸਿੰਘ ਬੱਲ (ਸੈਨਾ ਮੈਡਲ ਐਵਾਰਡ ਜੇਤੂ) ਨੂੰ ਰਾਸ਼ਟਰਪਤੀ ਦਰੋਪਦੀ ਮੁਰਮੂ ਵੱਲੋਂ ਹਾਲ ਈ ਵਿੱਚ ਰਾਸ਼ਟਰਪਤੀ ਭਵਨ ਵਿੱਚ 'ਅਤਿ ਵਸ਼ਿਸ਼ਟ ਸੇਵਾ ਮੈਡਲ' ਦੇ ਕੇ ਨਿਵਾਜਿਆ ਗਿਆ, ਜਿਸ ਨਾਲ ਕਸਬਾ ਬੁਤਾਲਾ ਅਤੇ ਖਾਸ ਕਰਕੇ ਤਹਿਸੀਲ ਬਾਬਾ ਬਕਾਲਾ ਸਾਹਿਬ ਦਾ ਨਾਂਅ ਦੇਸ਼ ਭਰ ਵਿੱਚ ਉੱਚਾ ਹੋਇਆ ਹੈ। ਜ਼ਿਕਰਯੋਗ ਹੈ ਕਿ ਮੇਜਰ ਜਨਰਲ ਏ ਐੱਸ ਸਿੰਘ ਬੱਲ ਅੱਛਰ ਸਿੰਘ ਬੱਲ ਨੰਬਰਦਾਰ ਦੇ ਪੜਪੋਤਰੇ, ਨੰਬਰਦਾਰ ਅਤੇ ਸਰਪੰਚ ਗੁਰਦਿਆਲ ਸਿੰਘ ਬੱਲ ਦੇ ਪੋਤਰੇ, ਰਜਵੰਤ ਸਿੰਘ ਬੱਲ ਅਤੇ ਸ਼ਰਨਜੀਤ ਕੌਰ ਬੱਲ ਦੇ ਸਪੁੱਤਰ ਅਤੇ ਸਾਬਕਾ ਸਰਪੰਚ ਸਲਵੰਤ ਸਿੰਘ ਬੱਲ ਦੇ ਭਤੀਜੇ ਹਨ। ਉਹਨਾ ਨੂੰ ਰਾਸ਼ਟਰਪਤੀ ਵੱਲੋਂ ਸੈਨਾ ਮੈਡਲ ਨਾਲ ਨਿਵਾਜੇ ਜਾਣ 'ਤੇ ਕੁਲਜੀਤ ਸਿੰਘ ਬੱਲ ਆਸਟਰੇਲੀਆ, ਸਰਪੰਚ ਸੁਖਵਿੰਦਰ ਸਿੰਘ ਬੁਤਾਲਾ, ਸਰਪੰਚ ਸੋਹਣ ਸਿੰਘ ਨੌਰੰਗਪੁਰ, ਸਰਪੰਚ ਤੇਜਿੰਦਰ ਸਿੰਘ ਰਾਜਪੁਰਾ, ਚੇਅਰਮੈਨ ਸੁਖਦਿਆਲ ਸਿੰਘ ਬੱਲ, ਸਵਿੰਦਰ ਸਿੰਘ ਬੱਲ, ਲਖਬੀਰ ਸਿੰਘ ਲੱਖਾ (ਦੋਵੇਂ ਸਾਬਕਾ ਸਰਪੰਚ), ਪ੍ਰਿੰ: ਨਗੀਨ ਸਿੰਘ ਬੱਲ, ਚੇਅਰਮੈਨ ਨਰਿੰਜਣ ਸਿੰਘ ਜਿਊਲਰਜ਼, ਬਲਜਿੰਦਰ ਸਿੰਘ ਪੱਪੂ ਨੌਰੰਗਪੁਰ, ਪ੍ਰਭਜੀਤ ਸਿੰਘ ਬੱਲ ਬੁਤਾਲਾ, ਮਾ. ਅਰਵਿੰਦਰ ਸਿੰਘ ਬੁਤਾਲਾ, ਗੁਰਪ੍ਰੀਤ ਸਿੰਘ ਗੋਪੀ, ਬਾਬਾ ਪੱਲ੍ਹਾ ਸਪੋਰਟਸ ਕਲੱਬ ਦੇ ਪ੍ਰਧਾਨ ਬਲਵਿੰਦਰ ਸਿੰਘ, ਹਰਪ੍ਰੀਤ ਸਿੰਘ ਲਾਲੀ, ਤੇਜਵੰਤ ਸਿੰਘ ਬੱਲ ਬੁਤਾਲਾ, ਹਰਜੀਤ ਸਿੰਗ, ਅਜਮੇਰ ਸਿੰਘ ਬੱਲ, ਸਤਨਾਮ ਸਿੰਘ, ਅਮਰਜੋਤ ਸਿੰਘ ਜੋਤੀ ਨੌਰੰਗਪੁਰ, ਰਣਜੀਤ ਸਿੰਘ ਬੱਲ, ਬਲਤੇਜ ਸਿੰਘ ਮੈਂਬਰ, ਨੰਬਰਦਾਰ ਤਰਲੋਕ ਸਿੰਘ, ਚੰਨਦੀਪ ਸਿੰਘ, ਪ੍ਰਧਾਨ ਗਿਆਨ ਸਿੰਘ, ਬਲਦੇਵ ਸਿੰਘ ਮੈਂਬਰ, ਪ੍ਰਿੰ. ਜਸਬੀਰ ਸਿੰਘ ਚਾਹਲ, ਹੈੱਡਮਾਸਟਰ ਕਰਮ ਸਿੰਘ ਬੱਲ, ਦਲਬੀਰ ਸਿੰਘ ਬੁਤਾਲਾ, ਸੰਤੋਖ ਸਿੰਘ ਬੁਤਾਲਾ, ਗੁਰਮੀਤ ਸਿੰਘ, ਯਾਦਵਿੰਦਰ ਸਿੰਘ ਸਾਹਬੀ, ਮੰਗਾ ਸਿੰਘ (ਸਾਰੇ ਸਾਬਕਾ ਸਰਪੰਚ) ਆਦਿ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।



# ਪੁਰਾਣਾ ਸ਼ਾਲਾ ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)** - ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਨਸ਼ਿਆਂ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਨਸ਼ਾ ਤਸਕਰਾਂ ਨੂੰ ਨਸ਼ਾ ਕਰਦੇ ਸਮੇਂ ਗ੍ਰਿਫਤਾਰ ਕੀਤਾ ਹੈ।

ਤਫਤੀਸ਼ੀ ਅਫਸਰ ਏ.ਐਸ.ਆਈ. ਜਸਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਪੁਰਾਣਾ ਸ਼ਾਲਾ ਸ਼ਮਸ਼ਾਨਘਾਟ ਤੋਂ ਹਰਦੀਪ ਮਸੀਹ ਪੁੱਤਰ ਸਿੰਦਾ ਮਸੀਹ, ਅਨਮੋਲ ਮਸੀਹ ਉਰਫ ਸੂਰਜ ਪੁੱਤਰ ਕਸ਼ਮੀਰ ਮਸੀਹ, ਕਰਮਾ ਮਸੀਹ ਉਰਫ ਪ੍ਰੇਮ ਮਸੀਹ ਵਾਸੀਆਨ ਸੈਦੋਵਾਲ ਕਲਾਂ ਜੋ ਲੁੱਕ ਛਿੱਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਨ੍ਹਾਂ ਪਾਸੋਂ ਇਕ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ : ਐਡਵੋਕੇਟ ਅਮਰਪਾਲ ਸਿੰਘ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਵਿਧਾਇਕ ਐਡਵੋਕੇਟ ਅਮਰਪਾਲ ਨੇ ਦੱਸਿਆ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਾਵਾਂ-ਧੀਆਂ ਦਾ ਸਤਿਕਾਰ ਕਰਦਿਆਂ ਅਤੇ ਆਪਣੇ ਕੀਤੇ ਹਰ ਵਾਅਦੇ ਨੂੰ ਪੂਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੀਆਂ ਯੋਗ ਮਹਿਲਾਵਾਂ ਦੇ ਖਾਤਿਆਂ ਵਿੱਚ 3000 ਰੁਪਏ ਤੇ 4500 ਰੁਪਏ ਦੀ ਰਾਸ਼ੀ ਦੀ ਸ਼ੁਰੂਆਤ ਕੀਤੀ ਗਈ ਹੈ।



ਉਨ੍ਹਾਂ ਹਲਕੇ ਦੀਆਂ ਮਹਿਲਾਵਾਂ ਲਈ ਰੱਖੇ ਪ੍ਰੋਗਰਾਮ ਦੌਰਾਨ ਹਲਕੇ ਦੀਆਂ ਹਜ਼ਾਰਾਂ ਮਹਿਲਾਵਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਮਾਣਯੋਗ ਮੁੱਖ ਮੰਤਰੀ ਮਾਨ ਵੱਲੋਂ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਯੋਜਨਾ ਦੇ ਤਹਿਤ ਮਾਵਾਂ-ਭੈਣਾਂ ਦੇ ਖਾਤਿਆਂ 'ਚ 3 ਮਹੀਨਿਆਂ ਦੇ ਪੈਸੇ ਆਉਣੇ ਸ਼ੁਰੂ ਹੋ ਗਏ ਹਨ ਜੋ ਕਿ ਜਨਰਲ ਵਰਗ ਦੀਆਂ ਮਹਿਲਾਵਾਂ ਦੇ 3 ਹਜ਼ਾਰ ਅਤੇ ਐੱਸ.ਸੀ. ਵਰਗ ਨਾਲ ਸਬੰਧਤ ਮਹਿਲਾਵਾਂ ਦੇ 45 ਹਜ਼ਾਰ ਰੁਪਏ ਬਣਦੇ ਹਨ।

ਉਨ੍ਹਾਂ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ ਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜੋ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹੈ ਤੇ ਸਰਕਾਰ ਵੱਲੋਂ ਵਿਕਾਸ ਕਾਰਜਾਂ ਨੂੰ ਤੇਜ਼ ਕੀਤਾ ਗਿਆ ਹੈ।ਇਸ ਮੌਕੇ ਕਰਵਾਏ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਪਹੁੰਚੀਆਂ ਮਹਿਲਾਵਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਦਾ ਧੰਨਵਾਦ ਕੀਤਾ।

# ਮਾਨ ਸਰਕਾਰ ਨੇ ਪੂਰੀ ਕੀਤੀ ਆਪਣੀ ਆਖਰੀ ਗਰੰਟੀ : ਟੌਂਗ



**ਰਈਆ/ ਅੰਮ੍ਰਿਤਸਰ) ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਹੈ ਕਿ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਸਿਰਫ ਪੂਰੇ ਹੀ ਨਹੀਂ ਕੀਤੇ, ਸਗੋਂ ਉਨ੍ਹਾਂ ਤੋਂ ਵੀ ਵੱਧ ਕਰਕੇ ਇਤਿਹਾਸਕ ਕੰਮ ਕਰਕੇ ਲੋਕਾਂ ਦੇ ਦਿਲ ਜਿੱਤ ਲਏ ਹਨ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ ਸਰਕਾਰ ਨੇ ਆਪਣੀ ਆਖਰੀ ਗਰੰਟੀ ਵੀ ਪੂਰੀ ਕਰ ਦਿੱਤੀ ਹੈ, ਜਿਸ ਨਾਲ ਮਹਿਲਾਵਾਂ ਨੂੰ ਵੱਡਾ ਆਰਥਿਕ ਸਹਾਰਾ ਮਿਲੇਗਾ ਅਤੇ ਸਮਾਜ ਵਿੱਚ ਉਨ੍ਹਾਂ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ। ਵਿਧਾਇਕ ਟੌਂਗ ਦੀ ਅਗਵਾਈ ਹੇਠ ਬੁੱਧਵਾਰ ਨੂੰ ਰਈਆ ਵਿਖੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾਂ ਦੀ ਸ਼ੁਰੂਆਤ ਦੇ ਲਾਈਵ ਪ੍ਰਸਾਰਣ ਦੌਰਾਨ ਵੱਡੀ ਗਿਣਤੀ ਵਿਚ ਹਲਕੇ ਦੀਆਂ ਮਹਿਲਾਵਾਂ ਪਹੁੰਚੀਆਂ ਹੋਈਆਂ ਸਨ। ਇਸ ਮੌਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੀਆਂ ਮਹਿਲਾਵਾਂ ਨੇ ਮਾਵਾਂ-ਧੀਆਂ ਸਨਮਾਨ ਯੋਜਨਾ ਸ਼ੁਰੂ ਹੋਣ 'ਤੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਮਾਨ ਸਰਕਾਰ ਦਾ ਧੰਨਵਾਦ ਕੀਤਾ ਹੈ।

# ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਗੰਦਗੀ ਦੇ ਢੇਰਾਂ ਨਾਲ ਫੈਲੀ ਬਦਬੂ



**ਗੁਰਦਾਸਪੁਰ (ਜਨਕ ਮਹਾਜਨ)** - ਗੁਰਦਾਸਪੁਰ-ਮੁਕੇਰੀਆਂ ਮੁੱਖ ਸੜਕ 'ਤੇ ਪੈਂਦੀ ਭੁੱਲੇਚੱਕ ਕਾਲੋਨੀ ਨੇੜੇ ਖੇਡ ਸਟੇਡੀਅਮ ਦੇ ਸਾਹਮਣੇ ਪਿੰਡ ਦੇ ਗੰਦਗੀ ਦੇ ਢੇਰਾਂ ਨਾਲ ਲੋਕਾਂ ਦਾ ਜੀਵਨ ਬੇਹਾਲ ਹੋਇਆ ਪਿਆ ਹੈ ਜਦੋਂ ਕਿ ਭੁਲੇਚੱਕ ਕਾਲੋਨੀ ਨਿਵਾਸੀ ਅਤੇ ਦੁਕਾਨਦਾਰ ਗੰਦਗੀ ਦੀ ਬਦਬੂ ਨਾਲ ਵਾਤਾਵਰਣ ਦੂਸ਼ਿਤ ਹੋਣ ਨਾਲ ਬਿਮਾਰ ਵੀ ਹੋ ਰਹੇ ਹਨ। ਇਸ ਸਬੰਧੀ ਭੁਲੇਚੱਕ ਨਿਵਾਸੀਆਂ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਨੇ ਘਰਾਂ ਦਾ ਗੰਦ ਚੁਕਣ ਵਾਸਤੇ ਪ੍ਰਵਾਸੀ ਮਜ਼ਦੂਰ ਰੱਖੇ ਹੋਏ ਹਨ ਅਤੇ ਕੂੜਾ ਡੰਪ ਦਾ ਸਥਾਈ ਹੱਲ ਨਾ ਹੋਣ ਨਾਲ ਉਨ੍ਹਾਂ ਨੂੰ ਇਹ ਕੂੜਾ ਸੜਕਾਂ 'ਤੇ ਸੁਟਣ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਪਿੰਡਾਂ ਵਿਚ ਕੂੜੇ ਦਾ ਪ੍ਰਬੰਧ ਨਹੀਂ ਕਰ ਸਕੀ ਜਿਸ ਕਰਕੇ ਲੋਕਾਂ ਦਾ ਸਰਕਾਰ ਤੇ ਸਬੰਧਿਤ ਵਿਭਾਗ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਪਿੰਡਾਂ ਅੰਦਰ ਕੂੜਾ ਡੰਪ ਤੇ ਭੁਲੇਚੱਕ ਕਾਲੋਨੀ ਨੇੜਿਓਂ ਗੰਦਗੀ ਦੇ ਢੇਰ ਚੁਕਵਾਉਣ ਲਈ ਪੰਚਾਇਤਾਂ ਨੂੰ ਹਦਾਇਤਾਂ ਕੀਤੀਆਂ ਜਾਣ।

# ਲਾਈਫ ਇੰਸ਼ੋਰੈਂਸ ਨੇ 'ਸੰਪੂਰਨ ਕੇਅਰ-ਕੈਂਸਰ' ਕੀਤਾ ਲਾਂਚ

**ਅੰਮ੍ਰਿਤਸਰ (ਸੋਢੀ)**- ਟਾਟਾ ਏ ਆਈ ਏ ਲਾਈਫ ਇੰਸ਼ੋਰੈਂਸ ਨੇ 'ਸੰਪੂਰਨ ਕੇਅਰ - ਕੈਂਸਰ' ਲਾਂਚ ਕੀਤਾ ਹੈ। ਇਹ ਟਾਟਾ ਏ ਆਈ ਏ ਦੀ ਪਹਿਲੀ ਕੈਂਸਰ ਯੋਜਨਾ ਹੈ ਜੋ ਇਹ ਯਕੀਨੀ ਬਣਾਉਂਦੀ ਹੈ ਕਿ ਬਿਮਾਰੀ ਦੌਰਾਨ ਆਮਦਨੀ ਖਤਮ ਹੋਣ 'ਤੇ ਵੀ ਘਰੇਲੂ ਖਰਚੇ ਨਿਰਵਿਘਨ ਰਹਿਣ, ਨਿਯਮਤ ਆਮਦਨ ਵਾਂਗ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਇਹ ਲਚਕਦਾਰ ਭੁਗਤਾਨ ਵਿਕਲਪ ਪੇਸ਼ ਕਰਦੀ ਹੈ ਜਿਨ੍ਹਾਂ ਨੂੰ ਪਰਿਵਾਰ ਆਪਣੀਆਂ ਜ਼ਰੂਰਤਾਂ ਅਨੁਸਾਰ ਅਨੁਕੂਲਿਤ ਕਰ ਸਕਦੇ ਹਨ। ਸੁਜੀਤ ਕੋਠਾਰੇ, ਮੁੱਖ ਕਾਰੋਬਾਰੀ ਅਧਿਕਾਰੀ ਮਲਕੀਅਤ ਕਾਰੋਬਾਰ, ਪ੍ਰਸਤਾਵ ਅਤੇ ਮਾਰਕੀਟਿੰਗ, ਟਾਟਾ ਏ ਆਈ ਏ ਲਾਈਫ ਇੰਸ਼ੋਰੈਂਸ, ਨੇ ਕਿਹਾ, "ਕੈਂਸਰ ਦੀ ਜਾਂਚ ਭਾਰਤੀ ਪਰਿਵਾਰਾਂ ਲਈ ਭਾਵਨਾਤਮਕ ਅਤੇ ਵਿੱਤੀ ਤੌਰ 'ਤੇ ਵਿਨਾਸ਼ਕਾਰੀ ਹੋ ਸਕਦੀ ਹੈ। ਇਹ ਇੱਕ ਸਥਿਰ ਅਤੇ ਨਿਯਮਤ ਆਮਦਨ ਦੇ ਪੂਰੇ ਚੱਕਰ ਨੂੰ ਵਿਗਾੜ ਸਕਦਾ ਹੈ, ਕਿਉਂਕਿ ਮਰੀਜ਼ਾਂ ਨੂੰ ਪੂਰੀ ਤਰ੍ਹਾਂ ਠੀਕ ਹੋਣ ਅਤੇ ਦੁਬਾਰਾ ਕਮਾਈ ਕਰਨ ਦੇ ਯੋਗ ਬਣਨ ਲਈ ਸਮੇਂ ਦੀ ਲੋੜ ਹੁੰਦੀ ਹੈ।"

# ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ

**ਬੁੱਲ੍ਹੋਵਾਲ (ਵਿਰਦੀ)**- ਸਿਹਤ ਵਿਭਾਗ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਕੌਰ ਦੀ ਅਗਵਾਈ ਵਿਚ ਪੀ.ਐਚ.ਸੀ. ਚੱਕੋਵਾਲ ਅਧੀਨ ਆਉਣ ਵਾਲੇ ਸਿਹਤ ਕੇਂਦਰਾਂ ਵਿਚ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਆਮ ਏ.ਏ.ਕੇ. ਨਸਰਾਲਾ ਵਿਚ ਮੈਡੀਕਲ ਅਫਸਰ ਡਾ. ਪ੍ਰਤਿਭਾ ਨੇ ਸੇਂਟ ਮੈਰੀ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਦੇ ਸਹਿਯੋਗ ਨਾਲ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨ ਸੰਬੰਧੀ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਨੌਜਵਾਨ ਇੱਕ ਦੂਸਰੇ ਵੱਲ ਵੇਖ ਕੇ ਨਸ਼ੇ ਦੀ ਸ਼ੁਰੂਆਤ ਕਰ ਲੈਂਦੇ ਹਨ ਅਤੇ ਹੌਲੀ ਹੌਲੀ ਇਸ ਦੇ ਆਦੀ ਹੋ ਜਾਂਦੇ ਹਨ। ਉਹਨਾਂ ਨੂੰ ਲਗਦਾ ਹੈ ਕਿ ਸਿਗਰਟ, ਸ਼ਰਾਬ ਪੀਣਾ ਉੱਚ ਸਮਾਜਿਕ ਮਿਆਰ ਵਿਖਾਉਂਦਾ ਹੈ ਪਰ ਅਜਿਹਾ ਬਿਲਕੁਲ ਵੀ ਨਹੀਂ। ਅਸਲ ਵਿਚ ਨਸ਼ੇ ਸਾਡਾ ਮਿਆਰ ਹੇਠਾਂ ਡਿਗਾਉਂਦੇ ਹਨ।ਡਾ. ਪ੍ਰਤਿਭਾ ਨੇ ਦੱਸਿਆ ਕਿ ਨਸ਼ੇ ਜਵਾਨੀ ਦੀ ਸਿਹਤ ਦੇ ਨਾਲ-ਨਾਲ ਆਰਥਿਕ ਅਤੇ ਸਮਾਜਿਕ ਨਾਸ ਕਰਦੇ ਹਨ। ਇਸ ਕਰਕੇ ਸਰਕਾਰ ਨੇ ਲੋਕਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਓਟਸ ਅਤੇ ਨਸ਼ਾ ਛੁਡਾਊ ਕੇਂਦਰ ਖੋਲ੍ਹੇ ਹਨ ਜਿਸ ਦਾ ਹਜ਼ਾਰਾਂ ਲੋਕ ਲਾਹਾ ਲੈ ਰਹੇ ਹਨ ਅਤੇ ਨਸ਼ਾ ਛੱਡ ਰਹੇ ਹਨ। ਉਹਨਾਂ ਲੋਕਾਂ ਨੂੰ ਕਿਹਾ ਕਿ ਉਹ ਨਸ਼ਾ ਕਰਨ ਵਾਲਿਆਂ ਨਾਲ ਵਖਰੇਂਵੇਂ ਵਾਲਾ ਵਿਵਹਾਰ ਨਾ ਕਰਨ ਅਤੇ ਉਹਨਾਂ ਨਾਲ ਇੱਕ ਬਿਮਾਰ ਮਰੀਜ਼ ਵਾਂਗ ਵਿਵਹਾਰ ਕਰਨ। ਇਸ ਤਰ੍ਹਾਂ ਕਰਕੇ ਹੀ ਅਸੀਂ ਉਹਨਾਂ ਦਾ ਨਸ਼ਾ ਛੁਡਵਾ ਕੇ ਮੁਖ ਧਾਰਾ ਵਿਚ ਸ਼ਾਮਲ ਕਰ ਸਕਦੇ ਹਾਂ।



ਇਸ ਮੌਕੇ ਨਰਸਿੰਗ ਦੀਆਂ ਵਿਦਿਆਰਥਣਾਂ ਨੇ ਪੋਸਟਰ ਬਣਾ ਕੇ ਅਤੇ ਲੈਕਚਰ ਰਾਹੀਂ ਲੋਕਾਂ ਨੂੰ ਨਸ਼ੇ ਦੇ ਨੁਕਸਾਨ ਪ੍ਰਤੀ ਜਾਗਰੂਕ ਕੀਤਾ ਅਤੇ ਸਭ ਨੇ ਨਸ਼ਾ ਖਤਮ ਕਰਨ ਲਈ ਸਹੁੰ ਚੁੱਕੀ।

# ਪੰਚਾਇਤੀ ਬੋਲੀ ਰੱਦ ਕਰਨ ਸੰਬੰਧੀ ਮੰਗ ਪੱਤਰ ਦਿੱਤਾ




**ਗੁਰਦਾਸਪੁਰ (ਜਨਕ ਮਹਾਜਨ)**- ਪਿੰਡ ਬਖਤਪੁਰ ਦੇ ਸਰਪੰਚ ਵਲੋਂ ਗੈਰ ਕਾਨੂੰਨੀ ਢੰਗ ਨਾਲ ਪੰਚਾਇਤੀ ਜ਼ਮੀਨ ਦੀ ਬੋਲੀ ਰੱਦ ਕਰਨ ਅਤੇ ਚੋਣ ਵਾਅਦੇ ਮੁਤਾਬਿਕ ਮਜ਼ਦੂਰਾਂ ਨੂੰ ਰਹਾਇਸ਼ੀ ਪਲਾਟ ਦੇਣ ਸਬੰਧੀ ਪਿੰਡ ਵਾਸੀ ਔਰਤਾਂ-ਮਰਦਾਂ ਸੀ ਟੀ ਯੂ ਪੰਜਾਬ ਦੇ ਜ਼ਿਲਾ ਪ੍ਰਧਾਨ ਕਾਮਰੇਡ ਜਸਵੰਤ ਸਿੰਘ ਬੁੱਟਰ ਦੀ ਅਗਵਾਈ ਹੇਠ ਮੰਗ ਪੱਤਰ ਡੀ ਡੀ ਪੀ ਓ ਗੁਰਦਾਸਪੁਰ ਦੀ ਗੈਰ ਮੌਜੂਦਗੀ ਵਿੱਚ ਉਨ੍ਹਾਂ ਦੇ ਸੁਪਰਡੈਂਟ ਨੂੰ ਦਿੱਤਾ ਗਿਆ। ਹਾਜ਼ਰ ਪਿੰਡ ਵਾਸੀਆਂ ਨੇ ਪੰਚਾਇਤੀ ਜ਼ਮੀਨ ਦੀ ਬੋਲੀ ਵਿੱਚ ਬੇਨਿਯਮੀਆਂ ਹੋਣ ਦਾ ਦੋਸ਼ ਲਗਾਉਂਦਿਆਂ ਉਚ ਪੱਧਰੀ ਜਾਂਚ ਪੜਤਾਲ ਕਰਨ ਤੇ ਸਬੰਧਤ ਅਧਿਕਾਰੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ।

ਇਸ ਮੌਕੇ ਅਜੀਤ ਸਿੰਘ, ਦਰਸ਼ਨ ਮਸੀਹ, ਅਮਰੀਕ ਸਿੰਘ, ਯੂਨਸ ਮਸੀਹ, ਪ੍ਰੀਆ, ਰਾਣੀ, ਅਮਨਦੀਪ ਸਿੰਘ, ਨਵ, ਦੂਨ, ਸੁਖਦੇਵ ਮਸੀਹ ਅਤੇ ਦਰਖਾਸਤ ਕਰਤਾ ਹਾਜ਼ਰ ਸਨ।

# ਕਰਮਜੀਤ ਸਿੰਘ ਰਿੰਟੂ ਨੇ ਮਜੀਠਾ ਰੋਡ 'ਤੇ ਯੋਜਨਾ ਦੀ ਸ਼ੁਰੂਆਤ ਕੀਤੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਉੱਤਰੀ ਵਿਧਾਨ ਸਭਾ ਹਲਕੇ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਆਖਰੀ ਚੋਣ ਵਾਅਦੇ ਨੂੰ ਪੂਰਾ ਕਰਦੇ ਹੋਏ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਅਨੁਸੂਚਿਤ ਜਾਤੀ (ਐਸ.ਸੀ.) ਸ਼੍ਰੇਣੀ ਦੀਆਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ 1,500 ਰੁਪਏ ਪ੍ਰਤੀ ਮਹੀਨਾ ਅਤੇ ਜਨਰਲ ਅਤੇ ਹੋਰ ਸਾਰੀਆਂ ਸ਼੍ਰੇਣੀਆਂ ਦੀਆਂ ਔਰਤਾਂ ਦੇ ਖਾਤਿਆਂ ਵਿੱਚ 1,000 ਰੁਪਏ ਪ੍ਰਤੀ ਮਹੀਨਾ ਟ੍ਰਾਂਸਫਰ ਕੀਤੇ ਹਨ। ਰਿੰਟੂ ਨੇ ਕਿਹਾ ਕਿ ਇਹ ਸਿਰਫ਼ ਵਿੱਤੀ ਸਹਾਇਤਾ ਨਹੀਂ ਹੈ, ਸਗੋਂ ਸਾਡੀਆਂ ਮਾਵਾਂ ਅਤੇ ਭੈਣਾਂ ਦੇ ਸਤਿਕਾਰ, ਸਸ਼ਕਤੀਕਰਨ ਅਤੇ ਸਵੈ-ਨਿਰਭਰਤਾ ਵੱਲ ਇੱਕ ਮਹੱਤਵਪੂਰਨ ਕਦਮ ਹੈ। ਹੁਣ, ਹਰ ਭੈਣ ਇਸ ਰਕਮ ਦੀ ਵਰਤੋਂ ਆਪਣੀਆਂ ਜ਼ਰੂਰਤਾਂ ਅਤੇ ਇੱਛਾਵਾਂ ਅਨੁਸਾਰ ਕਰ ਸਕੇਗੀ। ਸਾਰੀਆਂ ਮਾਵਾਂ, ਭੈਣਾਂ ਅਤੇ ਧੀਆਂ ਨੂੰ ਬਹੁਤ-ਬਹੁਤ ਵਧਾਈਆਂ। ਇਹ ਯੋਜਨਾ ਭਵਿੱਖ ਵਿੱਚ ਵੀ ਜਾਰੀ ਰਹੇਗੀ।

# ਸਮਰ ਕੈਂਪ ਅਮਿੱਟ ਯਾਦਾਂ ਛੱਡਦਾ ਸਮਾਪਤ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਬੱਚਿਆਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਦੇ ਮਕਸਦ ਨਾਲ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਫੁੱਟਬਾਲ ਕਲੱਬ ਗੜ੍ਹਸ਼ੰਕਰ ਵੱਲੋਂ ਗੋਰਿੰਗਟਨ ਸੀਨੀਅਰ ਸੈਕੰਡਰੀ ਸਕੂਲ ਦੀ ਫੁੱਟਬਾਲ ਗਰਾਊਂਡ ਵਿਖੇ 31 ਮਈ ਤੋਂ ਲਗਾਤਾਰ ਬੱਚਿਆਂ ਲਈ ਕਰਵਾਇਆ ਜਾ ਰਿਹਾ ਸਮਰ ਫੁੱਟਬਾਲ ਕੋਚਿੰਗ ਕੈਂਪ ਅਮਿੱਟ ਯਾਦਾ ਛੱਡਦਾ ਹੋਇਆ ਸਮਾਪਤ ਹੋ ਗਿਆ।ਇਸ ਮੌਕੇ ਐੱਮ ਆਰ ਆਈ ਸਮਾਜ ਸੇਵੀ ਇੰਦਰਜੀਤ ਕੌਰ ਸੋਹੀ ਕਨਾਡਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬੱਚਿਆਂ ਤੇ ਪ੍ਰਬੰਧਕਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨਾਂ ਨਾਲ ਬੱਚਿਆਂ ਵਿੱਚ ਖੇਡਾਂ ਦੀ ਭਾਵਨਾ ਪੈਦਾ ਹੁੰਦੀ ਹੈ ਅਤੇ ਬੱਚਿਆਂ ਵਿੱਚ ਆਪਸੀ ਭਾਈਚਾਰਕ ਸਾਂਝ ਵਧਦੀ ਹੈ। ਇਸ ਮੌਕੇ ਬੱਚਿਆਂ ਨੂੰ ਸਨਮਾਨਤ ਕਰਨ ਲਈ ਆਮ ਆਦਮੀ ਪਾਰਟੀ ਦੇ ਕੌਂਸਲਰ ਪ੍ਰਿੰਸ ਚੌਧਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਕਲੱਬ ਦੇ ਪ੍ਰਧਾਨ ਐਡਵੋਕੇਟ ਜਸਵੀਰ ਸਿੰਘ ਰਾਏ ਦੀ ਅਗਵਾਈ ਹੇਠ ਜਿੱਥੇ ਮਹੱਤਵਪੂਰਨ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਉੱਥੇ ਹੀ ਇਸ ਸਮਰ ਕੈਂਪ ਨੂੰ ਸਫਲ ਬਣਾਉਣ ਲਈ ਸਮੇਤ ਹੋਰ ਸਹਿਯੋਗੀਆਂ ਵੱਲੋਂ ਕਲੱਬ ਨੂੰ ਆਰਥਿਕ ਸਹਾਇਤਾ ਦੇਣ ਲਈ ਐਡਵੋਕੇਟ ਜਸਵੀਰ ਸਿੰਘ ਰਾਏ ਨੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਲੱਬ ਦੇ ਪ੍ਰਧਾਨ ਐਡਵੋਕੇਟ ਜਸਵੀਰ ਸਿੰਘ ਰਾਏ ਤੋਂ ਇਲਾਵਾ ਅਵਤਾਰ ਸਿੰਘ ਸੋਹੀ, ਸਰਨਾਮ ਸਿੰਘ ਪਾਵਰਡਾ, ਸੁਨੀਲ ਕੁਮਾਰ ਗੋਲਡੀ, ਕਮਲਜੀਤ ਸਿੰਘ ਬੈਂਸ, ਰਾਜਪਾਲ ਸੋਹੀ, ਕੌਰ ਸਾਹਿਬਾਨ, ਰੋਹਿਤ ਰਾਣਾ, ਸਾਬਕਾ ਕੌਂਸਲਰ ਪਰਮਜੀਤ ਪੰਮਾ, ਮੈਡਮ ਅੰਨੂ, ਰੋਮੀ ਕੌਰ, ਸਾਬਕਾ ਸੂਬੇਦਾਰ ਸਤਨਾਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬੱਚੇ ਅਤੇ ਉਨ੍ਹਾਂ ਦੇ ਮਾਪੇ ਹਾਜ਼ਰ ਸਨ।




# ਬਾਬਾ ਬਲਬੀਰ ਸਿੰਘ ਨੇ ਬਾਬਾ ਅਮਰੀਕ ਸਿੰਘ ਦੇ ਚਲਾਣੇ 'ਤੇ ਗਹਿਰਾ ਦੁੱਖ ਪ੍ਰਗਟਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ,ਕੰਵਲਜੀਤ ਸਿੰਘ)**- ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਗੁਰਦੁਆਰਾ ਤੱਪ ਅਸਥਾਨ ਸਾਹਿਬ ਸੰਤ ਬਾਬਾ ਹਜ਼ਾਰਾ ਸਿੰਘ ਨਿੱਕੇ ਘੁੰਮਣ ਗੁਰਦਾਸਪੁਰ ਦੇ ਕਾਰ ਸੇਵਾ ਮੁਖੀ ਬਾਬਾ ਅਮਰੀਕ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰਾ ਦੁਖ ਪ੍ਰਗਟਾਦਿਆਂ ਕਿਹਾ ਕਿ ਬਾਬਾ ਅਮਰੀਕ ਸਿੰਘ ਪਿਛਲੇ ਕੁਝ ਸਮੇਂ ਤੋਂ ਲਿਵਰ ਦੀ ਬਿਮਾਰੀ ਤੋਂ ਪੀੜਤ ਸਨ ਅਤੇ ਜ਼ੇਰੇ ਇਲਾਜ ਸਨ ਜੋ ਅਕਾਲ ਪੁਰਖ ਦੇ ਚਰਨਾਂ 'ਚ ਜਾ ਬਿਰਾਜੇ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਬਾਬਾ ਅਮਰੀਕ ਸਿੰਘ ਬਹੁਤ ਹੀ ਧਾਰਮਿਕ ਬਿਰਤੀ ਵਾਲੇ ਸਨ ਅਤੇ ਉਨ੍ਹਾਂ ਨੇ ਸਿੱਖਿਆ, ਖੇਡਾਂ ਅਤੇ ਸਮਾਜ ਸੇਵਾ ਵਿੱਚ ਵੱਡਾ ਯੋਗਦਾਨ ਪਾਇਆ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



# ਵਾਰਿਸ ਪੰਜਾਬ ਦੀ ਟੀਮ ਨੇ ਐਕਸੀਅਨ ਨੂੰ ਸੌਂਪਿਆ ਮੰਗ ਪੱਤਰ



**ਬਿਆਸ (ਰੱਖੜਾ)** ਬਿਜਲੀ ਦੀ ਭਾਰੀ ਸਮੱਸਿਆ ਦੇ ਹੱਲ ਵਾਸਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਬਾਬਾ ਬਕਾਲਾ ਸਾਹਿਬ ਦੀ ਟੀਮ ਵੱਲੋਂ ਐਕਸੀਐਨ ਹਰਕ੍ਰਿਸ਼ਨ ਸਿੰਘ ਨੂੰ ਮੰਗ ਪੱਤਰ ਸੌਂਪਿਆ ਗਿਆ। ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਸਰਬਜੀਤ ਸਿੰਘ ਖਾਨਪੁਰ ਨੇ ਕਿਹਾ ਕਿ ਲੋਕਾਂ ਦੇ ਹੱਕਾਂ ਲਈ ਆਵਾਜ਼ ਉਠਾਉਣਾ ਉਨ੍ਹਾ ਦੀ ਪਹਿਲੀ ਜ਼ਿੰਮੇਵਾਰੀ ਹੈ ਅਤੇ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਉਣ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ। ਇਸ ਮੌਕੇ ਦਫ਼ਤਰ ਸਕੱਤਰ ਪ੍ਰਗਟ ਸਿੰਘ ਮੀਆਂਵਿੰਡ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਕੰਮੋਕੇ, ਬਲਦੇਵ ਸਿੰਘ ਪ੍ਰਧਾਨ ਰਈਆ, ਬਲਵੰਤ ਸਿੰਘ ਵਜ਼ੀਰ ਭੁੱਲਰ, ਸਰਕਲ ਪ੍ਰਧਾਨ ਦਿਲਬਾਗ ਸਿੰਘ ਠੱਠੀਆਂ, ਸਰਕਲ ਪ੍ਰਧਾਨ ਦਿਲਬਾਗ ਸਿੰਘ ਮੀਆਂਵਿੰਡ, ਸਰਕਲ ਪ੍ਰਧਾਨ ਸੁਖਵੰਤ ਸਿੰਘ ਜਲਾਲਾਬਾਦ, ਸਰਕਲ ਪ੍ਰਧਾਨ ਚਰਨਜੀਤ ਸਿੰਘ ਬੁਤਾਲਾ, ਸਰਕਲ ਪ੍ਰਧਾਨ ਹਰਪ੍ਰੀਤ ਸਿੰਘ ਦੌਲੋਨੰਗਲ, ਜੁਗਰਾਜ ਸਿੰਘ ਧੂਲਕਾ ਮੈਂਬਰ ਪੰਚਾਇਤ ਹਰਬੰਸ ਸਿੰਘ ਦੌਲੋਨੰਗਲ, ਕਾਰਜਕਾਰੀ ਪ੍ਰਧਾਨ ਗੁਰਮੁੱਖ ਸਿੰਘ ਸੁਧਾਰ, ਕਾਰਜਕਾਰੀ ਪ੍ਰਧਾਨ ਅਮਰਜੀਤ ਸਿੰਘ ਰਤਨਗੜ੍ਹ, ਪ੍ਰਭਜੀਤ ਸਿੰਘ ਦੌਲੋਨੰਗਲ, ਆਲਮ ਸਿੰਘ ਦੌਲੋਨੰਗਲ,ਅੰਗਰੇਜ਼ ਸਿੰਘ ਦੌਲੋਨੰਗਲ, ਮਨਜਿੰਦਰ ਸਿੰਘ ਰਾਮਪੁਰ ਤੇ ਸੁਖਜੀਤ ਸਿੰਘ ਗਿੱਲ ਖਾਨਪੁਰ ਹਾਜ਼ਰ ਸਨ।

# ਲੋਕ ਮਿਲਣੀ ਤਹਿਤ ਪਿੰਡ ਭੋਮਾ ਵਿਖੇ ਆਮ ਆਦਮੀ ਪਾਰਟੀ ਦੀ ਹੋਈ ਵੱਡੀ ਇਕੱਤਰਤਾ

**ਮਜੀਠਾ (ਸੋਇਮ ਆਨੰਦ)** - ਪਿੰਡ ਭੋਮਾ ਵਿਖੇ ਆਮ ਆਦਮੀ ਪਾਰਟੀ ਵੱਲੋਂ ਲੋਕ ਮਿਲਣੀ ਤਹਿਤ ਇੱਕ ਵੱਡੀ ਇਕੱਤਰਤਾ ਆਯੋਜਿਤ ਕੀਤੀ ਗਈ। ਇਸ ਇਕੱਤਰਤਾ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਲੋਕਾਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ। ਇਸ ਮੌਕੇ ਸਥਾਨਕ ਲੋਕਾਂ ਵੱਲੋਂ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਤਲਬੀਰ ਸਿੰਘ ਗਿੱਲ ਅੱਗੇ ਰੱਖੀਆਂ ਗਈਆਂ। ਲੋਕਾਂ ਨੇ ਖਾਸ ਤੌਰ 'ਤੇ ਪਿੰਡ ਵਿਚ ਬਿਹਤਰ ਸੜਕਾਂ, ਪਾਣੀ ਅਤੇ ਬਿਜਲੀ ਦੀ ਸਪਲਾਈ, ਆਰਥਿਕ ਮਦਦ ਅਤੇ ਰੁਜ਼ਗਾਰ ਦੇ ਮੁੱਦਿਆਂ ਉੱਤੇ ਚਰਚਾ ਕੀਤੀ। ਤਲਬੀਰ ਸਿੰਘ ਗਿੱਲ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਇਸ ਲਈ ਲਗਾਤਾਰ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਅਸੀਂ ਹਮੇਸ਼ਾ ਲੋਕਾਂ ਦੇ ਨਾਲ ਖੜ੍ਹੇ ਹਾਂ। ਇਸ ਇੱਕੱਤਰਤਾ ਵਿੱਚ ਸਰਪੰਚ ਜਗਤਾਰ ਸਿੰਘ, ਗੁਰਵਿੰਦਰ ਸਿੰਘ, ਹਰਬੀਰ ਸਿੰਘ, ਪੰਚਾਇਤ ਮੈਂਬਰ ਜਤਿੰਦਰ ਸਿੰਘ, ਹਰਦੇਵ ਸਿੰਘ, ਕੁਲਦੀਪ ਸਿੰਘ, ਜਗਦੀਤ ਸਿੰਘ, ਸਾਬਕਾ ਸਰਪੰਚ ਸੁਖਚੈਨ ਸਿੰਘ, ਹਰਨੇਕ ਸਿੰਘ, ਗੁਲਜਾਰ ਸਿੰਘ, ਰਣਜੀਤ ਸਿੰਘ, ਭਗਵੰਤ ਸਿੰਘ, ਗੁਰਦੀਪ ਸਿੰਘ, ਸੁੱਖ ਪਟਵਾਰੀ, ਮਨਦੀਪ ਸਿੰਘ ਸੇਖਾਂਵਾਲੀ, ਪ੍ਰਧਾਨ ਦਿਲਬਾਗ ਸਿੰਘ, ਬਲਦੇਵ ਸਿੰਘ, ਧਨਜੀਤ ਸਿੰਘ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਹਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।



# ਮੈਨੀਫੈਸਟੋ ਕਮੇਟੀ ਦਾ ਸਹਿ-ਚੇਅਰਮੈਨ ਬਣਾਏ ਜਾਣ 'ਤੇ ਔਜਲਾ ਨੇ ਕੀਤਾ ਧੰਨਵਾਦ

**ਛੇਹਰਟਾ (ਮਨੋਜ ਕੁਮਾਰ)** : ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਵੱਲੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੂੰ ਮੈਨੀਫੈਸਟੋ ਕਮੇਟੀ ਦਾ ਸਹਿ-ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਉਨ੍ਹਾਂ (ਔਜਲਾ) ਨੇ ਕਾਂਗਰਸ ਹਾਈਕਮਾਨ ਦਾ ਦਿਲੋਂ ਧੰਨਵਾਦ ਪ੍ਰਗਟ ਕੀਤਾ ਹੈ। ਪੰਜਾਬ ਚੋਣਾਂ ਲਈ ਬਣਾਈਆਂ ਗਈਆਂ ਵੱਖ-ਵੱਖ ਕਮੇਟੀਆਂ ਵਿਚ ਔਜਲਾ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਉਹ ਕਾਂਗਰਸ ਪ੍ਰਧਾਨ, ਕਾਂਗਰਸ ਹਾਈਕਮਾਨ ਤੇ ਪਾਰਟੀ ਦੇ ਸਮੂਹ ਸੀਨੀਅਰ ਆਗੂਆਂ ਦੇ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਂਦਿਆਂ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਕਿਹਾ ਕਿ ਇਹ ਸਨਮਾਨ ਸਿਰਫ਼ ਉਨ੍ਹਾਂ ਦਾ ਨਹੀਂ, ਸਗੋਂ ਅੰਮ੍ਰਿਤਸਰ ਤੇ ਪੰਜਾਬ ਕਾਂਗਰਸ ਦੇ ਹਰ ਵਰਕਰ ਦਾ ਸਨਮਾਨ ਹੈ। ਔਜਲਾ ਨੇ ਕਿਹਾ ਕਿ ਕਾਂਗਰਸ ਦਾ ਚੋਣ ਮਨੋਰਥ ਪੱਤਰ ਪੰਜਾਬ ਦੇ ਕਿਸਾਨਾਂ, ਨੌਜਵਾਨਾਂ, ਮਹਿਲਾਵਾਂ, ਵਪਾਰੀਆਂ, ਮੁਲਾਜ਼ਮਾਂ ਤੇ ਸਮਾਜ ਦੇ ਹਰ ਵਰਗ ਦੀਆਂ ਉਮੀਦਾਂ ਤੇ ਜ਼ਰੂਰਤਾਂ ਨੂੰ ਧਿਆਨ ਵਿਚ ਰੱਖ ਕੇ ਤਿਆਰ ਕੀਤਾ ਜਾਵੇਗਾ।



# ਦਾਬਾਂਵਾਲਾ ਵਿਖੇ ਲੋਕ ਮਿਲਣੀ 'ਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਸੁਣੀਆਂ ਸਮੱਸਿਆਵਾਂ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਦਾਬਾਂਵਾਲਾ ਵਿਖੇ ਸ੍ਰੀ ਸੁਰਜਨ ਸਿੰਘ ਮੰਡ ਅਤੇ ਸ੍ਰੀ ਰਜਿੰਦਰ ਸਿੰਘ ਮੰਡ ਦੀ ਅਗਵਾਈ ਹੇਠ ਕਰਵਾਈ ਗਈ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ।

ਇਸ ਮੌਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਜਲਦ ਹੱਲ ਲਈ ਭਰੋਸਾ ਦਿਵਾਇਆ ਗਿਆ। ਇਸ ਮੌਕੇ ਬੀਬਾ ਰੁਪਿੰਦਰ ਕੌਰ ਬਲਾਕ ਸਮਿਤੀ ਮੈਂਬਰ (ਅਲੀਵਾਲ ਜ਼ੋਨ),ਜਸਬੀਰ ਕੌਰ ਜੱਸੀ ਬਲਾਕ ਪ੍ਰਧਾਨ ਮਹਿਲਾ ਵਿੰਗ, ਕਵਲਜੀਤ ਕੌਰ ਪੂਜਾ ਪ੍ਰਧਾਨ ਮਹਿਲਾ ਵਿੰਗ ਦਾਬਾਂਵਾਲ ਖੁਰਦ, ਪੰਚ ਬਲਵੰਤ ਸਿੰਘ, ਲੰਬੜਦਾਰ ਜਸਪਾਲ ਸਿੰਘ ਸ਼ਾਹ, ਪੰਚ ਅਮਰਜੀਤ ਸਿੰਘ, ਪੰਚ ਚੈਂਚਲ ਸਿੰਘ, ਪੰਚ ਸਰਬਜੀਤ ਕੌਰ, ਯਾਦਬੀਰ ਸਿੰਘ ਯੂਥ ਕਲੱਬ ਪ੍ਰਧਾਨ , ਘੁੱਦਾ ਪਲਵਾਨ ਯੂ.ਐਸ.ਏ, ਪੰਚ ਹਰਦੇਵ ਸਿੰਘ, ਪੰਚ ਜਗਜੀਵਨ ਸਿੰਘ, ਪੰਚ ਨਵਪ੍ਰੀਤ ਸਿੰਘ, ਪੰਚ ਰਤਨ ਸਿੰਘ, ਪੰਚ ਜੱਗਾ, ਪੰਚ ਸੁਖਬੀਰ ਸਿੰਘ, ਜਸਪਾਲ ਸਿੰਘ, ਬਲਵਿੰਦਰ ਫੌਜੀ, ਕਵਲਪ੍ਰੀਤ ਸਿੰਘ ਆਦਿ ਹਾਜ਼ਰ ਰਹੇ।



# ਗੱਲੀਂਬਾਤੀਂ ਪਲੱਸ ਪਰ ਜ਼ਮੀਨ 'ਤੇ ਬਿਜਲੀ ਗਾਇਬ : ਹੀਰਾ ਵਾਲੀਆ

**ਗੁਰਦਾਸਪੁਰ/ ਬਟਾਲਾ (ਤਰਲੋਕ ਬੱਗਾ)**- ਬਿਜਲੀ ਕੱਟ ਮੁੱਖ ਮੰਤਰੀ ਭਗਵੰਤ ਮਾਨ ਦੇ ਅੱਠ ਘੰਟੇ ਨਿਰੰਤਰ ਬਿਜਲੀ ਅਤੇ ਪਾਵਰ ਸਰਪਲੱਸ ਪੰਜਾਬ ਦੇ ਦਾਅਵਿਆਂ ਦੀ ਪੂਰੀ ਤਰ੍ਹਾਂ ਪੋਲ ਖੋਲ ਰਹੇ ਹਨ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਨੇ ਕੀਤਾ ਹੈ। ਵਾਲੀਆ ਨੇ ਕਿਹਾ ਕਿ ਝੋਨੇ ਦੀ ਲੁਆਈ ਦੇ ਸੀਜ਼ਨ ਵਿੱਚ ਪੰਜਾਬ ਦੀ ਬਿਜਲੀ ਮੰਗ 14,000 ਤੋਂ 16,000 ਮੈਗਾਵਾਟ ਤੱਕ ਪਹੁੰਚ ਜਾਂਦੀ ਹੈ, ਜਦ ਕਿ ਸਰਕਾਰ ਦੀ ਸਪਲਾਈ ਅਤੇ ਲੋਡ ਮੈਨੇਜਮੈਂਟ ਦੀ ਹਕੀਕਤ ਅੱਜ ਸਭ ਦੇ ਸਾਹਮਣੇ ਹੈ। ਪੰਜਾਬ ਵਿੱਚ ਲਗਭਗ 13.94 ਲੱਖ ਖੇਤੀਬਾੜੀ ਟਿਊਬਵੈੱਲ ਹਨ, ਜੋ ਖੇਤੀ ਦੀ ਰੀੜ੍ਹ ਦੀ ਹੱਡੀ ਹਨ, ਪਰ ਇਨ੍ਹਾਂ ਲਈ ਲੋੜੀਂਦੀ ਬਿਜਲੀ ਦੇਣ ਵਿੱਚ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ।

# ਪੰਜ ਪੀਰ ਬਾਬਾ ਬੋਹੜੀ ਸ਼ਾਹ ਦਾ ਸਾਲਾਨਾ ਭੰਡਾਰਾ ਸ਼ਰਧਾ ਨਾਲ ਮਨਾਇਆ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਦੇ ਪਿੰਡ ਚਾਵਾ ਵਿਚ ਪੰਜ ਪੀਰ ਬਾਬਾ ਬੋਹੜੀ ਸ਼ਾਹ ਦਾ ਸਲਾਨਾ 50ਵਾਂ ਭੰਡਾਰਾ ਪਿੰਡ ਵਾਸੀਆਂ ਤੇ ਇਲਾਕਾ ਦੀਆਂ ਸੰਗਤਾਂ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਰਤਨ ਸਿੰਘ ਕਾਟਲ ਉਰਫ ਕਾਲਾ ਨੇ ਆਪਣੇ ਸਾਥੀਆਂ ਸਮੇਤ ਬਾਬਾ ਜੀ ਦੀ ਦਰਗਾਹ 'ਤੇ ਚਾਦਰ ਚੜਾਉਣ ਦੀ ਰਸਮ ਅਦਾ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਠਾਕੁਰ ਰਤਨ ਸਿੰਘ ਕਾਟਲ ਨੇ ਦੱਸਿਆ ਕਿ ਇਸ ਸਲਾਨਾ ਭੰਡਾਰੇ ਵਿੱਚ ਇਲਾਕੇ ਦੀਆਂ ਸੈਂਕੜੇ ਸੰਗਤਾਂ ਨਤਮਸਤਕ ਹੁੰਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਭੰਡਾਰੇ ਵਿੱਚ ਨਵਾਂ ਸਾਲਾ, ਚਾਵਾ, ਨਸ਼ਹਿਰਾ, ਨੁਸ਼ਹਿਰਾ ਬਹਾਦਰ ਅਤੇ ਪੁੱਲ ਤਿਬੜੀ ਦੇ ਲੋਕਾਂ ਨੇ ਸ਼ਾਮਿਲ ਹੋ ਕੇ ਇਸ ਭੰਡਾਰੇ ਦੀ ਰੌਣਕ ਨੂੰ ਚਾਰ ਚੰਨ ਲਾਏ। ਇਸ ਮੌਕੇ ਸੰਗਤਾਂ ਵਾਸਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਅਤੇ ਠੰਡਾ ਮਿੱਠਾ ਜਲ ਛਕਾਇਆ ਗਿਆ। ਇਸ ਮੌਕੇ ਬਾਬਾ ਜੀ ਦੀ ਦਰਗਾਹ 'ਤੇ ਸਤਿਸੰਗ ਕੀਤਾ ਗਿਆ। ਇਸ ਮੌਕੇ ਪੁਸ਼ਪਿੰਦਰ ਸਿੰਘ ਕਾਟਲ, ਪ੍ਰੀਤਮ ਸਿੰਘ ਕਾਟਲ, ਸੋਮਰਾਜ, ਠਾਕੁਰ ਕਰਨ ਸਿੰਘ ਕਾਟਲ, ਕੁਲਵੰਤ ਸਿੰਘ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

# ਮਾਨ ਸਰਕਾਰ ਨੇ ਗਰੰਟੀਆਂ ਨੂੰ ਪੂਰਾ ਕੀਤਾ : ਸ਼ਹਿਜ਼ਾਦਾ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਨਜ਼ਦੀਕੀ ਸਾਥੀ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ 2022 ਦੀਆਂ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਜੋ ਗਰੰਟੀਆਂ ਦਿੱਤੀਆਂ ਸਨ ਉਹਨਾਂ ਗਰੰਟੀਆਂ ਨੂੰ ਪੂਰਾ ਕੀਤਾ ਹੈ। ਉਹਨਾਂ ਦੱਸਿਆ ਕਿ ਦੇਸ਼ ਪੱਧਰ ਦੀ ਸਭ ਤੋਂ ਵੱਡੀ ਸਕੀਮ ਔਰਤ ਸਤਿਕਾਰਯੋਗ ਯੋਜਨਾ ਹੈ। ਇਸ ਸਕੀਮ ਤਹਿਤ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਸੰਬੰਧਤ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਖ ਕੇ ਪਾਰਟੀ ਦਾ ਮਾਣ ਵਧਾਇਆ ਅਤੇ ਅਸੀਂ ਮੁੱਖ ਮੰਤਰੀ ਭਗਵੰਤ ਮਾਨ ਜੀ ਦਾ ਬਹੁਤ ਬਹੁਤ ਧੰਨਵਾਦ ਕਰਦੇ ਹਾਂ।



# ਆਰ ਡੀ ਖੋਸਲਾ ਸਕੂਲ ਦਾ ਵਿਦਿਆਰਥੀ ਯੋਗਾ ਟੀਮ ਚੈਂਪੀਅਨਸ਼ਿਪ ਲਈ ਚੁਣਿਆ

**ਬਟਾਲਾ (ਤਰਲੋਕ ਬੱਗਾ)**- ਪਹਿਲੀ ਓਪਨ ਏਸ਼ੀਅਨ ਯੋਗਾ ਟੀਮ ਚੈਂਪੀਅਨਸ਼ਿਪ 2026 21 ਅਤੇ 22 ਜੂਨ ਨੂੰ ਦਿੱਲੀ ਯੂਨੀਵਰਸਿਟੀ ਦਿੱਲੀ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਕਾਮਰਸ ਵਿਖੇ ਆਯੋਜਿਤ ਕੀਤੀ ਗਈ ਸੀ। ਭਾਰਤ ਦੇ ਨਾਲ-ਨਾਲ ਥਾਈਲੈਂਡ, ਸ੍ਰੀਲੰਕਾ, ਵੀਅਤਨਾਮ ਅਤੇ ਸਿੰਘਾਪੁਰ ਦੇ ਖਿਡਾਰੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ।ਭਾਰਤ ਦੀ ਸਭ ਤੋਂ ਛੋਟੀ ਉਮਰ ਦੀ ਯੋਗਾ ਅਥਲੀਟ ਜ਼ੋਇਆ ਜੋ ਕਿ ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਦੂਜੀ ਜਮਾਤ ਦੀ ਵਿਦਿਆਰਥਣ ਹੈ, ਨੇ ਕਲਾਤਮਕ ਯੋਗਾ ਅਤੇ ਅਥਲੈਟਿਕਸ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 8ਵੀਂ ਜਮਾਤ ਦੇ ਵਿਦਿਆਰਥੀ ਏਕਮਜੋਤ ਸਿੰਘ ਨੇ ਕਲਾਤਮਕ ਯੋਗਾ ਵਿੱਚ ਦੂਜਾ ਸਥਾਨ ਅਤੇ ਅਥਲੈਟਿਕਸ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਅਕਤੂਬਰ 2026 ਵਿੱਚ ਥਾਈਲੈਂਡ ਵਿੱਚ ਹੋਣ ਵਾਲੀ ਕਲਾਤਮਕ ਏਸ਼ੀਅਨ ਯੋਗਾ ਟੀਮ ਚੈਂਪੀਅਨਸ਼ਿਪ ਲਈ ਚੁਣਿਆ ਗਿਆ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਊਸ਼ਾ ਕਿਰਨ ਨੂੰ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।



# ਫੱਤੂ ਚੱਕ ਵਿਖੇ ਸਲਾਨਾ ਜੋੜ ਮੇਲਾ ਸ਼ਰਧਾਪੂਰਵਕ ਮਨਾਇਆ

**ਢਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਬਾਬਾ ਲੱਖ ਦਾਤਾ ਕਲੱਬ (ਰਜਿ) ਵਲੋਂ ਗ੍ਰਾਮ ਪੰਚਾਇਤ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਪਿੰਡ ਫੱਤੂ ਚੱਕ ਵਿਖੇ ਸਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ ਬਾਬਾ ਜੀ ਦੇ ਪਵਿੱਤਰ ਅਸਥਾਨ 'ਤੇ ਝੰਡਾ ਚੜ੍ਹਾਇਆ ਗਿਆ, ਉਪਰੰਤ ਥਾਣਾ ਮੁਖੀ ਢਿਲਵਾਂ ਹਰਜਿੰਦਰ ਸਿੰਘ ਵੱਲੋਂ ਰਿਬਨ ਕੱਟਿਆ ਗਿਆ, ਉਪਰੰਤ ਪ੍ਰਸਿੱਧ ਕਲਾਕਾਰਾਂ ਸਤਨਾਮ ਸਾਗਰ, ਸ਼ਰਨਜੀਤ ਸ਼ਮੀ ਅਤੇ ਜੀ ਐਸ ਮੱਟੂ ਅਤੇ ਰਿਪੀ ਭੱਟੀ, ਲਾਡੀ ਨਕਾਲ ਪਾਰਟੀ ਆਦਿ ਨੇ ਆਪਣੇ ਪ੍ਰਸਿੱਧ ਗੀਤ ਗਾ ਕੇ ਹਾਜ਼ਰ ਸੰਗਤਾਂ ਦਾ ਮਨੋਰੰਜਨ ਕੀਤਾ। ਇਸ ਮੌਕੇ ਮੇਲਾ ਕਮੇਟੀ ਵਲੋਂ ਥਾਣਾ ਮੁਖੀ ਢਿਲਵਾਂ ਹਰਜਿੰਦਰ ਸਿੰਘ, ਏ ਐਸ ਆਈ ਰਵਿੰਦਰ ਸਿੰਘ ਅਤੇ ਬਲਜੀਤ ਸਿੰਘ ਢਿੱਲੋਂ ਸਿਟੀ ਪ੍ਰਧਾਨ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਲੰਗਰ ਭੰਡਾਰਾ ਅਟੁੱਟ ਵਰਤਾਇਆ ਗਿਆ। ਇਸ ਮੌਕੇ ਰਾਜਵੀਰ ਕੌਰ ਸਰਪੰਚ, ਸੁੱਖਾ ਸਿੰਘ ਪ੍ਰਧਾਨ, ਕੁਲਬੀਰ ਸਿੰਘ ਖ਼ਜ਼ਾਨਚੀ, ਤਰਸੇਮ ਸਿੰਘ, ਬਾਬਾ ਮੋਹਣ ਸਿੰਘ, ਝਿਲਮਿਲ ਸਿੰਘ, ਜੋਗਾ ਸਿੰਘ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

# ਮਾਨ ਸਰਕਾਰ ਨੇ ਆਖ਼ਰੀ ਗਾਰੰਟੀ ਵੀ ਪੂਰੀ ਕੀਤੀ : ਗੁਰਪ੍ਰਤਾਪ ਸਿੰਘ ਸੰਧੂ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਆਮ ਆਦਮੀ ਪਾਰਟੀ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਆਰਥਿਕ ਸਸ਼ਕਤੀਕਰਨ ਲਈ ਸ਼ੁਰੂ ਕੀਤੀ ਗਈ "ਮਾਵਾਂ-ਧੀਆਂ ਸਤਿਕਾਰ ਯੋਜਨਾ" ਨਾਲ ਮਾਨ ਸਰਕਾਰ ਨੇ ਮਹਿਲਾਵਾਂ ਨਾਲ ਕੀਤਾ ਆਪਣਾ 1000-1500 ਪ੍ਰਤੀ ਮਹੀਨਾ ਦੇਣ ਵਾਲਾ ਆਖ਼ਰੀ ਵਾਅਦਾ ਵੀ ਪੂਰਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਮਹਿਲਾਵਾਂ ਦੇ ਖਾਤਿਆਂ ਵਿੱਚ 3000 ਤੋਂ 4500 ਤੱਕ ਦੀ ਰਕਮ ਜਮ੍ਹਾਂ ਹੋਣ ਨਾਲ ਪੰਜਾਬ ਭਰ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਬਣਿਆ ਹੋਇਆ ਹੈ। ਸੰਧੂ ਨੇ ਕਿਹਾ ਕਿ ਇਹ ਯੋਜਨਾ ਸਿਰਫ਼ ਆਰਥਿਕ ਮਦਦ ਨਹੀਂ, ਸਗੋਂ ਪੰਜਾਬ ਦੀਆਂ ਮਾਵਾਂ-ਧੀਆਂ ਦੇ ਸਨਮਾਨ, ਹੱਕਾਂ ਅਤੇ ਆਤਮਨਿਰਭਰਤਾ ਨੂੰ ਮਜ਼ਬੂਤ ਕਰਨ ਵੱਲ ਇੱਕ ਇਤਿਹਾਸਕ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲਗਾਤਾਰ ਲੋਕ-ਹਿਤੈਸ਼ੀ ਫ਼ੈਸਲੇ ਲੈ ਰਹੀ ਹੈ, ਜਿਨ੍ਹਾਂ ਦਾ ਸਿੱਧਾ ਲਾਭ ਆਮ ਪਰਿਵਾਰਾਂ ਤੱਕ ਪਹੁੰਚ ਰਿਹਾ ਹੈ।

# ਅਣਐਲਾਨੇ ਬਿਜਲੀ ਕੱਟਾਂ ਕਾਰਨ ਲੋਕ ਪ੍ਰੇਸ਼ਾਨ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਉਘੇ ਕਾਰੋਬਾਰੀ ਅਤੇ ਐਨ ਆਰ ਆਈ ਰਘਬੀਰ ਸਿੰਘ ਰੰਧਾਵਾ ਭੱਟੀਕੇ ਨੇ ਜਾਰੀ ਕੀਤੇ ਬਿਆਨ ਵਿੱਚ ਕਿਹਾ ਹੈ ਕਿ ਪੰਜਾਬ ਵਿੱਚ ਲੱਗ ਰਹੇ ਅਣਐਲਾਨੇ ਬਿਜਲੀ ਕੱਟਾਂ ਕਾਰਨ ਆਮ ਲੋਕਾਂ, ਕਿਸਾਨਾਂ ਅਤੇ ਉਦਯੋਗਿਕ ਖੇਤਰ ਨੂੰ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਬਿਜਲੀ ਪ੍ਰਬੰਧਨ ਵਿੱਚ ਨਾਕਾਮ ਰਹੀ ਹੈ, ਜਿਸ ਦਾ ਖਮਿਆਜ਼ਾ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਰਘਬੀਰ ਸਿੰਘ ਰੰਧਾਵਾ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਸਿੰਚਾਈ ਲਈ ਨਿਰਵਿਘਨ ਬਿਜਲੀ ਸਪਲਾਈ ਨਹੀਂ ਮਿਲ ਰਹੀ, ਜਦਕਿ ਉਦਯੋਗਿਕ ਇਕਾਈਆਂ ਵੀ ਬਿਜਲੀ ਦੀ ਘਾਟ ਕਾਰਨ ਪ੍ਰਭਾਵਿਤ ਹੋ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਉਦਯੋਗਾਂ ਨੂੰ ਰਾਤ ਸਮੇਂ ਬੰਦ ਰੱਖਣ ਦੇ ਹੁਕਮਾਂ ਨਾਲ ਉਤਪਾਦਨ ਪ੍ਰਭਾਵਿਤ ਹੋ ਰਿਹਾ ਹੈ ਅਤੇ ਉਦਯੋਗਪਤੀ ਆਪਣੇ ਕਾਰੋਬਾਰ ਨੂੰ ਹੋਰ ਸੂਬਿਆਂ ਵਿੱਚ ਤਬਦੀਲ ਕਰਨ ਬਾਰੇ ਸੋਚਣ ਲਈ ਮਜਬੂਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਰਾਜਨੀਤਿਕ ਬਿਆਨਬਾਜ਼ੀ ਨਾਲ ਸੂਬੇ ਦਾ ਪ੍ਰਬੰਧ ਨਹੀਂ ਚੱਲ ਸਕਦਾ ਅਤੇ ਲੋਕ ਹੁਣ ਸਰਕਾਰ ਤੋਂ ਜਵਾਬਦੇਹੀ ਦੀ ਉਮੀਦ ਕਰ ਰਹੇ ਹਨ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਮ ਲੋਕਾਂ ਦੇ ਸੁਖ ਸਹੂਲਤ ਨੂੰ ਮੁੱਖ ਰੱਖਦਿਆਂ ਬਿਜਲੀ ਬੋਰਡ ਦੀ ਕਾਰਜਗਾਰੀ ਦੀ ਸਮੀਖਿਆ ਕੀਤੀ ਜਾਵੇ ਅਤੇ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਹਰ ਵਿਅਕਤੀ ਨੂੰ ਬਿਜਲੀ ਨਿਰਵਿਘਨ ਸਹਿਤ ਮਿਲੇ ਤਾਂ ਜੋ ਕਿਸਾਨ ਆਪਣੇ ਝੋਨੇ ਦੀ ਫਸਲ ਨੂੰ ਸਹੀ ਤਰੀਕੇ ਨਾਲ ਪਾਲ ਸਕਣ ਤੇ ਅੱਤ ਦੀ ਗਰਮੀ ਤੋਂ ਲੋਕ ਬਚ ਸਕਣ।



ਨਵਾਂ ਜ਼ਮਾਨਾ
ਸ਼ੁੱਕਰਵਾਰ, 3 ਜੁਲਾਈ 2026

# ਕਾਹਲੀ ਪਿੱਛੇ ਰਾਜ਼ ਕੀ ਹੈ ?

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 15 ਅਗਸਤ, 2025 ਨੂੰ ਲਾਲ ਕਿਲ੍ਹੇ ਤੋਂ ਆਪਣੇ ਸੁਤੰਤਰਤਾ ਦਿਵਸ ਭਾਸ਼ਣ ਵਿੱਚ 'ਉੱਚ-ਸ਼ਕਤੀਸ਼ਾਲੀ ਆਬਾਦੀ ਮਿਸ਼ਨ' ਦਾ ਐਲਾਨ ਕੀਤਾ ਸੀ। ਇਸ ਤੋਂ ਬਾਅਦ, ਗ੍ਰਿਹ ਮੰਤਰਾਲੇ ਨੇ 26 ਮਈ, 2026 ਨੂੰ ਰਸਮੀ ਤੌਰ 'ਤੇ ਕਮੇਟੀ ਦਾ ਗਠਨ ਕੀਤਾ। ਇਸ ਦਾ ਮੁੱਖ ਕੰਮ ਗੈਰ-ਕਾਨੂੰਨੀ ਇਮੀਗ੍ਰੇਸ਼ਨ ਅਤੇ ਹੋਰ ਅਸਾਧਾਰਨ ਕਾਰਕਾਂ ਕਾਰਨ ਹੋਣ ਵਾਲੇ ਆਬਾਦੀ ਬਦਲਾਅ ਦਾ ਅਧਿਐਨ ਕਰਨਾ ਅਤੇ ਉਨ੍ਹਾਂ ਨੂੰ ਹੱਲ ਕਰਨ ਲਈ ਉਪਾਅ ਸੁਝਾਉਣਾ ਹੈ। ਗ੍ਰਿਹ ਮੰਤਰਾਲੇ ਦੇ ਨੋਟੀਫਿਕੇਸ਼ਨ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਕਮੇਟੀ ਦੇਸ਼ ਵਿੱਚ ਪਹਿਲਾਂ ਤੋਂ ਰਹਿ ਰਹੇ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਪਛਾਣ, ਨਜ਼ਰਬੰਦੀ ਅਤੇ ਦੇਸ਼ ਨਿਕਾਲੇ ਲਈ ਇੱਕ 'ਸੁਚਾਰੂ ਅਤੇ ਟਿਕਾਊ ਸੰਚਾਲਨ ਪ੍ਰਣਾਲੀ' ਦੀ ਵੀ ਸਿਫਾਰਸ਼ ਕਰੇਗੀ। ਮੰਤਰਾਲੇ ਦਾ ਮੰਨਣਾ ਹੈ ਕਿ ਮੌਜੂਦਾ ਸੰਸਥਾਗਤ ਢਾਂਚਾ ਏਨੇ ਵੱਡੇ ਆਬਾਦੀ ਬਦਲਾਅ ਦਾ ਤੇਜ਼ ਅਤੇ ਸਬੂਤ-ਅਧਾਰਤ ਮੁਲੰਕਣ ਕਰਨ ਦੇ ਸਮਰੱਥ ਨਹੀਂ।*

*ਇਹ ਸਾਰਾ ਅਭਿਆਸ ਅਜਿਹੇ ਸਮੇਂ ਵਿੱਚ ਹੋ ਰਿਹਾ ਹੈ, ਜਦੋਂ ਦੇਸ਼ ਦੀ ਅਗਲੀ ਵੱਡੀ ਜਨਗਣਨਾ ਯਾਨੀ 'ਜਨਗਣਨਾ-2027' ਦੇ ਪਹਿਲੇ ਪੜਾਅ (ਮਕਾਨਾਂ ਦੀ ਸੂਚੀ ਤੇ ਆਵਾਸ ਗਣਨਾ) ਦਾ ਕੰਮ ਦੇਸ਼ ਦੇ ਕਈ ਹਿੱਸਿਆਂ ਵਿੱਚ ਚੱਲ ਰਿਹਾ ਹੈ, ਜਿਹੜਾ 30 ਸਤੰਬਰ ਤੱਕ ਪੂਰਾ ਹੋ ਜਾਵੇਗਾ। ਉੱਥੇ, ਮੁੱਖ ਆਬਾਦੀ ਜਨਗਣਨਾ 1 ਮਾਰਚ, 2027 ਤੱਕ ਪੂਰੀ ਕਰਨ ਦਾ ਟੀਚਾ ਹੈ। ਆਖਰ ਪ੍ਰਧਾਨ ਮੰਤਰੀ ਮੋਦੀ ਨੇ ਡੈਮੋਗ੍ਰਾਫੀ ਮਿਸ਼ਨ ਦਾ ਐਲਾਨ ਕਿਉਂ ਕੀਤਾ ? ਦੇਸ਼ 'ਚ 2011 ਤੋਂ ਬਾਅਦ ਜਨਗਣਨਾ ਨਹੀਂ ਹੋਈ। ਜਨਗਣਨਾ ਨੂੰ ਪੂਰਾ ਕਰਨ ਦੀ ਬਜਾਏ ਡੈਮੋਗ੍ਰਾਫੀ ਮਿਸ਼ਨ 'ਤੇ ਧਿਆਨ ਕੇਂਦਰਤ ਕਰਨ ਦਾ ਕੀ ਮਤਲਬ ਹੈ ? ਕੀ ਇਹ ਵੀ ਮੁਸਲਮਾਨਾਂ ਅਤੇ ਈਸਾਈਆਂ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਤਾਂ ਨਹੀਂ, ਜਿਵੇਂ ਕਿ ਉਹ ਐੱਸ ਆਈ ਆਰ ਰਾਹੀਂ ਸਭ ਤੋਂ ਵੱਧ ਨਿਸ਼ਾਨਾ ਬਣਾਏ ਗਏ ਤੇ ਬਣਾਏ ਜਾ ਰਹੇ ਹਨ। ਅਸਾਮ ਵਿੱਚ ਵੀ ਹਲਕਾਬੰਦੀ ਦੀ ਆੜ ਵਿੱਚ ਮੁਸਲਮਾਨਾਂ ਨੂੰ ਨਿਸ਼ਾਨਾ ਬਣਾਇਆ ਗਿਆ। ਪਹਿਲਾਂ, ਅਸਾਮ ਜਾਂ ਪੱਛਮੀ ਬੰਗਾਲ ਵਰਗੇ ਰਾਜਾਂ ਵਿੱਚ ਮੁਸਲਿਮ ਆਬਾਦੀ 'ਚ ਵਾਧੇ ਦੀ ਦਰ ਨੂੰ ਅਕਸਰ ਸਿਆਸੀ ਬਹਿਸਾਂ ਵਿੱਚ 'ਘੁਸਪੈਠ' ਨਾਲ ਜੋੜਿਆ ਜਾਂਦਾ ਰਿਹਾ ਹੈ। ਇਹ ਡਰ ਹੈ ਕਿ ਇਸ ਡੇਟਾ ਦੀ ਵਰਤੋਂ ਕੁਝ ਧਾਰਮਿਕ ਭਾਈਚਾਰਿਆਂ ਦੇ ਆਬਾਦੀ ਵਾਧੇ ਨੂੰ 'ਅਸਾਧਾਰਨ' ਜਾਂ 'ਗੈਰ-ਕਾਨੂੰਨੀ ਘੁਸਪੈਠ' ਦਾ ਨਤੀਜਾ ਸਾਬਤ ਕਰਨ ਲਈ ਕੀਤੀ ਜਾ ਸਕਦੀ ਹੈ। ਕਮੇਟੀ ਵੱਲੋਂ ਚੋਣ ਕਮਿਸ਼ਨ ਤੋਂ ਐੱਸ ਆਈ ਆਰ ਦੌਰਾਨ ਕੱਟੇ ਗਏ ਸਾਢੇ ਛੇ ਕਰੋੜ ਵੋਟਰਾਂ ਦੇ ਨਾਂਅ ਮੰਗਣਾ ਵੀ ਸਵਾਲ ਖੜ੍ਹੇ ਕਰਦਾ ਹੈ। ਇਸ ਪ੍ਰਕਿਰਿਆ 'ਚ ਨਾਗਰਿਕਤਾ ਸਾਬਤ ਕਰਨ ਦਾ ਬੋਝ ਗਰੀਬਾਂ ਅਤੇ ਹਾਸ਼ੀਏ 'ਤੇ ਧੱਕੇ ਗਏ ਲੋਕਾਂ (ਖਾਸ ਕਰਕੇ ਘੱਟ ਗਿਣਤੀਆਂ) 'ਤੇ ਆਏਗਾ, ਜਿਸ ਨਾਲ ਉਨ੍ਹਾਂ ਦਾ ਨਿਸ਼ਾਨਾ ਬਣਨ ਦਾ ਖਤਰਾ ਵਧ ਜਾਂਦਾ ਹੈ। ਆਬਾਦੀ ਵਿੱਚ ਤਬਦੀਲੀ ਸਿਰਫ ਘੁਸਪੈਠ ਨਾਲ ਹੀ ਨਹੀਂ, ਸਗੋਂ ਅੰਦਰੂਨੀ ਪ੍ਰਵਾਸ, ਸਿੱਖਿਆ ਅਤੇ ਆਰਥਿਕ ਮੌਕਿਆਂ ਦੇ ਕਾਰਨ ਵੀ ਹੁੰਦੀ ਹੈ। ਇਸ ਲਈ ਮਿਸ਼ਨ ਨੂੰ ਸਿਰਫ ਸੁਰੱਖਿਆ ਦ੍ਰਿਸ਼ਟੀਕੋਣ ਦੀ ਬਜਾਏ ਮਨੁੱਖੀ ਵਿਕਾਸ ਅਤੇ ਸ਼ਮੂਲੀਅਤ 'ਤੇ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ। ਅਧਿਕਾਰਤ ਤੌਰ 'ਤੇ ਮਿਸ਼ਨ ਦਾ ਉਦੇਸ਼ ਭਾਰਤ ਦੀਆਂ ਸਰਹੱਦਾਂ ਨੂੰ ਸੁਰੱਖਿਅਤ ਕਰਨ, ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਪਛਾਣ ਕਰਨ ਅਤੇ ਰਾਸ਼ਟਰੀ ਪ੍ਰਭੂਸੱਤਾ ਦੀ ਰੱਖਿਆ ਲਈ ਇੱਕ ਪ੍ਰਸ਼ਾਸਕੀ ਅਤੇ ਕਾਨੂੰਨੀ ਢਾਂਚਾ ਬਣਾਉਣਾ ਹੈ, ਪਰ ਦੇਸ਼ ਦੀ ਸੰਵੇਦਨਸ਼ੀਲ ਸਿਆਸਤ ਅਤੇ ਪਿਛਲੇ ਤਜਰਬਿਆਂ ਦੇ ਕਾਰਨ ਘੱਟ ਗਿਣਤੀਆਂ ਵਿੱਚ ਸ਼ੰਕੇ ਅਤੇ ਚਿੰਤਾਵਾਂ ਬਣੀਆਂ ਰਹਿਣਗੀਆਂ। ਐੱਸ ਆਈ ਆਰ ਤੋਂ ਬਾਅਦ ਜਿਸ ਤਰ੍ਹਾਂ ਇਸ ਅਭਿਆਸ ਨੂੰ ਸਮਾਂ-ਬੱਧ ਢੰਗ ਨਾਲ ਪੂਰਾ ਕਰਨ ਦਾ ਇਰਾਦਾ ਹੈ, ਉਸ ਤੋਂ ਲੱਗਦਾ ਹੈ ਕਿ ਸਰਕਾਰ ਆਪਣੀ ਇਸੇ ਟਰਮ ਵਿੱਚ ਆਰ ਐੱਸ ਐੱਸ ਦੇ ਹਿੰਦੂ ਰਾਸ਼ਟਰ ਦੇ ਸੁਫਨੇ ਸਾਕਾਰ ਕਰਨ ਲਈ ਪੱਬਾਂ ਭਾਰ ਹੈ।*

## ਪੱਤਰਕਾਰਾਂ ਦੀ ਕਪਾਹ ?

*ਤਖਤ ਸਾਹਿਬ 'ਤੇ ਦੇਖ ਮਨਮਰਜ਼ੀਆਂ ਨੂੰ,*
*ਦੁਖੀ ਦਿਲਾਂ 'ਚੋਂ ਨਿਕਲਦੀ ਆਹ ਬੇਲੀ।*
*ਫੜ ਕੇ 'ਕੈਮਰੇ ਮਾਈਕ' ਹਨ ਤੁਰੇ ਫਿਰਦੇ,*
*ਸਵਾਲ ਪੁੱਛਦੇ ਨੇ 'ਖਾਹ-ਮਖਾਹ' ਬੇਲੀ।*
*ਲਾਈਕ ਫਿਊਜ਼ ਕੁਮੈਂਟਾਂ ਦੀ ਹੋੜ ਅੰਦਰ,*
*ਪੱਤਰਕਾਰੀ ਨੂੰ ਲਾ ਰਹੇ ਨੇ ਢਾਹ ਬੇਲੀ।*
*ਮਨਘੜਤ ਹੀ ਚੱਕਵੀਆਂ ਸੁਰਖੀਆਂ ਨੇ,*
*ਵਿੱਚ ਮੀਡੀਏ ਪਾਇਆ ਏ ਗਾਹ ਬੇਲੀ।*
*ਲੱਗਾ ਹੋਇਆ ਏ ਬਹੁਤਿਆਂ ਚੈਨਲਾਂ ਨੂੰ,*
*ਤੇਲ ਬਲਦੀ 'ਤੇ ਪਾਉਣ ਦਾ ਪਾਹ ਬੇਲੀ।*
*ਪੰਥਕ ਹਿਰਦਿਆਂ ਵਿੱਚ ਤਾਂ 'ਹੌਲ' ਪੈਂਦੇ,*
*ਪੱਤਰਕਾਰਾਂ ਲਈ 'ਖਿੜੀ ਕਪਾਹ' ਬੇਲੀ।*

*-ਤਰਲੋਚਨ ਸਿੰਘ ਦੁਪਾਲਪੁਰ, 001-408-905-5517*

# ਸਰਕਾਰੀ ਬੈਂਕਾਂ ਦੀ ਗਿਣਤੀ ਘਟਾਉਣ ਦੀ ਤਿਆਰੀ



ਐੱਮ ਐੱਸ ਭਾਟੀਆ

ਭਾਰਤ ਵਿੱਚ ਸਰਕਾਰੀ ਬੈਂਕਾਂ ਦੇ ਵਿਲੀਨੀਕਰਨ (ਮਰਜਰ) ਨੂੰ ਕੇਂਦਰ ਸਰਕਾਰ ਲਗਾਤਾਰ ਬੈਂਕਿੰਗ ਸੁਧਾਰ ਵਜੋਂ ਪੇਸ਼ ਕਰਦੀ ਆ ਰਹੀ ਹੈ। ਦਲੀਲ ਦਿੱਤੀ ਜਾਂਦੀ ਹੈ ਕਿ ਵੱਡੇ ਬੈਂਕ ਬਣਨ ਨਾਲ ਪ੍ਰਸ਼ਾਸਕੀ ਖਰਚ ਘਟੇਗਾ, ਪੂੰਜੀ ਦੀ ਸਮਰੱਥਾ ਵਧੇਗੀ, ਕਰਜ਼ਾ ਦੇਣ ਦੀ ਯੋਗਤਾ ਮਜ਼ਬੂਤ ਹੋਵੇਗੀ ਅਤੇ ਭਾਰਤੀ ਬੈਂਕ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਦੇ ਯੋਗ ਬਣ ਜਾਣਗੇ। ਇਹ ਦਲੀਲ ਪਹਿਲੀ ਨਜ਼ਰ ਵਿੱਚ ਆਕਰਸ਼ਕ ਲੱਗ ਸਕਦੀ ਹੈ, ਪਰ ਅਸਲ ਸਵਾਲ ਇਹ ਹੈ ਕਿ ਕੀ ਇਹ ਕਦਮ ਸੱਚਮੁੱਚ ਆਮ ਲੋਕਾਂ, ਕਿਸਾਨਾਂ, ਛੋਟੇ ਉਦਯੋਗਾਂ ਅਤੇ ਬੈਂਕ ਕਰਮਚਾਰੀਆਂ ਦੇ ਹਿੱਤ ਵਿੱਚ ਹਨ ਜਾਂ ਫਿਰ ਇਹ ਵੱਡੀ ਵਿੱਤੀ ਪੂੰਜੀ ਅਤੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਚੁੱਕਿਆ ਗਿਆ ਇੱਕ ਹੋਰ ਕਦਮ ਹੈ ?

### ਬੈਂਕਾਂ ਦੀ ਅਸਲ ਭੂਮਿਕਾ

ਮਾਰਕਸਵਾਦੀ ਅਰਥ ਸ਼ਾਸਤਰ ਅਨੁਸਾਰ ਬੈਂਕ ਸਿਰਫ਼ ਜਮ੍ਹਾਂ ਰਕਮ ਰੱਖਣ ਜਾਂ ਕਰਜ਼ਾ ਦੇਣ ਵਾਲੀਆਂ ਸੰਸਥਾਵਾਂ ਨਹੀਂ ਹੁੰਦੀਆਂ। ਇਹ ਉਹ ਸੰਸਥਾਵਾਂ ਹਨ, ਜੋ ਸਮਾਜ ਦੇ ਵੱਖ-ਵੱਖ ਵਰਗਾਂ—ਮਜ਼ਦੂਰਾਂ, ਕਰਮਚਾਰੀਆਂ, ਕਿਸਾਨਾਂ, ਛੋਟੇ ਵਪਾਰੀਆਂ ਅਤੇ ਆਮ ਨਾਗਰਿਕਾਂ—ਦੀ ਬਚਤ ਨੂੰ ਇਕੱਠਾ ਕਰਕੇ ਉਸ ਨੂੰ ਪੂੰਜੀ ਵਿੱਚ ਤਬਦੀਲ ਕਰਦੀਆਂ ਹਨ। ਇਸ ਪੂੰਜੀ ਨੂੰ ਅੱਗੇ ਕਰਜ਼ਿਆਂ ਅਤੇ ਨਿਵੇਸ਼ ਰਾਹੀਂ ਅਰਥ ਵਿਵਸਥਾ ਵਿੱਚ ਲਗਾਇਆ ਜਾਂਦਾ ਹੈ।

### ਪੂੰਜੀ ਦਾ ਕੇਂਦਰੀਕਰਨ—ਮਾਰਕਸ ਦੀ ਵਿਆਖਿਆ

ਕਾਰਲ ਮਾਰਕਸ ਨੇ ਦਾਸ ਕੈਪੀਟਲ ਵਿੱਚ ਸਪੱਸ਼ਟ ਕੀਤਾ ਸੀ ਕਿ ਪੂੰਜੀਵਾਦ ਦਾ ਇੱਕ ਬੁਨਿਆਦੀ ਰੁਝਾਨ ਪੂੰਜੀ ਦਾ ਕੇਂਦਰੀਕਰਨ ਅਤੇ ਕੇਂਦਰੀਭੂਤ ਹੋਣਾ ਹੈ। ਸਮੇਂ ਦੇ ਨਾਲ ਛੋਟੇ ਉੱਦਮ ਅਤੇ ਸੰਸਥਾਵਾਂ ਵੱਡੀਆਂ ਸੰਸਥਾਵਾਂ ਵਿੱਚ ਸਮਾ ਜਾਂਦੀਆਂ ਹਨ ਅਤੇ ਆਰਥਿਕ ਤਾਕਤ ਕੁਝ ਗਿਣਤੀ ਦੇ ਹੱਥਾਂ ਵਿੱਚ ਸਿਮਟਦੀ ਜਾਂਦੀ ਹੈ।

ਬੈਂਕਾਂ ਦਾ ਵਿਲੀਨੀਕਰਨ ਵੀ ਇਸੇ ਪ੍ਰਕਿਰਿਆ ਦਾ ਹਿੱਸਾ ਹੈ। ਜਦੋਂ ਕਈ ਸਰਕਾਰੀ ਬੈਂਕਾਂ ਨੂੰ ਮਿਲਾ ਕੇ ਕੁਝ ਗਿਣਤੀ ਦੇ ਵਿਸ਼ਾਲ ਬੈਂਕ ਬਣਾਏ ਜਾਂਦੇ ਹਨ, ਤਾਂ ਦੇਸ਼ ਦੀ ਬੈਂਕਿੰਗ ਪੂੰਜੀ ਵੀ ਪਹਿਲਾਂ ਨਾਲੋਂ ਕਿਤੇ ਵੱਧ ਕੇਂਦਰਤ ਹੋ ਜਾਂਦੀ ਹੈ। ਇਹ ਕੇਵਲ ਪ੍ਰਸ਼ਾਸਕੀ ਤਬਦੀਲੀ ਨਹੀਂ, ਸਗੋਂ ਆਰਥਿਕ ਤਾਕਤ ਦੇ ਪੁਨਰ-ਵੰਡ ਦਾ ਸਵਾਲ ਵੀ ਹੈ।

### ਵਿੱਤੀ ਪੂੰਜੀ ਦਾ ਵਧਦਾ ਦਬਦਬਾ

ਜਰਮਨ ਮਾਰਕਸਵਾਦੀ ਅਰਥ ਸ਼ਾਸਤਰੀ ਰੂਡੋਲਫ਼ ਹਿਲਫਰਡਿੰਗ ਨੇ ਆਪਣੀ ਪ੍ਰਸਿੱਧ ਪੁਸਤਕ ਫਾਇਨਾਂਸ ਕੈਪੀਟਲ ਵਿੱਚ ਦਰਸਾਇਆ ਸੀ ਕਿ ਜਿਵੇਂ-ਜਿਵੇਂ ਬੈਂਕ ਵੱਡੇ ਹੁੰਦੇ ਜਾਂਦੇ ਹਨ, ਉਹ ਸਿਰਫ਼ ਕਰਜ਼ਾ ਦੇਣ ਵਾਲੀਆਂ ਸੰਸਥਾਵਾਂ ਨਹੀਂ ਰਹਿੰਦੇ, ਸਗੋਂ ਉਦਯੋਗਿਕ ਪੂੰਜੀ ਅਤੇ ਵਪਾਰਕ ਫ਼ੈਸਲਿਆਂ 'ਤੇ ਵੀ ਪ੍ਰਭਾਵ ਪਾਉਣ ਲੱਗਦੇ ਹਨ। ਉਨ੍ਹਾਂ ਇਸ ਮੇਲ ਨੂੰ ਵਿੱਤੀ ਪੂੰਜੀ ( ਫਾਈਨਾਂਸ ਕੈਪੀਟਲ ) ਦਾ ਨਾਂਅ ਦਿੱਤਾ।

ਵਲਾਦੀਮੀਰ ਲੈਨਿਨ ਨੇ ਆਪਣੀ ਕਿਤਾਬ ਇੰਪੀਰੀਅਲਿਜ਼ਮ: ਦ ਹਾਈਐਸਟ ਸਟੇਜ ਆਫ ਕੈਪੀਟਲਿਜ਼ਮ, ਵਿੱਚ ਇਸ ਵਿਚਾਰ ਨੂੰ ਹੋਰ ਅੱਗੇ ਵਧਾਇਆ। ਲੈਨਿਨ ਅਨੁਸਾਰ ਜਦੋਂ ਕੁਝ ਵੱਡੇ ਬੈਂਕ ਅਤੇ ਕਾਰਪੋਰੇਟ ਘਰਾਣੇ ਮਿਲ ਕੇ ਪੂਰੀ ਅਰਥ ਵਿਵਸਥਾ ਦੇ ਵੱਡੇ ਹਿੱਸੇ 'ਤੇ ਪ੍ਰਭਾਵ ਕਾਇਮ ਕਰ ਲੈਂਦੇ ਹਨ, ਤਾਂ ਵਿੱਤੀ ਪੂੰਜੀ ਸਮਾਜ ਦੀ ਆਰਥਿਕ ਅਤੇ ਰਾਜਨੀਤਿਕ ਦਿਸ਼ਾ ਤੱਕ ਪ੍ਰਭਾਵਤ ਕਰਨ ਲੱਗਦੀ ਹੈ।

ਭਾਰਤ ਵਿੱਚ ਸਰਕਾਰੀ ਬੈਂਕਾਂ ਦੇ ਲਗਾਤਾਰ ਵਿਲੀਨੀਕਰਨ ਨੂੰ ਇਸੇ ਵੱਡੇ ਪ੍ਰਸੰਗ ਵਿੱਚ ਵੀ ਦੇਖਣ ਦੀ ਲੋੜ ਹੈ।

### ਕੀ ਅਸਲ ਮਕਸਦ ਕੁਸ਼ਲਤਾ ਹੈ ?

ਸਰਕਾਰ ਦਾ ਦਾਅਵਾ ਹੈ ਕਿ ਵੱਡੇ ਬੈਂਕ ਵਧੇਰੇ ਕੁਸ਼ਲ ਹੋਣਗੇ, ਪਰ ਤਜਰਬਾ ਦੱਸਦਾ ਹੈ ਕਿ ਕੁਸ਼ਲਤਾ ਸਿਰਫ਼ ਆਕਾਰ ਨਾਲ ਨਹੀਂ ਆਉਂਦੀ। ਬੈਂਕ ਦੀ ਕਾਰਗੁਜ਼ਾਰੀ ਉਸ ਦੇ ਪ੍ਰਬੰਧਨ, ਜਵਾਬਦੇਹੀ, ਪਾਰਦਰਸ਼ਤਾ, ਮਨੁੱਖੀ ਸਰੋਤਾਂ ਅਤੇ ਕਰਜ਼ਾ ਨੀਤੀ ਤੇ ਨਿਰਭਰ ਕਰਦੀ ਹੈ।

ਇਸ ਲਈ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਵਿਲੀਨੀਕਰਨ ਦਾ ਅਸਲ ਉਦੇਸ਼ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਹਜ਼ਾਰਾਂ ਕਰੋੜ ਰੁਪਏ ਦੇ ਕਰਜ਼ੇ ਦੇਣਾ ਹੋਰ ਆਸਾਨ ਬਣਾਉਣਾ ਹੈ ? ਕੀ ਇਹ ਸਰਕਾਰੀ ਬੈਂਕਾਂ ਵਿੱਚ ਸਰਕਾਰ ਦੀ ਭੂਮਿਕਾ ਘਟਾ ਕੇ ਭਵਿੱਖ ਵਿੱਚ ਨਿੱਜੀਕਰਨ ਲਈ ਰਸਤਾ ਸਾਫ਼ ਕਰਨ ਦੀ ਤਿਆਰੀ ਹੈ ? ਕੀ ਇਹ ਵਿੱਤੀ ਖੇਤਰ ਨੂੰ ਨਵਉਦਾਰਵਾਦੀ ਨੀਤੀਆਂ ਅਨੁਸਾਰ ਮੁੜ-ਸੰਗਠਿਤ ਕਰਨ ਦੀ ਲੰਮੀ ਰਣਨੀਤੀ ਦਾ ਹਿੱਸਾ ਹੈ ?

ਇਹ ਸਵਾਲ ਇਸ ਲਈ ਵੀ ਮਹੱਤਵਪੂਰਨ ਹਨ, ਕਿਉਂਕਿ ਪਿਛਲੇ ਤਿੰਨ ਦਹਾਕਿਆਂ ਵਿੱਚ ਵਿੱਤੀ ਖੇਤਰ ਨਾਲ ਜੁੜੇ ਜ਼ਿਆਦਾਤਰ ਸੁਧਾਰਾਂ ਦਾ ਲਾਭ ਵੱਡੇ ਕਾਰਪੋਰੇਟ ਖੇਤਰ ਨੂੰ ਮਿਲਿਆ ਹੈ, ਜਦਕਿ ਆਮ ਜਨਤਾ ਅਤੇ ਕਰਮਚਾਰੀਆਂ ਤੇ ਇਸ ਦਾ ਬੋਝ ਵਧਿਆ ਹੈ।

### ਨੁਕਸਾਨ ਕਿਸ ਨੂੰ ਹੋਵੇਗਾ ?

ਬੈਂਕਾਂ ਦੇ ਵਿਲੀਨੀਕਰਨ ਦਾ ਸਭ ਤੋਂ ਵੱਧ ਪ੍ਰਭਾਵ ਉਹਨਾਂ ਵਰਗਾਂ 'ਤੇ ਪੈਂਦਾ ਹੈ, ਜੋ ਸਰਕਾਰੀ ਬੈਂਕਾਂ ਤੇ ਨਿਰਭਰ ਹਨ। ਪੇਂਡੂ ਅਤੇ ਦੂਰ-ਦੁਰਾਡੇ ਇਲਾਕਿਆਂ ਦੀਆਂ ਸ਼ਾਖਾਵਾਂ ਨੂੰ ਗੈਰ-ਲਾਭਕਾਰੀ ਦੱਸ ਕੇ ਬੰਦ ਜਾਂ ਇਕੱਠਾ ਕੀਤਾ ਜਾ ਸਕਦਾ ਹੈ। ਛੋਟੇ ਕਿਸਾਨਾਂ, ਖੇਤੀਬਾੜੀ, ਸਵੈ-ਰੋਜ਼ਗਾਰ ਅਤੇ ਛੋਟੇ ਉਦਯੋਗਾਂ ਨੂੰ ਮਿਲਣ ਵਾਲੇ ਕਰਜ਼ਿਆਂ ਦੀ ਥਾਂ ਵੱਡੇ ਕਾਰਪੋਰੇਟ ਕਰਜ਼ਿਆਂ ਨੂੰ ਵਧੇਰੇ ਤਰਜੀਹ ਮਿਲ ਸਕਦੀ ਹੈ।

ਇਸ ਦੇ ਨਾਲ ਹੀ ਕਰਮਚਾਰੀਆਂ ਦੀ ਭਰਤੀ ਵਿੱਚ ਕਮੀ, ਖਾਲੀ ਅਸਾਮੀਆਂ ਨੂੰ ਨਾ ਭਰਨਾ, ਕੰਮ ਦਾ ਵਧਦਾ ਬੋਝ ਅਤੇ ਸੇਵਾਵਾਂ ਦਾ ਵਪਾਰੀਕਰਨ ਵੀ ਇਸ ਪ੍ਰਕਿਰਿਆ ਦੇ ਸੰਭਾਵੀ ਨਤੀਜੇ ਹਨ। ਜੇ ਬੈਂਕਾਂ ਦਾ ਮੁੱਖ ਮਾਪਦੰਡ ਕੇਵਲ ਮੁਨਾਫ਼ਾ ਬਣ ਜਾਵੇ, ਤਾਂ ਸਮਾਜਿਕ ਬੈਂਕਿੰਗ ਅਤੇ ਵਿੱਤੀ ਸਮਾਵੇਸ਼ ਦੀ ਧਾਰਨਾ ਕਮਜ਼ੋਰ ਪੈ ਸਕਦੀ ਹੈ।

### ਕੀ ਵੱਡਾ ਬੈਂਕ ਹੀ ਸੁਰੱਖਿਅਤ ਬੈਂਕ ਹੁੰਦਾ ਹੈ ?

ਇਤਿਹਾਸ ਇਸ ਧਾਰਨਾ ਦੀ ਪੁਸ਼ਟੀ ਨਹੀਂ ਕਰਦਾ। 2008 ਦੇ ਵਿਸ਼ਵ ਵਿੱਤੀ ਸੰਕਟ ਨੇ ਸਾਬਤ ਕਰ ਦਿੱਤਾ ਕਿ ਦੁਨੀਆ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਪ੍ਰਭਾਵਸ਼ਾਲੀ ਬੈਂਕ ਵੀ ਡਿੱਗ ਸਕਦੇ ਹਨ। ਕਈ ਵੱਡੀਆਂ ਵਿੱਤੀ ਸੰਸਥਾਵਾਂ ਨੂੰ ਸਰਕਾਰਾਂ ਨੇ ਲੋਕਾਂ ਦੇ ਪੈਸੇ ਨਾਲ ਬਚਾਇਆ। ਇਸ ਲਈ ਸਿਰਫ਼ ਬੈਂਕ ਦਾ ਆਕਾਰ ਵੱਡਾ ਹੋਣਾ ਨਾ ਤਾਂ ਸਥਿਰਤਾ ਦੀ ਗਾਰੰਟੀ ਹੈ ਅਤੇ ਨਾ ਹੀ ਬਿਹਤਰ ਪ੍ਰਬੰਧਨ ਦੀ।

### ਅਸਲ ਸੁਧਾਰ ਕੀ ਹੋਣੇ ਚਾਹੀਦੇ ਹਨ ?

ਜੇ ਸਰਕਾਰੀ ਬੈਂਕਾਂ ਨੂੰ ਸੱਚਮੁੱਚ ਮਜ਼ਬੂਤ ਬਣਾਉਣਾ ਹੈ, ਤਾਂ ਲੋੜ ਹੈ ਕਿ ਵੱਡੇ ਕਾਰਪੋਰੇਟ ਕਰਜ਼ਿਆਂ ਦੀ ਪ੍ਰਭਾਵਸ਼ਾਲੀ ਵਸੂਲੀ ਕੀਤੀ ਜਾਵੇ, ਜਾਣਬੁੱਝ ਕੇ ਕਰਜ਼ਾ ਨਾ ਚੁਕਾਉਣ ਵਾਲੇ ਵੱਡੇ ਡਿਫਾਲਟਰਾਂ ਵਿਰੁੱਧ ਸਖ਼ਤ ਕਾਰਵਾਈ ਹੋਵੇ, ਪੇਂਡੂ ਅਤੇ ਸਮਾਜਿਕ ਬੈਂਕਿੰਗ ਨੂੰ ਹੋਰ ਮਜ਼ਬੂਤ ਕੀਤਾ ਜਾਵੇ, ਖਾਲੀ ਅਸਾਮੀਆਂ ਤੁਰੰਤ ਭਰੀਆਂ ਜਾਣ ਅਤੇ ਸਰਕਾਰੀ ਬੈਂਕਾਂ ਦੇ ਜਨਤਕ ਚਰਿੱਤਰ ਅਤੇ ਖੁਦਮੁਖਤਿਆਰੀ ਦੀ ਰੱਖਿਆ ਕੀਤੀ ਜਾਵੇ।

### ਨਤੀਜਾ

ਸਰਕਾਰੀ ਬੈਂਕਾਂ ਦਾ ਵਿਲੀਨੀਕਰਨ ਸਿਰਫ਼ ਦਫ਼ਤਰੀ ਪੁਨਰਗਠਨ ਨਹੀਂ ਹੈ। ਇਹ ਭਾਰਤੀ ਅਰਥਵਿਵਸਥਾ ਵਿੱਚ ਵਿੱਤੀ ਪੂੰਜੀ ਦੇ ਵਧਦੇ ਕੇਂਦਰੀਕਰਨ ਦੀ ਇੱਕ ਮਹੱਤਵਪੂਰਨ ਪ੍ਰਕਿਰਿਆ ਹੈ। ਇਸ ਲਈ ਇਸ ਦਾ ਮੁਲਾਂਕਣ ਕੇਵਲ ਇਸ ਗੱਲ ਨਾਲ ਨਹੀਂ ਕੀਤਾ ਜਾ ਸਕਦਾ ਕਿ ਕਿੰਨੇ ਬੈਂਕ ਬਚੇ ਜਾਂ ਕਿੰਨਾ ਖਰਚ ਘਟਿਆ। ਅਸਲ ਸਵਾਲ ਇਹ ਹੈ ਕਿ ਬੈਂਕਿੰਗ ਪ੍ਰਣਾਲੀ ਆਖ਼ਰ ਕਿਸ ਦੀ ਸੇਵਾ ਕਰ ਰਹੀ ਹੈ, ਆਮ ਜਨਤਾ ਦੀ ਜਾਂ ਵੱਡੀ ਕਾਰਪੋਰੇਟ ਪੂੰਜੀ ਦੀ ?

ਜੇ ਸਰਕਾਰੀ ਬੈਂਕ ਆਪਣਾ ਜਨਤਕ ਚਰਿੱਤਰ, ਸਮਾਜਿਕ ਜ਼ਿੰਮੇਵਾਰੀ ਅਤੇ ਲੋਕ-ਕੇਂਦਰਿਤ ਭੂਮਿਕਾ ਗੁਆ ਬੈਠੇ, ਤਾਂ ਇਹ ਸਿਰਫ਼ ਬੈਂਕਿੰਗ ਖੇਤਰ ਦੀ ਤਬਦੀਲੀ ਨਹੀਂ ਹੋਵੇਗੀ, ਸਗੋਂ ਦੇਸ਼ ਦੀ ਆਰਥਿਕ ਦਿਸ਼ਾ ਵਿੱਚ ਇੱਕ ਡੂੰਘਾ ਬਦਲਾਅ ਹੋਵੇਗਾ। ਇਸੇ ਲਈ ਬੈਂਕਾਂ ਦੇ ਵਿਲੀਨੀਕਰਨ ਨੂੰ ਸਿਰਫ਼ ਪ੍ਰਸ਼ਾਸਕੀ ਸੁਧਾਰ ਨਹੀਂ, ਸਗੋਂ ਜਨਤਕ ਹਿੱਤ, ਆਰਥਿਕ ਲੋਕਤੰਤਰ ਅਤੇ ਵਿੱਤੀ ਨਿਆਂ ਦੇ ਨਜ਼ਰੀਏ ਤੋਂ ਵੀ ਪਰਖਣ ਦੀ ਲੋੜ ਹੈ।

**# ਸੰਪਰਕ : 99884-91002**

# ਭਾਰਤ ਦੀ ਸਿੱਖਿਆ ਪ੍ਰਣਾਲੀ ਅਤੇ ਰੁਜ਼ਗਾਰ

ਸੁਖਦੇਵ ਸਲੇਮਪੁਰੀ

ਭਾਰਤ ਸਰਕਾਰ ਹਰ ਸਾਲ ਕੌਮੀ ਪੱਧਰ ਦੀਆਂ ਵੱਖ-ਵੱਖ ਪ੍ਰੀਖਿਆਵਾਂ ਦੌਰਾਨ ਚਾਹਵਾਨ ਉਮੀਦਵਾਰਾਂ/ਵਿਦਿਆਰਥੀਆਂ/ਸਿਖਿਆਰਥੀਆਂ ਕੋਲੋਂ ਜਿੰਨੀਆਂ ਫੀਸਾਂ ਦੀ ਵਸੂਲੀ ਕਰਦੀ ਹੈ, ਇੱਕ ਬਹੁਤ ਵੱਡੀ ਰਕਮ ਬਣਦੀ ਹੈ। ਇੱਕ ਅਨੁਮਾਨ ਅਨੁਸਾਰ ਭਾਰਤ ਵਿੱਚ ਹਰ ਸਾਲ ਲਗਭਗ 22 ਲੱਖ ਉਮੀਦਵਾਰ ਨੀਟ ਦੀ ਪ੍ਰੀਖਿਆ ਵਿੱਚ ਬੈਠਣ ਲਈ ਕੇਂਦਰ ਦੇ ਖਜ਼ਾਨੇ ਵਿੱਚ ਫੀਸ ਦੇ ਰੂਪ ਵਿੱਚ ਪੈਸੇ ਜਮ੍ਹਾਂ ਕਰਵਾਉਂਦੇ ਹਨ। ਉਮੀਦਵਾਰਾਂ ਵੱਲੋਂ ਪ੍ਰੀਖਿਆ ਲਈ ਫੀਸ ਦੇ ਰੂਪ ਵਿੱਚ ਜਿਹੜੀ ਰਕਮ ਜਮਾਂ ਕਰਵਾਈ ਜਾਂਦੀ ਹੈ, ਉਹ ਨਾ ਹਜ਼ਾਰਾਂ ਵਿੱਚ, ਨਾ ਲੱਖਾਂ ਵਿਚ, ਬਲਕਿ ਕਰੋੜਾਂ ਰੁਪਈਆਂ ਵਿਚ ਜਮ੍ਹਾਂ ਹੁੰਦੀ ਹੈ। ਇੱਕ ਅਨੁਮਾਨ ਅਨੁਸਾਰ ਨੀਟ ਦੀ ਪ੍ਰੀਖਿਆ ਵਿੱਚ ਬੈਠਣ ਵਾਲੇ ਉਮੀਦਵਾਰਾਂ ਕੋਲੋਂ ਹਰ ਸਾਲ ਕੇਂਦਰ ਸਰਕਾਰ 1.32 ਲੱਖ ਕਰੋੜ ਰੁਪਏ ਇਕੱਠੇ ਕਰ ਲੈਂਦੀ ਹੈ। ਦੱਸਣਯੋਗ ਹੈ ਕਿ ਕੇਂਦਰ ਸਰਕਾਰ ਸਿੱਖਿਆ ਲਈ ਜਿੰਨਾ ਬਜਟ ਨਿਵੇਸ਼ ਕਰਦੀ ਹੈ, ਉਹ ਲਗਭਗ ਨੀਟ ਪ੍ਰੀਖਿਆ ਦੀ ਫੀਸ ਦੇ ਬਰਾਬਰ 1.4 ਲੱਖ ਕਰੋੜ ਰੁਪਏ ਦੇ ਕਰੀਬ ਹੁੰਦਾ ਹੈ। ਇਸ ਦਾ ਮਤਲਬ ਹੈ ਕਿ 22 ਲੱਖ ਉਮੀਦਵਾਰ /ਵਿਦਿਆਰਥੀ ਇੱਕ ਪ੍ਰੀਖਿਆ ਲਈ ਓਨੀ ਫੀਸ ਦੇ ਬਰਾਬਰ ਪੈਸੇ ਜਮ੍ਹਾਂ ਕਰਵਾਉਂਦੇ ਹਨ, ਜਿੰਨਾ ਬਜਟ ਭਾਰਤ ਸਰਕਾਰ ਆਪਣੇ ਸਿੱਖਿਆ ਬਜਟ ਲਈ ਰੱਖਦੀ ਹੈ। ਇਸੇ ਤਰ੍ਹਾਂ ਹੀ ਦੇਸ਼ ਦੀਆਂ ਸਭ ਤੋਂ ਵੱਡੀਆਂ ਵੱਖ-ਵੱਖ ਪ੍ਰਕਾਰ ਦੀਆਂ 5 ਮਹੱਤਵਪੂਰਨ ਪ੍ਰੀਖਿਆਵਾਂ /ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਜਿਹੜੀਆਂ ਫੀਸਾਂ ਚਾਹਵਾਨ ਉਮੀਦਵਾਰਾਂ ਕੋਲੋਂ ਸਰਕਾਰ ਵਸੂਲਦੀ ਹੈ, ਦਾ ਅੰਕੜਾ ਵੀ ਹੈਰਾਨੀਜਨਕ ਤੱਥ ਪੇਸ਼ ਕਰਦਾ ਹੈ। ਦੇਸ਼ ਦੀਆਂ ਸਭ ਤੋਂ ਵੱਡੀਆਂ ਜਿਹੜੀਆਂ ਪ੍ਰੀਖਿਆਵਾਂ ਹਨ, ਉਨ੍ਹਾਂ ਵਿੱਚ ਐੱਸ. ਐੱਸ. ਸੀ. , ਯੂ. ਪੀ. ਐੱਸ. ਸੀ., ਜੇ. ਈ. ਈ., ਆਰ. ਆਰ. ਬੀ. ਅਤੇ ਨੀਟ ਆਦਿ ਪ੍ਰੀਖਿਆਵਾਂ ਸ਼ਾਮਲ ਹਨ, ਲਈ ਉਮੀਦਵਾਰਾਂ ਕੋਲੋਂ ਫੀਸ ਦੇ ਰੂਪ ਵਿੱਚ ਲਗਭਗ 3.5 ਲੱਖ ਕਰੋੜ ਰੁਪਏ ਇਕੱਠੇ ਕੀਤੇ ਜਾਂਦੇ ਹਨ।

ਸਰਕਾਰ ਇਹੀ ਬਜਟ ਸਿੱਖਿਆ, ਸਿਹਤ, ਕਿਰਤ, ਵਿਗਿਆਨ ਅਤੇ ਔਰਤ ਅਤੇ ਬਾਲ ਵਿਕਾਸ ਮੰਤਰਾਲਿਆਂ ਨੂੰ ਵੀ ਅਲਾਟ ਕਰਦੀ ਹੈ, ਯਾਨਿ ਕਿ ਲੋਕਾਂ ਦੀਆਂ ਜੁੱਤੀਆਂ ਲੋਕਾਂ ਦੇ ਸਿਰ ਪੈਂਦੀਆਂ ਹਨ! ਉਂਝ ਸਾਡੇ ਨੇਤਾ ਸਟੇਜਾਂ 'ਤੇ ਖੜ੍ਹੇ ਹੋ ਕੇ ਲੋਕ ਭਲਾਈ ਸਕੀਮਾਂ ਗਿਣਦੇ ਥੱਕਦੇ ਨਹੀਂ।

ਇਸ ਵੇਲੇ ਦੇਸ਼ ਵਿਚ ਕਰਵਾਈਆਂ ਜਾਣ ਵਾਲੀਆਂ ਪ੍ਰੀਖਿਆਵਾਂ ਦੀ ਸਥਿਤੀ ਬਹੁਤ ਡਗਮਗਾ ਰਹੀ ਹੈ, ਜਿਸ ਦਾ ਖ਼ਮਿਆਜ਼ਾ ਹੁਸ਼ਿਆਰ, ਗਰੀਬ ਅਤੇ ਆਮ ਪਰਵਾਰਾਂ ਨੂੰ ਝਲਣਾ ਪੈ ਰਿਹਾ ਹੈ। ਅਕਸਰ ਸਾਡੇ ਦੇਸ਼ ਵਿਚ ਪ੍ਰੀਖਿਆਵਾਂ ਦੀਆਂ ਮਿਤੀਆਂ ਵਾਰ-ਵਾਰ ਬਦਲੀਆਂ ਜਾਂਦੀਆਂ ਹਨ ਜਾਂ ਐਨ ਮੌਕੇ 'ਤੇ ਰੱਦ ਕੀਤੀਆਂ ਜਾਂਦੀਆਂ ਹਨ ਜਾਂ ਫਿਰ ਪ੍ਰੀਖਿਆਵਾਂ ਹੋਣ ਤੋਂ ਬਾਅਦ ਪ੍ਰੀਖਿਆ ਦਾ ਨਤੀਜਾ ਰੱਦ ਕਰ ਦਿੱਤਾ ਜਾਂਦਾ ਹੈ, ਜੋ ਪਰੀਖਿਆਰਥੀਆਂ ਲਈ ਇਕ ਵੱਡਾ ਧੋਖਾ ਹੋ ਨਿਬੜਦਾ ਹੈ।

ਪਹਿਲਾਂ ਵਿਦਿਆਰਥੀ ਕਿਸੇ ਮਹੱਤਵਪੂਰਨ ਪ੍ਰੀਖਿਆ ਦੀ ਤਿਆਰੀ ਵਿੱਚ ਆਪਣਾ ਬਹੁ-ਕੀਮਤੀ ਲੰਮਾ ਸਮਾਂ ਖਰਚ ਕਰਦੇ ਹਨ, ਫਿਰ ਪ੍ਰੀਖਿਆ ਸਮੇਂ ਸਿਰ ਨਹੀਂ ਹੁੰਦੀ, ਜੇਕਰ ਇਹ ਪ੍ਰੀਖਿਆ ਕਰਵਾਈ ਜਾਂਦੀ ਹੈ ਤਾਂ ਅਕਸਰ ਪ੍ਰੀਖਿਆ ਤੋਂ ਪਹਿਲਾਂ ਹੀ ਪੇਪਰ ਲੀਕ ਹੋ ਜਾਂਦਾ ਹੈ, ਪ੍ਰੀਖਿਆ ਵਿੱਚ ਧਾਂਦਲੀ ਹੁੰਦੀ ਹੈ, ਕਈ ਤਰ੍ਹਾਂ ਦੇ ਭ੍ਰਿਸ਼ਟਾਚਾਰ ਸਾਹਮਣੇ ਆਉਂਦੇ ਹਨ, ਪ੍ਰੀਖਿਆ ਕੇਂਦਰ ਬਣਾਉਣ ਅਤੇ ਪ੍ਰੀਖਿਆ ਕੇਂਦਰ ਅਲਾਟ ਕਰਨ ਸਮੇਂ ਸਿਫਾਰਸ਼ਾਂ ਦਾ ਪੱਖ ਪੂਰਿਆ ਜਾਂਦਾ ਹੈ। ਫਿਰ ਜਦੋਂ ਰੌਲਾ ਪੈਂਦਾ ਹੈ ਤਾਂ ਮਾਮਲਾ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਜੇ ਮਾਮਲਾ ਜ਼ਿਆਦਾ ਵਿਗੜਦਾ ਦਿਸਦਾ ਹੋਵੇ ਤਾਂ ਫਿਰ ਜਾਂਚ ਦਾ ਸਿਲਸਿਲਾ ਸ਼ੁਰੂ ਹੋ ਜਾਂਦਾ ਹੈ, ਜਿਸ ਦੀ ਜਾਂਚ ਰਿਪੋਰਟ ਕਈ ਸਾਲਾਂ ਬਾਅਦ ਆਉਂਦੀ ਹੈ, ਜੇ ਮਾਮਲਾ ਠੰਢਾ ਪੈ ਜਾਵੇ ਤਾਂ ਜਾਂਚ ਦਾ ਕੰਮ ਥੋੜ੍ਹੇ ਸਮੇਂ ਬਾਅਦ ਠੰਢੇ ਬਸਤੇ ਵਿੱਚ ਪਾ ਦਿੱਤਾ ਜਾਂਦਾ ਹੈ।

ਅੱਜ ਸਭ ਤੋਂ ਵੱਡਾ ਮੁੱਦਾ ਇਹ ਹੈ ਕਿ ਸਿੱਖਿਆ ਭਵਿੱਖ ਦਾ ਉੱਜਲ ਸਿਸਟਮ ਬਣਨ ਦੀ ਬਿਜਾਏ ਸਿੱਖਿਆ ਲੁੱਟ ਦਾ ਸਿਸਟਮ ਬਣਕੇ ਰਹਿ ਗਿਆ ਹੈ। ਇੱਕ ਵਿਦਿਆਰਥੀ ਸਕੂਲ ਅਤੇ ਕਾਲਜ ਦੀਆਂ ਫੀਸਾਂ, ਕੋਚਿੰਗ, ਫਾਰਮ ਫੀਸਾਂ, ਯਾਤਰਾ ਅਤੇ ਰਿਹਾਇਸ਼ ਉਪਰ ਚੋਖਾ ਖਰਚ ਕਰਦਾ ਹੈ।ਪਰਵਾਰ ਲੱਖਾਂ ਰੁਪਏ ਖਰਚ ਕਰਦਾ ਹੈ, ਪਰ ਅੰਤ ਵਿੱਚ ਨੌਕਰੀ ਦੀ ਕੋਈ ਗਰੰਟੀ ਨਹੀਂ। ਅੱਜ 100 ਵਿੱਚੋਂ 80 ਇੰਜੀਨੀਅਰ ਬੇਰੁਜ਼ਗਾਰ ਹਨ, ਇਹ ਇੱਕ ਅਜਿਹੀ ਸਥਿਤੀ ਹੈ,ਜੋ ਦੇਸ਼ ਦੇ ਭਵਿੱਖ ਲਈ ਖ਼ਤਰਾ ਬਣ ਰਹੀ ਹੈ।

ਪੇਪਰ ਲੀਕ ਹੁੰਦੇ ਹਨ, ਪੇਪਰਾਂ ਵਿੱਚ ਨਕਲ ਕਰਵਾਈ ਜਾਂਦੀ ਹੈ। ਸੰਵੇਦਨਸ਼ੀਲ ਵਿਦਿਆਰਥੀ ਕਈ ਵਾਰ ਖੁਦਕੁਸ਼ੀ ਕਰਨ ਦਾ ਰਾਹ ਅਪਣਾ ਲੈਂਦੇ ਹਨ, ਢੁਕਵਾਂ ਰੁਜ਼ਗਾਰ ਨਾ ਮਿਲਣ 'ਤੇ ਕਈ ਜ਼ਿੰਦਗੀਆਂ ਹਨੇਰੇ ਵਿੱਚ ਗੁਆਚ ਜਾਂਦੀਆਂ ਹਨ, ਦਰਦਨਾਕ ਘਟਨਾਵਾਂ ਵਾਪਰਦੀਆਂ ਹਨ, ਮਾਪਿਆਂ ਦਾ ਦਿਲ ਝੰਜੋੜਿਆ ਜਾਂਦਾ ਹੈ, ਵਲੂੰਧਰਿਆ ਜਾਂਦਾ ਹੈ,ਮਾਪੇ ਧੁਰ ਅੰਦਰੋਂ ਟੁੱਟ ਜਾਂਦੇ ਹਨ, ਦੁਨੀਆ ਲੁੱਟੀ ਜਾਂਦੀ ਹੈ, ਜ਼ਿੰਦਗੀ ਵਿਚ ਹਨੇਰਾ ਛਾ ਜਾਂਦਾ ਹੈ, ਮਾਪਿਆਂ ਦੇ ਦਿਮਾਗ ਦੀ ਸਥਿਤੀ ਪਾਗਲਾਂ ਵਰਗੀ ਹੋ ਜਾਂਦੀ ਹੈ।

ਪੇਪਰ ਲੀਕ ਹੋਣਾ ਸਿਰਫ਼ ਅਪਰਾਧ ਨਹੀਂ, ਬਲਕਿ ਇਹ ਪ੍ਰਣਾਲੀਗਤ ਅਸਫਲਤਾਵਾਂ ਹਨ। ਜਦੋਂ ਪੇਪਰ ਵਾਰ-ਵਾਰ ਲੀਕ ਹੁੰਦੇ ਹਨ, ਤਾਂ ਇਹ ਸਿਰਫ਼ ਇੱਕ ਵਿਅਕਤੀ ਦੀ ਗਲਤੀ ਨਹੀਂ ਹੁੰਦੀ, ਸਗੋਂ ਪੂਰੀ ਪ੍ਰਣਾਲੀ ਦੀਆਂ ਕਮਜ਼ੋਰੀਆਂ ਦਾ ਪ੍ਰਤੀਬਿੰਬ ਹੁੰਦਾ ਹੈ। ਸਭ ਤੋਂ ਵੱਡੀ ਵਿਡੰਬਨਾ ਇਹ ਹੈ ਕਿ ਜਿਨ੍ਹਾਂ ਵਿਦਿਆਰਥੀਆਂ ਨੇ ਸਾਲਾਂ ਤੋਂ ਇਮਾਨਦਾਰੀ ਨਾਲ ਸਖ਼ਤ ਮਿਹਨਤ ਕੀਤੀ ਹੁੰਦੀ ਹੈ, ਉਨ੍ਹਾਂ ਨੂੰ ਸਭ ਤੋਂ ਵੱਧ ਨੁਕਸਾਨ ਹੁੰਦਾ ਹੈ।ਹਰ ਸਾਲ ਲੱਖਾਂ ਨੌਜਵਾਨ ਡਿਗਰੀਆਂ ਪ੍ਰਾਪਤ ਕਰਦੇ ਹਨ, ਪਰ ਰੁਜ਼ਗਾਰ ਦੇ ਮੌਕੇ ਉਸੇ ਰਫ਼ਤਾਰ ਨਾਲ ਨਹੀਂ ਵਧ ਰਹੇ ਹਨ। ਬਹੁਤ ਸਾਰੇ ਅਦਾਰਿਆਂ ਵੱਲੋਂ ਫੰਡ/ਫ਼ੀਸਾਂ ਠੋਕ ਕੇ ਇਕੱਠੇ ਕੀਤੇ ਜਾਂਦੇ ਹਨ, ਪਰ ਉਥੇ ਪੜ੍ਹਾਈ ਲਈ ਢੁਕਵੇਂ ਸਾਧਨ ਨਹੀਂ ਹੁੰਦੇ, ਜਿਸ ਕਰਕੇ ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਨਹੀਂ ਕੀਤੀ ਜਾਂਦੀ।ਜੇਕਰ ਨੌਜਵਾਨ ਆਪਣੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਵੀ ਬੇਰੁਜ਼ਗਾਰ ਰਹਿੰਦੇ ਹਨ, ਤਾਂ ਸਿੱਖਿਆ ਅਤੇ ਰੁਜ਼ਗਾਰ ਨੀਤੀਆਂ ਵਿਚਕਾਰ ਇੱਕ ਮਹੱਤਵਪੂਰਨ ਅੰਤਰ ਹੋ ਨਿਬੜਦਾ ਹੈ, ਜਿਸ ਲਈ ਸਰਕਾਰ ਪੂਰੀ ਤਰ੍ਹਾਂ ਜ਼ਿੰਮੇਵਾਰ ਹੁੰਦੀ ਹੈ। ਦੇਸ਼ ਦੀਆਂ ਮਹੱਤਵਪੂਰਨ ਪਰੀਖਿਆਵਾਂ ਵਿੱਚ ਮੱਧ-ਵਰਗੀ ਅਤੇ ਖਾਂਦੇ-ਪੀਂਦੇ, ਅਮੀਰ ਪਰਵਾਰਾਂ ਦੇ ਬੱਚੇ ਬੈਠਦੇ ਹਨ, ਜਦਕਿ ਝੁੱਗੀਆਂ-ਝੌਂਪੜੀਆਂ ਅਤੇ ਗਰੀਬ ਪਰਵਾਰਾਂ ਦੇ ਬੱਚਿਆਂ ਨੂੰ ਤਾਂ ਮੁੱਢਲੀ ਸਕੂਲੀ ਪੜ੍ਹਾਈ ਵੀ ਨਸੀਬ ਨਹੀਂ ਹੁੰਦੀ, ਫਿਰ ਕਾਲਜ ਅਤੇ ਯੂਨੀਵਰਸਿਟੀਆਂ ਵਿੱਚ ਜਾ ਕੇ ਪੜ੍ਹਾਈ ਕਰਨਾ ਤਾਂ ਸ਼ਾਇਦ ਉਨ੍ਹਾਂ ਦੀ ਜ਼ਿੰਦਗੀ ਦਾ ਹਿੱਸਾ ਨਹੀਂ। ਦੇਸ਼ ਦਾ ਵਿੱਦਿਅਕ ਢਾਂਚਾ ਕਾਰਪੋਰੇਟ ਕੰਪਨੀਆਂ ਦੇ ਹੱਥਾਂ ਵਿੱਚ ਚਲਿਆ ਗਿਆ ਹੈ, ਜਿਸ ਕਰਕੇ ਪੜ੍ਹਾਈ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈ ਹੈ, ਜਦਕਿ ਸਰਕਾਰ ਵੱਲੋਂ ਕਾਰਪੋਰੇਟਾਂ ਦਾ ਕਾਰੋਬਾਰ ਵਧਾਉਣ ਲਈ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ।

**# ਸੰਪਰਕ : 97806-20233**

# ਪੰਜਾਬ 'ਚ ਉਚੇਰੀ ਸਿੱਖਿਆ : ਸਥਿਤੀ ਅਤੇ ਸੰਭਾਵਨਾਵਾਂ



ਜਗਰੂਪ ਸਿੰਘ

ਦੇਸ਼ ਦਾ ਵਿਕਾਸ, ਸਿਹਤ ਅਤੇ ਸਮਾਜਿਕ ਵਿਵਸਥਾ 'ਸਿੱਖਿਆ' ਦੇ ਚੰਗੇ ਪਸਾਰ 'ਤੇ ਨਿਰਭਰ ਕਰਦੇ ਹਨ।ਸਿੱਖਿਆ ਤੋਂ ਭਾਵ ਉਹ ਜਾਣਕਾਰੀਆਂ ਦਾ ਸੰਗ੍ਰਹਿ, ਜੋ ਸਹੀ ਨੂੰ ਸਹੀ ਤੇ ਗਲਤ ਨੂੰ ਗਲਤ ਸਾਬਿਤ ਕਰਨ ਦੀ ਸਮੱਰਥਾ ਨੂੰ ਵਿਕਸਤ ਕਰਦਾ ਹੈ।ਸਿੱਖਿਆ ਨਿਆਂਕਾਰੀ ਵਿਵਸਥਾ ਦੀ ਚੂਲ ਹੈ।ਇਹ ਅਨਿਆਂ ਦਾ ਵਿਰੋਧ ਕਰਨ ਅਤੇ ਬਰਾਬਰੀ ਲਈ ਹੌਸਲਾ, ਤਰਕ ਤੇ ਸੰਵੇਦਨਾਵਾਂ ਪੈਦਾ ਕਰਨ ਦੀ ਸੰਭਾਵਨਾ ਰੱਖਦੀ ਹੈ।ਸਿੱਖਿਆ ਇਨਸਾਨਾਂ ਨੂੰ ਮੁਸ਼ਕਲਾਂ ਅੱਗੇ ਖਲੋਣ, ਜੂਝਣ ਤੇ ਜਿੱਤਣ ਦੇ ਕਾਬਿਲ ਬਣਾਉਂਦੀ ਹੈ।ਇੱਕ ਸਿੱਖਿਅਤ ਵਿਅਕਤੀ ਅਨਪੜ੍ਹਾਂ ਦੇ ਮੁਕਾਬਲੇ ਸਿਆਣਾ ਅਤੇ ਸਮੇਂ ਦੇ ਹਾਣ ਦਾ ਹੁੰਦਾ ਹੈ।ਸਿੱਖਿਆ ਸਾਨੂੰ ਪੜ੍ਹਾਈ ਅਤੇ ਵਿੱਦਿਆ ਦੇ ਰੂਪ ਵਿੱਚ ਸੋਝੀ ਜਾਂ ਗਿਆਨ ਰੂਪੀ ਚਾਨਣ ਬਖ਼ਸ਼ਦੀ ਹੈ, ਜੋ ਮਨੁੱਖੀ ਸਮਾਜਾਂ ਵਿੱਚੋਂ ਅਗਿਆਨਤਾ ਨੂੰ ਦੂਰ ਕਰਕੇ ਗਿਆਨ ਦੇ ਚਾਨਣ ਨਾਲ ਰੁਸ਼ਨਾਉਣ ਦੀ ਸਮਰੱਥਾ ਰੱਖਦੀ ਹੈ।ਪੰਜਾਬ ਗੁਰੂਆਂ, ਪੀਰਾਂ ਤੇ ਪੈਗੰਬਰਾਂ ਦੀ ਧਰਤੀ ਹੈ, ਜਿਨ੍ਹਾਂ ਨੇ ਵਿੱਦਿਆ ਨੂੰ ਮਨੁੱਖ ਦੇ ਤੀਸਰਾ ਨੇਤਰ ਦਾ ਦਰਜਾ ਦੇ ਕੇ ਵਿੱਦਿਆ ਦੁਆਰਾ ਗ੍ਰਹਿਣ ਕੀਤੀ ਜਾਂਦੀ ਸੂਝ-ਬੂਝ, ਤਰਕ ਦ੍ਰਿਸ਼ਟੀ ਅਤੇ ਵਿਗਿਆਨਿਕ ਸੋਚ ਵਿਕਸਤ ਕਰਨ ਵੱਲ ਇਸ਼ਾਰਾ ਕੀਤਾ ਹੈ।

ਜਦੋਂ ਅਸੀਂ ਮਨੁੱਖੀ ਇਤਿਹਾਸ ਦੇ ਪਿਛੋਕੜ ਵੱਲ ਨਜ਼ਰ ਮਾਰਦੇ ਹਾਂ ਤਾਂ ਭਾਰਤ ਵਿੱਚ ਉਚੇਰੀ ਸਿੱਖਿਆ ਅਤੇ ਗਿਆਨ ਵੈਦਿਕ ਕਾਲ ਵਿੱਚ ਰਿਸ਼ੀਆਂ ਅਤੇ ਪੰਡਤਾਂ ਦੁਆਰਾ ਪ੍ਰਦਾਨ ਕੀਤੇ ਜਾਣ ਦੇ ਸੰਕੇਤ ਮਿਲਦੇ ਹਨ।ਸਾਨੂੰ ਇਹ ਵੀ ਪਤਾ ਲੱਗਦਾ ਹੈ ਕਿ ਸਿੱਖਿਆ ਦੀ ਮੁੱਢਲੀ ਗੁਰੂਕੁਲ ਪ੍ਰਣਾਲੀ ਵੈਦਿਕ ਅਤੇ ਉਪਨਿਸ਼ਦ ਕਾਲ ਵਿੱਚ ਪ੍ਰਫੁਲਤ ਹੋਈ।ਇਸੇ ਤਰ੍ਹਾਂ ਉਚੇਰੀ ਸਿੱਖਿਆ ਪ੍ਰਦਾਨ ਕਰਨ ਵਾਲੀ ਪਹਿਲੀ ਯੂਨੀਵਰਸਿਟੀ 6ਵੀਂ ਸਦੀ ਈਸਾ ਪੂਰਵ ਵਿੱਚ ਟੈਕਸਿਲਾ ਵਿਖੇ ਸਥਾਪਤ ਹੋਈ, ਨਾਲੰਦਾ ਯੂਨੀਵਰਸਿਟੀ ਦੇ ਚੌਥੀ ਸਦੀ ਵਿੱਚ ਸਥਾਪਤ ਹੋਣ ਦੇ ਸੰਕੇਤ ਮਿਲਦੇ ਹਨ।ਇਸੇ ਆਧਾਰ ਤੇ ਕਿਹਾ ਜਾ ਸਕਦਾ ਹੈ ਕਿ ਸਾਡੇ ਦੇਸ਼ ਵਿੱਚ ਉਚੇਰੀ ਸਿੱਖਿਆ ਦੀ ਮਹਾਨ ਵਿਰਾਸਤ ਰਹੀ ਹੈ।ਹਿਸਾਬ, ਖ਼ੁਗੋਲ, ਰਸਾਇਣ ਅਤੇ ਭੌਤਿਕ ਵਿਗਿਆਨ ਦੇ ਗਿਆਨ ਪੱਖੋਂ ਭਾਰਤ ਪਿਛਲੇ ਸਮਿਆਂ ਵਿੱਚ ਬੁਲੰਦੀਆਂ ਛੂਹ ਰਿਹਾ ਸੀ।ਅਜੋਕੀ ਉਚੇਰੀ ਸਿੱਖਿਆ ਪ੍ਰਣਾਲੀ ਅੰਗਰੇਜ਼ਾਂ ਦੇ ਭਾਰਤ ਉੱਪਰ ਕਬਜ਼ਾ ਕਰਨ ਤੋਂ ਬਾਅਦ ਹੋਂਦ ਵਿੱਚ ਆਈ।ਇਸ ਖੇਤਰ ਵਿੱਚ ਲਾਰਡ ਮੈਕਾਲੇ ਦਾ ਮੁੱਢਲੇ ਸਮਿਆਂ ਵਿੱਚ ਯੋਗਦਾਨ ਸਭ ਤੋਂ ਮਹੱਤਵਪੂਰਨ ਹੈ।ਅਜ਼ਾਦ ਭਾਰਤ ਵਿੱਚ ਸਿੱਖਿਆ ਖ਼ਾਸ ਤੌਰ 'ਤੇ ਉਚੇਰੀ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਸਿਫ਼ਾਰਸ਼ਾਂ ਕਾਰਨ ਧਾਰਨਾਵਾਂ ਵਿਕਸਤ ਕਰਨ ਤੇ ਉਚੇਰੀ ਸਿੱਖਿਆ ਦਾ ਇੱਕ ਬਿਹਤਰ ਮਾਡਲ ਵਿਕਸਤ ਕਰਨ ਲਈ ਕੁਠਾਰੀ ਕਮਿਸ਼ਨ ਦਾ ਮਹੱਤਵਪੂਰਨ ਯੋਗਦਾਨ ਹੈ।ਜਿਵੇਂ ਕਿ ਪਹਿਲਾਂ ਵੀ ਦੱਸਿਆ ਗਿਆ ਹੈ ਕਿ ਸਿੱਖਿਆ ਦਾ ਮਨੁੱਖੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਹੈ, ਪ੍ਰੰਤੂ ਇਸ ਦੇ ਬਾਵਜੂਦ ਸਾਡੇ ਦੇਸ਼ ਖ਼ਾਸ ਤੌਰ 'ਤੇ ਪੰਜਾਬ ਵਿੱਚ ਉਚੇਰੀ ਸਿੱਖਿਆ ਪ੍ਰਤੀ ਨਿਰਾਸ਼ਾਜਨਕ ਧਾਰਨਾਵਾਂ ਪ੍ਰਚਲਤ ਹੋ ਚੁੱਕੀਆਂ ਹਨ।

ਪੰਜਾਬ ਰਾਜ ਵਿੱਚ ਰਾਜਨੀਤਕ ਪਾਰਟੀਆਂ ਦਾ ਸਿਹਤ ਅਤੇ ਸਿੱਖਿਆ ਕਦੇ ਵੀ ਚੋਣ ਮੁੱਦਾ ਨਹੀਂ ਰਿਹਾ।ਜੇਕਰ ਰਾਜ ਦੇ ਸਰਕਾਰੀ ਕਾਲਜਾਂ ਦੀ ਗੱਲ ਕਰੀਏ ਤਾਂ ਇਨ੍ਹਾਂ ਦੀ ਗਿਣਤੀ 48 ਤੋਂ ਵਧ ਕੇ 64 ਹੋ ਗਈ ਹੈ, ਪ੍ਰੰਤੂ ਇਨ੍ਹਾਂ ਕਾਲਜਾਂ ਵਿੱਚ ਅਧਿਆਪਕਾਂ ਦੀਆਂ ਮਨਜ਼ੂਰਸ਼ੁਦਾ 1873 ਅਸਾਮੀਆਂ ਵਿੱਚੋਂ ਸਿਰਫ਼ 253 ਹੀ ਭਰੀਆਂ ਹੋਈਆਂ ਹਨ, ਬਾਕੀ ਅਸਾਮੀਆਂ 'ਤੇ ਐਡਹਾਕ, ਗੈੱਸਟ ਫੈਕਲਟੀ ਅਧਿਆਪਕ ਰੱਖ ਕੇ ਕੰਮ ਚਲਾਇਆ ਜਾ ਰਿਹਾ ਹੈ।ਇਸੇ ਤਰ੍ਹਾਂ ਰਾਜ ਦੀਆਂ ਯੂਨੀਵਰਸਿਟੀਆਂ ਨਾਲ ਜੁੜੇ ਕਾਂਸਟੀਚੂਐਂਟ ਕਾਲਜਾਂ ਦਾ ਹਾਲ ਵੀ ਕੋਈ ਬਹੁਤਾ ਚੰਗਾ ਨਹੀਂ।ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਦੀ ਗਿਣਤੀ 136 ਹੈ।ਇਨ੍ਹਾਂ ਵਿੱਚੋਂ ਅੱਧੇ ਕਾਲਜਾਂ ਵਿੱਚ ਰੈਗੂਲਰ ਪ੍ਰਿੰਸੀਪਲ ਹੀ ਨਹੀਂ ਹਨ।ਇਨ੍ਹਾਂ ਕਾਲਜਾਂ ਦੀਆਂ 1925 ਮਨਜ਼ੂਰਸ਼ੁਦਾ ਅਸਾਮੀਆਂ ਲਈ ਸਰਕਾਰ ਵੱਲੋਂ ਦਿੱਤੀ ਗ੍ਰਾਂਟ 95 ਫੀਸਦੀ ਤੋਂ ਘਟਾ ਕੇ 75 ਫੀਸਦੀ ਕਰ ਦਿੱਤੀ ਗਈ।ਬਹੁਤ ਸਾਰੇ ਬੀ ਐੱਡ ਅਤੇ ਪੋਲੀਟੈਕਨੀਕਲ ਜਾਂ ਪ੍ਰੋਫ਼ੈਸ਼ਨਲ ਕਾਲਜ ਦਾਖ਼ਲਿਆਂ ਨੂੰ ਉਡੀਕਦੇ ਹੋਏ ਬੰਦ ਹੋ ਚੁੱਕੇ ਹਨ ਜਾਂ ਹੋ ਰਹੇ ਹਨ।

ਜਦੋਂ ਸਰਕਾਰ ਦੇ ਅਧੀਨ ਸਰਕਾਰੀ ਉੱਚ ਅਦਾਰਿਆਂ ਦਾ ਹਾਲ ਤਸੱਲੀਬਖ਼ਸ਼ ਨਹੀਂ ਤਾਂ ਪ੍ਰਾਈਵੇਟ ਯੂਨੀਵਰਸਿਟੀਆਂ ਅਤੇ ਕਾਲਜ ਮਨਮਾਨੀਆਂ ਕਰਨ ਲਈ ਅਜ਼ਾਦ ਹਨ।ਇਸ ਦਾ ਨੁਕਸਾਨ ਇਹ ਹੋ ਰਿਹਾ ਹੈ ਕਿ ਸੂਬੇ ਦੇ ਬਹੁ-ਗਿਣਤੀ ਨੌਜਵਾਨ ਲੜਕੇ ਅਤੇ ਲੜਕੀਆਂ ਉਚੇਰੀ ਸਿੱਖਿਆ ਹਾਸਿਲ ਕਰਕੇ ਇੱਥੇ ਆਪਣਾ ਭਵਿੱਖ ਸੰਵਾਰਨ ਅਤੇ ਦੇਸ਼ ਸੇਵਾ ਵਿੱਚ ਯੋਗਦਾਨ ਪਾਉਣ ਦੀ ਬਜਾਏ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਭਵਿੱਖ ਪ੍ਰਤੀ ਅਨਿਸਚਿਤ ਸਥਿਤੀਆਂ ਦੇਖਦੇ ਹੋਏ ਵਿਦੇਸ਼ਾਂ ਵੱਲ ਉਡਾਰੀ ਮਾਰਨ ਲਈ ਮਜਬੂਰ ਹਨ।ਉਚੇਰੀ ਸਿੱਖਿਆ ਪ੍ਰਤੀ ਨੌਜਵਾਨ ਵਰਗ ਦੀ ਉਦਾਸੀਨਤਾ ਤੇ ਇਸ ਖੇਤਰ ਵਿੱਚ ਆਏ ਨਿਘਾਰ ਦੇ ਅਨੇਕਾਂ ਕਾਰਨ ਹਨ, ਜਿਵੇਂ ਸਿੱਖਿਆ ਪ੍ਰਣਾਲੀ ਦੇ ਤਿੰਨ ਅਹਿਮ ਪੱਖਾਂ ਪ੍ਰਤੀ ਅਵੇਸਲਾਪਣ ਸਭ ਤੋਂ ਵੱਡਾ ਕਾਰਨ ਹੈ।ਇਹ ਪੱਖ ਹਨ ਪਾਠਕ੍ਰਮ, ਸਿੱਖਿਆ ਦੇਣ ਦੀ ਵਿਧੀ ਅਤੇ ਸਿੱਖਿਆਰਥੀਆਂ ਦਾ ਮੁਲਾਂਕਣ ਸਾਡੇ ਵਿੱਦਿਅਕ ਅਦਾਰਿਆਂ ਦੇ ਪਾਠਕ੍ਰਮ ਮੌਜੂਦਾ ਸਥਿਤੀਆਂ ਅਤੇ ਸੰਭਾਵਨਾਵਾਂ ਅਨੁਸਾਰ ਬਦਲੇ ਅਤੇ ਵਿਉਂਤੇ ਜਾਣ ਦੀ ਬਜਾਏ ਦਹਾਕਿਆਂ ਤੋਂ ਚਲੇ ਆ ਰਹੇ ਪਾਠਕ੍ਰਮ ਦੀਆਂ ਰਵਾਇਤਾਂ ਅਨੁਸਾਰ ਥੋੜ੍ਹੇ- ਬਹੁਤੇ ਬਦਲਾਅ ਨਾਲ ਉਂਝ ਹੀ ਪੜ੍ਹਾਏ ਜਾ ਰਹੇ ਹਨ ਤੇ ਪੜ੍ਹਾਉਣਾ ਆਧੁਨਿਕ ਤਕਨੀਕ ਅਧਾਰਿਤ ਪ੍ਰਭਾਵਸ਼ਾਲੀ ਤੇ ਰੌਚਕ ਹੋਣ ਦੀ ਬਜਾਏ ਪਰੰਪਰਾਗਤ, ਲੈਕਚਰ ਦੇਣ, ਨੋਟਿਸ ਤਿਆਰ ਕਰਵਾਉਣ, ਰੱਟੇ ਲਵਾਉਣ ਆਦਿ ਤੱਕ ਹੀ ਸੀਮਿਤ ਹੈ।

ਉਚੇਰੀ ਸਿੱਖਿਆ ਦੀ ਅਜੋਕੀ ਨਿਘਰਦੀ ਹਾਲਤ ਨੂੰ ਸੁਧਾਰਨ ਦੀਆਂ ਅਨੇਕਾਂ ਹੀ ਸੰਭਾਵਨਾਵਾਂ ਹਨ।ਜੇਕਰ ਸਰਕਾਰਾਂ ਸਿੱਖਿਆ ਸ਼ਾਸਤਰੀ, ਉਚੇਰੀ ਸਿੱਖਿਆ ਹਾਸਿਲ ਕਰਨ ਦੇ ਚਾਹਵਾਨ ਨੌਜਵਾਨ ਅਤੇ ਆਮ ਲੋਕ ਸੰਭਾਵੀ ਹੱਲ ਤਲਾਸ਼ਣ ਲਈ ਇੱਕਜੁੱਟ ਹੋ ਕੇ ਆਪੋ-ਆਪਣੇ ਹਿੱਸੇ ਦਾ ਯੋਗਦਾਨ ਪਾਉਣ ਲਈ ਪਹਿਲਕਦਮੀ ਕਰਨ।

ਸਭ ਤੋਂ ਪਹਿਲਾਂ ਸੂਬੇ ਦੇ ਨੌਜਵਾਨਾਂ ਦੇ ਮਨਾਂ ਵਿੱਚ ਪੈਦਾ ਹੋਈ ਨਿਰਾਸ਼ਾ ਨੂੰ ਦੂਰ ਕਰਨਾ ਜ਼ਰੂਰੀ ਮਸਲਾ ਹੈ ਅਤੇ ਇਸ ਦਾ ਸਭ ਤੋਂ ਵਧੀਆ ਤਰੀਕਾ ਨੌਜਵਾਨਾਂ ਨੂੰ ਆਸ਼ਾਵਾਦੀ ਬਣਾਉਣਾ ਤੇ ਉਸਾਰੂ ਕਾਰਜਾਂ ਵਿੱਚ ਲਗਾਉਣਾ ਤੇ ਭਾਗੀਦਾਰ ਬਣਾਉਣਾ ਜ਼ਰੂਰੀ ਸ਼ਰਤ ਹੈ। ਇਸ ਨਿਰਾਸ਼ਾਵਾਦ ਦੇ ਅਨੇਕਾਂ ਹੀ ਕਾਰਨ ਹਨ, ਜਿਵੇਂ ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਨੌਜਵਾਨਾਂ ਪ੍ਰਤੀ ਵੱਡਿਆਂ ਦੇ ਮਨ ਵਿੱਚ ਅਵਿਸ਼ਵਾਸ ਦੀ ਭਾਵਨਾ ਆਦਿ।

ਉਚੇਰੀ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਵਜ਼ੀਫ਼ਾ ਪ੍ਰਣਾਲੀ ਨੂੰ ਤਰਕਸੰਗਤ ਬਣਾਉਣ ਦੀ ਵੀ ਲੋੜ ਹੈ।ਭਾਵੇਂ ਪਹਿਲਾਂ ਤੋਂ ਹੀ ਪੱਛੜੀਆਂ ਜਾਤੀਆਂ, ਘੱਟ ਗਿਣਤੀ ਸਮੂਹਾਂ ਆਦਿ ਵਰਗੇ ਉਪਰਾਲਿਆਂ ਨਾਲ ਨੌਜਵਾਨਾਂ ਨੂੰ ਉਚੇਰੀ ਸਿੱਖਿਆ ਹਾਸਿਲ ਕਰਨ ਲਈ ਆਰਥਿਕ ਸਹਾਇਤਾ ਦਿੱਤੀ ਜਾਂਦੀ ਹੈ।ਇਸ ਦੇ ਨਾਲ ਹੀ ਜੇਕਰ ਆਰਥਿਕ ਪੱਖੋਂ ਕਮਜ਼ੋਰ ਪਰ ਹੋਣਹਾਰ ਤੇ ਉਚੇਰੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਨੌਜਵਾਨਾਂ ਦੀ ਪੜ੍ਹਨ ਰੁਚੀ ਨੂੰ ਧਿਆਨ ਵਿੱਚ ਰੱਖਦੇ ਹੋਏ ਵਜ਼ੀਫ਼ਾ ਪ੍ਰਣਾਲੀ ਨੂੰ ਤਰਕਸੰਗਤ ਬਣਾਇਆ ਜਾਵੇ ਤਾਂ ਬਹੁ-ਗਿਣਤੀ ਨੌਜਵਾਨ ਉਚੇਰੀ ਸਿੱਖਿਆ ਹਾਸਿਲ ਕਰ ਸਕਦੇ ਹਨ।

ਸਿੱਖਿਆ ਸ਼ਾਸਤਰੀਆਂ ਤੇ ਵਿੱਦਿਅਕ ਮਾਹਰਾਂ ਦੀ ਸਹਾਇਤਾ ਅਤੇ ਸਲਾਹ ਨਾਲ ਸਾਡੀਆਂ ਯੂਨੀਵਰਸਿਟੀਆਂ ਨੂੰ ਅਜੋਕੇ, ਤੇਜ਼ ਰਫ਼ਤਾਰ ਤੇ ਸਮੇਂ ਦੀ ਲੋੜ ਅਨੁਸਾਰ ਡਿਗਰੀਆਂ, ਡਿਪਲੋਮੇ ਸ਼ੁਰੂ ਕੀਤੇ ਜਾਣੇ ਚਾਹੀਦੇ ਹਨ।ਸਮੇਂ ਦੀ ਤੇਜ਼ ਚਾਲ ਨੂੰ ਧਿਆਨ ਵਿੱਚ ਰੱਖਦਿਆਂ ਪਰੰਪਰਾਗਤ ਸਾਲਾਂਬੱਧੀ ਵਿਦਿਆਰਥੀਆਂ ਦਾ ਸਮਾਂ ਲੈਣ ਵਾਲੀਆਂ ਡਿਗਰੀਆਂ ਦੀ ਸਮਾਂ-ਸੀਮਾ ਨੂੰ ਘਟਾਉਣ ਜਾਂ ਲਾਹੇਵੰਦ ਬਣਾਉਣ ਲਈ ਢੁਕਵੇਂ ਤੇ ਲੋੜੀਂਦੇ ਫ਼ੈਸਲੇ ਲੈਣ ਦੀ ਵੀ ਲੋੜ ਹੈ।

ਦੇਖਣ ਵਿੱਚ ਆਇਆ ਹੈ ਕਿ ਉੱਚ ਸਿੱਖਿਅਤ ਨੌਜਵਾਨ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਪੱਧਰ ਦੀਆਂ ਡਿਗਰੀਆਂ ਹਾਸਿਲ ਕਰਕੇ ਸਿਰਫ਼ ਤੇ ਸਿਰਫ਼ ਸਰਕਾਰੀ ਨੌਕਰੀ ਦੀ ਆਸ 'ਤੇ ਆਪਣਾ ਕੀਮਤੀ ਸਮਾਂ ਅਜਾਈਂ ਗਵਾ ਦਿੰਦੇ ਹਨ, ਜਦਕਿ ਅਜਿਹੇ ਨੌਜਵਾਨਾਂ ਦੀ ਸਰਕਾਰ ਅਤੇ ਉੱਚ ਸਿੱਖਿਆ ਅਦਾਰਿਆਂ ਵੱਲੋਂ ਢੁਕਵੀਂ ਅਗਵਾਈ ਕੀਤੀ ਜਾਵੇ, ਤਾਂ ਜੋ ਇਹ ਉੱਚ ਸਿੱਖਿਅਤ ਨੌਜਵਾਨ ਵਰਗ ਸਵੈ-ਰੁਜ਼ਗਾਰ ਜਾਂ ਹੋਰ ਅਨੇਕਾਂ ਖੇਤਰਾਂ ਵਿੱਚ ਆਪਣੀ ਸਮੱਰਥਾ ਦਾ ਪ੍ਰਦਰਸ਼ਨ ਕਰ ਸਕੇ ਅਤੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਤੋਂ ਵੰਚਿਤ ਨਾ ਰਹੇ।

ਇੱਕ ਹੋਰ ਮਹੱਤਵਪੂਰਨ ਪਹਿਲੂ ਇਹ ਹੈ ਕਿ ਸਾਡੇ ਦੇਸ਼ ਵਿੱਚ ਸਭ ਤੋਂ ਜ਼ਿਆਦਾ ਸਮਰੱਥਾ ਰੱਖਣ ਵਾਲੇ ਨੌਜਵਾਨ ਵਰਗ ਨੂੰ ਹਰ ਪ੍ਰਕਾਰ ਦੇ ਪ੍ਰਸ਼ਾਸਨਿਕ ਅਤੇ ਸਮਾਜਿਕ ਕਾਰਜਾਂ ਤੋਂ ਲਾਂਭੇ ਰੱਖਿਆ ਜਾਂਦਾ ਹੈ, ਜੋ ਕਿ ਦੇਸ਼ ਦੇ ਵਿਕਾਸ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਹੈ, ਜਦਕਿ ਸਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਉਚ ਸਿੱਖਿਅਤ ਨੌਜਵਾਨ ਵਧੇਰੇ ਤਰਕਸ਼ੀਲ, ਬੌਧਿਕ, ਸਵੈ-ਵਿਸ਼ਵਾਸੀ ਤੇ ਯੋਗ ਫ਼ੈਸਲੇ ਲੈਣ ਦੇ ਕਾਬਿਲ ਹੁੰਦੇ ਹਨ।

ਅਜੋਕੇ ਮਹਿੰਗਾਈ ਦੇ ਦੌਰ ਵਿੱਚ ਸਭ ਤੋਂ ਵੱਡੀ ਚੁਣੌਤੀ ਜੀਵਨ ਨਿਰਬਾਹ ਕਰਨਾ ਹੈ ਤੇ ਜੇਕਰ ਸਾਡੇ ਮੱਧ ਵਰਗੀ ਪਰਵਾਰਾਂ ਦੇ ਨੌਜਵਾਨ ਉਚੇਰੀ ਸਿੱਖਿਆ ਹਾਸਿਲ ਕਰਕੇ ਬੇਰੁਜ਼ਗਾਰ ਰਹਿੰਦੇ ਹਨ ਤਾਂ ਜਿੱਥੇ ਇਹ ਸਾਡੀ ਸਿੱਖਿਆ ਪ੍ਰਣਾਲੀ 'ਤੇ ਇੱਕ ਪ੍ਰਸ਼ਨ ਚਿੰਨ੍ਹ ਹੈ, ਉੱਥੇ ਹੀ ਲੋਕਤੰਤਰੀ ਸਰਕਾਰਾਂ ਲਈ ਆਤਮ-ਪੜਚੋਲ ਦਾ ਵਿਸ਼ਾ ਵੀ ਹੈ।ਉਚ ਸਿੱਖਿਅਤ ਬੇਰੁਜ਼ਗਾਰ ਨੌਜਵਾਨ ਨਿਰਾਸ਼ਾਵਾਦ ਕਾਰਨ ਕਿੱਧਰੇ ਸਮਾਜ ਦੀ ਮੁੱਖ ਧਾਰਾ ਤੋਂ ਟੁੱਟ ਕੇ ਨਸ਼ਿਆਂ ਜਾਂ ਅਪਰਾਧ ਦੀ ਦੁਨੀਆਂ ਵੱਲ ਨਾ ਖਿੱਚੇ ਜਾਣ, ਇਸ ਲਈ ਸਰਕਾਰਾਂ ਨੂੰ ਬੇਰੁਜ਼ਗਾਰੀ ਭੱਤਾ ਜਾਂ ਉੱਚ ਸਿੱਖਿਅਤ ਨੌਜਵਾਨਾਂ ਲਈ ਭਲਾਈ ਸਕੀਮਾਂ ਚਲਾਉਣੀਆਂ ਚਾਹੀਦੀਆਂ ਹਨ, ਜਿਨ੍ਹਾਂ ਕਾਰਨ ਇਨ੍ਹਾਂ ਨੌਜਵਾਨਾਂ ਦਾ ਮਨੋਬਲ ਬਣਿਆ ਰਹੇ।

ਪੰਜਾਬ ਵਿੱਚ ਉਚੇਰੀ ਸਿੱਖਿਆ ਦੀ ਸਥਿਤੀ ਅਤੇ ਸੰਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਮੌਜੂਦਾ ਸੰਦਰਭ ਦਾ ਸਭ ਤੋਂ ਚਿੰਤਾਜਨਕ ਪਹਿਲੂ ਇਹ ਹੈ ਕਿ ਪੰਜਾਬ ਦੀ ਇੱਕ ਸੰਭਾਵਨਾਵਾਂ ਭਰਪੂਰ ਨੌਜਵਾਨ ਪੀੜ੍ਹੀ ਸਰਕਾਰੀ ਨੀਤੀਆਂ, ਵਿੱਦਿਅਕ ਸੰਸਥਾਵਾਂ ਦੀ ਨਿਘਰਦੀ ਹਾਲਤ ਫ਼ੀਸਾਂ ਵਿਚਲੇ ਬੇਤਹਾਸ਼ੇ ਵਾਧੇ, ਪ੍ਰਾਈਵੇਟ ਸੰਸਥਾਵਾਂ ਦੀ ਥੋਥੀ ਚਮਕ-ਦਮਕ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਅਨਿਸਚਿਤ ਭਵਿੱਖ ਕਾਰਨ ਫ਼ੀਸਾਂ ਵਿੱਚ ਬੇਤਹਾਸ਼ਾ ਵਾਧਾ, ਲੰਮੇ ਸਮੇਂ ਦੀਆਂ ਡਿਗਰੀਆਂ, ਡਿਪਲੋਮੇ, ਵੇਲਾ ਵਿਹਾ ਚੁੱਕੇ ਅਤੇ ਪ੍ਰਯੋਗੀ ਵਿਧੀ ਦੀ ਅਣਹੋਂਦ ਵਾਲੇ ਪਾਠਕ੍ਰਮ, ਰੁਜ਼ਗਾਰ ਮੁਖੀ ਸਿੱਖਿਆ ਦੀ ਘਾਟ, ਪੜ੍ਹਾਈ ਅਤੇ ਮੁਲਾਂਕਣ ਤੇ ਪਰੰਪਰਾਗਤ ਵਿਧੀ ਵਿਧਾਨ .ਵਰਗੇ ਅਨੇਕਾਂ ਕਾਰਨਾਂ ਦੇ ਦੂਰ-ਪ੍ਰਭਾਵਾਂ ਤੋਂ ਉਪਜੀ ਨਿਰਾਸ਼ਤਾ ਕਾਰਨ ਆਈਲੈਟਸ ਦਾ ਸਹਾਰਾ ਲੈ ਕੇ ਬਿਗਾਨੀਆਂ ਧਰਤੀਆਂ ਵੱਲ ਪੁਰਖਿਆਂ ਦੀ ਵਿਰਾਸਤ, ਸੱਭਿਆਚਾਰ ਤੇ ਕੌਮੀਅਤ ਨੂੰ ਪਿੱਠ ਦੇ ਕੇ ਜੱਦੀ ਜਾਇਦਾਦਾਂ ਨੂੰ ਕੌਡੀਆਂ ਦੇ ਭਾਅ ਵੇਚ, ਮਹਿੰਗੇ ਕਰਜ਼ਿਆਂ ਦੇ ਸਹਾਰੇ ਮਾਤਾ-ਪਿਤਾ ਨੂੰ ਇਕੱਲਤਾ ਦੀ ਦਲਦਲ ਵਿੱਚ ਸੁੱਟ ਪਰਵਾਸ ਕਰਨ ਲਈ ਮਜ਼ਬੂਰ ਹਨ, ਜਦਕਿ ਇਸ ਸਥਿਤੀ ਨੂੰ ਸਰਕਾਰਾਂ, ਵੱਖੋ-ਵੱਖਰੀਆਂ ਸਮਾਜ-ਸੇਵੀ, ਧਾਰਮਿਕ, ਸੱਭਿਆਚਾਰਕ ਸੰਸਥਾਵਾਂ, ਬੁੱਧੀਜੀਵੀ, ਸਿੱਖਿਆ ਸ਼ਾਸਤਰੀ, ਮਾਪੇ ਅਤੇ ਖੁਦ ਨੌਜਵਾਨ ਰਲ-ਮਿਲ ਕੇ ਸਾਂਝੇ ਯਤਨਾਂ ਨਾਲ ਬਦਲ ਸਕਦੇ ਹਨ।

ਸ਼ਾਲਾ! ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਉਚੇਰੀ ਸਿੱਖਿਆ ਦਾ ਇੱਕ ਨਵਾਂ ਅਧਿਆਇ ਸ਼ੁਰੂ ਹੋਵੇ, ਜਿਸ ਤੋਂ ਉਤਸ਼ਾਹਤ ਹੁੰਦਿਆਂ ਸਾਡੇ ਨੌਜਵਾਨਾਂ ਲਈ ਇੱਕ ਨਵੇਂ ਪੰਜਾਬ ਦੀ ਸਿਰਜਣਾ ਕੀਤੀ ਜਾ ਸਕੇ।

# ਹੋਟਲ ਦੇ ਕਮਰੇ 'ਚੋਂ ਨੌਜਵਾਨ ਤੇ ਔਰਤ ਦੀਆਂ ਗੋਲੀਆਂ ਨਾਲ ਵਿੰਨ੍ਹੀਆਂ ਲਾਸ਼ਾਂ ਮਿਲੀਆਂ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਜੀ ਟੀ ਰੋਡ 'ਤੇ ਹੋਟਲ ਗ੍ਰੀਨ ਦੇ ਕਮਰਾ ਨੰਬਰ 104 ਦੇ ਅੰਦਰੋਂ ਇੱਕ ਨੌਜਵਾਨ ਤੇ ਇੱਕ ਨੌਜਵਾਨ ਔਰਤ ਦੀਆਂ ਲਾਸ਼ਾਂ ਮਿਲੀਅ ਹਨ।ਦੋਵਾਂ ਦੇ ਸਿਰਾਂ ਵਿਚ ਗੋਲੀਆਂ ਦੇ ਨਿਸ਼ਾਨ ਹਨ ਤੇ ਉਹ ਵਿਆਹੇ ਹੋਏ ਸਨ।ਮ੍ਰਿਤਕਾਂ ਦੀ ਪਛਾਣ ਤਰਨਤਾਰਨ ਦੀ ਰਹਿਣ ਵਾਲੀ ਹਰਪ੍ਰੀਤ ਕੌਰ ਤੇ ਮੱਖੂ ਦੇ ਰਹਿਣ ਵਾਲੇ ਮਨਜੀਤ ਸਿੰਘ ਵਜੋਂ ਹੋਈ ਹੈ।ਮੌਕੇ ਤੋਂ ਇੱਕ ਪਿਸਤੌਲ ਵੀ ਬਰਾਮਦ ਕੀਤੀ ਗਈ ਹੈ। ਡੀ ਐਸ ਪੀ ਵਿਨੋਦ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਹੋਟਲ ਗ੍ਰੀਨਲੈਂਡ ਦੇ ਕਮਰਾ ਨੰਬਰ 104 'ਚ ਦੋ ਲਾਸ਼ਾਂ ਪਈਆਂ ਹਨ।ਉਹ ਤੇ ਐਸ ਐਚ ਓ ਆਪਣੀ ਟੀਮ ਨਾਲ ਮੌਕੇ 'ਤੇ ਪਹੁੰਚੇ ਤੇ ਉੱਥੇ ਇੱਕ 9 ਐਮਐਮ ਪਿਸਤੌਲ ਮਿਲਿਆ। ਮੁੰਡੇ ਦੇ ਮੱਥੇ 'ਚ ਤੇ ਕੁੜੀ ਦੇ ਕੰਨਪਟੀ 'ਚ ਗੋਲੀ ਮਾਰੀ ਗਈ ਸੀ।ਪੁਲਿਸ ਤੇ ਫੋਰੈਂਸਿਕ ਟੀਮਾਂ ਮਾਮਲੇ ਦੀ ਜਾਂਚ ਕਰ ਰਹੀਆਂ ਹਨ।ਜਾਣਕਾਰੀ ਅਨੁਸਾਰ ਹਰਪ੍ਰੀਤ ਕੌਰ ਤੇ ਮਨਜੀਤ ਸਿੰਘ ਦੇਰ ਰਾਤ ਹਰਿਆਣਾ ਨੰਬਰ ਪਲੇਟ ਵਾਲੀ ਟੈਕਸੀ 'ਚ ਹੋਟਲ ਗ੍ਰੀਨਲੈਂਡ ਪਹੁੰਚੇ।ਜਦੋਂ ਦੁਪਹਿਰ ਤੱਕ ਕਮਰੇ 'ਚ ਕੋਈ ਹਿਲਜੁਲ ਨਹੀਂ ਹੋਈ, ਤਾਂ ਹੋਟਲ ਸਟਾਫ ਨੇ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕੀਤੀ। ਦਰਵਾਜ਼ਾ ਨਾ ਖੁੱਲਣ 'ਤੇ ਦਰਵਾਜ਼ਾ ਤੋੜ ਦਿੱਤਾ ਗਿਆ, ਜਿਸ ਦੇ ਬਾਅਦ ਅੰਦਰ ਦੋਨਾਂ ਦੀਆਂ ਲਾਸ਼ਾਂ ਮਿਲੀਆਂ। ਮ੍ਰਿਤਕ ਔਰਤ ਦੇ ਦੋ ਬੱਚੇ ਹਨ, ਜਦੋਂ ਕਿ ਨੌਜਵਾਨ ਦਾ ਇੱਕ ਬੱਚਾ ਵੀ ਹੈ।

ਉਹ ਦੂਰ ਦੇ ਰਿਸ਼ਤੇਦਾਰ ਹਨ।ਵਿਨੋਦ ਕੁਮਾਰ ਡੀ ਐਸ ਪੀ ਖੰਨਾ ਨੇ ਸ਼ੱਕ ਜ਼ਾਹਿਰ ਕਰਦਿਆਂ ਦੱਸਿਆ ਕਿ ਨੌਜਵਾਨ ਨੇ ਪਹਿਲਾਂ ਔਰਤ ਨੂੰ ਗੋਲੀ ਮਾਰੀ ਤੇ ਫਿਰ ਆਪਣੇ ਆਪ ਨੂੰ ਗੋਲੀ ਮਾਰ ਕੇ ਖੁਦਕੁਸ਼ੀ ਕੀਤੀ ਹੈ। ਦੋਵਾਂ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੈ।

## ਐੱਨ.ਐੱਚ.-254 ਪੱਤੋ-ਜਵਾਹਰ ਸਿੰਘ ਵਾਲਾ ਦਾ ਧਰਨਾ 11ਵੇਂ ਮਹੀਨੇ 'ਚ ਦਾਖ਼ਲ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਐੱਨ.ਐੱਚ.-254 ਪੱਤੋ-ਜਵਾਹਰ ਸਿੰਘ ਵਾਲਾ ਵਿਖੇ ਮੁੜ ਵਸੇਬੇ ਤੇ ਹੋਰ ਮੰਗਾਂ ਨੂੰ ਲੈ ਕੇ ਚੱਲ ਰਿਹਾ ਧਰਨਾ ਹੁਣ 11ਵੇਂ ਮਹੀਨੇ ਵਿੱਚ ਦਾਖ਼ਲ ਹੋ ਗਿਆ ਹੈ। ਧਰਨਾਕਾਰੀਆਂ ਨੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਮੰਗਾਂ ਨੂੰ ਤੁਰੰਤ ਪੂਰਾ ਕਰਨ ਦੀ ਮੰਗ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪਿਛਲੇ 11 ਮਹੀਨਿਆਂ ਤੋਂ ਲੋਕ ਸ਼ਾਂਤਮਈ ਢੰਗ ਨਾਲ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਕੋਈ ਠੋਸ ਹੱਲ ਨਹੀਂ ਕੱਢਿਆ ਗਿਆ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦੀ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਭਾਨਾ ਸਿੱਧੂ, ਗੱਗੜਾ, ਵਾਰਿਸ ਪੰਜਾਬ ਦੇ ਜਥੇਬੰਦੀ ਦੇ ਆਗੂ ਕੁਲਦੀਪ ਸਿੰਘ, ਸ਼ੇਰ ਏ ਪੰਜਾਬ ਯੂਨੀਅਨ, ਲੋਕ ਇਨਸਾਫ਼ ਪਸੰਦ ਜਥੇਬੰਦੀ, 11 ਮੈਂਬਰੀ ਕਮੇਟੀ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਤੇ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕੀਤੀ।ਧਰਨਾਕਾਰੀਆਂ ਨੇ ਇਕਜੁੱਟ ਹੋ ਕੇ ਐਲਾਨ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਉਦੋਂ ਤੱਕ ਇਹ ਸੰਘਰਸ਼ ਲਗਾਤਾਰ ਜਾਰੀ ਰਹੇਗਾ ਅਤੇ ਲੋੜ ਪੈਣ 'ਤੇ ਇਸ ਨੂੰ ਹੋਰ ਵਿਸ਼ਾਲ ਰੂਪ ਦਿੱਤਾ ਜਾਵੇਗਾ।

# ਪਾਤੜਾਂ-ਪਟਿਆਲਾ ਸੜਕ ਚਾਰ ਮਾਰਗੀ ਤੇ ਪੰਜਾਹ ਬਿਸਤਰਿਆਂ ਦਾ ਹਸਪਤਾਲ ਬਣਾਉਣ ਦਾ ਐਲਾਨ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬੇ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੱਲ ਰਹੀਆਂ ਚੋਣ ਸਰਗਰਮੀਆਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੀ ਅਨਾਜ ਮੰਡੀ ਵਿਖੇ ਵਿਸ਼ਾਲ ਰੈਲੀ ਕੀਤੀ ਗਈ।ਰੈਲੀ ਦੌਰਾਨ ਹਲਕਾ ਸ਼ੁਤਰਾਣਾ ਦੀ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਤੇ ਉਨ੍ਹਾਂ ਦੇ ਪਤੀ ਸੇਵਾਮੁਕਤ ਟਰਾਂਸਪੋਰਟ ਅਧਿਕਾਰੀ ਕਰਨ ਸਿੰਘ ਡੀਟੀਓ ਆਪਣੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਸਾਬਕਾ ਵਿਧਾਇਕਾ ਬੀਬੀ ਲੂੰਬਾ ਦੇ ਪਤੀ ਡੀਟੀਓ ਕਰਨ ਸਿੰਘ ਦੇ ਆਪ ਵਿੱਚ ਆਉਣ ਨਾਲ ਹਲਕਾ ਸ਼ੁਤਰਾਣਾ ਵਿੱਚ ਨਵੇਂ ਚੋਣ ਸਮੀਕਰਨ ਉਭਰਨ ਦੀਆਂ ਸੰਭਾਵਨਾਵਾਂ ਬਣ ਗਈਆਂ ਹਨ।

ਪਾਰਟੀ ਵਿੱਚ ਆਉਣ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕਰਦਿਆਂ ਪਾਤੜਾਂ ਪਟਿਆਲਾ ਮੁੱਖ ਸੜਕ ਨੂੰ ਚਾਰ ਮਾਰਗੀ ਕਰਨ ਤੇ ਪੰਜਾਹ ਬਿਸਤਰਿਆਂ ਦਾ ਹਸਪਤਾਲ ਬਣਾਉਣ ਦਾ ਐਲਾਨ ਕੀਤਾ।ਦੱਸਣਯੋਗ ਹੈ ਕਿ ਬੀਬੀ ਵਨਿੰਦਰ ਕੌਰ ਲੂੰਬਾ ਜਿੱਥੇ ਸਾਬਕਾ ਵਿਧਾਇਕ ਕਾਮਰੇਡ ਬਲਦੇਵ ਸਿੰਘ ਲੂੰਬਾ ਦੀ ਬੇਟੀ ਹੈ, ਉੱਥੇ ਉਹ 2012 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਤੇ ਹਲਕਾ ਸ਼ੁਤਰਾਣਾ ਤੋਂ ਵਿਧਾਇਕ ਚੁਣੇ ਗਏ ਸਨ।ਉਨ੍ਹਾਂ ਦੇ ਪਤੀ ਕਰਨ ਸਿੰਘ ਡੀਟੀਓ ਸ਼੍ਰੋਮਣੀ ਅਕਾਲੀ ਦਲ ਤੋਂ ਵੱਖ ਹੋ ਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਚਲੇ ਗਏ ਸਨ ਅਤੇ ਉਹ ਪਾਰਟੀ ਦੇ ਜਥੇਬੰਦਕ ਸਕੱਤਰ ਦੇ ਤੌਰ 'ਤੇ ਕੰਮ ਕਰ ਰਹੇ ਸਨ। ਰੈਲੀ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਲਾਕੇ ਨਾਲ ਆਪਣੀ ਭਾਵੁਕ ਸਾਂਝ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਇਲਾਕੇ ਵਿੱਚ ਜਿੱਥੇ ਵੱਡੇ ਪੱਧਰ ਉੱਤੇ ਉਨ੍ਹਾਂ ਦੀਆਂ ਰਿਸ਼ਤੇਦਾਰੀਆਂ ਹਨ, ਉੱਥੇ ਸੁਨਾਮ ਕਾਲਜ ਵਿੱਚ ਨਾਲ ਪੜ੍ਹਦੇ ਰਹੇ ਬਹੁਤ ਸਾਰੇ ਦੋਸਤ ਵੀ ਇਸ ਇਲਾਕੇ ਨਾਲ ਸੰਬੰਧਤ ਹਨ।

# ਰਾਜਪਾਲ ਵੱਲੋਂ ਡਾਕਟਰ ਇੰਦਰਜੀਤ ਕੌਰ ਦਾ ਐਜੂਕੇਸ਼ਨ ਐਕਸੀਲੈਂਸ ਐਵਾਰਡ ਨਾਲ ਸਨਮਾਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਰਕਾਰੀ ਸਮਾਰਟ ਸਕੂਲ, ਦਾਣਾ ਮੰਡੀ ਦੇ ਮੁੱਖ ਅਧਿਆਪਕਾ ਡਾਕਟਰ ਇੰਦਰਜੀਤ ਕੌਰ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਪਾਏ ਜਾ ਰਹੇ ਸ਼ਾਨਦਾਰ ਯੋਗਦਾਨ ਦੇ ਬਦਲੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਐਜੂਕੇਸ਼ਨ ਐਕਸੀਲੈਂਸ ਐਵਾਰਡ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਡਾ. ਇੰਦਰਜੀਤ ਕੌਰ ਨੂੰ ਇਹ ਐਵਾਰਡ ਡੇਲੀ ਪੋਸਟ ਨਿਊਜ਼ ਟੈਲੀਵਿਜ਼ਨ ਚੈਨਲ ਵੱਲੋਂ ਆਯੋਜਤ ਕੀਤੇ ਗਏ 'ਤਾਲੀਮ ਐਜੂਕੇਸ਼ਨ ਕਨਕਲੇਵ-2026' ਦੌਰਾਨ ਦਿੱਤਾ ਗਿਆ।ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਡਾਇਰੈਕਟਰ ਲੋਕ ਸੰਪਰਕ ਡਾ. ਹਰਮਿੰਦਰ ਸਿੰਘ ਖੋਖਰ ਵੀ ਮੌਜੂਦ ਸਨ।ਜ਼ਿਕਰਯੋਗ ਹੈ ਕਿ ਡਾ. ਇੰਦਰਜੀਤ ਕੌਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਬਹੁਤ ਹੀ ਸ਼ਲਾਘਾਯੋਗ ਅਤੇ ਨਿਵੇਕਲੇ ਕੰਮ ਕੀਤੇ ਜਾ ਰਹੇ ਹਨ।ਡਾ. ਇੰਦਰਜੀਤ ਕੌਰ ਏਕਤਾ ਤੇ ਪ੍ਰੇਰਣਾ ਦੇ ਦਿਲ ਨੂੰ ਛੂਹਣ ਵਾਲੇ ਕੰਮ ਨੂੰ ਕਰਦਿਆਂ ਆਪਣੇ ਵਿਦਿਆਰਥੀਆਂ ਵਾਂਗ ਹਫ਼ਤੇ ਵਿੱਚ ਇੱਕ ਦਿਨ ਸੋਮਵਾਰ ਨੂੰ ਸਕੂਲ ਦੀ ਵਰਦੀ ਪਹਿਨ ਕੇ ਸਕੂਲ ਜਾਂਦੇ ਹਨ।ਭਾਵੇਂ ਇਹ ਕੰਮ ਸਧਾਰਨ ਹੈ, ਪ੍ਰੰਤੂ ਸਕੂਲ ਦੇ ਮੁੱਖ ਅਧਿਆਪਕ ਵੱਲੋਂ ਆਪਣੇ ਆਪ ਨੂੰ ਵਿਦਿਆਰਥੀਆਂ ਦੇ ਬਰਾਬਰ ਰੱਖਣ ਲਈ ਬਹੁਤ ਹਿੰਮਤ ਤੇ ਵਚਨਬੱਧਤਾ ਦੀ ਲੋੜ ਹੁੰਦੀ ਹੈ। ਡਾ. ਇੰਦਰਜੀਤ ਕੌਰ ਨੇ ਆਪਣੀ ਮੁੱਢਲੀ ਸਿੱਖਿਆ ਸਰਕਾਰੀ ਪ੍ਰਾਇਮਰੀ ਸਕੂਲ, ਗੁਰੂਦਵਾਰਾ ਦੁਖਨਿਵਾਰਨ ਸਾਹਿਬ, ਪਟਿਆਲਾ ਤੋਂ ਅਤੇ 12ਵੀਂ ਤੱਕ ਦੀ ਸਿੱਖਿਆ ਬੀ. ਐੱਨ. ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਤੋਂ ਪਹਿਲੇ ਦਰਜੇ ਵਿੱਚ ਪਾਸ ਕੀਤੀ ਹੈ।ਉਨ੍ਹਾਂ ਵੱਲੋਂ ਸਰਕਾਰੀ ਕਾਲਜ ਲੜਕੀਆਂ, ਪਟਿਆਲਾ ਤੋਂ ਗ੍ਰੈਜੂਏਸ਼ਨ ਕਰਨ ਤੋਂ ਬਾਅਦ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਬੀ.ਐਡ. ਦੀ ਡਿਗਰੀ ਪਹਿਲੇ ਦਰਜੇ ਵਿੱਚ ਹਾਸਲ ਕੀਤੀ ਗਈ। ਉਨ੍ਹਾਂ ਨੇ ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਤੋਂ ਐਮ.ਏ. (ਇਤਿਹਾਸ) ਵਿੱਚ ਗੋਲਡ ਮੈਡਲ ਹਾਸਲ ਕੀਤਾ।ਡਾਕਟਰ ਇੰਦਰਜੀਤ ਕੌਰ ਵੱਲੋਂ ਇਤਿਹਾਸ ਵਿਸ਼ੇ ਵਿੱਚ ਹੀ ਯੂ.ਜੀ.ਸੀ. (ਨੈਟ) ਪ੍ਰੀਖਿਆ ਪਾਸ ਕਰਨ 'ਤੇ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਭਾਰਤ ਸਰਕਾਰ) ਵੱਲੋਂ ਉਨ੍ਹਾਂ ਨੂੰ ਦੇਸ਼ ਦੇ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਬਤੌਰ ਪ੍ਰੋਫੈਸਰ ਪੜ੍ਹਾਉਣ ਲਈ ਵੀ ਯੋਗ ਘੋਸ਼ਿਤ ਕੀਤਾ ਗਿਆ ਹੈ। ਉਨ੍ਹਾਂ ਨੇ ਇਤਿਹਾਸ ਵਿਸ਼ੇ ਵਿੱਚ ਹੀ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਤੋਂ ਮਾਸਟਰ ਆਫ਼ ਫਿ ਲਾਸਫ਼ੀ (ਐਮ.ਫਿਲ.) ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਡਾਕਟਰ ਆਫ਼ ਫਿਲਾਸਫ਼ੀ (ਪੀ-ਐਚ.ਡੀ) ਦੀ ਡਿਗਰੀ ਹਾਸਲ ਕੀਤੀ।




ਡਾਕਟਰ ਇੰਦਰਜੀਤ ਕੌਰ ਪਿਛਲੇ 25 ਸਾਲਾਂ ਤੋਂ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵਿੱਚ ਸੇਵਾ ਨਿਭਾ ਰਹੇ ਹਨ।ਇਸ ਦੌਰਾਨ ਉਨ੍ਹਾਂ ਵੱਲੋਂ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਜਿਨ੍ਹਾਂ ਵਿੱਚ ਟਹਿਲਪੁਰਾ ਤੇ ਵਜੀਦਪੁਰ ਸ਼ਾਮਲ ਹਨ, ਵਿੱਚ ਬਤੌਰ ਅਧਿਆਪਕਾ ਸੇਵਾ ਨਿਭਾਈ ਗਈ ਹੈ।ਅੱਜਕੱਲ੍ਹ ਉਹ ਆਪਣੀਆਂ ਸਾਨਦਾਰ ਸੇਵਾਵਾਂ ਦੇ ਮੱਦੇਨਜਰ ਪਦ-ਉੱਨਤ ਹੋ ਕੇ ਬਤੌਰ ਮੁੱਖ ਅਧਿਆਪਕਾ ਸੇਵਾ ਨਿਭਾਅ ਰਹੇ ਹਨ।ਉਨ੍ਹਾਂ ਵੱਲੋਂ ਸਰਕਾਰੀ ਸਮਾਰਟ ਸਕੂਲ, ਦਾਣਾ ਮੰਡੀ, ਪਟਿਆਲਾ ਨੂੰ ਆਪਣੀ ਮਿਹਨਤ ਅਤੇ ਲਗਨ ਸਦਕਾ ਪੰਜਾਬ ਸਰਕਾਰ ਅਤੇ ਸ਼ਹਿਰ ਦੇ ਸਮਾਜ ਸੇਵੀਆਂ ਦੇ ਸਹਿਯੋਗ ਨਾਲ ਸਮਾਰਟ ਸਕੂਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਇਆ ਹੈ। ਇਸ ਦੌਰਾਨ ਉਨ੍ਹਾਂ ਵੱਲੋਂ ਸਕੂਲ ਦੀ ਨਵੀਂ ਇਮਾਰਤ ਦਾ ਨਿਰਮਾਣ ਕਰਾਇਆ ਗਿਆ ਹੈ, ਤਾਂ ਜੁ ਸਕੂਲ ਦੀ ਦਿੱਖ ਹੋਰ ਸ਼ਾਨਦਾਰ ਬਣ ਸਕੇ।

## ਕਾਤਰਾਂ

### ਵਿਦਿਆਰਥੀਆਂ ਨੂੰ ਗੁਰੂਘਰ ਵੱਲੋਂ ਇਤਿਹਾਸਿਕ ਪੁਸਤਕਾਂ ਭੇਟ

**ਪਟਿਆਲਾ :** ਗਰਮੀਆਂ ਦੀਆਂ ਛੁੱਟੀਆਂ ਨੂੰ ਮੁੱਖ ਰੱਖਦਿਆਂ ਖਾਲਸਾ ਕਾਲਜ ਤੇ ਹੋਰ ਕਈ ਕਾਲਜਾਂ ਵੱਲੋਂ ਇੰਟਰਨਸ਼ਿਪ ਦੇ ਆਧਾਰ 'ਤੇ ਬੱਚਿਆਂ ਨੂੰ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿੱਚ 20 ਦਿਨਾਂ ਦੀ ਸੇਵਾ ਲਗਾਈ ਗਈ। ਇਸ ਸੇਵਾ ਦੌਰਾਨ ਐੱਸ ਜੀ ਪੀ ਸੀ ਵੱਲੋਂ ਗੁਰੂਘਰ ਦੀ ਕਮੇਟੀ ਅਤੇ ਸਮੂਹ ਸੇਵਾਦਾਰਾਂ ਵੱਲੋਂ ਬੱਚਿਆਂ ਨੂੰ ਪੂਰਾ ਸਹਿਯੋਗ ਦਿੱਤਾ ਗਿਆ। ਬੱਚਿਆਂ ਨੂੰ ਰੋਜ਼ਾਨਾ ਹੈੱਡ ਗ੍ਰੰਥੀ ਗਿਆਨੀ ਪ੍ਰਣਾਮ ਸਿੰਘ ਵੱਲੋਂ ਕਲਾਸ ਵਿਚ ਇਤਿਹਾਸ ਬਾਰੇ ਅਤੇ ਹੋਰ ਸਮਾਜਿਕ ਤੇ ਧਾਰਮਿਕ ਵਿਸ਼ਿਆਂ 'ਤੇ ਜਾਣਕਾਰੀ ਸਾਂਝੀ ਕੀਤੀ ਗਈ। ਸੇਵਾ ਸੰਪੂਰਨ ਹੋਣ ਤੇ ਹਰੇਕ (ਬੱਚੇ) ਵਿਦਿਆਰਥੀਆਂ ਨੂੰ ਗੁਰੂਘਰ ਵੱਲੋਂ ਇਤਿਹਾਸਿਕ ਪੁਸਤਕਾਂ ਭੇਟ ਕੀਤੀਆਂ ਗਈਆਂ ਤੇ ਸਰਟੀਫਿਕੇਟ ਵੀ ਦਿੱਤੇ ਗਏ।

### ਜਮਹੂਰੀ ਅਧਿਕਾਰ ਸਭਾ ਵੱਲੋਂ ਐਸ ਆਈ ਆਰ ਬਾਰੇ ਸੈਮੀਨਾਰ 5 ਨੂੰ

**ਲੁਧਿਆਣਾ (ਸਤੀਸ਼ ਸਚਦੇਵਾ)**-ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਨੇ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਐਸ ਆਈ ਆਰ ਸਬੰਧੀ ਸਰਵੇ ਨੂੰ ਲੋਕਾਂ ਦੀ ਨਾਗਰਿਕਤਾ ਉੱਪਰ ਸਿੱਧਾ ਹਮਲਾ ਕਰਾਰ ਦਿੱਤਾ ਹੈ।ਇਸ ਤਹਿਤ ਪਾਸਪੋਰਟ, ਆਧਾਰ ਕਾਰਡ, ਵੋਟਰ ਕਾਰਡ, ਡ੍ਰਾਈਵਿੰਗ ਲਾਈਸੈਂਸ ਆਦਿ ਵਿੱਚੋਂ ਕਿਸੇ ਨੂੰ ਵੀ ਨਾਗਰਿਕਤਾ ਦੇ ਸਬੂਤ ਵਜੋਂ ਨਾ ਮੰਨਣ ਦੇ ਕੀਤੇ ਗਏ ਫੁਰਮਾਨਾਂ ਨੂੰ ਲੋਕ ਵਿਰੋਧੀ ਕਰਾਰ ਦਿੰਦਿਆਂ ਸਭਾ ਵੱਲੋਂ ਲੋਕਾਂ ਨੂੰ ਸਰਕਾਰ ਤੋਂ ਸਵਾਲ ਪੁੱਛਣ ਲਈ ਇਕ ਸੈਮੀਨਾਰ 5 ਜੁਲਾਈ ਨੂੰ ਸਵੇਰੇ 10 ਵਜੇ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਸ਼ੁਰੂ ਹੋਵੇਗਾ ਜਿਸ ਦਾ ਵਿਸ਼ਾ 'ਐਸ ਆਈ ਆਰ ਲੋਕਾਂ ਦੀ ਨਾਗਰਿਕਤਾ ਉੱਪਰ ਹਮਲਾ' ਰੱਖਿਆ ਗਿਆ ਹੈ।ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ ਅਤੇ ਸੂਬਾ ਕਮੇਟੀ ਮੈਂਬਰ ਸਵਰਨਜੀਤ ਸਿੰਘ ਇਸ ਬਾਰੇ ਚਰਚਾ ਕਰਕੇ ਸਰਕਾਰ ਅੱਗੇ ਠੋਸ ਸਵਾਲ ਉਠਾਉਣ ਲਈ ਵਿਸਥਾਰ ਸਹਿਤ ਗੱਲ ਕਰਨਗੇ।

### ਮਿਸ਼ਨ ਕਲੀਨ ਪੰਜਾਬ ਤਹਿਤ ਬਠਿੰਡਾ ਵਿੱਚ ਵਿਸ਼ੇਸ਼ ਸਫ਼ਾਈ ਤੇ ਜਾਗਰੂਕਤਾ ਮੁਹਿੰਮ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਸੁੰਦਰ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਨਗਰ ਨਿਗਮ ਬਠਿੰਡਾ ਵੱਲੋਂ ਵਿਸ਼ੇਸ਼ ਸਫ਼ਾਈ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਕਮਿਸ਼ਨਰ ਨਗਰ ਨਿਗਮ ਬਠਿੰਡਾ ਮੈਡਮ ਲਵਜੀਤ ਕਲਸੀ ਨੇ ਦੱਸਿਆ ਕਿ ਨਗਰ ਨਿਗਮ ਦੀਆਂ ਟੀਮਾਂ ਵੱਲੋਂ ਲਗਾਤਾਰ ਆਮ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਲੋਕਾਂ ਨੂੰ ਸਫ਼ਾਈ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਪਟੇਲ ਨਗਰ, 100 ਫੁੱਟ ਰੋਡ ਅਤੇ ਹੋਰਨਾਂ ਇਲਾਕਿਆਂ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ, ਜਿਸ ਦੌਰਾਨ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸਥਾਨਕ ਵਸਨੀਕਾਂ ਅਤੇ ਦੁਕਾਨਦਾਰਾਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਜਨਤਕ ਥਾਵਾਂ 'ਤੇ ਕੂੜਾ ਨਾ ਸੁੱਟਣ ਅਤੇ ਸਫ਼ਾਈ ਸਬੰਧੀ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।ਇਸੇ ਤਹਿਤ ਪੁੱਡਾ ਮਾਰਕੀਟ ਸਥਿਤ ਗੋਪਾਲ ਸਵੀਟਸ ਅਤੇ ਮਾਡਲ ਟਾਊਨ ਫੇਜ਼-1 ਸਥਿਤ ਮੋਰ ਸੁਪਰਮਾਰਕੀਟ ਦੇ ਨਿਯਮਾਂ ਦੀ ਉਲੰਘਣਾ ਕਰਨ ਦੇ ਮਾਮਲੇ ਵਿੱਚ ਚਲਾਨ ਕੱਟੇ ਗਏ।

## ਪੈਨਸ਼ਨਰਾਂ ਤੇ ਮੁਲਾਜ਼ਮਾਂ ਵੱਲੋਂ ਸਰਕਾਰ ਵਿਰੁੱਧ ਰੈਲੀ 7 ਨੂੰ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ ਅਸ਼ੋਕ ਬਾਂਸਲ)**-ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਸਰਕਾਰ ਵਲੋਂ ਉਨ੍ਹਾਂ ਦੀਆਂ ਜਾਇਜ਼ ਵਿਤੀ ਮੰਗਾਂ ਨੂੰ ਅੱਖੋਂ ਪਰੋਖੇ ਕਰਕੇ ਲਮਕਾਉਣ ਅਤੇ ਵਿਤੀ ਸੰਕਟ ਦਾ ਬਹਾਨਾ ਲਾ ਕੇ ਮਾਨਯੋਗ ਹਾਈਕੋਰਟ ਦੇ ਹੁਕਮਾਂ ਨੂੰ ਨਾ ਮੰਨਣ ਤੋਂ ਅੱਕ ਕੇ ਵੱਖ ਵੱਖ ਜਥੇਬੰਦੀਆਂ ਨੇ ਜੁਆਇੰਟ ਕੋ ਆਰਡੀਨੇਸ਼ਨ ਕਮੇਟੀ ਦਾ ਗਠਨ ਕੀਤਾ ਹੈ। ਜੁਆਇੰਟ ਕੋ ਆਰਡੀਨੇਸ਼ਨ ਕਮੇਟੀ ਦੀ ਮੀਟਿੰਗ ਰਾਮ ਸਰੂਪ ਢੈਪਈ ਦੀ ਪ੍ਰਧਾਨਗੀ ਹੇਠ ਸੁਨਾਮ ਵਿਖੇ ਹੋਈ ਜਿਸ ਵਿੱਚ ਵੱਖੋ ਵੱਖ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਨੇ ਫੈਸਲਾ ਕੀਤਾ ਹੈ ਕਿ ਸੂਬਾਈ ਕਮੇਟੀ ਦੇ ਫ਼ੈਸਲੇ ਮੁਤਾਬਕ 7 ਜੁਲਾਈ ਨੂੰ ਮਾਤਾ ਮੋਦੀ ਪਾਰਕ ਵਿੱਚ ਠੀਕ 10 ਵਜੇ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਰੈਲੀ ਕੀਤੀ ਜਾਵੇਗੀ। ਕੈਬਨਿਟ ਮੰਤਰੀ ਦੀ ਰਿਹਾਇਸ਼ ਤੱਕ ਮਾਰਚ ਕਰਕੇ ਮੰਗ ਪੱਤਰ ਦਿੱਤਾ ਜਾਵੇਗਾ। ਮੀਟਿੰਗ ਵਿੱਚ ਜੀਤ ਸਿੰਘ ਬੰਗਾ, ਬਲਵਿੰਦਰ ਸਿੰਘ ਜਿਲੇਦਾਰ, ਦਰਸ਼ਨ ਸਿੰਘ ਭਰਪੂਰ, ਜਗਦੇਵ ਸਿੰਘ ਬਾਹੀਆ, ਸੁਰਿੰਦਰ ਸਿੰਘ, ਕ੍ਰਿਸ਼ਨ ਲਾਲ ਬੱਤਰਾ,ਸੋਮ ਸਿੰਘ, ਸਵਿੰਦਰ ਸਿੰਘ,ਚੇਤ ਰਾਮ ਢਿੱਲੋਂ, ਹਰਪਾਲ ਸਿੰਘ,ਦਾਤਾ ਸਿੰਘ ਨਮੋਲ,ਬਿਰਜ ਲਾਲ ਧੀਮਾਨ, ਅੰਗਰੇਜ਼ ਸਿੰਘ ਚੀਮਾਂ, ਭੁਪਿੰਦਰ ਸਿੰਘ ਛਾਜਲੀ,ਪਵਨ ਕੁਮਾਰ ਸ਼ਰਮਾ, ਸ਼ਾਮਲ ਹੋਏ। ਮੀਟਿੰਗ ਵਿੱਚ ਆਗੂਆਂ ਨੇ ਮੰਗ ਕੀਤੀ ਕਿ 18,% ਮਹਿਗਾਈ ਭੱਤਾ ਜ਼ਾਰੀ ਕੀਤਾ ਜਾਵੇ, 2.59 ਦਾ ਫੈਕਟਰ ਲਾਗੂ ਕੀਤਾ ਜਾਵੇ,ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ,ਪਰੋਬੇਸਨ ਪੀਰਡ ਖਤਮ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕਰਕੇ ਕੱਚੇ ਅਤੇ ਆਊਟ ਸੋਰਸ ਕਾਮੇ ਪੱਕੇ ਕੀਤੇ ਜਾਣ।

# ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਵੱਲੋਂ ਮੁੰਡੀਆਂ ਦੀ ਰਿਹਾਇਸ਼ ਦਾ ਘਿਰਾਓ

**ਲੁਧਿਆਣਾ (ਰੈਕਟਰ ਕਥੂਰੀਆ)**

ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ 26 ਵੱਲੋਂ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਦੀ ਅਗਵਾਈ ਹੇਠ ਸੂਬੇ ਭਰ ਤੋਂ ਵੱਡੀ ਗਿਣਤੀ ਸਮੇਤ ਜਲ ਸਪਲਾਈ ਵਿਭਾਗ ਦੇ ਇੰਨਲਿਸਟਮੈਂਟ ਕਾਮਿਆਂ ਵੱਲੋਂ ਮੁੰਡੀਆਂ ਕਲਾਂ 'ਚ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਰਿਹਾਇਸ਼ ਦਾ ਘਿਰਾਓ ਕਰਕੇ ਜ਼ਬਰਦਸਤ ਪ੍ਰਦਰਸ਼ਨ ਕੀਤਾ ਗਿਆ।ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ, ਸੂਬਾ ਪ੍ਰੈਸ ਸਕੱਤਰ ਦਵਿੰਦਰ ਸਿੰਘ ਨੇ ਕਿਹਾ ਜਲ ਸਪਲਾਈ ਵਿਭਾਗ ਅਧੀਨ ਇੱਕ ਵਰਕਰ ਦੇ ਰੂਪ ਵਿੱਚ ਪਿਛਲੇ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ 2800 ਦੇ ਲਗਭਗ ਇੰਨਲਿਸਟਮੈਂਟ ਕਾਮਿਆਂ ਨੂੰ ਵਿਭਾਗ ਅਧੀਨ ਲਿਆਕੇ ਰੈਗੂਲਰ ਕਰਾਉਣ ਲਈ ਜਥੇਬੰਦੀ ਵੱਲੋਂ ਲੰਮੇ ਸਮੇਂ ਤੋਂ ਲਾ ਮਿਸਾਲ ਸੰਘਰਸ਼ ਕੀਤੇ ਜਾ ਰਹੇ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਠੇਕਾ ਮੁਲਾਜ਼ਮਾਂ ਦੇ ਹੱਕ ਵਿੱਚ ਲਿਆਂਦੇ ਜਾ ਰਹੇ ਦੋ ਨਵੇਂ ਆਰਡੀਨੈਂਸ ਵਿਚੋਂ ਇੰਨਲਿਸਟਮੈਂਟ ਕੈਟਾਗਰੀ ਨੂੰ ਬਾਹਰ ਰੱਖਿਆ ਗਿਆ ਹੈ, ਜਿਸ ਸਬੰਧੀ ਪਿਛਲੇ ਮਹੀਨੇ ਵਿੱਤ ਹਰਪਾਲ ਸਿੰਘ ਚੀਮਾ ਤੇ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਜਥੇਬੰਦੀ ਨਾਲ ਲਗਾਤਾਰ ਮੀਟਿੰਗਾਂ ਕਰਕੇ ਸਿਰਫ਼ ਭਰੋਸਾ ਦਿੱਤਾ ਜਾਂਦਾ ਸੀ।ਪਿਛਲੀ 10 ਜੂਨ ਨੂੰ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ, ਜਲ ਸਪਲਾਈ ਵਿਭਾਗ ਦੀ ਮੈਨੇਜਮੈਂਟ ਵੱਲੋਂ ਪੰਜਾਬ ਭਵਨ ਚੰਡੀਗੜ੍ਹ ਮੀਟਿੰਗ ਕਰਕੇ ਜਥੇਬੰਦੀ ਨੂੰ ਭਰੋਸਾ ਦਿੱਤਾ ਸੀ ਕਿ ਇੱਕ ਹਫ਼ਤੇ ਦੇ ਅੰਦਰ ਇੰਨਲਿਸਟਮੈਂਟ ਕੈਟਾਗਰੀ ਸ਼ਾਮਲ ਕਰਕੇ ਕਾਮਿਆਂ ਦਾ ਭਵਿੱਖ ਸੁਰੱਖਿਅਤ ਕੀਤਾ ਜਾਵੇਗਾ ਤੇ 23 ਜੂਨ ਨੂੰ ਵਿਭਾਗ ਵੱਲੋਂ ਨਿਗਰਾਨ ਇੰਜੀਨੀਅਰ ਤੇ ਕਾਰਜਕਾਰੀ ਇੰਜੀਨੀਅਰ ਪੰਜਾਬ ਨੂੰ ਹਦਾਇਤ ਕਰਕੇ ਕਿਹਾ ਗਿਆ ਕਿ ਆਊਟਸੋਰਸਿੰਗ ਕਾਮਿਆਂ ਦੀ ਐਂਟਰੀ ਜਥੇਬੰਦੀ ਵੱਲੋਂ ਵਿਭਾਗੀ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਤਾਂ ਉਨ੍ਹਾਂ ਕਿਹਾ ਕਿ ਹਾਲੇ ਇਨਲਿਸਟਮੈਂਟ ਕਾਮਿਆਂ ਦੇ ਮਸਲੇ ਵਾਰੇ ਪੰਜਾਬ ਸਰਕਾਰ ਵੱਲੋਂ ਕੋਈ ਹਦਾਇਤ ਨਹੀਂ ਜਾਰੀ ਹੋਈ, ਜਿਸ ਉਪਰੰਤ ਸੂਬੇ ਭਰ ਦੇ ਕਾਮਿਆਂ ਵਿੱਚ ਭਾਰੀ ਰੋਸ ਪਾਇਆ ਗਿਆ, ਜਿਸ ਦੇ ਵਿਰੋਧ ਵਿੱਚ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਰਿਹਾਇਸ਼ ਦਾ ਘਿਰਾਓ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਧਰਨੇ ਵਾਲੀ ਥਾਂ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪਹੁੰਚ ਕਿਹਾ ਕਿ ਪੰਜਾਬ ਸਰਕਾਰ ਤੁਹਾਡਾ ਕੰਮ ਕਰ ਰਹੀ ਹੈ, ਤੁਸੀਂ ਜਾਣਬੁੱਝ ਕੇ ਧਰਨੇ ਲਾ ਰਹੇ ਹੋ। ਜਥੇਬੰਦੀ ਦੇ ਆਗੂਆਂ ਤੇ ਜਲ ਸਪਲਾਈ ਮੰਤਰੀ ਵਿੱਚ ਤਿੱਖੀ ਬਹਿਸ ਹੋਈ ਯੂਨੀਅਨ ਆਗੂਆਂ ਨੇ ਕਿਹਾ ਕਿ ਤੁਸੀਂ ਸਾਨੂੰ ਇੱਕ ਹਫ਼ਤੇ ਦਾ ਟਾਇਮ ਦਿੱਤਾ ਸੀ। ਚਾਰ ਹਫਤੇ ਬੀਤ ਜਾਣ ਦੇ ਬਾਵਜੂਦ ਵੀ ਪਰਨਾਲਾ ਉਥੇ ਦਾ ਉਥੇ ਹੀ ਹੈ ਤੇ ਤੁਹਾਡੇ ਅਧਿਕਾਰੀ ਕਹਿ ਰਹੇ ਹਨ ਕਿ ਤੁਹਾਡੇ ਮਸਲੇ ਬਾਰੇ ਸਰਕਾਰ ਵੱਲੋਂ ਕੋਈ ਹਦਾਇਤ ਨਹੀਂ ਜਾਰੀ ਹੋਈ। ਮੰਤਰੀ ਨੇ ਕਿਹਾ ਕਿ 8 ਜੁਲਾਈ ਨੂੰ ਚੰਡੀਗੜ੍ਹ ਜਥੇਬੰਦੀ ਨਾਲ ਮੀਟਿੰਗ ਕਰਕੇ ਲਿਖਤੀ ਰੂਪ ਵਿੱਚ ਦੇ ਦਿੱਤਾ ਜਾਵੇਗਾ।ਦੇਰ ਸ਼ਾਮ ਜਥੇਬੰਦੀ ਨੂੰ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਲਿਖਤੀ ਭਰੋਸਾ ਦੇ ਕੇ ਧਰਨਾ ਸਮਾਪਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਜਥੇਬੰਦੀ ਨੇ ਐਲਾਨ ਕੀਤਾ ਕਿ ਮੰਤਰੀ ਦੇ ਦੁਬਾਰਾ ਭਰੋਸਾ ਤੇ 10 ਜੁਲਾਈ ਤੱਕ ਸੰਘਰਸ਼ ਮੁਲਤਵੀ ਕੀਤਾ ਜਾਂਦਾ ਹੈ। ਜੇਕਰ 8 ਜੁਲਾਈ ਨੂੰ ਮਸਲਾ ਹੱਲ ਨਾ ਹੋਇਆ ਤਾਂ 10 ਜੁਲਾਈ ਨੂੰ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਰਿਹਾਇਸ਼ ਮੂਹਰੇ ਪੱਕਾ ਮੋਰਚਾ ਲਾਇਆ ਜਾਵੇਗਾ, ਜਿਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਜਲ ਸਪਲਾਈ ਮੈਨੇਜਮੈਂਟ ਦੀ ਹੋਵੇਗੀ।



# ਰੋਕਾਂ ਤੇ ਡਰਾਵਿਆਂ ਦੇ ਬਾਵਜੂਦ ਆਪਮੁਹਾਰੇ ਲੋਕ ਚੇਅਰਮੈਨ ਮਾਨ ਦੇ ਪ੍ਰੋਗਰਾਮ 'ਚ ਪੁੱਜੇ

**ਬਠਿੰਡਾ (ਰਾਜੀਵ ਗੋਇਲ)**

ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਵਾਂ-ਧੀਆਂ ਸਕੀਮ ਦਾ ਆਗਾਜ਼ ਕੀਤਾ ਜਾਣਾ ਸੀ ਤੇ ਇਸ ਮਸਲੇ ਨੂੰ ਲੈ ਕੇ ਹਲਕਾ ਰਾਮਪੁਰਾ ਫੂਲ, ਚ ਵੀ ਮਾਰਕਫੈਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਹਲਕੇ ਦੇ ਪਿੰਡ ਭਾਈਰੂਪਾ ਵਿਖੇ ਇੱਕ ਨਿੱਜੀ ਪੈਲਿਸ ਵਿੱਚ ਆਮ ਲੋਕਾਂ ਦੀ ਇਕੱਤਰਤਾ ਕੀਤੀ ਜਾਣੀ ਸੀ, ਜਿਸ ਸਬੰਧੀ ਚੇਅਰਮੈਨ ਮਾਨ ਵੱਲੋਂ ਸ਼ੋਸਲ ਮੀਡੀਆ ਸਮੇਤ ਵੱਖ-ਵੱਖ ਮਾਧਿਅਮਾਂ ਰਾਹੀਂ ਆਮ ਲੋਕਾਂ ਨੂੰ ਨਿਸਚਿਤ ਜਗ੍ਹਾ 'ਤੇ ਪਹੁੰਚਣ ਦੀ ਅਪੀਲ ਕੀਤੀ ਗਈ ਤੇ ਇਸ ਪ੍ਰੋਗਰਾਮ ਦਾ ਸਮਾਂ ਵੀ ਕਰੀਬ 10 ਵਜੇ ਦਾ ਤੈਅ ਕੀਤਾ ਗਿਆ।

ਕੁੱਝ ਸਮੇਂ ਬਾਅਦ ਆਮ ਲੋਕਾਂ 'ਚ ਹੈਰਾਨੀ ਤਾਂ ਉਦੋਂ ਫੈਲ ਗਈ, ਜਦੋਂ ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਇਸ ਸਕੀਮ ਦੇ ਅਧਾਰ 'ਤੇ ਆਪਣਾ ਵੱਖਰਾ ਪ੍ਰੋਗਰਾਮ ਰਾਮਪੁਰਾ ਦੇ ਰਾਮਬਾਗ ਵਿਖੇ ਰੱਖ ਲਿਆ ਗਿਆ। ਇਸ ਗੱਲ ਨਾਲ ਇਨ੍ਹਾਂ ਦੋਹਾਂ ਆਗੂਆਂ ਦੀ ਆਪਸੀ ਧੜੇਬੰਦੀ ਪੂਰੀ ਤਰ੍ਹਾਂ ਨਾਲ ਜਗ ਜ਼ਾਹਰ ਹੋ ਗਈ ਅਤੇ ਜਦੋਂ ਇਸ ਮਸਲੇ ਬਾਰੇ ਚੇਅਰਮੈਨ ਮਾਨ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੈਂ ਇਹ ਪ੍ਰੋਗਰਾਮ ਪਾਰਟੀ ਦੇ ਕਹਿਣ ਅਨੁਸਾਰ ਹੀ ਰੱਖਿਆ ਹੈ, ਭਾਵੇਂ ਹੀ ਉਨ੍ਹਾਂ ਵੱਲੋਂ ਹਲਕਾ ਵਿਧਾਇਕ ਦੇ ਰੱਖੇ ਪ੍ਰੋਗਰਾਮ ਬਾਰੇ ਕੁਝ ਨਹੀਂ ਕਿਹਾ, ਪਰ ਏਨਾ ਜ਼ਰੂਰ ਕਿਹਾ ਕਿ ਭਾਈਰੂਪਾ ਅਤੇ ਰਾਮਪੁਰਾ ਦੋਹਾਂ ਥਾਵਾਂ 'ਤੇ ਹੀ ਪਾਰਟੀ ਦਾ ਪ੍ਰੋਗਰਾਮ ਹੋ ਰਿਹਾ ਹੈ ਅਤੇ ਲੋਕਾਂ ਨੂੰ ਜਿੱਥੇ ਵੀ ਜਾਣਾ ਚੰਗਾ ਲੱਗੇਗਾ, ਉਹ ਉੱਥੇ ਹੀ ਜਾਣਗੇ। ਭਾਵੇਂ ਵਿਧਾਨ ਸਭਾ ਚੋਣਾਂ ਲਈ ਟਿਕਟ ਦਾ ਫੈਸਲਾ ਪਾਰਟੀ ਵੱਲੋਂ ਅਜੇ ਕੀਤਾ ਜਾਣਾ ਹੈ ਪਰ ਇੱਕ ਵਾਰ ਪਾਰਟੀ ਦੇ ਵੱਡੇ ਥੰਮਾਂ ਦੀ ਆਪਸੀ ਫੁੱਟ ਜਗ ਜ਼ਾਹਰ ਹੋ ਗਈ ਹੈ। ਹੁਣ ਹਲਕੇ ਅੰਦਰ ਇਸ ਮੀਟਿੰਗ ਤੋਂ ਬਾਅਦ ਦੋ ਧੜਿਆਂ ਨੇ ਜਨਮ ਲੈ ਲਿਆ ਹੈ, ਜਿਨ੍ਹਾਂ ਨੂੰ ਵਿਧਾਇਕ ਤੇ ਮਾਨ ਧੜੇ ਵਜੋਂ ਦੇਖਿਆ ਜਾ ਰਿਹਾ ਹੈ।



# ਟਰੱਸਟ ਆਗੂਆਂ ਵੱਲੋਂ ਵਾਇਸ ਚਾਂਸਲਰ ਡਾ. ਸੂਦ ਨਾਲ ਮੁਲਾਕਾਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਉੱਚ ਪੱਧਰੀ ਵਫ਼ਦ ਨੇ ਨੈਸ਼ਨਲ ਡਾਕਟਰਜ਼ ਡੇਅ ਮੌਕੇ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਰਾਜੀਵ ਸੂਦ ਨਾਲ ਉਨ੍ਹਾਂ ਦੇ ਦਫਤਰ ਵਿੱਚ ਮੁਲਾਕਾਤ ਕੀਤੀ।ਟਰੱਸਟ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫ਼ਦ 'ਚ ਜ਼ਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਗਰੇਵਾਲ, ਜ਼ਿਲ੍ਹਾ ਚੇਅਰਮੈਨ ਡਾ. ਹਰਪਾਲ ਸਿੰਘ ਭਾਰਦਵਾਜ, ਸੀਨੀਅਰ ਮੀਤ ਪ੍ਰਧਾਨ ਇੰਸ. ਰਮੇਸ਼ ਕੁਮਾਰ ਬਾਰੋਲੀਆ, ਸੀਨੀਅਰ ਆਗੂ ਸੇਵਾਮੁਕਤ ਬੈਂਕ ਮੈਨੇਜਰ ਨਿਰਮਲ ਸਿੰਘ ਸੰਧੂ ਤੇ ਸਹਾਇਕ ਪ੍ਰੈਸ ਸਕੱਤਰ ਸ਼ਿਵਨਾਥ ਦਰਦੀ ਆਦਿ ਮੌਜੂਦ ਸਨ। ਟਰੱਸਟ ਆਗੂਆਂ ਵੱਲੋਂ ਡਾ. ਰਾਜੀਵ ਸੂਦ ਨੂੰ ਨੈਸ਼ਨਲ ਡਾਕਟਰਜ਼ ਡੇਅ ਦੀ ਵਧਾਈ ਦਿੰਦੇ ਹੋਏ ਇਸ ਦਿਹਾੜੇ ਨੂੰ ਸਮੁੱਚੇ ਡਾਕਟਰ ਵਰਗ ਪ੍ਰੇਰਨਾਦਾਇਕ ਦਿਵਸ ਕਰਾਰ ਦਿੱਤਾ।ਜ਼ਿਕਰਯੋਗ ਹੈ ਕਿ ਨੈਸ਼ਨਲ ਡਾਕਟਰਜ਼ ਡੇਅ ਦੇਸ਼ ਦੇ ਮਹਾਨ ਡਾਕਟਰ ਤੇ ਸਿਆਸਤਦਾਨ ਭਾਰਤ ਰਤਨ ਡਾ. ਬੀ.ਸੀ. ਰਾਏ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਬੀਤੇ ਸਮੇਂ 'ਚ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਰਹਿ ਚੁੱਕੇ ਤੇ ਅੰਤਰਰਾਸ਼ਟਰੀ ਪੱਧਰ ਦੇ ਪ੍ਰਸਿੱਧ ਡਾਕਟਰ ਬੀ.ਸੀ. ਰਾਏ ਦਾ ਜਨਮ ਪਹਿਲੀ ਜੁਲਾਈ 1882 ਨੂੰ ਹੋਇਆ ਸੀ ਤੇ ਉਨ੍ਹਾਂ ਦੀ ਮੌਤ ਵੀ ਪਹਿਲੀ ਜੁਲਾਈ ਨੂੰ ਹੀ 1962 ਵਿੱਚ ਹੋਈ ਸੀ।ਉਨ੍ਹਾਂ ਨੂੰ ਭਾਰਤ ਸਰਕਾਰ ਵੱਲੋਂ 1961 ਈ: ਵਿੱਚ ਭਾਰਤ ਰਤਨ ਦਾ ਮਾਨਮੱਤਾ ਐਵਾਰਡ ਦਿੱਤਾ ਗਿਆ ਸੀ।ਡਾ. ਰਾਏ ਦੀ ਯਾਦ ਵਿੱਚ ਹੀ ਹਰ ਸਾਲ ਪਹਿਲੀ ਜੁਲਾਈ ਨੂੰ ਨੈਸ਼ਨਲ ਡਾਕਟਰਜ਼ ਡੇਅ ਮਨਾਇਆ ਜਾਂਦਾ ਹੈ।ਇਹ ਦਿਨ ਮਨਾਉਣ ਦੀ ਸ਼ੁਰੂਆਤ 1991 ਵਿੱਚ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐੱਮ.ਏ.) ਵੱਲੋਂ ਸ਼ੁਰੂ ਕੀਤੀ ਗਈ ਸੀ।ਦੱਸਣਾ ਵੀ ਮਹੱਤਵਪੂਰਨ ਹੈ ਕਿ ਅੰਤਰਰਾਸ਼ਟਰੀ ਪੱਧਰ ਦੇ ਯੂਰੋਲੋਜਿਸਟ ਮੌਜੂਦਾ ਵਾਇਸ ਚਾਂਸਲਰ ਡਾ. ਰਾਜੀਵ ਸੂਦ ਵੀ ਡਾ. ਬੀ.ਸ਼ੀ. ਰਾਏ ਅਵਾਰਡ ਜੇਤੂ ਸ਼ਖ਼ਸੀਅਤ ਹਨ।

ਟਰੱਸਟ ਆਗੂਆਂ ਨੇ ਕਿਹਾ ਕਿ ਧਰਤੀ ਉਪਰ ਡਾਕਟਰ ਦਾ ਰੁਤਬਾ ਪ੍ਰਮਾਤਮਾ ਤੋਂ ਬਾਅਦ ਤੇ ਸਭ ਤੋਂ ਪਵਿੱਤਰ ਤੇ ਪੂਜਣਯੋਗ ਹੁੰਦਾ ਹੈ।ਸ੍ਰੀ ਢੋਸੀਵਾਲ ਨੇ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਬੇਹੱਦ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਨੂੰ ਕੁਸ਼ਲ ਡਾਕਟਰ ਤੇ ਨਿਡਰ ਐਡਮਿਨਿਸਟ੍ਰੇਟਰ ਮਿਲਿਆ ਹੈ।ਡਾ. ਸੂਦ ਦਾ ਕਾਰਜਕਾਲ ਭਾਵੇਂ ਕਾਫ਼ੀ ਚੁਣੌਤੀਪੂਰਨ ਰਿਹਾ ਹੈ, ਪਰੰਤੂ ਉਨ੍ਹਾਂ ਦੀ ਦੂਰਅੰਦੇਸ਼ੀ ਤੇ ਪ੍ਰਬੰਧਕੀ ਕਾਰਜਕੁਸ਼ਲਤਾ ਸਦਕਾ ਹੀ ਯੂਨੀਵਰਸਿਟੀ ਸਮੁੱਚੀ ਸਫ਼ਲਤਾ ਦੀ ਉਚਾਈਆਂ ਦੇ ਸ਼ਿਖ਼ਰ 'ਤੇ ਪਹੁੰਚੀ ਹੋਈ ਹੈ।

## ਕਣਕ ਦਾ ਬੀਜ ਬਣਾਉਣ ਵਾਲੀਆਂ ਫੈਕਟਰੀਆਂ ਵੱਲੋਂ ਸਰਕਾਰੀ ਖ਼ਜ਼ਾਨੇ ਨੂੰ ਲਾਇਆ ਜਾ ਰਿਹਾ ਚੂਨਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕਣਕ ਦਾ ਬੀਜ ਤਿਆਰ ਕਰਨ ਵਾਲੀਆਂ ਬੀਜ ਫੈਕਟਰੀਆਂ ਵੱਲੋਂ ਬੀਜ ਤਿਆਰ ਕਰਨ ਦੀ ਆੜ ਹੇਠ ਸਰਕਾਰੀ ਖਜ਼ਾਨੇ ਨੂੰ ਮੋਟਾ ਚੂਨਾ ਲਾਇਆ ਜਾ ਰਿਹਾ ਹੈ।ਬੀਜ ਫੈਕਟਰੀਆਂ ਵੱਲੋਂ ਸਰਕਾਰੀ ਖਜ਼ਾਨੇ ਨੂੰ ਲਾਏ ਜਾ ਰਹੇ ਚੂਨੇ ਦਾ ਭਾਵੇਂ ਬੀਜ ਫੈਕਟਰੀਆਂ ਨਾਲ ਸਬੰਧਤ ਸਰਕਾਰੀ ਅਧਿਕਾਰੀ ਨੂੰ ਸਭ ਕੁਝ ਪਤਾ ਹੈ, ਪ੍ਰੰਤੂ ਇਸਦੇ ਬਾਵਜੂਦ ਖ਼ਜ਼ਾਨੇ ਨੂੰ ਲੱਗ ਰਿਹਾ ਚੂਨਾ ਜਾਂ ਤਾਂ ਸਰਕਾਰੀ ਅਧਿਕਾਰੀਆਂ ਦੀ ਲਾਪ੍ਰਵਾਹੀ ਜਾਂ ਫਿਰ ਮਿਲੀਭੁਗਤ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਭਰੋਸੇਯੋਗ ਸੂਤਰਾਂ ਦੀ ਗੱਲ ਸੱਚ ਮੰਨ ਲਈ ਜਾਵੇ ਤਾਂ ਕਣਕ ਦਾ ਬੀਜ ਤਿਆਰ ਕਰਨ ਵਾਲੀਆਂ ਫੈਕਟਰੀਆਂ ਕਣਕ ਦਾ ਬੀਜ ਘੱਟ ਤਿਆਰ ਕਰਦੀਆਂ ਹਨ ਅਤੇ ਕਣਕ ਦਾ ਕਾਰੋਬਾਰ ਜਿਆਦਾ ਕਰਦੀਆਂ ਹਨ। ਜਿਸ ਦੇ ਚਲਦੇ ਬੀਜ ਫੈਕਟਰੀਆਂ ਵੱਲੋਂ ਬੀਜ ਘੱਟ ਤਿਆਰ ਕੀਤਾ ਜਾਂਦਾ ਹੈ ਤੇ ਕਣਕ ਜ਼ਿਆਦਾ ਵੇਚੀ ਜਾਂਦੀ ਹੈ। ਸੂਤਰਾਂ ਨੇ ਜਾਣਕਾਰੀ ਦਿੱਤੀ ਕਿ ਕਣਕ ਦਾ ਬੀਜ ਤਿਆਰ ਕਰਨ ਸਮੇਂ (ਅੰਡਰ ਸਾਇਜ ਕਣਕ) ਜੋ ਬਰੀਕ ਕਣਕ ਨਿਕਲਦੀ ਹੈ, ਉਸ ਉੱਪਰ ਵੀ ਮਾਰਕੀਟ ਫੀਸ ਨਹੀਂ ਭਰੀ ਜਾਂਦੀ, ਜੋ ਨਿਯਮਾਂ ਦੇ ਮੁਤਾਬਕ ਬੀਜ ਫੈਕਟਰੀਆਂ ਵੱਲੋਂ ਬਰੀਕ ਕਣਕ ਜੋ ਬੀਜ ਨਹੀਂ ਹਨ ਤੇ ਮਾਰਕੀਟ ਫੀਸ ਭਰਨੀ ਬਣਦੀ ਹੈ। ਬੀਜ ਫੈਕਟਰੀਆਂ ਵੱਲੋਂ ਕਣਕ ਦਾ ਬੀਜ ਤਿਆਰ ਕਰਨ ਸਮੇਂ ਜੋ ਬਰੀਕ ਕਣਕ (ਕਿਨਕੀ) ਬਚ ਜਾਂਦੀ ਹੈ, ਉਸ ਨੂੰ ਬੀਜ ਫੈਕਟਰੀਆਂ ਵੱਲੋਂ ਜਾਂ ਤਾਂ ਫਲੋਰ ਮਿੱਲਾਂ ਜਾਂ ਫਿਰ ਵੱਡੀਆਂ ਫੂਡ ਕੰਪਨੀਆਂ ਨੂੰ ਵੇਚ ਦਿੰਦੀ ਹੈ। ਸੂਤਰਾਂ ਨੇ ਦੱਸਿਆ ਹੈ ਕਿ ਕਣਕ ਦੇ ਬੀਜ ਉੱਪਰ ਮਾਰਕੀਟ ਫੀਸ ਨਹੀਂ ਹੈ, ਪ੍ਰੰਤੂ (ਅੰਡਰ ਸਾਈਜ ਕਣਕ) ਕਿਨਕੀ ਉਪਰ ਮਾਰਕੀਟ ਫੀਸ ਭਰੀ ਜਾਣੀ ਬਣਦੀ ਹੈ।ਦੱਸਣਾ ਬਣਦਾ ਹੈ ਕਿ ਮਾਰਕੀਟ ਕਮੇਟੀ ਵੱਲੋਂ ਮਾਰਕੀਟ ਫੀਸ ਤਾਂ ਕੀ ਭਰਾਉਣੀ ਸੀ ਪ੍ਰੰਤੂ ਉਨ੍ਹਾਂ ਕੋਲ ਤਾਂ ਬੀਜ ਫੈਕਟਰੀਆਂ ਵੱਲੋਂ ਖਰੀਦ ਕੀਤੀ ਗਈ ਕਣਕ ਦਾ ਅੰਕੜਾ ਵੀ ਨਹੀਂ ਹੈ, ਇਸ ਦੀ ਜਾਣਕਾਰੀ ਆਰ ਟੀ ਆਈ ਰਾਹੀਂ ਪ੍ਰਾਪਤ ਕਿੱਤੀ ਗਈ ਹੈ।ਸੂਤਰਾਂ ਦਾ ਇਹ ਵੀ ਕਹਿਣਾ ਹੈ ਕੇ ਜੇ ਕਰ ਮੰਡੀ ਦੀਆ ਬੀਜ ਫੈਕਟਰੀਆਂ ਵੱਲੋਂ ਪਿਛਲੇ 4-5 ਸਾਲਾਂ ਅੰਦਰ ਖ਼ਰੀਦ ਕਿੱਤੀ ਕਣਕ ਤੇ ਤਿਆਰ ਕਰਕੇ ਵੇਚੇ ਗਏ ਬੀਜ ਦੀ ਸੀ ਬੀ ਆਈ ਜਾਂ ਕੋਈ ਹੋਰ ਉੱਚ ਏਜੰਸੀ ਜਾਂਚ ਕਰੇ ਤਾਂ ਇੱਕ ਮੋਟਾ ਘਪਲਾ ਸਾਹਮਣੇ ਆਉਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਕਿਉਂਕਿ ਬੀਜ ਫੈਕਟਰੀਆਂ ਵੱਲੋਂ ਬੀਜ ਘੱਟ ਤਿਆਰ ਕਰਕੇ ਵੇਚਿਆ ਗਿਆ, ਜਦਕਿ ਕਣਕ ਦਾ ਕਾਰੋਬਾਰ ਮੋਟੇ ਪੱਧਰ 'ਤੇ ਕੀਤਾ ਗਿਆ।

# ਡਾ. ਸੁਰਜੀਤ ਸਿੰਘ ਨੇ ਡੀਨ (ਭਾਸ਼ਾ ਫੈਕਲਟੀ) ਦਾ ਅਹੁਦਾ ਸੰਭਾਲਿਆ

**ਸਮਰਾਲਾ (ਸੁਰਜੀਤ ਸਿੰਘ)**

ਡਾ. ਸੁਰਜੀਤ ਸਿੰਘ ਨੇ ਵੀਰਵਾਰ ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਡੀਨ (ਭਾਸ਼ਾ ਫੈਕਲਟੀ) ਦਾ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਮੌਕੇ ਉਨ੍ਹਾਂ ਨੇ ਭਾਸ਼ਾਵਾਂ ਦੇ ਅਧਿਐਨ, ਖੋਜ ਅਤੇ ਸਾਹਿਤਕ ਗਤੀਵਿਧੀਆਂ ਨੂੰ ਹੋਰ ਪ੍ਰੋਤਸਾਹਿਤ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ। ਇਸ ਮੌਕੇ ਪ੍ਰਸਿੱਧ ਪੰਜਾਬੀ ਸਾਹਿਤਕਾਰ ਡਾ. ਨਰਿੰਦਰ ਸਿੰਘ ਕਪੂਰ ਨੇ ਕਿਹਾ ਕਿ ਡਾ. ਸੁਰਜੀਤ ਸਿੰਘ ਦਾ ਵਿਸ਼ਾਲ ਅਕਾਦਮਿਕ ਤਜਰਬਾ ਅਤੇ ਪ੍ਰਸ਼ਾਸਨਿਕ ਯੋਗਤਾ ਭਾਸ਼ਾ ਸਿੱਖਿਆ ਅਤੇ ਖੋਜ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਪ੍ਰਸਿੱਧ ਲੋਕਧਾਰਾ ਵਿਦਵਾਨ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਸਾਬਕਾ ਡੀਨ (ਭਾਸ਼ਾ ਫੈਕਲਟੀ) ਡਾ. ਨਾਹਰ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਡਾ. ਸੁਰਜੀਤ ਸਿੰਘ ਦੀ ਅਗਵਾਈ ਹੇਠ ਭਾਸ਼ਾ ਫੈਕਲਟੀ ਵਿੱਚ ਅਕਾਦਮਿਕ ਗੁਣਵੱਤਾ, ਖੋਜ ਅਤੇ ਸਾਹਿਤਕ ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਵਿਦਿਆਰਥੀਆਂ ਤੇ ਖੋਜਾਰਥੀਆਂ ਨੂੰ ਇਸ ਦਾ ਭਰਪੂਰ ਲਾਭ ਪ੍ਰਾਪਤ ਹੋਵੇਗਾ। ਇਸ ਮੌਕੇ ਡਾ. ਜਸਵਿੰਦਰ ਸਿੰਘ, ਡਾ. ਸਤੀਸ਼ ਕੁਮਾਰ ਵਰਮਾ, ਡਾ. ਬਲਦੇਵ ਸਿੰਘ ਧਾਲੀਵਾਲ, ਪ੍ਰੋ. ਰਾਜਿੰਦਰਪਾਲ ਬਰਾੜ, ਪ੍ਰੋ. ਬਲਵਿੰਦਰ ਕੌਰ ਸਿੱਧੂ, ਪ੍ਰੋ. ਚਰਨਜੀਤ ਕੌਰ (ਸਾਬਕਾ ਚੇਅਰਪਰਸਨ, ਗੁਰੂ ਨਾਨਕ ਚੇਅਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ), ਡਾ. ਸ਼ਮਸ਼ੇਰ ਸਿੰਘ, ਡਾ. ਗੁਰਮੁਖ ਸਿੰਘ, ਪ੍ਰੋ. ਜਗਤਾਰ ਸਿੰਘ, ਪ੍ਰੋ. ਬਲਦੇਵ ਸਿੰਘ ਚੀਮਾ, ਪ੍ਰੋ. ਗੁਰਮੁਖ ਸਿੰਘ, ਡਾ. ਰਾਜਵਿੰਦਰ ਸਿੰਘ, ਪ੍ਰੋ. ਗੁਰਸੇਵਕ ਸਿੰਘ ਲੰਬੀ (ਮੁਖੀ, ਪੰਜਾਬੀ ਵਿਕਾਸ ਵਿਭਾਗ), ਡਾ. ਰਾਜਵੰਤ ਕੌਰ ਪੰਜਾਬੀ (ਮੁਖੀ, ਪੰਜਾਬੀ ਵਿਭਾਗ), ਡਾ. ਪਰਮੀਤ ਕੌਰ (ਮੁਖੀ, ਪੰਜਾਬੀ ਭਾਸ਼ਾ ਵਿਕਾਸ ਵਿਭਾਗ), ਡਾ. ਧਰਮਜੀਤ ਸਿੰਘ (ਮੁਖੀ, ਅੰਗਰੇਜ਼ੀ ਵਿਭਾਗ) ਸਮੇਤ ਯੂਨੀਵਰਸਿਟੀ ਦੇ ਖੋਜਾਰਥੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਸਾਹਿਤ ਸਭਾ ਸਮਰਾਲਾ ਦੀ ਡਾ. ਯਤੀਂਦਰ ਕੌਰ ਮਾਹਲ, ਦੀਪ ਦਿਲਬਰ, ਰਾਜਵਿੰਦਰ ਸਮਰਾਲਾ ਅਤੇ ਐਡਵੋਕੇਟ ਦਲਜੀਤ ਸ਼ਾਹੀ ਨੇ ਡਾ. ਸੁਰਜੀਤ ਸਿੰਘ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਮਨਰੇਗਾ ਖਤਮ ਕਰਨ ਖਿਲਾਫ਼ ਮਜ਼ਦੂਰਾਂ ਵੱਲੋਂ ਤੁੰਗਾਂ 'ਚ ਪ੍ਰਦਰਸ਼ਨ

### ਜੀ ਰਾਮ ਜੀ ਸਕੀਮ ਨੂੰ ਤੁਰੰਤ ਵਾਪਸ ਲਵੇ ਸਰਕਾਰ : ਤੁੰਗਾਂ



**ਸੰਗਰੂਰ (ਪ੍ਰਵੀਨ ਸਿੰਘ)**-ਪਿੰਡ ਤੁੰਗਾਂ ਵਿਖੇ ਮਨਰੇਗਾ ਮਜ਼ਦੂਰ ਯੂਨੀਅਨ (ਸੀਟੂ) ਵਲੋਂ ਮਨਰੇਗਾ ਕਾਨੂੰਨ ਖਤਮ ਕਰਨ ਖਿਲਾਫ਼ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਬਲਜੀਤ ਕੌਰ ਪ੍ਰਧਾਨ ਤੇ ਟਹਿਲ ਸਿੰਘ ਮੀਤ ਪ੍ਰਧਾਨ ਦੀ ਅਗਵਾਈ 'ਚ ਪਿੰਡ ਤੁੰਗਾਂ ਦੇ ਪੰਚਾਇਤ ਘਰ 'ਚ ਮਨਰੇਗਾ ਮਜਦੂਰ ਇਕੱਤਰ ਹੋਏ।ਸੀਟੂ ਦੇ ਜਿਲਾ ਆਗੂ ਕਾਮਰੇਡ ਸਤਵੀਰ ਤੁੰਗਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ 1 ਜੁਲਾਈ ਤੋਂ ਮਨਰੇਗਾ ਕਾਨੂੰਨ ਦਾ ਬਿਲਕੁਲ ਖਾਤਮਾ ਕਰ ਦਿੱਤਾ ਹੈ ਤੇ ਇਸ ਦੀ ਥਾਂ ਨਵੀਂ ਸਕੀਮ ਜੀ ਰਾਮ ਜੀ ਲਾਗੂ ਕਰ ਦਿੱਤੀ ਹੈ।ਇਸ ਸਕੀਮ ਵਿੱਚ ਮਜਦੂਰਾਂ ਨੂੰ ਕੰਮ ਮੰਗਣ ਦਾ ਕੋਈ ਅਧਿਕਾਰ ਨਹੀਂ ਹੈ, 60-40 ਦੀ ਰੇਸ਼ੋ ਕਰਕੇ ਸੂਬਾ ਸਰਕਾਰ ਜੋ ਪਹਿਲਾਂ ਹੀ ਕਰਜੇ ਲੈ ਕੇ ਚੱਲ ਰਹੀ ਹੈ, ਆਪਣਾ 40 ਫੀਸਦੀ ਹਿੱਸਾ ਜੇਕਰ ਨਹੀਂ ਪਾ ਸਕੇਗੀ ਤਾਂ ਕਿਤੇ ਵੀ ਕੋਈ ਕੰਮ ਨਹੀਂ ਚੱਲੇਗਾ।ਮਜਦੂਰਾਂ ਦੀ ਬਾਇਓਮੈਟਕ ਹਾਜਰੀ, ਫੇਸ ਸਕੈਨ ਆਦਿ ਸਭ ਮਜਦੂਰਾਂ ਨੂੰ ਕੰਮ ਤੋਂ ਵਾਂਝੇ ਕਰਨ ਵਾਲਾ ਸਾਬਤ ਹੋਣਗੇ।ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਜੀ ਰਾਮ ਜੀ ਸਕੀਮ ਨੂੰ ਤੁਰੰਤ ਵਾਪਸ ਲਿਆ ਜਾਵੇ ਤੇ ਮਨਰੇਗਾ ਨੂੰ ਮੁੜ ਬਹਾਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਸਰਕਾਰ ਦਾ ਦੋਗਲਾ ਚਿਹਰਾ ਵੀ ਲੋਕਾਂ ਸਾਹਮਣੇ ਆ ਗਿਆ ਹੈ, ਜਿਸ ਨੇ ਪਹਿਲਾਂ 30 ਦਸੰਬਰ 2025 ਨੂੰ ਜੀ ਰਾਮ ਜੀ ਸਕੀਮ ਨੂੰ ਸੂਬੇ 'ਚ ਲਾਗੂ ਨਾ ਕਰਨ ਸਬੰਧੀ ਵਿਸ਼ੇਸ਼ ਸੈਸ਼ਨ ਬੁਲਾ ਕੇ ਮਤਾ ਪਾਸ ਕੀਤਾ ਸੀ ਪਰ ਹੁਣ ਇਸ ਨੂੰ ਲਾਗੂ ਕਰਨ ਲਈ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਹੈ।ਆਗੂਆਂ ਨੇ ਮੰਗ ਕੀਤੀ ਕਿ ਲੋਕਾਂ ਨੂੰ ਕੰਮ ਦਿਓ ਤੇ ਕੰਮ ਦੇ ਬਣਦੇ ਪੈਸੇ ਦਿਓ।ਦਾਲਾਂ, ਤੇਲ, ਲੂਣ, ਚੀਨੀ ਲੋਕ ਖੁਦ ਖਰੀਦ ਲੈਣਗੇ।ਇਸ ਮੌਕੇ ਬੇਅੰਤ ਸਿੰਘ, ਜਗਦੇਵ ਸਿੰਘ, ਮੇਘਾ ਸਿੰਘ, ਅਜਮੇਰ ਸਿੰਘ, ਸ਼ਿੰਗਾਰਾ ਸਿੰਘ, ਹਰਦਿਆਲ ਸਿੰਘ, ਦਮੜੀ ਸਿੰਘ, ਗੁਰਜੀਤ ਸਿੰਘ, ਖੜਕਾ ਸਿੰਘ ਸੁਖਪਾਲ ਕੌਰ, ਜੀਤ ਕੌਰ, ਬਲਜੀਤ ਕੌਰ, ਗੁਰਮੀਤ ਕੌਰ ਆਦਿ ਹਾਜ਼ਰ ਸਨ।

## ਲਾਪਤਾ ਜੁੜਵਾਂ ਬੱਚਿਆਂ ਨੂੰ ਪੁਲਸ ਨੇ 2 ਘੰਟਿਆਂ 'ਚ ਲੱਭਿਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਚੌਹੱਟਾ ਬਾਜ਼ਾਰ ਇਲਾਕੇ ਤੋਂ ਦੁਪਹਿਰ ਲਾਪਤਾ ਹੋਏ 4 ਸਾਲਾ ਜੁੜਵਾਂ ਬੱਚਿਆਂ ਲਵ ਕੁਮਾਰ ਤੇ ਕੁਸ਼ ਕੁਮਾਰ ਪੁੱਤਰ ਕੈਲਾਸ਼ ਰਾਏ ਵਾਸੀ ਬਿਹਾਰ ਮੌਜੂਦਾ ਨਿਵਾਸੀ ਚਹਟਾ ਬਿਆਸ ਨਾਮ ਵਜੋਂ ਹੋਈ ਹੈ। ਪੁਲਸ ਨੇ ਮਹਿਜ਼ 2 ਘੰਟਿਆਂ ਵਿੱਚ ਸੁਰੱਖਿਅਤ ਲੱਭ ਕੇ ਪਰਵਾਰ ਦੇ ਹਵਾਲੇ ਕਰ ਦਿੱਤਾ।ਬੱਚਿਆਂ ਦੇ ਪਿਤਾ ਕੈਲਾਸ਼ ਰਾਏ ਨੇ ਸ਼ਾਮ ਕਰੀਬ 5:30 ਵਜੇ ਸਿਟੀ ਥਾਣਾ ਸੁਨਾਮ ਪਹੁੰਚ ਕੇ ਬੱਚਿਆਂ ਦੇ ਲਾਪਤਾ ਹੋਣ ਦੀ ਸੂਚਨਾ ਦਿੱਤੀ।ਇਸ ਤੋਂ ਬਾਅਦ ਸਿਟੀ ਥਾਣਾ ਸੁਨਾਮ ਦੇ ਐਸਐਚਓ ਪ੍ਰਤੀਕ ਜਿੰਦਲ ਨੇ ਤੁਰੰਤ ਉੱਚ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ।ਐਸਐਸਪੀ ਸੰਗਰੂਰ ਰਵਜੋਤ ਗਰੇਵਾਲ ਦੇ ਨਿਰਦੇਸ਼ਾਂ 'ਤੇ ਡੀਐਸਪੀ ਹਰਵਿੰਦਰ ਖਹਿਰਾ ਦੀ ਨਿਗਰਾਨੀ ਹੇਠ ਸਿਟੀ ਥਾਣਾ ਸੁਨਾਮ ਤੇ ਚੌਕੀ ਅਨਾਜ ਮੰਡੀ ਸੁਨਾਮ ਦੀਆਂ ਟੀਮਾਂ ਬਣਾਈਆਂ ਗਈਆਂ।ਪੁਲਸ ਟੀਮਾਂ ਨੇ ਤਕਨੀਕੀ ਜਾਣਕਾਰੀ ਤੇ ਮਨੁੱਖੀ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਦੋਵੇਂ ਬੱਚਿਆਂ ਨੂੰ ਮਹਿਜ਼ 2 ਘੰਟਿਆਂ ਵਿੱਚ ਸੁਰੱਖਿਅਤ ਲੱਭ ਲਿਆ।ਬਾਅਦ ਵਿੱਚ ਪੁਲਸ ਨੇ ਦੋਵੇਂ ਬੱਚਿਆਂ ਨੂੰ ਉਨ੍ਹਾਂ ਦੇ ਪਰਵਾਰ ਦੇ ਹਵਾਲੇ ਕਰ ਦਿੱਤਾ।



# ਪੰਜਾਬ ਕਾਂਗਰਸ ਦੀ ਨਵੀਂ ਟੀਮ ਦੇ ਗਠਨ 'ਤੇ ਖੁਸ਼ੀ ਦੀ ਲਹਿਰ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਕਮਾਂਡ ਮੁੜ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਹੱਥ ਆਉਣ ਅਤੇ ਕਾਂਗਰਸ ਹਾਈਕਮਾਂਡ ਵੱਲੋਂ ਮਿਸ਼ਨ 2027 ਨੂੰ ਧਿਆਨ ਵਿਚ ਰੱਖਦਿਆਂ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ 'ਤੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੀ ਕਾਂਗਰਸ ਇਕਾਈ ਵਿਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।

ਹਲਕੇ ਦੇ ਮੁੱਖ ਸੇਵਾਦਾਰ ਅਤੇ ਸੀਨੀਅਰ ਕਾਂਗਰਸੀ ਆਗੂ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਉਨ੍ਹਾਂ ਦੇ ਮੁੱਖ ਦਫ਼ਤਰ ਵਿਖੇ ਇੱਕ ਸਾਦਾ ਸਮਾਗਮ ਕਰਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ, ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਬਚਨ ਸਿੰਘ ਬਰਾੜ ਸਮੇਤ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਾ ਕੇ ਅਤੇ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਜਗਸੀਰ ਸਿੰਘ ਕਾਲੇਕੇ ਨੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਕਾਂਗਰਸ ਹਾਈਕਮਾਂਡ ਵੱਲੋਂ ਨਿਯੁਕਤ ਕੀਤੀ ਗਈ ਸਮੁੱਚੀ ਟੀਮ ਨੂੰ ਵਧਾਈ ਦਿੱਤੀ।ਉਨ੍ਹਾਂ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਕੰਪੇਨਿੰਗ ਕਮੇਟੀ ਦਾ ਚੇਅਰਮੈਨ, ਪ੍ਰਤਾਪ ਸਿੰਘ ਬਾਜਵਾ ਨੂੰ ਮੁੜ ਵਿਰੋਧੀ ਧਿਰ ਦਾ ਨੇਤਾ, ਸੁਖਜਿੰਦਰ ਸਿੰਘ ਰੰਧਾਵਾ ਨੂੰ ਕੋਰ ਕਮੇਟੀ ਦਾ ਚੇਅਰਮੈਨ ਤੇ ਵਿਜੇ ਇੰਦਰ ਸਿੰਗਲਾ ਨੂੰ ਇਲੈਕਸ਼ਨ ਮੈਨੇਜਮੈਂਟ ਕਮੇਟੀ ਦਾ ਚੇਅਰਮੈਨ ਬਣਾਉਣ ਸਮੇਤ ਹੋਰ ਸੀਨੀਅਰ ਆਗੂਆਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪਣਾ ਪਾਰਟੀ ਨੂੰ ਹੋਰ ਮਜ਼ਬੂਤ ਕਰੇਗਾ। ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੀਂ ਟੀਮ ਦੀ ਅਗਵਾਈ ਹੇਠ ਪੰਜਾਬ ਵਿਚ ਕਾਂਗਰਸ ਪਾਰਟੀ ਇੱਕਜੁੱਟ ਹੋ ਕੇ ਲੋਕਾਂ ਦੇ ਮੁੱਦਿਆਂ ਨੂੰ ਉਠਾਏਗੀ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ।ਜਗਸੀਰ ਸਿੰਘ ਕਾਲੇਕੇ ਨੇ ਆਪਣੀ ਟੀਮ ਨਾਲ ਮੀਟਿੰਗ ਕਰਦਿਆਂ ਮਿਸ਼ਨ 2027 ਲਈ ਹੁਣ ਤੋਂ ਹੀ ਬੂਥ ਪੱਧਰ 'ਤੇ ਸਰਗਰਮ ਹੋਣ ਦਾ ਸੱਦਾ ਦਿੱਤਾ।

ਉਨ੍ਹਾਂ ਕਿਹਾ ਕਿ ਹਰ ਵਰਕਰ ਨੂੰ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣਾ ਹੋਵੇਗਾ ਤੇ ਕਾਂਗਰਸ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣਾ ਹੋਵੇਗਾ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਸਮੁੱਚੇ ਵਰਕਰਾਂ ਦੀ ਮਿਹਨਤ ਅਤੇ ਸੰਗਠਨ ਦੀ ਏਕਤਾ ਦੇ ਬਲ 'ਤੇ ਹਲਕਾ ਬਾਘਾ ਪੁਰਾਣਾ ਤੋਂ ਕਾਂਗਰਸ ਪਾਰਟੀ ਵੱਡੀ ਲੀਡ ਨਾਲ ਜਿੱਤ ਦਰਜ ਕਰੇਗੀ ਤੇ ਇਹ ਸੀਟ ਕਾਂਗਰਸ ਦੀ ਝੋਲੀ ਵਿੱਚ ਪਵੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਹਾਈਕਮਾਂਡ ਵੱਲੋਂ ਦਿੱਤੀਆਂ ਜ਼ਿੰਮੇਵਾਰੀਆਂ ਪਾਰਟੀ ਨੂੰ ਨਵੀਂ ਊਰਜਾ ਦੇਣਗੀਆਂ ਤੇ ਪੰਜਾਬ ਵਿਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਵਰਕਰ ਪੂਰੀ ਤਨਦੇਹੀ ਨਾਲ ਮੈਦਾਨ ਵਿਚ ਉਤਰਨਗੇ।

# ਬਾਰਿਸ਼ ਨੇ ਗੁਰਦੁਆਰਾ ਰੋਡ ਭੀਖੀ ਦੀ ਨਵੀਂ ਬਣੀ ਸੜਕ ਦੀ ਖੋਲ੍ਹੀ ਪੋਲ

**ਭੀਖੀ (ਧਰਮਵੀਰ ਸ਼ਰਮਾ)**

ਸਥਾਨਕ ਗੁਰਦੁਆਰਾ ਰੋਡ 'ਤੇ ਹਾਲ ਹੀ ਵਿੱਚ ਤਿਆਰ ਕੀਤੀ ਗਈ ਸੀਮੈਂਟਿਡ ਸੜਕ ਪਹਿਲੀ ਹੀ ਬਾਰਿਸ਼ ਤੋਂ ਬਾਅਦ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ। ਸੜਕ ਦੇ ਨਿਰਮਾਣ ਕੰਮ ਨੂੰ ਲੈ ਕੇ ਹੁਣ ਸਥਾਨਕ ਲੋਕਾਂ ਵੱਲੋਂ ਨਾਰਾਜ਼ਗੀ ਜਤਾਈ ਜਾ ਰਹੀ ਹੈ। ਲੋਕਾਂ ਦਾ ਦੋਸ਼ ਹੈ ਕਿ ਬਾਰਿਸ਼ ਪੈਣ ਤੋਂ ਬਾਅਦ ਜਿਥੇ ਸੜਕ ਵਿੱਚ ਤਰੇੜਾਂ ਆਉਣੀਆਂ ਸ਼ੁਰੂ ਹੋ ਗਈਆਂ ਹਨ ਉਥੇ ਸੜਕ ਦੀ ਸਲੈਬ ਦੇ ਹੇਠਾਂ ਤੋਂ ਸੀਵਰੇਜ ਦਾ ਪਾਣੀ ਰਿਸਦਾ ਵੀ ਨਜ਼ਰ ਆ ਰਿਹਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਨਵੀਂ ਬਣੀ ਸੜਕ ਤੋਂ ਉਨ੍ਹਾਂ ਨੂੰ ਲੰਬੇ ਸਮੇਂ ਤੱਕ ਸੁਵਿਧਾ ਮਿਲਣ ਦੀ ਉਮੀਦ ਸੀ, ਪਰ ਪਹਿਲੀ ਹੀ ਬਾਰਿਸ਼ ਵਿੱਚ ਸਾਹਮਣੇ ਆਈਆਂ ਸਮੱਸਿਆਵਾਂ ਨੇ ਉਨ੍ਹਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ।

ਲੋਕਾਂ ਦਾ ਦੋਸ਼ ਹੈ ਕਿ ਜੇਕਰ ਸੜਕ ਦੀ ਮਜ਼ਬੂਤੀ ਅਤੇ ਨਿਰਮਾਣ ਗੁਣਵੱਤਾ ਠੀਕ ਹੁੰਦੀ ਤਾਂ ਇੰਨੇ ਘੱਟ ਸਮੇਂ ਵਿੱਚ ਇਸ ਤਰ੍ਹਾਂ ਦੀਆਂ ਖਾਮੀਆਂ ਸਾਹਮਣੇ ਨਾ ਆਉਂਦੀਆਂ। ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਸੀਵਰੇਜ ਦਾ ਪਾਣੀ ਸੜਕ ਦੀ ਸਲੈਬ ਹੇਠੋਂ ਰਿਸਣ ਕਾਰਨ ਭਵਿੱਖ ਵਿੱਚ ਸੜਕ ਦੀ ਮਜ਼ਬੂਤੀ ਹੋਰ ਪ੍ਰਭਾਵਿਤ ਹੋ ਸਕਦੀ ਹੈ।

ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਇਸ ਸਮੱਸਿਆ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਸੜਕ ਨੂੰ ਵੱਡਾ ਨੁਕਸਾਨ ਪਹੁੰਚ ਸਕਦਾ ਹੈ ਅਤੇ ਲੋਕਾਂ ਨੂੰ ਮੁੜ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।



## ਅਕਾਲ ਤਖਤ ਢਾਹੁਣ ਤੇ ਬਾਣੀ ਗਲੀਆਂ 'ਚ ਰੋਲਣ ਵਾਲੇ ਮੈਨੂੰ ਬਦਨਾਮ ਕਰਨ 'ਚ ਲੱਗੇ : ਭਗਵੰਤ ਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਨਾਜ ਮੰਡੀ ਵਿਖੇ ਹੋਈ ਰੈਲੀ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੀ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਤੇ ਉਨ੍ਹਾਂ ਦੇ ਪਤੀ ਸੇਵਾਮੁਕਤ ਟਰਾਂਸਪੋਰਟ ਅਧਿਕਾਰੀ ਕਰਨ ਸਿੰਘ ਡੀਟੀਓ ਆਪਣੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਪਾਰਟੀ ਵਿੱਚ ਆਉਣ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਪਾਤੜਾਂ ਪਟਿਆਲਾ ਮੁੱਖ ਸੜਕ ਨੂੰ ਚਾਰ ਮਾਰਗੀ ਕਰਨ ਤੇ ਪਾਤੜਾਂ ਵਿਖੇ ਪੰਜਾਹ ਬਿਸਤਰਿਆਂ ਦਾ ਸਰਕਾਰੀ ਹਸਪਤਾਲ ਬਣਾਉਣ ਦਾ ਐਲਾਨ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਵਾਇਤੀ ਵਿਰੋਧੀ ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ ਤੇ ਕਾਂਗਰਸ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਆਪ ਵਿਕਾਸ ਦੀ ਲੜਾਈ ਲੜ ਰਹੇ ਹਾਂ ਜਦੋਂ ਕਿ ਵਿਰੋਧੀ ਪਾਰਟੀਆਂ ਉਨ੍ਹਾਂ ਨੂੰ ਬਦਨਾਮ ਕਰਨ 'ਤੇ ਲੱਗੀਆਂ ਹੋਈਆਂ ਹਨ, ਪਰ ਜਦੋਂ ਤੱਕ ਰੰਗਲਾ ਪੰਜਾਬ ਦੇਖਣ ਦੇ ਚਾਹਵਾਨ ਲੋਕ ਉਨ੍ਹਾਂ ਦੇ ਨਾਲ ਹਨ, ਉਦੋਂ ਤੱਕ ਕੋਈ ਉਨ੍ਹਾਂ ਦਾ ਵਾਲ਼ ਵੀ ਵਿੰਗਾ ਨਹੀਂ ਕਰ ਸਕਦਾ।ਫੋਟੋ : ਕਰਨ ਸਿੰਘ ਡੀਟੀਓ ਤੇ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਨੂੰ 'ਆਪ' 'ਚ ਸ਼ਾਮਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕਰਕੇ ਸਰਕਾਰ ਨੇ ਵੱਡਾ ਵਾਅਦਾ ਪੂਰਾ ਕੀਤਾ : ਖੁੱਡੀਆਂ



**ਲੰਬੀ (ਜਸਵੰਤ ਗਿੱਲ ਛਤਿਆਣਾ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਪਣੀ ਆਖਰੀ ਗਰੰਟੀ ਪੂਰੀ ਕਰਦਿਆਂ ਅੱਜ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਐੱਸ.ਸੀ. ਔਰਤਾਂ ਨੂੰ 1500 ਅਤੇ ਜਨਰਲ ਸਮੇਤ ਹੋਰਨਾਂ ਵਰਗਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਭੇਜ ਦਿੱਤੇ ਹਨ।ਇਹ ਜਾਣਕਾਰੀ ਰਣਧੀਰ ਸਿੰਘ ਧੀਰਾ ਖੁੱਡੀਆਂ ਚੇਅਰਮੈਨ ਪੰਜਾਬ ਸਟੇਟ ਕੰਟੇਨਰ ਵੇਅਰਹਾਉਸਿੰਗ ਕਾਰਪੋਰੇਸ਼ਨ ਅਤੇ ਸ. ਅਮੀਤ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਖੁੱਡੀਆ ਵਿਖੇ ਲਗਾਏ ਗਏ ਜਾਗਰੂਕਤਾ ਕੈਂਪ ਦੌਰਾਨ ਦਿੱਤੀ।ਔਰਤਾਂ ਦੇ ਇੱਕਠ ਨੂੰ ਸੰਬੋਧਨ ਕਰਦਿਆਂ ਉਹਨਾਂ ਵਲੋਂ ਦੱਸਿਆ ਗਿਆ ਕਿ ਮੁੱਖ ਮੰਤਰੀ ਮਾਨ ਵੱਲੋਂ ਬੁੱਧਵਾਰ ਨੂੰ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਡਿਜੀਟਲ ਤਰੀਕੇ ਨਾਲ ਮਹਿਲਾਵਾਂ ਦੇ ਬੈਂਕ ਖਾਤਿਆਂ ਸਿੱਧੇ ਪੈਸੇ ਪਾਉਣ ਦੀ ਸ਼ੁਰੂਆਤ ਕੀਤੀ। ਪਿੰਡ ਖੁੱਡੀਆ ਵਿਖੇ ਵੱਡੀ ਸਕਰੀਨ ਲਗਾ ਕੇ ਮੁੱਖ ਮੰਤਰੀ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕਰਨ ਦੇ ਪ੍ਰੋਗਰਾਮ ਨੂੰ ਅੱਜ ਵਰਚੂਅਲ ਤੌਰ 'ਤੇ ਹਲਕੇ ਦੀਆਂ ਬੀਬੀਆਂ ਨੂੰ ਦਿਖਾਇਆ ਵੀ ਗਿਆ।ਮਾਵਾਂ—ਧੀਆਂ ਸਤਿਕਾਰ ਯੋਜਨਾ ਦੇ ਸ਼ੁਰੂ ਹੋਣ ਦੀ ਵਧਾਈ ਦਿੰਦਿਆਂ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਜੋ ਵਾਅਦਾ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਸੀ, ਉਸ ਨੂੰ ਪੂਰਾ ਕਰ ਦਿੱਤਾ ਹੈ। ਇਸ ਮੌਕੇ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ, ਸਮੂਹ ਸਖੀਆਂ ਅਤੇ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀਆਂ ਬਲਾਕ ਪ੍ਰਧਾਨ,ਪੰਚ,ਸਰਪੰਚ ਅਤੇ ਪਤਵੰਤੇ ਵਿਅਕਤੀ ਮੌਜੂਦ ਸਨ।

## ਗੁਰੂ ਨਾਨਕ ਕਾਲਜ ਮੁਕਤਸਰ ਦੇ ਵਿਦਿਆਰਥੀ ਹਰਿਮੰਦਰ ਸਾਹਿਬ ਨਤਮਸਤਕ ਹੋਏ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਪ੍ਰਬੰਧ ਅਧੀਨ ਚੱਲ ਰਹੇ ਕਾਲਜਾਂ ਅਤੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਗੁਰਮਤਿ, ਸੇਵਾ ਅਤੇ ਸਿੱਖ ਵਿਰਾਸਤ ਨਾਲ ਜੋੜਨ ਲਈ ਵਿਸ਼ੇਸ਼ ਸੇਵਾ ਲੜੀ ਤਹਿਤ ਗੁਰੂ ਨਾਨਕ ਕਾਲਜ, ਸ੍ਰੀ ਮੁਕਤਸਰ ਸਾਹਿਬ ਦੇ ਵਿਦਿਆਰਥੀਆਂ ਅਤੇ ਸਟਾਫ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਨਿਸ਼ਕਾਮ ਸੇਵਾ ਨਿਭਾਈ। ਵਿਦਿਆਰਥੀਆਂ ਨੇ ਪਰਿਕਰਮਾ, ਜੋੜਾ ਘਰ ਅਤੇ ਹੋਰ ਸੇਵਾ ਸਥਾਨਾਂ 'ਤੇ ਤਨ-ਮਨ ਨਾਲ ਸੇਵਾ ਕਰਦਿਆਂ ਸੰਗਤ ਦੀ ਸੇਵਾ ਦਾ ਅਨਮੋਲ ਅਨੁਭਵ ਹਾਸਲ ਕੀਤਾ।ਇਸ ਮੌਕੇ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਇਤਿਹਾਸ, ਸਿੱਖ ਪਰੰਪਰਾ ਵਿੱਚ ਨਿਸ਼ਕਾਮ ਸੇਵਾ ਦੇ ਮਹੱਤਵ ਅਤੇ ਗੁਰਮਤਿ ਜੀਵਨ ਮੁੱਲਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਕਾਲਜ ਦੀ ਪ੍ਰਿੰਸੀਪਲ ਡਾ. ਸਰਬਜੀਤ ਕੌਰ ਨੇ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਸੇਵਾ ਦਾ ਇਹ ਅਨੁਭਵ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਨਿਮਰਤਾ, ਸਮਾਜ ਸੇਵਾ ਅਤੇ ਗੁਰਮਤਿ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਦਾ ਹੈ।

## ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਨੇ ਮਨਾਇਆ ਰਾਸ਼ਟਰੀ ਡਾਕਟਰ ਦਿਵਸ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਵੱਲੋਂ ਰਾਸ਼ਟਰੀ ਡਾਕਟਰ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਿਹਤ ਸੇਵਾਵਾਂ ਦੇ ਖੇਤਰ 'ਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਲਈ ਡਾਕਟਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਉਨ੍ਹਾਂ ਦੇ ਸਮਾਜ ਪ੍ਰਤੀ ਅਹਿਮ ਯੋਗਦਾਨ ਦੀ ਭਰਪੂਰ ਸ਼ਲਾਘਾ ਵੀ ਕੀਤੀ ਗਈ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਵਰਮਾ ਤੇ ਮੈਡਮ ਹਰਪਾਲ ਕੌਰ ਨੇ ਕਿਹਾ ਕਿ ਡਾਕਟਰ ਮਨੁੱਖਤਾ ਦੇ ਸੱਚੇ ਸੇਵਾਦਾਰ ਹੁੰਦੇ ਹਨ, ਜੋ ਦਿਨ-ਰਾਤ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਸਮਰਪਿਤ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਰਾਸ਼ਟਰੀ ਡਾਕਟਰ ਦਿਵਸ ਸਾਨੂੰ ਡਾਕਟਰਾਂ ਦੀ ਨਿਸ਼ਕਾਮ ਸੇਵਾ ਦਾ ਸਤਿਕਾਰ ਕਰਨ ਅਤੇ ਉਨ੍ਹਾਂ ਪ੍ਰਤੀ ਧੰਨਵਾਦ ਪ੍ਰਗਟਾਉਣ ਦਾ ਅਹਿਮ ਮੌਕਾ ਪ੍ਰਦਾਨ ਕਰਦਾ ਹੈ।ਸਨਮਾਨਿਤ ਕੀਤੇ ਗਏ ਡਾਕਟਰਾਂ ਡਾ.ਜਨਕ ਰਾਜ ਸਿੰਗਲਾ, ਡਾ ਤਜਿੰਦਰ ਪਾਲ ਸਿੰਘ ਰੇਖੀ ਤੇ ਡਾ ਅਕਾਸ਼ਦੀਪ ਨੇ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹਾ ਸਨਮਾਨ ਉਨ੍ਹਾਂ ਨੂੰ ਹੋਰ ਵੀ ਨਿਸ਼ਠਾ ਅਤੇ ਸਮਰਪਣ ਨਾਲ ਲੋਕ ਸੇਵਾ ਕਰਨ ਲਈ ਪ੍ਰੇਰਿਤ ਕਰਨ ਤੋਂ ਇਲਾਵਾ ਹੋਰ ਜ਼ਿੰਮੇਵਾਰੀ ਵੀ ਤੈਅ ਕਰਦਾ ਹੈ।ਇਸ ਮੌਕੇ ਮਨੋਜ ਕੁਮਾਰ, ਪੂਨਮ ਸ਼ਰਮਾ, ਮੈਡਮ ਰਿੰਪੀ, ਸੀਮਾਂ ਭਾਰਗਵ ਅਤੇ ਹਾਜ਼ਰ ਪਤਵੰਤਿਆਂ ਨੇ ਵੀ ਡਾਕਟਰਾਂ ਨੂੰ ਸਨਮਨ ਚਿੰਨ੍ਹ ਭੇਟ ਕੀਤੇ।

## ਰੋਟਰੀ ਕਲੱਬ ਰਾਇਲ ਦੇ ਨਵੇਂ ਅਹੁਦੇਦਾਰਾਂ ਦੀ ਚੋਣ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੋਟਰੀ ਕਲੱਬ ਫ਼ਿਰੋਜ਼ਪੁਰ ਰਾਇਲ ਵੱਲੋਂ ਸਾਲ 2026-27 ਲਈ ਨਵੀਂ ਟੀਮ ਦਾ ਐਲਾਨ ਕਰ ਦਿੱਤਾ ਗਿਆ ਹੈ। ਨਵੀਂ ਚੋਣ ਵਿੱਚ ਸ੍ਰੀ ਨਿਰਮਲ ਮੋਗਾ ਨੂੰ ਪ੍ਰਧਾਨ, ਵਿਪਨ ਅਰੋੜਾ ਨੂੰ ਸਕੱਤਰ ਤੇ ਸ੍ਰੀ ਪੰਕਜ ਧਵਨ ਨੂੰ ਖਜ਼ਾਨਚੀ ਵਜੋਂ ਨਿਯੁਕਤ ਕੀਤਾ ਗਿਆ ਹੈ। ਪ੍ਰਧਾਨ ਤੇ ਸਕੱਤਰ ਵੱਲੋਂ ਅਹੁਦਾ ਸੰਭਾਲਦਿਆਂ ਹੀ ਗਊ ਸੇਵਾ ਨਾਲ ਕੀਤੀ ਸ਼ੁਰੂਆਤ। ਰੋਟਰੀ ਕੈਲੰਡਰ ਵਰ੍ਹੇ ਦੇ ਪਹਿਲੇ ਦਿਨ, 1 ਜੁਲਾਈ 2026 ਨੂੰ, ਰੋਟਰੀ ਕਲੱਬ ਫਿਰੋਜ਼ਪੁਰ ਰਾਇਲ ਨੇ ਨਵੇਂ ਸਾਲ ਦੀ ਸ਼ੁਰੂਆਤ ਗਊ ਮਾਤਾ ਦੀ ਸੇਵਾ ਕਰਕੇ ਤੇ ਉਨ੍ਹਾਂ ਨੂੰ ਹਰਾ ਚਾਰਾ ਖੁਆ ਕੇ ਕੀਤੀ। ਕਲੱਬ ਦੇ ਮੈਂਬਰਾਂ ਨੇ ਪ੍ਰਗਟਾਇਆ ਕਿ ਉਹ ਦੁਨੀਆ ਦੇ ਸਭ ਤੋਂ ਵੱਡੇ ਐਨ.ਜੀ.ਓ. ਰੋਟਰੀ ਵਿੱਚ ਸੇਵਾ, ਕਲਿਆਣ ਤੇ ਭਾਈਚਾਰੇ ਦੀ ਇਸ ਯਾਤਰਾ ਦੀ ਸ਼ੁਰੂਆਤ ਕਰਕੇ ਬਹੁਤ ਖੁਸ਼ ਹਨ। ਰੋਟਰੀ ਕਲੱਬ ਫਿਰੋਜ਼ਪੁਰ ਰਾਇਲ ਪਿਛਲੇ 5 ਸਾਲਾਂ ਤੋਂ ਲਗਾਤਾਰ ਸਰਗਰਮ ਹੈ ਅਤੇ ਆਪਣੇ ਖੇਤਰ ਵਿੱਚ ਕਈ ਸ਼ਲਾਘਾਯੋਗ ਭਲਾਈ ਪ੍ਰੋਜੈਕਟਾਂ ਨੂੰ ਅੰਜਾਮ ਦੇ ਚੁੱਕਾ ਹੈ। ਇਨ੍ਹਾਂ ਵਿੱਚ ਗੁਰਦੁਆਰਿਆਂ, ਮੰਦਰਾਂ ਅਤੇ ਹਸਪਤਾਲਾਂ ਵਿੱਚ ਲੋੜਵੰਦਾਂ ਨੂੰ ਪੋਰਟੇਬਲ ਵਹੀਲਚੇਅਰਾਂ ਦੀ ਵੰਡ, ਗਰਮੀਆਂ ਵਿੱਚ ਰਿਕਸ਼ਾ ਅਤੇ ਆਟੋ-ਰਿਕਸ਼ਾ ਚਾਲਕਾਂ ਨੂੰ ਇਨਸੂਲੇਟਡ ਪਾਣੀ ਦੀਆਂ ਬੋਤਲਾਂ ਦੇਣਾ, ਝੁੱਗੀ-ਝੌਂਪੜੀ ਵਾਲਿਆਂ ਲਈ ਆਯੁਸ਼ਮਾਨ ਭਾਰਤ ਬੀਮਾ ਕਾਰਡ ਬਣਾਉਣਾ, ਸਰਦੀਆਂ ਵਿੱਚ ਲੋੜਵੰਦਾਂ ਨੂੰ ਰਜਾਈਆਂ ਵੰਡਣਾ, ਫ਼ਿਰੋਜ਼ਪੁਰ ਵਿੱਚ 500 ਤੋਂ ਵੱਧ ਲੋੜਵੰਦਾਂ ਨੂੰ ਸਵੱਛਤਾ ਕਿੱਟਾਂ ਮੁਹੱਈਆ ਕਰਾਉਣਾ, ਮੈਡੀਕਲ ਕੈਂਪ ਲਾਉਣਾ ਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੰਡਣਾ ਆਦਿ ਸ਼ਾਮਲ ਹਨ। ਰੋਟਰੀ ਕਲੱਬ ਫਿਰੋਜ਼ਪੁਰ ਰਾਇਲ ਨੇ ਇਨ੍ਹਾਂ ਭਲਾਈ ਪ੍ਰੋਜੈਕਟਾਂ ਨੂੰ ਰੋਟਰੀ ਦੇ ਝੰਡੇ ਹੇਠ ਨਿਰੰਤਰ ਜਾਰੀ ਰੱਖਣ ਦਾ ਪ੍ਰਣ ਲਿਆ ਹੈ।

# ਪੰਦਰਾਂ ਅਧਿਆਪਕਾਂ ਨੇ ਸਕਾਊਟਿੰਗ ਦੀ ਟ੍ਰੇਨਿੰਗ ਲੈ ਕੇ ਜ਼ਿਲ੍ਹੇ ਦਾ ਵਧਾਇਆ ਮਾਣ



**ਮਾਨਸਾ/ਬਰੇਟਾ (ਆਤਮਾ ਸਿੰਘ ਪਮਾਰ)**

ਭਾਰਤ ਸਕਾਊਟਸ ਅਤੇ ਗਾਈਡਜ਼ ਪੰਜਾਬ ਵੱਲੋਂ ਸੱਤ ਰੋਜ਼ਾ ਬੇਸਿਕ ਅਤੇ ਐਡਵਾਂਸ ਕੋਰਸ ਸਟੇਟ ਸਕੱਤਰ ਰੌਸ਼ਨ ਲਾਲ ਸੂਦ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਓਂਕਾਰ ਸਿੰਘ ਤੇ ਨੈਸ਼ਨਲ ਹੈਡਕੁਆਟਰ ਦਿੱਲੀ ਵਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਕਰਨੈਲ ਸਿੰਘ ਏ ਐਲ ਟੀ (ਰੋਵਰ) ਦੀ ਅਗਵਾਈ 'ਚ ਤਾਰਾ ਦੇਵੀ (ਸ਼ਿਮਲਾ) ਟ੍ਰੇਨਿੰਗ ਸੈਂਟਰ ਵਿਖੇ ਆਯੋਜਿਤ ਕੀਤੇ ਗਏ।ਸਕਾਊਟ ਅਤੇ ਗਾਈਡ ਦੇ ਦੋਵੇਂ ਸ਼ੈਕਸ਼ਨਾਂ 'ਚ ਪੰਜਾਬ ਭਰ ਚੋਂ 102 ਅਧਿਆਪਕਾਂ ਨੇ ਭਾਗ ਲਿਆ।ਮਾਨਸਾ ਦੇ ਜ਼ਿਲਾ ਆਰਗੇਨਾਈਜ਼ਿੰਗ ਕਮਿਸ਼ਨਰ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ (ਸ) ਨੀਲਮ ਰਾਣੀ, ਉੱਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਪਰਮਜੀਤ ਸਿੰਘ ਭੋਗਲ , ਡੀ ਈ ਓ ਪ੍ਰਾਇਮਰੀ ਮੰਜੂ ਬਾਲਾ ਦੇ ਸਹਿਯੋਗ ਅਤੇ ਡੀ ਓ ਸੀ ਨਿਰਲੇਪ ਕੌਰ ਦੀ ਹਿੰਮਤ ਸਦਕਾ ਇਸ ਟ੍ਰੇਨਿੰਗ ਕੈਂਪ 'ਚ ਮਾਨਸਾ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਦੇ 15 ਅਧਿਆਪਕਾਂ ਨੇ ਟ੍ਰੇਨਿੰਗ ਸਫਲਤਾ ਪੂਰਵਕ ਸੰਪੰਨ ਕਰਕੇ ਜ਼ਿਲੇ ਦੀ ਸਕਾਊਟਿੰਗ ਟੀਮ ਨੂੰ ਹੋਰ ਮਜ਼ਬੂਤ ਕੀਤਾ।ਟ੍ਰੇਨਿੰਗ ਦੌਰਾਨ ਪ੍ਰਵੇਸ਼ ਤੋਂ ਤ੍ਰਿਤੀਆ ਸੋਪਾਨ ਦਾ ਸਿਲੇਬਸ ਯੂਨਿਟ ਪੱਧਰ 'ਤੇ ਕਰਵਾਉਣ ਲਈ ਅਧਿਆਪਕਾਂ ਨੂੰ ਵੱਖ ਵੱਖ ਸ਼ੈਸ਼ਨਾਂ, ਐਸ ਟੀ ਏ, ਟ੍ਰੈਕਿੰਗ, ਨਾਈਟ ਹਾਈਕ, ਫਲੈਗ ਸੈਰੇਮਨੀ, ਬੀ ਪੀ ਸਿਕਸ, ਇਨਵੈਸਚਰ ਸੈਰੇਮਨੀ ਆਦਿ ਦੀ ਪ੍ਰੈਕਟੀਕਲ ਅਤੇ ਮੌਖਿਕ ਟ੍ਰੇਨਿੰਗ ਪ੍ਰਦਾਨ ਕੀਤੀ ਗਈ। ਸਿਖਲਾਈ ਪ੍ਰਾਪਤ ਕਰਨ ਵਾਲਿਆਂ 'ਚ ਪ੍ਰਿੰਸੀਪਲ ਕਵਲਜੀਤ ਕੌਰ, ਰਾਜ ਰਾਣੀ, ਸੁਖਜੀਤ ਸਿੰਘ, ਕਰਮਜੀਤ ਕੌਰ, ਪ੍ਰਵੀਨ ਸ਼ਰਮਾਂ, ਅਨਮੋਲਦੀਪ ਸਿੰਘ, ਗੁਰਸ਼ਰਨ ਕੌਰ, ਚਰਨਜੀਤ ਸਿੰਘ, ਲੱਕੀ ਚੌਧਰੀ ਆਦਿ ਨੇ ਕੈਂਪ ਦਾ ਖੂਬ ਆਨੰਦ ਮਾਣਿਆ।

ਇਸ ਟ੍ਰੇਨਿੰਗ ਦੇ ਸਹਿਯੋਗ ਲਈ ਜਿਲੇ ਚੋਂ ਗਏ ਟ੍ਰੇਨਰ ਦੇਸ ਰਾਜ ਸਿੰਘ ਕੁਲਰੀਆਂ ਅਤੇ ਜਗਦੀਪ ਕੌਰ ਵਲੋਂ ਵੀ ਸਹਿਯੋਗ ਕੀਤਾ ਗਿਆ।ਆਖਰੀ ਦਿਨ ਕੈਂਪਰਾਂ ਨੂੰ ਸਟੇਟ ਚੀਫ ਕਮਿਸ਼ਨਰ ਡਾ. ਸੁਖਬੀਰ ਸਿੰਘ ਬੱਲ ਵਲੋਂ ਸੰਬੋਧਨ ਕਰਦਿਆਂ ਸਕਾਊਟਿੰਗ ਰਾਹੀਂ ਸਮਾਜ ਸੇਵਾ ਕਰਨ ਲਈ ਨੁਕਤੇ ਵੀ ਦੱਸੇ ਗਏ।ਸਫ਼ਲ ਹੋਏ ਕੈਂਪਰਾਂ ਨੂੰ ਟ੍ਰੇਨਿੰਗ ਦੇ ਸਰਟੀਫਿਕੇਟ ਵੰਡੇ ਗਏ।ਕੈਂਪ ਦੌਰਾਨ ਜਗਤਾਰ ਸਿੰਘ, ਦਿਪਾਂਸ਼ੂ, ਜਤਿੰਦਰ ਸਿੰਘ, ਤਪਿੰਦਰ ਸਿੰਘ, ਪਵਨ ਕੁਮਾਰ, ਨੀਟਾ ਕਸ਼ਿਅਪ, ਮਨਜੀਤ ਕੌਰ, ਡਾ ਸੁਤੰਤਰ ਸਿੰਘ, ਸੁਖਪਾਲ ਸਿੰਘ ਸਿੱਧੂ ਬਠਿੰਡਾ ਅਤੇ ਰਣਜੀਤ ਸਿੰਘ ਦੀ ਭੂਮਿਕਾ ਵੀ ਅਹਿਮ ਰਹੀ।

## ਗਗਨਦੀਪ ਜਲਾਲਪੁਰ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ 'ਚ ਮਦਨ ਲਾਲ ਜਲਾਲਪੁਰ ਸਾਬਕਾ ਵਿਧਾਇਕ ਘਨੌਰ ਦੇ ਸਪੁੱਤਰ ਬਿਜਲੀ ਬੋਰਡ ਦੇ ਸਾਬਕਾ ਪ੍ਰਬੰਧਕੀ ਮੈਂਬਰ ਗਗਨਦੀਪ ਸਿੰਘ ਜਲਾਲਪੁਰ ਨੂੰ ਇੰਡੀਅਨ ਯੂਥ ਕਾਂਗਰਸ ਦੇ ਪ੍ਰਧਾਨ ਉਦੈ ਭਾਨੂ ਚਿੱਬ ਨੇ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ।ਕਰਨਵੀਰ ਸਿੰਘ ਢਿੱਲੋਂ ਨੂੰ ਉਪ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਸਬੰਧੀ ਬਕਾਇਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ।ਜ਼ਿਕਰ ਯੋਗ ਹੈ ਕਿ ਪੰਜਾਬ ਯੂਥ ਕਾਂਗਰਸ ਦੇ ਸੰਗਠਨਾਤਮਕ ਚੋਣਾਂ 'ਚ ਸੂਬਾ ਪ੍ਰਧਾਨ ਦੇ ਅਹੁਦੇ ਲਈ ਡੈਲੀਗੇਟ ਚੋਣਾਂ 'ਚ 1,56,271 ਵੋਟਾਂ ਪ੍ਰਾਪਤ ਕਰਕੇ ਆਪਣੇ ਸਖ਼ਤ ਮੁਕਾਬਲੇ 'ਚ ਕੁੱਝ ਵੋਟ ਦੇ ਫ਼ਰਕ ਨਾਲ ਦੂਜੇ ਨੰਬਰ 'ਤੇ ਰਹਿ ਗਏ ਸਨ। ਚੋਣ ਨਤੀਜਿਆਂ ਅਨੁਸਾਰ ਗਗਨਦੀਪ ਸਿੰਘ ਨੂੰ 1,56,271 ਵੋਟਾਂ ਮਿਲੀਆਂ। ਉਹ ਪ੍ਰਧਾਨਗੀ ਅਹੁਦੇ 'ਚ ਦੂਜੇ ਸਥਾਨ 'ਤੇ ਰਹੇ। ਚੋਣ ਵਿੱਚ ਕੁੱਲ 4,68,614 ਵੋਟਾਂ ਪਈਆਂ ਸਨ।ਚੋਣਾਂ ਤੋਂ ਬਾਅਦ ਪਾਰਟੀ ਹਾਈਕਮਾਂਡ ਦੀ ਰਸਮੀ ਪ੍ਰਵਾਨਗੀ ਤੋਂ ਗਗਨਦੀਪ ਜਲਾਲਪੁਰ ਨੂੰ ਪੰਜਾਬ ਯੂਥ ਕਾਂਗਰਸ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਆਪਣੀ ਨਿਯੁਕਤੀ ਲਈ ਉਨ੍ਹਾਂ ਪਾਰਟੀ ਦੇ ਆਗੂ ਰਾਹੁਲ ਗਾਂਧੀ ਤੇ ਕਾਂਗਰਸ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਯੂਥ ਕਾਂਗਰਸ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਆਪਣਾ ਅਹਿਮ ਰੋਲ ਅਦਾ ਕਰਕੇ ਕਾਂਗਰਸੀ ਉਮੀਦਵਾਰਾਂ ਦੀ ਜਿੱਤ ਨੂੰ ਯਕੀਨੀ ਬਣਾਏਗੀ। ਇਨ੍ਹਾਂ ਚੋਣਾਂ 'ਚ ਸੂਬਾ ਜਨਰਲ ਸਕੱਤਰ (53) ਦੇ ਅਹੁਦੇ ਲਈ ਗੁਰਜੋਤ ਸਿੰਘ ਨੂੰ ਸਭ ਤੋਂ ਵੱਧ 39,568 ਵੋਟਾਂ ਮਿਲੀਆਂ, ਉੱਥੇ ਸੂਬਾ ਸਕੱਤਰ (53) ਦੇ ਅਹੁਦੇ ਲਈ ਰਵਿੰਦਰ ਸਿੰਘ 2,744 ਵੋਟਾਂ ਨਾਲ ਸੂਚੀ ਵਿੱਚ ਸਭ ਤੋਂ ਉੱਪਰ ਰਹੇ।ਸ਼੍ਰੇਣੀ ਵਾਰ ਉਪ-ਪ੍ਰਧਾਨ ਚੋਣਾਂ ਵਿੱਚ ਪਰਮਵੀਰ ਸਿੰਘ ਢੱਡੇਕਟਵਾਲ ਨੂੰ ਸਭ ਤੋਂ ਵੱਧ ਸਮਰਥਨ ਮਿਲਿਆ, ਉਪ-ਪ੍ਰਧਾਨ ਦੇ ਅਹੁਦੇ ਲਈ 2,953 ਵੋਟਾਂ ਪ੍ਰਾਪਤ ਹੋਈਆਂ।ਨਵਤੇਜ ਸਿੰਘ ਅਮਰਕੋਟ ਨੇ 2,318 ਵੋਟਾਂ ਨਾਲ ਉਪ-ਪ੍ਰਧਾਨ ਸ਼੍ਰੇਣੀ ਜਿੱਤੀ।ਉਪ-ਪ੍ਰਧਾਨ (ਘੱਟ ਗਿਣਤੀ) ਦੇ ਅਹੁਦੇ ਲਈ ਅਰਸ਼ਦ ਖਾਨ ਰਾਣਾ ਨੇ ਸਭ ਤੋਂ ਵੱਧ 1,102 ਵੋਟਾਂ ਪ੍ਰਾਪਤ ਕੀਤੀਆਂ, ਜਦੋਂ ਕਿ ਸ਼ਿਵਾਨੀ ਸ਼ਰਮਾ ਨੇ ਉਪ-ਪ੍ਰਧਾਨ (ਓਪਨ ਮਹਿਲਾ) ਸ਼੍ਰੇਣੀ ਵਿੱਚ 2,125 ਵੋਟਾਂ ਪ੍ਰਾਪਤ ਕਰ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਹੋਰ ਨਤੀਜਿਆਂ ਵਿੱਚ ਰੁਪਿੰਦਰ ਸਿੰਘ ਭੁੱਲਰ 185 ਵੋਟਾਂ ਪ੍ਰਾਪਤ ਕਰਕੇ ਉਪ-ਪ੍ਰਧਾਨ (ਦਿਵਿਆਂਗ) ਦੇ ਅਹੁਦੇ 'ਤੇ ਅੱਗੇ ਰਹੇ, ਜਦੋਂ ਕਿ ਮਨਪ੍ਰੀਤ ਕੌਰ 104 ਵੋਟਾਂ ਨਾਲ ਉਪ ਪ੍ਰਧਾਨ (ਓਬੀਸੀ ਮਹਿਲਾ) ਸ਼੍ਰੇਣੀ ਵਿੱਚ ਸਭ ਤੋਂ ਵੱਧ ਰਹੇ।

## ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 149 ਮੁਕੱਦਮੇ, 199 ਗ੍ਰਿਫਤਾਰ

**ਸੰਗਰੂਰ (ਪ੍ਰਵੀਨ ਸਿੰਘ)**-ਡਾ. ਰਵਜੋਤ ਗਰੇਵਾਲ ਆਈ ਪੀ ਐਸ ਐਸ.ਐਸ.ਪੀ. ਸੰਗਰੂਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਜੂਨ ਮਹੀਨੇ ਵਿਚ ਡਰੱਗ ਦੇ 110 ਮੁਕੱਦਮੇ ਦਰਜ ਕਰਕੇ 160 ਦੋਸ਼ੀਆਂ ਨੂੰ ਕਾਬੂ ਕਰਕੇ 543 ਗ੍ਰਾਮ ਹੈਰੋਇਨ, 590 ਗ੍ਰਾਮ ਅਫੀਮ, 137 ਕਿੱਲੋ ਭੁੱਕੀ ਚੂਰਾ ਪੋਸਤ, 01 ਕਿੱਲੋ ਸੁਲਫਾ/ਗਾਂਜਾ, 09 ਗ੍ਰਾਮ ਨਸ਼ੀਲਾ ਪਾਊਡਰ, 10 ਨਸ਼ੀਲੇ ਟੀਕੇ ਅਤੇ 7960 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 39 ਮੁਕੱਦਮੇ ਦਰਜ ਕਰਕੇ 39 ਦੋਸ਼ੀਆਂ ਨੂੰ ਕਾਬੂ ਕਰਕੇ 1642.750 ਲੀਟਰ ਸ਼ਰਾਬ ਠੇਕਾ ਦੇਸੀ, 130.500 ਲੀਟਰ ਸ਼ਰਾਬ ਨਜਾਇਜ, 18.000 ਲੀਟਰ ਸ਼ਰਾਬ ਅੰਗਰੇਜੀ ਅਤੇ 610 ਲੀਟਰ ਲਾਹਣ ਬ੍ਰਾਮਦ ਕੀਤੀ ਗਈ।ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 04 ਮੁਕੱਦਮੇ ਦਰਜ ਕਰਕੇ 11 ਦੋਸ਼ੀਆਂ ਨੂੰ ਕਾਬੂ ਕੀਤਾ, ਜਿੰਨ੍ਹਾਂ ਪਾਸੋਂ 11 ਪਿਸਟਲ, 01 ਰਾਇਫਲ, 03 ਮੈਗਜੀਨ ਅਤੇ 23 ਕਾਰਤੂਸ ਬ੍ਰਾਮਦ ਕੀਤੇ ਗਏ। ਜੂਆ ਐਕਟ ਤਹਿਤ 02 ਮੁਕੱਦਮੇ ਦਰਜ ਕਰਕੇ 05 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 7020/-ਰੁਪਏ ਬ੍ਰਾਮਦ ਕਰਾਏ ਗਏ। ਇਸ ਅਰਸੇ ਦੌਰਾਨ 11 ਭਗੌੜਿਆਂ ਨੂੰ ਗ੍ਰਿਫਤਾਰ ਕੀਤਾ ਗਿਆ।ਇਸ ਦੌਰਾਨ ਆਮ ਜਨਤਾ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰਕੇ ਆਮ ਜਨਤਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

## ਪੰਜਾਬ ਦੇ ਸੁਨਹਿਰੇ ਭਵਿੱਖ ਲਈ ਪੰਥਕ ਏਕਤਾ ਜ਼ਰੂਰੀ : ਬੂਟਾ ਸਿੰਘ ਰਣਸੀਂਹ



**ਮੋਗਾ (ਇਕਬਾਲ ਸਿੰਘ ਖਹਿਰਾ)**

ਯੂਨਾਈਟਡ ਅਕਾਲੀ ਦਲ ਜ਼ਿਲ੍ਹਾ ਮੋਗਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਮੀਟਿੰਗ ਗੁਰਦੁਆਰਾ ਸਾਹਿਬ ਬੀਬੀ ਕਾਹਨ ਕੌਰ ਵਿਖੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਦੀ ਪ੍ਰਧਾਨਗੀ ਹੇਠ ਹੋਈ।ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਪਿਛਲੇ ਦਿਨੀਂ ਚਾਰ ਪੰਥਕ ਜਥੇਬੰਦੀਆਂ ਵੱਲੋਂ ਇਕੱਠੇ ਹੋ ਕੇ ਚੱਲਣ ਦਾ ਫੈਸਲਾ ਕੀਤਾ ਗਿਆ ਹੈ।ਪੰਜਾਬ ਅੰਦਰ ਹੋਰ ਪੰਥਕ ਜਥੇਬੰਦੀਆਂ ਕਿਸਾਨ ਯੂਨੀਅਨ ਤੇ ਦਲਿਤ ਵੀਰਾਂ ਦੀਆਂ ਜਥੇਬੰਦੀਆਂ ਨਾਲ ਗੱਲਬਾਤ ਕੀਤੀ ਜਾਵੇਗੀ ਤੇ ਪੰਥਕ ਫਰੰਟ ਪੰਜਾਬ ਪੱਖੀ ਬਣਾ ਕੇ 2027 ਵਿੱਚ ਚੰਗੀ ਸਰਕਾਰ ਬਣਾਈ ਜਾਵੇਗੀ ਤੇ ਪੰਜਾਬ ਸੂਬੇ ਦੀਆਂ ਬੁਨਿਆਦੀ ਮੰਗਾਂ ਪੰਜਾਬ ਦੀ ਰਾਜਧਾਨੀ, ਪੰਜਾਬ ਦੇ ਡੈਮ, ਪੰਜਾਬੀ ਬੋਲਦੇ ਇਲਾਕੇ, ਪੰਜਾਬ ਦਾ ਪਾਣੀ, ਬੰਦੀ ਸਿੰਘ ਰਿਹਾ ਕਰਾਉਣੇ, ਪੰਜਾਬ ਦਾ ਕਰਜ਼ਾ ਮੁਆਫ ਕਰਾਉਣਾ, ਕੇਂਦਰ ਵਿੱਚ ਸਰਕਾਰ ਕਾਂਗਰਸ ਦੀ ਹੋਵੇ ਜਾਂ ਭਾਜਪਾ ਦੀ ਪੰਜਾਬ ਪ੍ਰਤੀ ਕੇਂਦਰ ਦੀ ਨੀਤੀ ਹਮੇਸ਼ਾ ਮਾੜੀ ਰਹੀ ਹੈ।1947 ਚ ਪੰਜਾਬ ਵੰਡ ਤੋਂ ਬਾਅਦ ਕੇਂਦਰ ਰਵੱਈਆ ਹਮੇਸ਼ਾ ਪੰਜਾਬ ਵਿਰੋਧੀ ਰਿਹਾ ਹੈ।ਪੰਜਾਬ ਦੇ ਲੋਕਾਂ ਸਿਰ ਲਗਭਗ 4 ਲੱਖ ਹਜ਼ਾਰ ਕਰੋੜ ਕਰਜ਼ਾ ਹੈ, ਜੋ ਦਿਨੋ-ਦਿਨ ਅਮਰ ਵੇਲ ਵਾਂਗ ਵਧਦਾ ਜਾ ਰਿਹਾ ਹੈ।ਜਥੇਦਾਰ ਬੂਟਾ ਸਿੰਘ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕੱਚੇ ਤੇਲ ਦੀਆਂ ਕੀਮਤਾਂ ਬੇਹੱਦ ਘਟਣ ਦੇ ਬਾਵਜੂਦ ਵੀ ਦੇਸ਼ ਅੰਦਰ ਕੀਮਤਾਂ ਉਹੀ ਹਨ, ਜਿਨ੍ਹਾਂ ਨਾਲ ਲੋਕਾਂ ਦੀ ਭਾਰੀ ਲੁੱਟ ਹੋ ਰਹੀ ਹੈ।ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਤੁਰੰਤ ਘਟਾਈਆਂ ਜਾਣ ।ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਅੱਤ ਦੀ ਮਹਿੰਗਾਈ ਕਾਰਨ ਛੋਟਾ ਵਪਾਰੀ, ਕਿਸਾਨ, ਛੋਟੇ ਟਰਾਂਸਪੋਰਟ ਆਪਣੀ ਹੋਂਦ ਨੂੰ ਸਥਾਪਿਤ ਰੱਖਣ ਲਈ ਜੂਝ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਪੰਜਾਬ ਨੂੰ ਝੋਨੇ ਦੇ ਫਸਲੀ ਚੱਕਰ ਚੋਂ ਕੱਢ ਕੇ ਇਸ ਦਾ ਪਾਣੀ ਬਚਾਉਣ ਦੀ।ਉਨ੍ਹਾਂ ਕਿਹਾ ਕਿ ਸਰਕਾਰਾਂ ਦਾ ਮੁਢਲਾ ਫਰਜ਼ ਬਣਦਾ ਹੈ ਕਿ ਉਹ ਪੰਜਾਬ ਦੀ ਪੜ੍ਹੀ-ਲਿਖੀ ਨੌਜਵਾਨੀ ਨੂੰ ਰੁਜ਼ਗਾਰ ਮੁਹੱਈਆ ਕਰਾਵੇ ਤਾਂ ਉਹ ਵਿਦੇਸ਼ਾਂ ਵਿੱਚ ਜਾ ਕੇ ਲੇਬਰ ਨਾ ਕਰਨ।

## ਲੈਂਡ ਪੂਲਿੰਗ ਨੀਤੀ ਕਰਕੇ ਕਿਸਾਨਾਂ ਦੀਆਂ ਜ਼ਮੀਨਾਂ ਹੜੱਪਣਾ ਚਾਹੁੰਦੀ 'ਆਪ' ਸਰਕਾਰ : ਦੌਲਤਪੁਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਹਰਦੀਪ ਸਿੰਘ ਦੌਲਤਪੁਰ ਵੱਲੋਂ ਪੰਜਾਬ ਦੀ ਆਮ ਆਦਮੀ ਸਰਕਾਰ ਵੱਲੋਂ ਸੂਬੇ 'ਚ ਲੈਂਡ ਪੂਲਿੰਗ ਨੀਤੀ ਨੂੰ ਲਾਗੂ ਕਰਨ ਦੀ ਨਿੰਦਿਆ ਕਰਦਿਆਂ ਕਿਹਾ ਕਿ ਆਪ ਸਰਕਾਰ ਦੀ ਕਿਸਾਨਾਂ ਦੀਆਂ ਜ਼ਮੀਨਾਂ ਹੜੱਪ ਕਰਨ ਦੀ ਇਹ ਸਾਜ਼ਿਸ਼ ਹੈ।ਦੱਸਣਯੋਗ ਹੈ ਕਿ ਹਰਦੀਪ ਸਿੰਘ ਦੌਲਤਪੁਰ ਨੇ ਹਲਕੇ ਦੇ ਘਰ ਪਿੰਡ ਘਰ-ਘਰ ਦਾ ਡੋਰ ਟੂਰ ਡੋਰ ਸ਼ੁਰੂ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਕਥਿਤ 'ਸੋਧੀ ਹੋਈ ਲੈਂਡ ਪੂਲਿੰਗ ਨੀਤੀ' ਅਸਲ ਵਿੱਚ ਕਿਸਾਨਾਂ ਤੋਂ ਜ਼ਮੀਨਾਂ ਖੋਹਣ ਦੀ ਤਿਆਰੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਚੋਣਾਂ ਨੇੜੇ ਆਉਂਦੀਆਂ ਦੇਖ ਕੇ ਕੇਜਰੀਵਾਲ ਐਂਡ ਕੰਪਨੀ ਆਪਣੇ ਉਨ੍ਹਾਂ ਸਿਆਸੀ ਨਿਵੇਸ਼ਕਾਂ ਅਤੇ ਚਹੇਤਿਆਂ ਨੂੰ ਖੁਸ਼ ਕਰਨ ਦੇ ਭਾਰੀ ਦਬਾਅ ਹੇਠ ਹੈ, ਜਿਨ੍ਹਾਂ ਨਾਲ ਪਿਛਲੇ ਸਾਲ ਕਥਿਤ ਤੌਰ 'ਤੇ 'ਗੈਰ-ਕਾਨੂੰਨੀ ਸੌਦੇ' ਕੀਤੇ ਗਏ ਸਨ।

## ਰੋਟਰੀ ਕਲੱਬ ਨੇ ਨਵੇਂ ਰੋਟਰੀ ਸਾਲ ਦੀ ਕੀਤੀ ਸ਼ੁਰੂਆਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਰੋਟਰੀ ਕਲੱਬ ਨੇ ਨਵੇਂ ਰੋਟਰੀ ਸਾਲ ਦੀ ਸ਼ੁਰੂਆਤ ਕਾਲਰ ਸਮਾਰੋਹ ਤੇ ਸਮਾਜ ਸੇਵਾ ਗਤੀਵਿਧੀ ਨਾਲ ਕੀਤੀ।ਇਸ ਮੌਕੇ ਸੇਵਾ, ਸਮਾਜਿਕ ਜ਼ਿੰਮੇਵਾਰੀ ਤੇ ਮਨੁੱਖਤਾ ਦੇ ਮੁੱਲਾਂ ਨੂੰ ਅੱਗੇ ਵਧਾਉਂਦੇ ਹੋਏ ਸਾਲ ਭਰ ਸਮਾਜ 'ਚ ਸਾਰਥਕ ਤੇ ਸਥਾਈ ਪ੍ਰਭਾਵ ਪੈਦਾ ਕਰਨ ਦਾ ਸੰਕਲਪ ਲਿਆ ਗਿਆ।ਸਮਾਰੋਹ ਤੋਂ ਬਾਅਦ ਕਲੱਬ ਮੈਂਬਰਾਂ ਨੇ ਅਗਰਵਾਲ ਗਊਸ਼ਾਲਾ ਵਿੱਚ ਗਊ ਮਾਤਾ ਨੂੰ ਸ਼ਿਕੰਜਵੀ ਅਰਪਿਤ ਕਰਕੇ ਸੇਵਾ ਭਾਵਨਾ ਦਾ ਪ੍ਰਗਟਾਵਾ ਕੀਤਾ।ਇਹ ਉਪਰਾਲਾ ਰੋਟਰੀ ਦੇ 'ਸੇਵਾ ਸਭ ਤੋਂ ਉੱਪਰ' ਸਿਧਾਂਤ ਨੂੰ ਦਰਸਾਉਂਦਾ ਹੈ ਤੇ ਸਮਾਜ ਪ੍ਰਤੀ ਕਲੱਬ ਦੀ ਵਚਨਬੱਧਤਾ ਨੂੰ ਮਜ਼ਬੂਤ ਕਰਦਾ ਹੈ।ਇਸ ਮੌਕੇ ਡਿਸਟ੍ਰਿਕਟ 3090 ਦੀ ਫਸਟ ਲੇਡੀ ਰੋਟੇਰੀਅਨ ਸਾਚੀ ਸਿੰਗਲਾ ਤੇ ਪੀ ਪੀ ਮਾਲਿਕਾ ਬਾਂਸਲ ਦੀ ਵਿਸ਼ੇਸ਼ ਹਾਜ਼ਰੀ ਰਹੀ।ਪ੍ਰਧਾਨ ਵਾਨਿਕਾ ਗੋਇਲ, ਸਕੱਤਰ ਸ਼ਾਲੂ ਗਰਗ, ਖਜ਼ਾਨਚੀ ਸੀਮਾ ਗਰਗ ਤੇ ਮੈਂਬਰ ਮੋਨਾ ਗਰਗ, ਪੂਜਾ ਜਿੰਦਲ, ਪੂਜਾ ਗੋਇਲ, ਸੁਮਨ ਗੋਇਲ, ਨਿਸ਼ਾ ਜਿੰਦਲ, ਜੋਤੀ, ਡਾ. ਦੀਪਿਕਾ ਮਿੱਤਲ ਤੇ ਅਨਾਮਿਕਾ ਵੀ ਮੌਜੂਦ ਰਹੇ।

## ਹਥਿਆਰਬੰਦ ਝਗੜੇ ਦੇ ਮਾਮਲੇ 'ਚ ਨਵਾਂ ਕਰਾਸ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਮਮਦੋਟ ਪੁਲਸ ਨੇ ਕਾਰਵਾਈ ਕਰਦਿਆਂ 25 ਜੂਨ ਦੇ ਝਗੜੇ ਸਬੰਧੀ ਇੱਕ ਨਵਾਂ ਕਰਾਸ ਕੇਸ ਦਰਜ ਕੀਤਾ ਹੈ। ਇਹ ਮਾਮਲਾ ਦੋ ਧਿਰਾਂ ਵਿਚਕਾਰ ਹੋਈ ਖੂਨੀ ਝੜਪ ਤੇ ਨਜਾਇਜ਼ ਹਥਿਆਰਾਂ ਦੀ ਵਰਤੋਂ ਨਾਲ ਸਬੰਧਤ ਹੈ। ਪੁਲਸ ਨੇ ਜਾਂਚ ਤੋਂ ਬਾਅਦ ਮੁਦੱਈ ਪ੍ਰਗਟ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਕਈ ਨਾਮਜ਼ਦ ਮੁਲਜ਼ਮਾਂ ਅਤੇ ਵੱਡੀ ਗਿਣਤੀ ਵਿੱਚ ਅਣਪਛਾਤੇ ਲੋਕਾਂ ਖ਼ਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਤਫਤੀਸ਼ ਤੇਜ਼ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਥਾਣਾ ਮਮਦੋਟ ਦੇ ਇਲਾਕੇ ਵਿੱਚ ਵਾਪਰੀ ਇਸ ਹਿੰਸਕ ਘਟਨਾ ਸਬੰਧੀ ਪੁਲਿਸ ਅਧਿਕਾਰੀਆਂ ਵੱਲੋਂ ਮੌਕੇ 'ਤੇ ਪਹੁੰਚ ਕੇ ਬਾਰੀਕੀ ਨਾਲ ਪੜਤਾਲ ਕੀਤੀ ਗਈ। ਮੁਦੱਈ ਪ੍ਰਗਟ ਸਿੰਘ ਪੁੱਤਰ ਬਲਕਾਰ ਸਿੰਘ, ਵਾਸੀ ਸੰਧੂ ਸ਼ਾਹ ਵਾਲਾ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਦਰਜ ਕਰਾਏ ਗਏ ਬਿਆਨਾਂ ਦੀ ਪੂਰਨ ਤਸਦੀਕ ਤੋਂ ਬਾਅਦ ਇਹ ਕਰਾਸ ਕੇਸ ਅਧਿਕਾਰਤ ਤੌਰ 'ਤੇ ਰਜਿਸਟਰਡ ਕੀਤਾ ਗਿਆ ਹੈ। ਪੁਲਸ ਵੱਲੋਂ ਇਹ ਕਾਰਵਾਈ ਰੋਜ਼ਨਾਮਚਾ ਰਿਪੋਰਟ ਨੰਬਰ 37 ਮਿਤੀ 29-06-2026 ਦੇ ਤਹਿਤ ਅਮਲ ਵਿੱਚ ਲਿਆਂਦੀ ਗਈ ਹੈ ਤਾਂ ਜੁ ਇਲਾਕੇ ਵਿਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਿਆ ਜਾ ਸਕੇ। ਇਸ ਮਾਮਲੇ ਵਿਚ ਪੁਲਸ ਨੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਪੁੱਤਰ ਬਲਕਾਰ ਵਾਸੀ ਮਮਦੋਟ, ਗੁਰਭੇਜ ਸਿੰਘ ਉਰਫ਼ ਭੇਜਾ ਵਾਸੀ ਨਵਾਂ ਪੂਰਬਾ, ਹਰਜੀਤ ਸਿੰਘ ਸਾਬਕਾ ਸਰਪੰਚ ਵਾਸੀ ਵਰੀਆਮ ਸਿੰਘ ਵਾਲਾ, ਚਿਮਨ ਲਾਲ ਵਾਸੀ ਮਮਦੋਟ, ਬਿਕਰਮਜੀਤ ਬੇਦੀ ਵਾਸੀ ਫਿਰੋਜ਼ਪੁਰ ਸ਼ਹਿਰ ਤੇ ਗਗਨਦੀਪ ਸਰਪੰਚ ਵਾਸੀ ਪਿੰਡ ਮਨਸੂਰਵਾਲ ਸਮੇਤ ਕਰੀਬ 80 ਤੋਂ 90 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਨ੍ਹਾਂ ਸਾਰੇ ਦੋਸ਼ੀਆਂ 'ਤੇ ਬੀ.ਐਨ.ਐਸ.2023 ਦੀਆਂ ਧਾਰਾਵਾਂ 109, 125, 191(3), 190 ਅਤੇ ਅਸਲਾ ਐਕਟ ਦੀਆਂ ਧਾਰਾਵਾਂ 25, 27/54/59 ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਿਸ ਰਿਪੋਰਟ ਦੇ ਮੁਤਾਬਿਕ ਸ਼ਿਕਾਇਤਕਰਤਾ ਵੱਲੋਂ ਬਿਆਨ ਵਿਚ ਰਾਕੇਸ਼ ਕੁਮਾਰ ਉਰਫ਼ ਵਿੱਕੀ ਸੋਨੀ ਪੁੱਤਰ ਚਿਮਨ ਲਾਲ ਵਾਸੀ ਮਮਦੋਟ ਤੇ ਕਿੱਕਰ ਸਿੰਘ ਐੱਮ.ਸੀ. ਵਾਸੀ ਮਮਦੋਟ ਦੇ ਨਾਮ ਵੀ ਸ਼ਾਮਲ ਕਰਾਏ ਗਏ ਸਨ, ਪਰ ਪੁਲਸ ਦੀ ਸ਼ੁਰੂਆਤੀ ਜਾਂਚ ਵਿੱਚ ਇਨ੍ਹਾਂ ਦੋਵਾਂ ਆਗੂਆਂ ਦੀ ਭੂਮਿਕਾ ਸ਼ੱਕੀ ਜਾਪਦੀ ਹੈ। ਇਸ ਲਈ ਪੁਲਸ ਪ੍ਰਸ਼ਾਸਨ ਵੱਲੋਂ ਇਸ ਬਾਰੇ ਹੋਰ ਡੂੰਘਾਈ ਨਾਲ ਪੜਤਾਲ ਕੀਤੀ ਜਾ ਰਹੀ ਹੈ ਤਾਂ ਜੋ ਕਿਸੇ ਬੇਗੁਨਾਹ ਨਾਲ ਬੇਇਨਸਾਫ਼ੀ ਨਾ ਹੋਵੇ। ਪੁਲਸ ਅਨੁਸਾਰ ਮੌਜੂਦਾ ਜਾਂਚ ਦੌਰਾਨ ਜਿਸ ਤਰ੍ਹਾਂ ਦੇ ਵੀ ਠੋਸ ਸਬੂਤ ਸਾਹਮਣੇ ਆਉਣਗੇ, ਉਸੇ ਮੁਤਾਬਿਕ ਅਗਲੇਰੀ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮਾਮਲੇ ਸਬੰਧੀ ਇਕ ਵਿਸ਼ੇਸ਼ ਰਿਪੋਰਟ ਇਲਾਕਾ ਮੈਜਿਸਟ੍ਰੇਟ ਤੇ ਉੱਚ ਪੁਲਸ ਅਧਿਕਾਰੀਆਂ ਦੀ ਸੇਵਾ ਵਿਚ ਭੇਜ ਦਿੱਤੀ ਗਈ ਹੈ ਤਾਂ ਜੁ ਮਾਮਲੇ ਦੀ ਪਾਰਦਰਸ਼ੀ ਨਿਗਰਾਨੀ ਯਕੀਨੀ ਬਣਾਈ ਜਾ ਸਕੇ।

## ਦੋ ਨੌਜਵਾਨਾਂ ਖ਼ਿਲਾਫ਼ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਦੇ ਦੋਸ਼ ਹੇਠ ਦੋ ਨੌਜਵਾਨਾਂ ਖ਼ਿਲਾਫ਼ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਅਨੁਸਾਰ ਹੌਲਦਾਰ ਕੁਲਦੀਪ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਗੁਰੂਹਰਸਹਾਏ ਰੋਡ ਤੋਂ ਪਿੰਡ ਕਬਰਵਾਲਾ ਵੱਲ ਜਾ ਰਹੀ ਸੀ।ਜਦੋਂ ਪੁਲਿਸ ਪਾਰਟੀ ਘੋੜਾ ਮੰਡੀ ਨੇੜੇ ਪੁੱਜੀ ਤਾਂ ਕਬਰਵਾਲਾ ਵੱਲੋਂ ਦੋ ਨੌਜਵਾਨ ਸ਼ੱਕੀ ਹਾਲਤ ਵਿੱਚ ਆਉਂਦੇ ਦਿਖਾਈ ਦਿੱਤੇ।ਪੁਲਿਸ ਨੇ ਦੋਵਾਂ ਨੂੰ ਰੋਕ ਕੇ ਪੁੱਛਗਿੱਛ ਕੀਤੀ ਤਾਂ ਉਨ੍ਹਾਂ ਨੇ ਆਪਣੀ ਪਛਾਣ ਧਰਮਪ੍ਰੀਤ ਸਿੰਘ ਪੁੱਤਰ ਨਿਰਮਲ ਸਿੰਘ ਅਤੇ ਸਰਬਜੀਤ ਸਿੰਘ ਪੁੱਤਰ ਗੋਲਾ ਸਿੰਘ, ਦੋਵੇਂ ਵਾਸੀ ਪਿੰਡ ਗੁਲਾਬੇਵਾਲਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਜੋਂ ਦੱਸੀ।ਪੁਲਿਸ ਮੁਤਾਬਕ ਦੋਵਾਂ ਦੇ ਹਾਵ-ਭਾਵ ਅਤੇ ਬੋਲਚਾਲ ਤੋਂ ਉਨ੍ਹਾਂ ਦੇ ਨਸ਼ੇ ਦੀ ਹਾਲਤ ਵਿੱਚ ਹੋਣ ਦਾ ਸ਼ੱਕ ਹੋਇਆ।ਪੁੱਛਗਿੱਛ ਦੌਰਾਨ ਦੋਵਾਂ ਨੇ ਕਥਿਤ ਤੌਰ 'ਤੇ ਦੱਸਿਆ ਕਿ ਉਹ ਨਸ਼ਾ ਕਰਨ ਦੇ ਆਦੀ ਹਨ ਅਤੇ ਉਸ ਸਮੇਂ ਵੀ ਨਸ਼ਾ ਕੀਤਾ ਹੋਇਆ ਸੀ।ਇਸ ਉਪਰੰਤ ਦੋਵਾਂ ਨੂੰ ਡੋਪ ਟੈਸਟ ਲਈ ਲਿਜਾਇਆ ਗਿਆ, ਜਿੱਥੇ ਡਾਕਟਰ ਵੱਲੋਂ ਕੀਤੇ ਗਏ ਡੋਪ ਟੈਸਟ ਦੀ ਰਿਪੋਰਟ ਪਾਜ਼ੇਟਿਵ ਆਈ।ਇਸ ਸਬੰਧੀ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਮਾਮਲਾ ਦਰਜ ਕਰ ਕੇ ਦੋਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਜਮੂਹਰੀ ਅਧਿਕਾਰ ਸਭਾ ਦਾ ਜਿਲ੍ਹਾ ਪੱਧਰੀ ਅਜਲਾਸ ਜੁਲਾਈ ਦੇ ਆਖਰ 'ਚ : ਸਰਬਜੀਤ ਦੌਧਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਜਮੂਹਰੀ ਅਧਿਕਾਰ ਸਭਾ ਦੀ ਜਿਲ੍ਹਾ ਇਕਾਈ ਮੋਗਾ ਦੀ ਵਿਸ਼ੇਸ਼ ਮੀਟਿੰਗ ਨੇਚਰ ਪਾਰਕ ਵਿਖੇ ਸਰਬਜੀਤ ਸਿੰਘ ਦੌਧਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਜਿਲ੍ਹਾ ਸਕੱਤਰ ਦਰਸ਼ਨ ਸਿੰਘ ਤੂਰ ਨੇ ਦੱਸਿਆ ਕਿ ਦੇਸ਼ ਅਤੇ ਪੰਜਾਬ ਰਾਜ ਦੀਆਂ ਦੋਵੇ ਸਰਕਾਰਾਂ ਸਾਂਝੀਆਂ ਨੀਤੀਆਂ ਦੇ ਤਹਿਤ ਕਿਸਾਨਾਂ ਮਜ਼ਦੂਰਾਂ, ਮੁਲਾਜਮਾਂ ਦੇ ਹੱਕਾਂ 'ਤੇ ਡਾਕੇ ਮਾਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਤੇ ਚਾਰ ਲੇਬਰ ਕੋਡ ਲਾਗੂ ਕਰਕੇ ਅਤੇ ਮਨਰੇਗਾ ਸਕੀਮ ਦਾ ਰੂਪ ਬਦਲ ਕੇ ਜੀ ਰਾਮ ਸਕੀਮ ਤਹਿਤ ਰੋਜਗਾਰ ਦੇਣ ਦੇ ਨਾਂ 'ਤੇ ਮਜ਼ਦੂਰਾਂ ਨੂੰ ਗੁੰਮਰਾਹ ਕਰਕੇ, ਉਨ੍ਹਾਂ ਦੀ ਕਿਰਤ ਦੀ ਲੁੱਟ ਕਰਨ ਦੇ ਲਈ ਕਾਰਪੋਰੇਟੀ ਏਜੰਡੇ ਨੂੰ ਲਾਗੂ ਕੀਤਾ ਜਾ ਰਿਹਾ ਹੈ।ਦੌਧਰ ਨੇ ਦੱਸਿਆ ਕਿ ਉਪਰੋਕਤ ਹਾਲਾਤ ਨੂੰ ਵੇਖਦਿਆਂ, ਜਮੂਹਰੀ ਅਧਿਕਾਰ ਸਭਾ ਪੰਜਾਬ ਦੀ ਜ਼ਿਲ੍ਹਾ ਇਕਾਈ ਮੋਗਾ ਵੱਲੋਂ ਜਿਲ੍ਹਾ ਪੱਧਰੀ ਇਜਲਾਸ 27 ਜੁਲਾਈ ਨੂੰ ਮੋਗੇ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮੁਲਾਜਮ, ਮਜ਼ਦੂਰ, ਕਿਸਾਨ ਜਥੇਬੰਦੀਆਂ ਦੇ ਵਰਕਰ ਤੇ ਸਮਾਜਿਕ ਕਾਰਕੁਨ ਸ਼ਾਮਲ ਹੋਣਗੇ।ਇਸ ਮੀਟਿੰਗ ਵਿੱਚ ਪ੍ਰੇਮ ਕੁਮਾਰ, ਰਾਜਿੰਦਰ ਸਿੰਘ ਰਿਆੜ, ਬਲਕਾਰ ਸਿੰਘ, ਡਾ ਹਰਨੇਕ ਸਿੰਘ ਰੋਡੇ, ਚਮਕੌਰ ਸਿੰਘ, ਮੋਹਨ ਸਿੰਘ ਅਤੇ ਵਿਜੈ ਕਮਾਰ ਸ਼ਾਮਲ ਹੋਏ।

## ਮਾਨ ਸਰਕਾਰ ਨੇ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕਰਕੇ ਜਿੱਤਿਆ ਪੰਜਾਬੀਆਂ ਦਾ ਦਿਲ : ਦੀਪਕ ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**-ਆਮ ਆਦਮੀ ਪਾਰਟੀ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀਆਂ ਮਾਵਾਂ, ਭੈਣਾਂ, ਧੀਆਂ ਨਾਲ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਜੋ ਵਾਅਦਾ ਕੀਤਾ ਗਿਆ ਸੀ, ਉਸ ਨੂੰ ਪੂਰਾ ਕਰਦਿਆਂ ਬੁੱਧਵਾਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਔਰਤਾਂ ਦੇ ਖਾਤਿਆਂ ਵਿੱਚ 1000/1500 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਤਿੰਨ ਮਹੀਨਿਆਂ ਦੀ ਰਾਸ਼ੀ ਪਾ ਕੇ ਸਮੁੱਚੇ ਪੰਜਾਬ ਵਾਸੀਆਂ ਦਾ ਦਿਲ ਜਿੱਤ ਲਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਉੱਘੇ ਆਗੂ ਅਤੇ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ ਗਿਆ।ਚੇਅਰਮੈਨ ਦੀਪਕ ਸੂਦ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪਹਿਲੀ ਅਜਿਹੀ ਸਰਕਾਰ ਹੈ ਜਿਸ ਨੇ ਆਪਣੀਆਂ ਸੌ ਫੀਸਦੀ ਗਰੰਟੀਆਂ ਪੂਰੀਆਂ ਕਰਨ ਦੇ ਨਾਲ ਨਾਲ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ 10 ਲੱਖ ਰੁਪਏ ਦੀ ਵਾਧੂ ਸਹੂਲਤ ਵੀ ਲੋਕਾਂ ਨੂੰ ਮੁਹੱਈਆ ਕਰਵਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮਾਵਾਂ ਧੀਆ ਸਤਿਕਾਰ ਯੋਜਨਾ ਦੇ ਲਾਗੂ ਹੋਣ ਨਾਲ ਸਾਡੀਆਂ ਮਾਵਾਂ, ਭੈਣਾਂ, ਧੀਆਂ ਬੇਹੱਦ ਖੁਸ਼ ਹਨ ਅਤੇ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਉਡੀਕ ਕਰ ਰਹੀਆਂ ਹਨ ਤਾਂ ਜੋ ਰੰਗਲੇ ਪੰਜਾਬ ਦੀ ਤਰੱਕੀ ਨੂੰ ਹੋਰ ਅੱਗੇ ਵਧਾਉਣ ਵਾਸਤੇ ਉਹ ਮੁੱਖ ਮੰਤਰੀ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾ ਕੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਹੱਥ ਮਜ਼ਬੂਤ ਕਰ ਸਕਣ।

## ਜੀ ਐੱਚ ਜੀ ਖ਼ਾਲਸਾ ਕਾਲਜ ਆਫ ਐਜੂਕੇਸ਼ਨ ਵੱਲੋਂ ਮੁ਼ਫਤ ਕੋਚਿੰਗ ਸ਼ੁਰੂ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਬੀ.ਐੱਡ. ਵਿੱਚ ਦਾਖ਼ਲਾ ਲੈਣ ਦੇ ਇੱਛੁਕ ਵਿਦਿਆਰਥੀਆਂ ਲਈ ਜੀ.ਐੱਚ.ਜੀ. ਖ਼ਾਲਸਾ ਕਾਲਜ ਆਫ ਐਜੂਕੇਸ਼ਨ, ਗੁਰੂਸਰ ਸਧਾਰ ਨੇ ਵਿਸ਼ੇਸ਼ ਉਪਰਾਲਾ ਕਰਦਿਆਂ ਮੁ਼ਫਤ ਦਾਖ਼ਲਾ ਪਰੀਖਿਆ ਕੋਚਿੰਗ ਤੇ ਹੈਲਪ ਡੈਸਕ ਦੀ ਸ਼ੁਰੂਆਤ ਕੀਤੀ ਹੈ।ਕਾਲਜ ਪ੍ਰਬੰਧਕਾਂ ਨੇ ਦੱਸਿਆ ਕਿ ਬੀ.ਐੱਡ. ਵਿੱਚ ਦਾਖਲਾ ਸਾਂਝੀ ਪ੍ਰਵੇਸ਼ ਪ੍ਰੀਖਿਆ ਪਾਸ ਕੀਤੇ ਬਿਨਾਂ ਸੰਭਵ ਨਹੀਂ, ਇਸ ਲਈ ਵਿਦਿਆਰਥੀਆਂ ਨੂੰ ਪ੍ਰੀਖਿਆ ਦੀ ਬਿਹਤਰ ਤਿਆਰੀ ਕਰਾਉਣ ਦੇ ਮਕਸਦ ਨਾਲ ਇਹ ਮੁ਼ਫਤ ਕੋਚਿੰਗ ਸ਼ੁਰੂ ਕੀਤੀ ਜਾ ਰਹੀ ਹੈ।ਕਾਲਜ ਦੇ ਪ੍ਰਿੰਸੀਪਲ ਡਾ. ਪ੍ਰਗਟ ਸਿੰਘ ਗਰਚਾ ਨੇ ਦੱਸਿਆ ਕਿ ਇਹ ਮੁ਼ਫਤ ਕੋਚਿੰਗ 2 ਜੁਲਾਈ ਤੋਂ ਆਨਲਾਈਨ ਮਾਧਿਅਮ ਰਾਹੀਂ ਸ਼ੁਰੂ ਹੋਵੇਗੀ।ਪਹਿਲੇ ਇੱਕ ਹ਼ਫਤੇ ਤੱਕ ਕਲਾਸਾਂ ਪੂਰੀ ਤਰ੍ਹਾਂ ਆਨਲਾਈਨ ਚਲਣਗੀਆਂ, ਜਦਕਿ ਇਸ ਤੋਂ ਬਾਅਦ ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਕੋਚਿੰਗ ਹਾਈਬ੍ਰਿਡ ਮੋਡ (ਆਨਲਾਈਨ ਤੇ ਆ਼ਫਲਾਈਨ) ਰਾਹੀਂ ਜਾਰੀ ਰਹੇਗੀ।ਇਹ ਕੋਚਿੰਗ 2 ਅਗਸਤ ਨੂੰ ਹੋਣ ਵਾਲੀ ਬੀ.ਐੱਡ. ਦਾਖ਼ਲਾ ਪ੍ਰੀਖਿਆ ਤੱਕ ਨਿਰੰਤਰ ਚਲਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਸੈਸ਼ਨ 2026-27 ਲਈ ਪੰਜਾਬ ਦੀਆਂ ਤਿੰਨੋਂ ਯੂਨੀਵਰਸਿਟੀਆਂ-ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨਾਲ ਸੰਬੰਧਿਤ ਕਾਲਜਾਂ ਵਿੱਚ ਬੀ.ਐੱਡ. ਦਾਖਲੇ ਲਈ ਆਨਲਾਈਨ ਰਜਿਸਟ੍ਰੇਸ਼ਨ ਤੇ ਫੀਸ ਜਮ੍ਹਾਂ ਕਰਾਉਣ ਦੀ ਆਖ਼ਰੀ 20 ਜੁਲਾਈ ਹੈ।ਇਸ ਸਾਲ ਸਾਂਝੀ ਪ੍ਰਵੇਸ਼ ਪ੍ਰੀਖਿਆ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਕਰਾਈ ਜਾ ਰਹੀ ਹੈ ਅਤੇ ਰਜਿਸਟਰਡ ਵਿਦਿਆਰਥੀ ਪੰਜਾਬ ਦੇ ਕਿਸੇ ਵੀ ਜ਼ਿਲ੍ਹੇ ਵਿੱਚ ਪ੍ਰੀਖਿਆ ਦੇ ਸਕਦੇ ਹਨ।ਵਿਦਿਆਰਥੀਆਂ ਦੀ ਸਹਾਇਤਾ ਲਈ ਕਾਲਜ ਵਿੱਚ ਵਿਸ਼ੇਸ਼ ਹੈਲਪ ਡੈਸਕ ਵੀ ਸਥਾਪਤ ਕੀਤਾ ਗਿਆ ਹੈ, ਜਿੱਥੇ ਆਨਲਾਈਨ ਰਜਿਸਟ੍ਰੇਸ਼ਨ, ਫਾਰਮ ਭਰਨ ਤੇ ਦਾਖ਼ਲਾ ਪ੍ਰਕਿਰਿਆ ਸਬੰਧੀ ਹਰ ਤਰ੍ਹਾਂ ਦੀ ਮੁ਼ਫਤ ਸਹਾਇਤਾ ਦਿੱਤੀ ਜਾ ਰਹੀ ਹੈ।ਗ੍ਰੈਜੂਏਸ਼ਨ ਦੇ ਤੀਜੇ ਸਾਲ ਦੀ ਪ੍ਰੀਖਿਆ ਦੇ ਰਹੇ ਵਿਦਿਆਰਥੀ, ਭਾਵੇਂ ਉਨ੍ਹਾਂ ਦੇ ਪੇਪਰ ਹੋ ਚੁੱਕੇ ਹੋਣ ਜਾਂ ਅਜੇ ਬਾਕੀ ਹੋਣ, ਉਹ ਵੀ ਬੀ.ਐੱਡ. ਲਈ ਆਪਣੀ ਰਜਿਸਟ੍ਰੇਸ਼ਨ ਕਰਾ ਸਕਦੇ ਹਨ।ਡਾ. ਗਰਚਾ ਨੇ ਇਲਾਕੇ ਦੇ ਸਮੂਹ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਖ਼ਰੀ ਮਿਤੀ ਦੀ ਉਡੀਕ ਨਾ ਕਰਨ, ਸਗੋਂ ਸਮੇਂ ਸਿਰ ਰਜਿਸਟ੍ਰੇਸ਼ਨ ਕਰਾਉਣ ਅਤੇ ਮੁ਼ਫਤ ਕੋਚਿੰਗ ਦਾ ਲਾਭ ਲੈ ਕੇ ਦਾਖ਼ਲਾ ਪਰੀਖਿਆ ਦੀ ਚੰਗੀ ਤਿਆਰੀ ਕਰਨ।

## ਦਰਜਾ ਚਾਰ ਮੁਲਾਜ਼ਮਾਂ ਦਾ ਸਪੈਸ਼ਲ ਇੰਕਰੀਮੈਂਟ ਕੱਟੇ ਜਾਣ ਦੀ ਸ਼ਖ਼ਤ ਨਿਖੇਧੀ



**ਮਾਨਸਾ (ਆਤਮਾ ਸਿੰਘ ਪਮਾਰ)**-ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਵੱਖ-ਵੱਖ ਡਿਵੀਜ਼ਨਾਂ ਦੇ ਦਫ਼ਤਰਾਂ ਵੱਲੋਂ ਮੁੱਖ ਦਫਤਰ ਦੇ ਦਿਸ਼ਾ ਨਿਰਦੇਸ਼ਾਂ ਤੋਂ ਬਗੈਰ ਹੀ ਦਰਜ਼ਾ ਚਾਰ ਮੁਲਾਜ਼ਮਾਂ ਦਾ ਸਪੈਸ਼ਲ ਇੰਕਰੀਮੈਂਟ ਕੱਟਿਆ ਜਾ ਰਿਹਾ ਹੈ।ਇਸ ਸਬੰਧੀ ਡਵੀਜ਼ਨ 1/2 ਮੋਹਾਲੀ, ਪਟਿਆਲਾ, ਮਾਨਸਾ, ਮਲੇਰਕੋਟਲਾ ਵੱਲੋਂ ਸ਼ੁਰੂਆਤ ਕੀਤੀ ਗਈ ਹੈ।ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਪੀ ਡਬਲਿਊ ਡੀ ਜਲ ਸਪਲਾਈ ਤਾਲਮੇਲ ਸੰਘਰਸ਼ ਕਮੇਟੀ ਪੰਜਾਬ ਦੇ ਕਨਵੀਨਰ ਮਲਾਗਰ ਸਿੰਘ ਖਮਾਣੋ, ਸੁਖਨੰਦਨ ਸਿੰਘ ਮੈਣੀਆ, ਬਿੱਕਰ ਸਿੰਘ ਮਾਖਾ ਮਾਨਸਾ ਨੇ ਦੱਸਿਆ ਕਿ ਸਾਲ 2011 'ਚ ਜਦੋਂ ਵਿੱਤ ਵਿਭਾਗ ਵੱਲੋਂ ਵੱਖ ਵੱਖ ਵਿਭਾਗਾਂ ਦੀਆਂ ਮੁਲਾਜ਼ਮ ਕੈਟਾਗਰੀਆਂ ਦੇ ਸਕੇਲਾਂ 'ਚ ਸੋਧ ਕੀਤੀ ਗਈ ਸੀ ਤਾਂ ਉਸ ਸਮੇਂ 14 ਨਵੰਬਰ 2011 ਨੂੰ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਦਰਜ਼ਾ ਚਾਰ ਮੁਲਾਜ਼ਮਾਂ ਨੂੰ ਇੱਕ ਸਪੈਸ਼ਲ ਇੰਕਰੀਮੈਂਟ ਦਿੱਤਾ ਗਿਆ ਸੀ ਅਤੇ 15 ਨਵੰਬਰ 2011 ਨੂੰ ਇਹ ਵਾਪਸ ਲੈ ਲਿਆ ਗਿਆ ਸੀ।ਉਸ ਤੋਂ ਬਾਅਦ ਵਿੱਤ ਵਿਭਾਗ ਵੱਲੋਂ ਫਿਰ ਤੋਂ 23 ਨਵੰਬਰ 2011 ਨੂੰ ਪੱਤਰ ਜਾਰੀ ਕਰ ਦਿੱਤਾ ਸੀ। ਉਸ ਸਮੇਂ ਇਹ ਵੀ ਸਪਸ਼ਟ ਕੀਤਾ ਸੀ ਕਿ ਇਹ ਇੰਕਰੀਮੈਂਟ ਸਲਾਨਾ ਇੰਕਰੀਮੈਂਟਾਂ ਨਾਲੋਂ ਵੱਖਰਾ ਹੈ।ਆਗੂਆਂ ਨੇ ਕਿਹਾ ਕਿ ਸੈਂਕੜੇ ਮੌਜੂਦਾ ਤੇ ਸੇਵਾ ਮੁਕਤ ਮੁਲਾਜ਼ਮ ਮਜਬੂਰਨ ਅਦਾਲਤਾਂ ਵੱਲ ਰੁੱਖ ਕਰ ਰਹੇ ਹਨ।ਆਗੂਆਂ ਨੇ ਵਿਭਾਗ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੋਂ ਮੰਗ ਕੀਤੀ ਕੇ ਦਰਜ਼ਾ ਚਾਰ ਮੁਲਾਜ਼ਮਾਂ ਦੀ ਸਪੈਸ਼ਲ ਇੰਕਰੀਮੈਂਟ ਨੂੰ ਪਹਿਲਾਂ ਦੀ ਤਰ੍ਹਾਂ ਹੀ ਲਾਗੂ ਰੱਖਿਆ ਜਾਵੇ।

## ਖਾਦਾਂ ਦੀ ਸੰਤੁਲਿਤ ਵਰਤੋਂ ਸੰਬੰਧੀ ਮੁਨਸ਼ੀਵਾਲਾ 'ਚ ਕਿਸਾਨ ਸਿਖਲਾਈ ਕੈਂਪ



**ਸੰਗਰੂਰ/ਦਿੜ੍ਹਬਾ (ਪ੍ਰਵੀਨ ਸਿੰਘ)**

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਮਿੱਟੀ ਦੀ ਸਿਹਤ ਸੰਭਾਲ, ਖੇਤੀ ਲਾਗਤ ਘਟਾਉਣ, ਮਾੜੇ ਪਾਣੀਆਂ ਦੇ ਸਹੀ ਪ੍ਰਬੰਧਨ ਅਤੇ ਰਸਾਇਣਕ ਖਾਦਾਂ ਦੀ ਸੁਚੱਜੀ ਵਰਤੋਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪਿੰਡ ਮੁਨਸ਼ੀਵਾਲਾ (ਨੇੜੇ ਦਿੜ੍ਹਬਾ) ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ।ਕੈਂਪ ਵਿੱਚ 30 ਦੇ ਕਰੀਬ ਕਿਸਾਨਾਂ ਨੇ ਭਾਗ ਲਿਆ। ਕੈਂਪ ਦੀ ਪ੍ਰਧਾਨਗੀ ਕਰਦੇ ਹੋਏ ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਪਸਾਰ ਵਿਗਿਆਨੀ ਵਲੋਂ ਕਿਸਾਨਾਂ ਨੂੰ ਮਿੱਟੀ ਪਰਖ ਅਧਾਰਿਤ ਖਾਦ ਪ੍ਰਬੰਧਨ, ਝੋਨੇ ਅਤੇ ਬਾਸਮਤੀ ਦੀ ਪੌਦ ਲਈ ਜੀਵਾਣੂ ਖਾਦਾਂ ਦੇ ਟੀਕਿਆਂ ਦੀ ਮਹੱਤਤਾ ਅਤੇ ਝੋਨੇ ਵਿੱਚ ਫਾਸਫੋਰਸ ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਸਬੰਧੀ ਵਿਗਿਆਨਕ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੇ ਕਿਸਾਨਾਂ ਨੂੰ ਮਾੜੇ ਪਾਣੀਆਂ ਦੇ ਸਹੀ ਪ੍ਰਬੰਧਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੂਣੇ ਪਾਣੀ, ਜਿਨ੍ਹਾਂ ਵਿੱਚ ਨਮਕ ਦੀ ਮਾਤਰਾ ਕਾਫ਼ੀ ਜ਼ਿਆਦਾ ਹੁੰਦੀ ਹੈ, ਨੂੰ ਲਗਾਤਾਰ ਵਰਤਣ ਨਾਲ ਜ਼ਮੀਨ ਦੀ ਸਿਹਤ ਘਟਦੀ ਹੈ। ਅਜਿਹੇ ਪਾਣੀਆਂ ਨੂੰ ਕੁਝ ਹੱਦ ਤੱਕ ਨਹਿਰੀ ਪਾਣੀ ਨਾਲ ਰਲਾ ਕੇ ਵਰਤਿਆ ਜਾ ਸਕਦਾ ਹੈ।ਦੂਜੇ ਪਾਸੇ ਖਾਰੇ (ਸੋਡੀਅਮ ਦੇ ਕਾਰਬੋਨੇਟ ਜਾਂ ਬਾਈਕਾਰਬੋਨੇਟ ਵਾਲੇ) ਪਾਣੀਆਂ ਨੂੰ ਜਿਪਸਮ ਪਾ ਕੇ ਵਰਤਿਆ ਜਾ ਸਕਦਾ ਹੈ। ਇਸ ਲਈ ਇਹ ਅਤਿ ਜ਼ਰੂਰੀ ਹੈ ਕਿ ਟਿਊਬਵੈੱਲ ਦੇ ਪਾਣੀ ਦੀ ਜਾਂਚ ਮਿੱਟੀ-ਪਾਣੀ ਪਰਖ ਪ੍ਰਯੋਗਸ਼ਾਲਾ ਤੋਂ ਕਰਵਾਈ ਜਾਏ ਤਾਂ ਕਿ ਇਹ ਪਤਾ ਲੱਗ ਸਕੇ ਇਸ ਵਿੱਚ ਕਿਹੜੀ ਅਤੇ ਕਿੰਨੀ ਖ਼ਰਾਬੀ ਹੈ।ਉਨ੍ਹਾਂ ਕਿਹਾ ਕਿ ਖਾਦਾਂ ਦੀ ਸੰਤੁਲਿਤ ਵਰਤੋਂ ਨਾਲ ਨਾ ਸਿਰਫ਼ ਖੇਤੀ ਦੀ ਲਾਗਤ ਘਟਦੀ ਹੈ, ਸਗੋਂ ਫਸਲ ਦੀ ਪੈਦਾਵਾਰ ਅਤੇ ਮਿੱਟੀ ਦੀ ਸਿਹਤ ਵਿੱਚ ਵੀ ਸੁਧਾਰ ਹੁੰਦਾ ਹੈ। ਜੈਵਿਕ ਖਾਦਾਂ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਡਾ. ਗਰਗ ਨੇ ਕਿਹਾ ਕਿ ਝੋਨੇ ਦੀ ਪੌਦ ਨੂੰ ਲੱਗਣ ਵਾਲਾ ਐਜ਼ੋਸਪਾਇਰਲਮ ਦਾ ਟੀਕਾ ਫਸਲ ਦੀ ਪੈਦਾਵਾਰ ਵਧਾਉਣ ਦੇ ਨਾਲ-ਨਾਲ ਮਿੱਟੀ ਦੀ ਜੈਵਿਕ ਸਿਹਤ ਸੁਧਾਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਝੋਨੇ ਦੀ ਪਨੀਰੀ ਤਿਆਰ ਕਰਨ ਲਈ ਸਿਫਾਰਿਸ਼ ਖਾਦਾਂ ਅਤੇ ਹੋਰ ਪ੍ਰਬੰਧਕੀ ਸਿਫਾਰਿਸ਼ਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕੈਂਪ ਦੀ ਸਫਲਤਾ ਵਿੱਚ ਸ. ਸੰਦੀਪ ਸਿੰਘ, ਸ. ਅਮਰਜੀਤ ਸਿੰਘ (ਸਾਬਕਾ ਸਰਪੰਚ), ਸ. ਅੰਮ੍ਰਿਤਪਾਲ ਸਿੰਘ (ਸਰਪੰਚ), ਸ. ਜੋਗਾ ਸਿੰਘ, ਸ. ਲਖਵਿੰਦਰ ਸਿੰਘ ਨੇ ਵਿਸ਼ੇਸ਼ ਯੋਗਦਾਨ ਪਾਇਆ।

## ਪਿੰਡਾਂ ਦਾ ਸਰਬਪੱਖੀ ਵਿਕਾਸ ਮਾਨ ਸਰਕਾਰ ਦੀ ਪਹਿਲ : ਡਾ. ਅਮਨਦੀਪ ਕੌਰ ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਦਾ ਇੱਕੋ ਨਾਅਰਾ 'ਭਗਵੰਤ ਮਾਨ ਸਰਕਾਰ ਦੁਬਾਰਾ' ਦੇ ਸੰਦੇਸ਼ ਨਾਲ ਮੋਗਾ ਹਲਕੇ ਦੇ ਪਿੰਡ ਦਾਰਾਪੁਰ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਡਾ. ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀ ਪਹਿਲ ਹਰ ਪਿੰਡ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਦਾਰਾਪੁਰ ਦੇ ਵਿਕਾਸ ਲਈ 1 ਕਰੋੜ 36 ਲੱਖ ਰੁਪਏ ਦੀ ਲਾਗਤ ਨਾਲ ਨਹਿਰੀ ਪਾਣੀ ਪ੍ਰੋਜੈਕਟ, 2 ਕਰੋੜ 25 ਲੱਖ ਰੁਪਏ ਦੀ ਲਾਗਤ ਨਾਲ ਰੋਡ ਬ੍ਰਿਜ ਅਤੇ 20 ਲੱਖ ਰੁਪਏ ਦੀ ਲਾਗਤ ਨਾਲ ਖੇਡ ਗਰਾਊਂਡ ਦਾ ਉਦਘਾਟਨ ਕੀਤਾ ਗਿਆ ਹੈ।

ਇਸ ਤਰ੍ਹਾਂ ਪਿੰਡ ਦੇ ਵਿਕਾਸ ਕਾਰਜਾਂ 'ਤੇ ਕੁੱਲ 3 ਕਰੋੜ 81 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ। ਡਾ. ਅਰੋੜਾ ਨੇ ਕਿਹਾ ਕਿ ਮਾਨ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਪੂਰੇ ਪੰਜਾਬ ਵਿੱਚ ਵਿਕਾਸ ਕਾਰਜ ਕਰਵਾ ਰਹੀ ਹੈ। ਸਿੱਖਿਆ, ਸਿਹਤ, ਸੜਕਾਂ, ਪੀਣ ਵਾਲੇ ਪਾਣੀ, ਖੇਡਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਸਰਪੰਚ ਮੰਦੀਪ ਸ਼ਰਮਾ, ਜ਼ਿਲ੍ਹਾ ਪ੍ਰਧਾਨ ਨਸ਼ਾ ਮੁਕਤੀ ਮੋਰਚਾ ਦੀਪ ਦਾਰਾਪੁਰ, ਮੇਅਰ ਵਿਨੇਪਾਲ ਕੌਰ, ਚੇਅਰਮੈਨ ਜਗਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਵਾਰ-ਵਾਰ ਪੁਲਸ ਨੂੰ ਸ਼ਿਕਾਇਤਾਂ ਦੇਣ ਦੇ ਬਾਵਜੂਦ ਗਰਭਵਤੀ ਔਰਤ ਦੇ ਘਰ ਹਥਿਆਰਬੰਦ ਹਮਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਜਲਾਲਪੁਰ ਦੀ ਰਹਿਣ ਵਾਲੀ ਰੇਖਾ ਪਤਨੀ ਸਰਬਜੀਤ ਸਿੰਘ ਨੇ ਦੋਸ਼ ਲਗਾਇਆ ਹੈ ਕਿ ਵਾਰ-ਵਾਰ ਪੁਲਸ ਨੂੰ ਲਿਖਤੀ ਸ਼ਿਕਾਇਤਾਂ ਦੇਣ ਅਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ 1 ਜੁਲਾਈ ਨੂੰ ਸ਼ਾਮ ਕਰੀਬ 5:30 ਵਜੇ ਉਸ ਦੇ ਘਰ 'ਤੇ ਹਥਿਆਰਬੰਦ ਹਮਲਾ ਕੀਤਾ ਗਿਆ।

ਸ਼ਿਕਾਇਤਕਰਤਾ ਅਨੁਸਾਰ, ਨਾਮਜ਼ਦ ਅਤੇ ਹੋਰ ਨਾਮਲੂਮ ਵਿਅਕਤੀ ਤਲਵਾਰਾਂ ਅਤੇ ਹੋਰ ਹਥਿਆਰਾਂ ਨਾਲ ਲੈਸ ਹੋ ਕੇ ਉਸ ਦੇ ਘਰ ਵਿੱਚ ਗੈਰ-ਕਾਨੂੰਨੀ ਤੌਰ 'ਤੇ ਦਾਖਲ ਹੋਏ। ਉਸ ਦਾ ਦੋਸ਼ ਹੈ ਕਿ ਇਹ ਘਟਨਾ ਪੂਰੇ ਪਿੰਡ ਦੇ ਸਾਹਮਣੇ ਵਾਪਰੀ, ਘਰ ਵਿੱਚ ਤੋੜ-ਫੋੜ ਕੀਤੀ ਗਈ, ਸੋਨੇ ਦੇ ਗਹਿਣੇ, ਲਗਭਗ ?2 ਲੱਖ ਤੋਂ ਵੱਧ ਨਕਦੀ ਅਤੇ ਹੋਰ ਕੀਮਤੀ ਸਮਾਨ ਲੈ ਜਾਣ ਦੇ ਨਾਲ ਉਸ ਨੂੰ ਅਤੇ ਉਸ ਦੇ ਪਰਵਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਪੀੜਤਾ ਦਾ ਕਹਿਣਾ ਹੈ ਕਿ ਉਹ ਗਰਭਵਤੀ ਹੈ ਅਤੇ ਦੋਸ਼ੀਆਂ ਨੂੰ ਇਸ ਗੱਲ ਦੀ ਜਾਣਕਾਰੀ ਹੋਣ ਦੇ ਬਾਵਜੂਦ ਉਸ ਨੂੰ, ਉਸ ਦੀ ਮਾਤਾ ਅਤੇ ਗਰਭ ਵਿੱਚ ਪਲ ਰਹੇ ਬੱਚੇ ਨੂੰ ਵੀ ਧਮਕਾਇਆ ਗਿਆ। ਉਸ ਨੇ ਦਾਅਵਾ ਕੀਤਾ ਹੈ ਕਿ ਪੂਰੀ ਘਟਨਾ ਦੀ ਰਿਕਾਰਡਿੰਗ ਮੌਜੂਦ ਹੈ ਅਤੇ 112 ਐਮਰਜੈਂਸੀ ਸੇਵਾ 'ਤੇ ਵੀ ਸੂਚਨਾ ਦਿੱਤੀ ਗਈ ਸੀ। ਰੇਖਾ ਦਾ ਕਹਿਣਾ ਹੈ ਕਿ ਪਹਿਲਾਂ ਤੋਂ ਪੁਲਸ ਅਤੇ ਹੋਰ ਅਧਿਕਾਰੀਆਂ ਕੋਲ ਸ਼ਿਕਾਇਤਾਂ ਲੰਬਿਤ ਸਨ ਅਤੇ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਕਾਰਵਾਈ ਵੀ ਚੱਲ ਰਹੀ ਸੀ। ਉਸ ਅਨੁਸਾਰ, ਇਸ ਦੇ ਬਾਵਜੂਦ ਪੂਰੇ ਪਿੰਡ ਦੇ ਸਾਹਮਣੇ ਹਮਲਾ ਹੋਣਾ ਇਹ ਦਰਸਾਉਂਦਾ ਹੈ ਕਿ ਦੋਸ਼ੀਆਂ ਨੂੰ ਕਾਨੂੰਨ ਅਤੇ ਪੁਲਸ ਕਾਰਵਾਈ ਦਾ ਕੋਈ ਡਰ ਨਹੀਂ ਰਿਹਾ।

ਪੀੜਤਾ ਨੇ ਪੁਲਸ ਪ੍ਰਸ਼ਾਸਨ ਤੋਂ ਤੁਰੰਤ ਐੱਫ.ਆਈ.ਆਰ. ਦਰਜ ਕਰਕੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ, ਲੁੱਟਿਆ ਸਮਾਨ ਬਰਾਮਦ ਕਰਨ, ਸਾਰੇ ਸਬੂਤ ਸੁਰੱਖਿਅਤ ਕਰਨ ਅਤੇ ਆਪਣੇ ਪਰਵਾਰ ਨੂੰ ਸੁਰੱਖਿਆ ਪ੍ਰਦਾਨ ਕਰਨ ਦੀ ਮੰਗ ਕੀਤੀ ਹੈ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨੇ ਰਾਸ਼ਟਰੀ ਡਾਕਟਰ ਦਿਵਸ ਮਨਾਇਆ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ. 295) ਜ਼ਿਲ੍ਹਾ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ ਮਨਜੀਤ ਸਿੰਘ ਦੀ ਯੋਗ ਅਗਵਾਈ ਹੇਠ ਸੈਲਾ ਖੁਰਦ ਵਿਖੇ ਸਫਲਤਾਪੂਰਵਕ ਸੰਪੰਨ ਹੋਈ। ਇਸ ਮੀਟਿੰਗ ਵਿੱਚ ਹੁਸ਼ਿਆਰਪੁਰ ਦੇ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਮੈਡੀਕਲ ਪ੍ਰੈਕਟੀਸ਼ਨਰਾਂ ਨੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ 'ਰਾਸ਼ਟਰੀ ਡਾਕਟਰ ਦਿਵਸ' ਮਨਾਇਆ ਗਿਆ। ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਡਾ ਮਨਜੀਤ ਸਿੰਘ ਨੇ ਡਾਕਟਰ ਦਿਵਸ ਦੀ ਮਹਾਨਤਾ ਤੇ ਇਤਿਹਾਸ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਦਿਨ 'ਤੇ ਸਾਨੂੰ ਸਾਰਿਆਂ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਡਾਕਟਰੀ ਇੱਕ ਅਜਿਹਾ ਪੇਸ਼ਾ ਹੈ ਜਿਸ ਦਾ ਮੁੱਖ ਮਕਸਦ ਲੋਕਾਂ ਦੀ ਨਿਸ਼ਕਾਮ ਸੇਵਾ ਕਰਨਾ ਹੈ। ਸਾਨੂੰ ਬਿਨਾਂ ਕਿਸੇ ਭੇਦਭਾਵ ਦੇ ਹਰ ਲੋੜਵੰਦ ਦਾ ਇਲਾਜ ਕਰਨਾ ਚਾਹੀਦਾ ਹੈ ਅਤੇ ਇਸ ਨੇਕ ਕੰਮ ਵਿੱਚ ਪੈਸੇ ਨੂੰ ਕਦੇ ਵੀ ਪਹਿਲ ਨਹੀਂ ਦੇਣੀ ਚਾਹੀਦੀ।ਇਸ ਮੌਕੇ ਐਸੋਸੀਏਸ਼ਨ ਵੱਲੋਂ ਆਏ ਹੋਏ ਮੈਂਬਰਾਂ ਨੂੰ ਮੈਂਬਰਸ਼ਿਪ ਸਰਟੀਫਿਕੇਟ ਵੀ ਵੰਡੇ ਗਏ। ਇਸ ਦੇ ਨਾਲ ਹੀ ਸਾਰੇ ਡਾਕਟਰਾਂ ਨੂੰ ਸਮਾਜ ਵਿੱਚ ਸਾਫ਼-ਸੁਥਰੀ ਅਤੇ ਇਮਾਨਦਾਰੀ ਨਾਲ ਪੈਕਟਿਸ (ਮੈਡੀਕਲ ਕੰਮ) ਕਰਨ ਦੀ ਅਪੀਲ ਕੀਤੀ ਗਈ, ਤਾਂ ਜੋ ਮਰੀਜ਼ਾਂ ਦਾ ਵਿਸ਼ਵਾਸ ਹਮੇਸ਼ਾ ਬਣਿਆ ਰਹੇ।ਇਸ ਮੌਕੇ ਸੰਗਠਨ ਦੇ ਕਈ ਆਗੂ ਅਤੇ ਮੈਂਬਰ ਮੌਜੂਦ ਸਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸ਼ਾਮਲ ਸਨ ਡਾ ਹਰਬੰਸ ਬੰਗਾ,ਬਲਾਕ ਗੜ੍ਹਸ਼ੰਕਰ ਪ੍ਰਧਾਨ, ਡਾ. ਅਕਾਸ਼ਦੀਪ ਬੇਦੀ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਮੋਹਨ ਸੂਦ ਜਿਲ੍ਹਾ ਮੀਤ ਪ੍ਰਧਾਨ, ਸਤਵਿੰਦਰ ਸਿੰਘ ਜਿਲ੍ਹਾ ਜਨਰਲ ਸਕੱਤਰ ਡਾ. ਗੁਰਜੀਤ ਸਿੰਘ ਜ਼ਿਲ੍ਹਾ ਚੇਅਰਮੈਨ ਗੁਰਦਾਵਰ ਰਾਮ ਸੂਬਾ ਕਮੇਟੀ ਮੈਂਬਰ ਰਾਕੇਸ਼ ਕੁਮਾਰ, ਰਸ਼ਪਾਲ ਸਿੰਘ, ਸੁਖਚੈਨ ਸਿੰਘ, ਨਰੇਸ਼ ਕੁਮਾਰ, ਜੈ ਪ੍ਰੀਤ, ਕਸ਼ਮੀਰ ਸਿੰਘ, ਹਰਪਿੰਦਰ ਕੁਮਾਰ, ਅਸ਼ੋਕ ਕੁਮਾਰ, ਦਵਿੰਦਰ ਕੁਮਾਰ, ਰਾਜਨਦੀਪ ਕੌਰ, ਜੀਵਨ ਕੁਮਾਰ ਅਤੇ ਨਵਪ੍ਰੀਤ ਸਿੰਘ ਹੋਰ ਹਾਜ਼ਰ ਸਨ।



# ਫਾਦਰ ਡੇਅ 'ਤੇ ਮਲਕੀਤ ਸਿੰਘ ਔਜਲਾ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਉਨਟਾਰੀਓ ਫਰੈਂਡਜ਼ ਕਲੱਬ ਅਤੇ ਜਗਤ ਪੰਜਾਬੀ ਸਭਾ ਵੱਲੋਂ ਫਾਦਰ ਡੇਅ ਸਤਿਕਾਰ ਬੈਂਕੁਏਟ ਹਾਲ,ਮਿੱਸੀਸਾਗਾ, ਕਨੇਡਾ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ 200 ਤੋਂ ਵੱਧ ਸੱਜਣਾਂ ਨੇ ਹਾਜ਼ਰੀ ਭਰੀ। ਸਮਾਗਮ ਦਾ ਉਦਘਾਟਨ ਕੁਲਵੰਤ ਸਿੰਘ ਚੱਠਾ ਨੇ ਰਿਬਨ ਕੱਟ ਕੇ ਕੀਤਾ। ਪ੍ਰੋਗਰਾਮ ਦਾ ਮੰਚ ਸੰਚਾਲਨ ਸੰਤੋਖ ਸਿੰਘ ਸੰਧੂ ਤੇ ਡਾ. ਰਮਨੀ ਬਤਰਾ ਨੇ ਕੀਤਾ। ਇਸ ਮੌਕੇ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੇ ਪਿਤਾਵਾਂ ਨੂੰ ਸਨਮਾਨਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਮੋਹਨ ਸਿੰਘ ਅਟਵਾਲ, ਮੋਹਿੰਦਰ ਸਿੰਘ ਥਿਆੜਾ, ਗੁਰਮੇਲ ਸਿੰਘ ਸੂਚ, ਹਰਭਜਨ ਸਿੰਘ ਬਾਠ, ਡਾ. ਰਜੇਸ਼ ਬਤਰਾ, ਗੁਰਦੇਵ ਸਿੰਘ ਜੋਹਲ, ਕੈਪਟਨ ਕਰਮ ਸਿੰਘ ਦਿਓਲ, ਅਮਰੀਕ ਗੋਗਨਾ, ਤਰਲੋਕ ਸਿੰਘ ਕਾਹਲੋਂ, ਗੁਰਨਾਮ ਸਿੰਘ ਟੋਡਰਵਾਲ, ਤਾਹਿਰ ਅਸਲਮ ਗੋਰਾ, ਰਾਮ ਪਾਲ ਪਵਾਰ, ਰਮਨ ਵਾਸੁਦੇਵ, ਅਸ਼ੀਸ਼ ਮਹਿਰਾ, ਜਸਵਿੰਦਰ ਸਿੰਘ ਮਠਾਰੂ, ਮੋਹਨ ਪੰਜਾਲਾ ਅਤੇ ਹੈਪੀ ਮਾਂਗਟ ਸ਼ਾਮਲ ਸਨ। ਸਮਾਗਮ ਦੀ ਵਿਸ਼ੇਸ਼ ਖਿੱਚ ਬੱਚਿਆਂ ਵੱਲੋਂ ਆਪਣੇ ਪਿਤਾਵਾਂ ਦੇ ਸਨਮਾਨ ਵਿੱਚ ਦਿੱਤੇ ਗਏ ਭਾਸ਼ਣ ਰਹੇ। ਸਹਿਜ ਮਾਂਗਟ, ਰਿੱਕੀ ਗੋਗਨਾ, ਮੀਨੂ ਕਾਹਲੋਂ, ਇੰਦਰ ਪਾਲ, ਰੀਤਾ ਜੋਸਨ, ਧਰੁਵ ਪਵਾਰ, ਨਾਵ ਕਰਨ ਸਮੇਤ ਹੋਰ ਬੱਚਿਆਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਜੀਵਨ ਵਿੱਚ ਪਿਤਾ ਦੇ ਯੋਗਦਾਨ ਨੂੰ ਬਿਆਨ ਕੀਤਾ। ਇਸ ਮੌਕੇ ਸਤਨਾਮ ਕੌਰ, ਬਲਕਾਰ ਸਿੰਘ ਚੱਠਾ (ਫਰਾਂਸ) ਲਖਬੀਰ ਸਿੰਘ ਚੱਠਾ, ਮਲਕੀਤ ਸਿੰਘ ਔਜਲਾ, ਸਤਿੰਦਰ ਕਾਹਲੋਂ, ਡਾ. ਸੋਲਮਨ ਨਾਜ਼, ਬੰਤ ਨਿੱਜਰ, ਬਿੰਦ ਸਾਹਿਬ ਅਤੇ ਹੋਰ ਬਹੁਤ ਸਾਰੇ ਸੱਜਣ ਵੀ ਹਾਜ਼ਰ ਸਨ। ਚੇਅਰਮੈਨ ਜਨਾਬ ਅਜੈਬ ਸਿੰਘ ਚੱਠਾ ਨੇ ਹਾਜ਼ਰੀਨਾਂ ਨੂੰ ਫਾਦਰ ਡੇਅ ਦੀਆਂ ਵਧਾਈਆਂ ਦਿੰਦਿਆਂ 17, 18 ਤੇ19 ਜੁਲਾਈ ਨੂੰ ਹੋਣ ਵਾਲੀ 12ਵੀਂ ਵਰਲਡ ਪੰਜਾਬੀ ਕਾਨਫਰੰਸ ਲਈ ਭਰਵੀਂ ਹਾਜਰੀ ਅਤੇ ਸਹਿਯੋਗ ਦੀ ਅਪੀਲ ਕੀਤੀ।

ਸਮਾਗਮ ਦੌਰਾਨ ਪੰਜਾਬ ਤੋਂ ਕੈਨੇਡਾ ਪਹੁੰਚੇ ਉੱਘੇ ਲੇਖਕ ਮਲਕੀਤ ਸਿੰਘ ਔਜਲਾ, ਜੋ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਬਤੌਰ ਨਿੱਜੀ ਸਕੱਤਰ ਸੇਵਾਵਾਂ ਨਿਭਾ ਰਹੇ ਹਨ, ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।



# ਗ੍ਰੀਕੋ ਰੋਮਨ ਰੈਸਲਿੰਗ ਚੈਂਪੀਅਨਸ਼ਿਪ 'ਚ ਪਹਿਲਵਾਨਾਂ ਨੇ ਵਿਖਾਏ ਜੌਹਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਾਬਾ ਫਲਾਈਆ ਜੀ ਸ਼ੇਰਗੜ੍ਹ, ਵਿਖੇ ਅੰਡਰ 23 ਗ੍ਰੀਕੋ ਰੋਮਨ ਰੈਸਲਿੰਗ ਚੈਂਪੀਅਨਸ਼ਿਪ ਕਰਵਾਈ ਗਈ। ਬਾਬਾ ਦੀਪਾ ਅਤੇ ਮਨਸਾ ਸਿੰਘ ਲੁਧਿਆਣਾ ਦੀ ਅਗਵਾਈ ਹੇਠ ਕਰਵਾਈ ਗਈ ਇਹ ਚੈਂਪੀਅਨਸ਼ਿਪ ਵਿੱਚ ਪੰਜਾਬ ਭਰ ਤੋਂ ਵਡੀ ਪੱਧਰ ਤੇ ਪਹਿਲਵਾਨਾਂ ਨੇ ਹਿੱਸਾ ਲਿਆ। ਇਹ ਟੂਰਨਾਮੈਂਟ ਡਿਸਟਰਿਕਟ ਲੁਧਿਆਣਾ ਰੈਸਲਿੰਗ ਐਸੋਸੀਏਸ਼ਨ ਵੱਲੋਂ ਕਰਵਾਇਆ ਗਿਆ ਸੀ।

ਚੈਂਪੀਅਨਸ਼ਿਪ ਦੌਰਾਨ ਪਹਿਲਾ ਸਥਾਨ ਹਾਸਲ ਕਰਨ ਵਾਲੇ ਪਹਿਲਵਾਨਾਂ ਨੂੰ ਗੋਲਡ ਮੈਡਲ ਅਤੇ ਟਰਾਫੀਆਂ ਦੇ ਕੇ ਸਨਮਾਨ ਕੀਤਾ ਗਿਆ। ਇੰਡੀਆ ਦੇ ਸਾਬਕਾ ਚੀਫ ਕੁਸ਼ਤੀ ਕੋਚ ਪੀ ਆਰ ਸੋਂਧੀ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਅਤੇ ਪਹਿਲਵਾਨਾਂ ਨੂੰ ਆਪਣਾ ਆਸ਼ੀਰਵਾਦ ਦਿੱਤਾ।ਇਸ ਚੈਂਪਿਅਨਸ਼ਿਪ ਵਿੱਚ ਵੱਖ-ਵੱਖ ਵਰਗ ਦੇ ਪਹਿਲਵਾਨ ਜੇਤੂ ਰਹੇ ਜਿਨ੍ਹਾਂ ਵਿੱਚ 55 ਕਿਲੋਗ੍ਰਾਮ ਭਾਰ ਵਰਗ ਵਿੱਚ ਅੰਮ੍ਰਿਤਸਰ ਦੇ ਸਮਾਇਲ ਨੇ ਜਲੰਧਰ ਦੇ ਦਾਨਿਸ਼ ਨੂੰ ਹਰਾ ਕੇ ਸੋਨੇ ਦਾ ਤਮਗਾ ਜਿਤਿਆ ਜਦਕਿ 60 ਕਿਲੋਗ੍ਰਾਮ ਭਾਰ ਵਰਗ ਵਿੱਚ ਅੰਮ੍ਰਿਤਸਰ ਦੇ ਵਿਸ਼ਾਲ ਨੇ ਜਲੰਧਰ ਦੇ ਲਵਿਸ਼ ਨੂੰ ਹਰਾ ਕੇ ਸੋਨੇ ਦਾ ਤਮਗਾ ਜਿਤਿਆ ਅਤੇ 63 ਕਿਲੋਗ੍ਰਾਮ ਭਾਰ ਵਰਗ ਵਿੱਚ ਫਰੀਦਕੋਟ ਦੇ ਨਜਬੀਰ ਨੇ ਫਿਰੋਜ਼ਪੁਰ ਦੇ ਆਰਿਅਨ ਵਿਰਕ ਨੂੰ ਹਰਾ ਕੇ ਸੋਨੇ ਦਾ ਤਮਗਾ ਜਿਤਿਆ। ਇਸ ਤੋਂ ਇਲਾਵਾ 67 ਕਿਲੋਗ੍ਰਾਮ ਭਾਰ ਵਰਗ ਵਿੱਚ ਜਲੰਧਰ ਦੇ ਸਾਗਰ ਨੇ ਅੰਮ੍ਰਿਤਸਰ ਦੇ ਹਿਮਾਂਸ਼ੂ ਨੂੰ ਹਰਾਇਆ ਅਤੇ 72 ਕਿਲੋਗ੍ਰਾਮ ਭਾਰ ਵਰਗ ਵਿੱਚ ਫਿਰੋਜ਼ਪੁਰ ਦੇ ਹਰਮਨ ਕੰਬੋਜ ਨੇ ਅੰਮ੍ਰਿਤਸਰ ਦੇ ਉਦੇ ਸ਼ਰਮਾ ਨੂੰ ਹਰਾ ਕੇ ਸੋਨੇ ਦਾ ਤਮਗਾ ਜਿਤਿਆ।

77 ਕਿਲੋਗ੍ਰਾਮ ਭਾਰ ਵਰਗ ਵਿੱਚ ਜਲੰਧਰ ਦੇ ਅਤੁਲ ਲੋਹਨ ਨੇ ਅੰਮ੍ਰਿਤਸਰ ਦੇ ਮਨਥਨ ਮੱਟੂ ਨੂੰ ਹਰਾਇਆ ਜਦਕਿ 82 ਕਿਲੋਗ੍ਰਾਮ ਭਾਰ ਵਰਗ ਵਿੱਚ ਅੰਮ੍ਰਿਤਸਰ ਦੇ ਰਘੂਜੀਤ ਨੇ ਫਰੀਦਕੋਟ ਦੇ ਲਵਿਸ਼ ਨੂੰ ਅਤੇ 87 ਕਿਲੋਗ੍ਰਾਮ ਭਾਰ ਵਰਗ ਵਿੱਚ ਫਰੀਦਕੋਟ ਦੇ ਨਵਰਾਜ ਨੇ ਲੁਧਿਆਣਾ ਦੇ ਯੁਵਰਾਜ ਨੂੰ ਹਰਾ ਕੇ ਸੋਨੇ ਦਾ ਤਮਗਾ ਜਿਤਿਆ। ਇਹਨਾਂ ਦੇ ਨਾਲ ਹੀ 97 ਕਿਲੋਗ੍ਰਾਮ ਭਾਰ ਵਰਗ ਵਿੱਚ ਕਪੂਰਥਲਾ ਦੇ ਵੰਸ਼ ਦੀਪ ਨੇ ਫਰੀਦਕੋਟ ਧਰੁਵ ਦੀਪ ਨੂੰ ਅਤੇ 130 ਕਿਲੋਗ੍ਰਾਮ ਭਾਰ ਵਰਗ ਵਿੱਚ ਲੁਧਿਆਣਾ ਦੇ ਯੁਵਰਾਜ ਨੇ ਪਟਿਆਲਾ ਦੇ ਮੰਜੀਤ ਨੂੰ ਹਰਾ ਕੇ ਸੋਨੇ ਦਾ ਤਮਗਾ ਜਿਤਿਆ। ਪਹਿਲਾ ਸਥਾਨ ਹਾਸਲ ਕਰਨ ਵਾਲੇ ਪਹਿਲਵਾਨਾਂ ਨੂੰ ਗੋਲਡ ਮੈਡਲ ਦੇ ਨਾਲ ਨਾਲ ਟਰਾਫੀਆਂ ਵੀ ਦੇ ਕੇ ਸਨਮਾਨ ਕੀਤਾ ਗਿਆ।

ਟੂਰਨਾਮੈਂਟ ਵਿੱਚ ਐਸੋਸੀਏਸ਼ਨਾਂ ਦੇ ਵੱਖ-ਵੱਖ ਪਤਵੰਤੇ ਸੱਜਣ ਪਹੁੰਚੇ ਜਿਹਨਾਂ ਵਿੱਚ ਕੋਚ ਗੁਰਪ੍ਰੀਤ ਸਿੰਘ, ਕੋਚ ਸਾਜਨ ਰਾਜਪੂਤ, ਕੋਚ ਜਤਿਨ, ਪੰਜਾਬ ਰੈਸਲਿੰਗ ਐਸੋਸੀਏਸ਼ਨ ਦੇ ਜਨਰਲ ਸੈਕਟਰੀ ਸ਼ਾਹਬਾਜ਼ ਸਿੰਘ, ਪੰਜਾਬ ਰੈਸਲਿੰਗ ਐਸੋਸੀਏਸ਼ਨ ਦੇ ਖਜਾਨਚੀ ਬਿਕਰਮ ਸ਼ਰਮਾ ਅੰਮ੍ਰਿਤਸਰ ਅਤੇ ਜ਼ਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦੇ ਜਨਰਲ ਸੈਕਟਰੀ ਗੀਤ ਪ੍ਰੀਤਪਾਲ ਸਿੰਘ ਵੀ ਸ਼ਾਮਲ ਹੋਏ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।



# ਐੱਲ ਆਈ ਸੀ ਦੇ ਵਰਕਰਾਂ ਨੇ ਪਲੈਟੀਨਮ ਜੁਬਲੀ ਮਨਾਈ

**ਨਕੋਦਰ (ਮਨਜੀਤ ਮਾਨ)**- ਆਲ ਇੰਡੀਆ ਇਨਸ਼ੋਰੈਂਸ ਇਮਪਲੋਈਜ਼ ਐਸੋਸੀਏਸ਼ਨ ਆਰਗਨਾਈਜੇਸ਼ਨ ਦੇ 75 ਸਾਲ ਪੂਰੇ ਹੋਣ ਤੇ ਪੂਰੇ ਭਾਰਤ ਦੇ ਵਿੱਚ ਭਾਰਤ ਦੀਆਂ ਐੱਲ ਆਈ ਸੀ ਦੀਆਂ ਬ੍ਰਾਂਚਾਂ ਵਿੱਚ ਕੰਮ ਕਰਦੇ ਵਰਕਰਾਂ ਨੇ ਗੇਟ ਮੀਟਿੰਗ ਕਰਕੇ ਇੱਕ ਦੂਜੇ ਨੂੰ ਵਧਾਈਆਂ ਦਿੱਤੀਆਂ। ਇਹ ਭਾਰਤ ਦੀ ਇੱਕ ਅਨੋਖੀ ਟ੍ਰੇਡ ਯੂਨੀਅਨ ਹੈ ਜੋ ਕਿ ਐੱਲ ਆਈ ਸੀ ਬਣਨ ਤੋਂ ਪਹਿਲਾਂ ਪੰਜ ਸਾਲ ਹੋਂਦ ਵਿੱਚ ਆ ਗਈ ਸੀ। ਐਲ ਆਈ ਸੀ ਇੱਕ ਸਤੰਬਰ 1956 ਨੂੰ ਬਣੀ ਪਰ ਆਲ ਇੰਡੀਆ ਇਨਸ਼ੋਰੇਸ ਇਮਪਲੋਈਜ ਐਸੋਸੀਏਸ਼ਨ ਯੂਨੀਅਨ ਦਾ ਗਠਨ ਇੱਕ ਜੁਲਾਈ 1951 ਨੂੰ ਹੀ ਹੋ ਗਿਆ ਸੀ । ਆਲ ਇੰਡੀਆ ਇਨਸ਼ੋਰੈਂਸ ਇਮਪਲੋਈਜ ਐਸੋਸੀਏਸ਼ਨ ਯੂਨੀਅਨ ਨੂੰ ਸਭ ਤੋਂ ਵੱਡੀ ਜਿੱਤ ਉਸ ਵੇਲੇ ਮਿਲੀ ਜਦੋਂ ਭਾਰਤ ਵਿਚਲੇ ਭਾਰਤੀ ਜੀਵਨ ਬੀਮਾ ਨਿਗਮ ਦਾ ਰਾਸ਼ਟਰੀਕਰਨ ਕੀਤਾ ਗਿਆ। ਇਹ ਰਾਸ਼ਟਰੀਕਰਨ ਉਸ ਵੇਲੇ ਦੀਆਂ ਸਰਕਾਰਾਂ ਅਤੇ ਏ ਆਈ ਆਈ ਈ ਏ ਦੇ ਸੰਘਰਸ਼ ਸਦਕਾ ਇਹ ਮਹਿਕਮਾ ਸਰਕਾਰੀ ਮਹਿਕਮਾ ਬਣ ਗਿਆ। ਇਸ ਮੌਕੇ ਨਕੋਦਰ ਬ੍ਰਾਂਚ ਦੇ ਪ੍ਰਧਾਨ ਭਜਨ ਸਿੰਘ ਨੇ ਸਾਥੀਆਂ ਨੂੰ 75 ਪਲੈਟੀਨਮ ਜੁਬਲੀ ਦੀਆਂ ਮੁਬਾਰਕਾਂ ਦਿੱਤੀਆਂ। ਬਰਾਂਚ ਦੇ ਸੈਕਟਰੀ ਆਕਾਸ਼ਦੀਪ ਸਿੰਘ ਵਰਕਰਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਉਂਕਾਰ ਸਿੰਘ, ਜਤਿੰਦਰ ਗਿੱਲ, ਰਜੀਵ ਧਾਮੀ, ਬਲਦੇਵ ਸਿੰਘ, ਵਰਿੰਦਰ ਕੁਮਾਰ, ਕਮਲ, ਸੁਨੀਤਾ ਆਦਿ ਸ਼ਾਮਿਲ ਸਨ ।



## ਵੜਿੰਗ ਨੂੰ ਦੁਬਾਰਾ ਪੰਜਾਬ ਪ੍ਰਧਾਨ ਬਣਾਏ ਜਾਣ ਲਈ ਹਾਈਕਮਾਂਡ ਦਾ ਧੰਨਵਾਦ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**-ਪੰ ਜਾਬ ਕਾਂਗਰਸ ਦੇ ਡੈਲੀਗੇਟ ਮੈਂਬਰ ਅਤੇ ਸੀਨੀਅਰ ਪਾਰਟੀ ਆਗੂ ਗੁਰਜੀਤ ਪਾਲ ਵਾਲੀਆ ਨੇ ਕਾਂਗਰਸ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਵਲੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਦੁਬਾਰਾ ਪੰਜਾਬ ਪ੍ਰਧਾਨ ਐਲਾਨੇ ਜਾਣ ਦਾ ਸਵਾਗਤ ਕੀਤਾ ਹੈ। ਉਹਨਾਂ ਕਿਹਾ ਕਿ ਰਾਜਾ ਵੜਿੰਗ ਨੇ ਉਸ ਸਮੇਂ ਪੰਜਾਬ ਕਾਂਗਰਸ ਦੇ ਪ੍ਰਧਾਨ ਵਜੋਂ ਪਾਰਟੀ ਨੂੰ ਸੰਭਾਲਿਆ ਜਦੋਂ ਕੈਪਟਨ ਅਮਰਿੰਦਰ ਸਿੰਘ ਅਤੇ ਸੁਨੀਲ ਜਾਖੜ ਵਰਗੇ ਵੱਡੇ ਚਿਹਰੇ ਪਾਰਟੀ ਛੱਡ ਕੇ ਚਲੇ ਗਏ ਸਨ। ਲੇਕਿਨ ਰਾਜਾ ਵੜਿੰਗ ਨੇ ਵਰਕਰਾਂ ਦਾ ਜੋਸ਼ ਘੱਟ ਨਹੀਂ ਹੋਣ ਦਿੱਤਾ ਅਤੇ ਪਾਰਟੀ ਨੂੰ ਨਾ ਸਿਰਫ ਇੱਕਜੁਟ ਕੀਤਾ ਸਗੋਂ ਨਵੀਆਂ ਉਚਾਈਆਂ ਤੇ ਵੀ ਪਹੁੰਚਾਇਆ। ਵਾਲੀਆ ਨੇ ਕਿਹਾ ਕਿ ਰਾਜਾ ਵੜਿੰਗ ਪਾਰਟੀ ਦੇ ਬਹੁਤ ਹੀ ਮਿਹਨਤੀ ਆਗੂ ਅਤੇ ਜਿੰਮੇਵਾਰ ਪ੍ਰਧਾਨ ਹਨ, ਜਿਹਨਾਂ ਨੇ ਕੇਂਦਰ ਅਤੇ ਸੂਬੇ ਦੀ ਵਿਰੋਧੀ ਧਿਰ ਹੋਣ ਦੇ ਬਾਵਜੂਦ ਪਿਛਲੀਆਂ ਲੋਕ ਸਭਾ ਚੋਣਾਂ ਸਮੇਂ ਪੰਜਾਬ ਦੀਆਂ ਸੱਤ ਲੋਕ ਸਭਾ ਸੀਟਾਂ 'ਤੇ ਪਾਰਟੀ ਨੂੰ ਸ਼ਾਨਦਾਰ ਜਿੱਤ ਦਰਜ ਕਰਨ ਦਾ ਰਾਹ ਹੀ ਤਿਆਰ ਨਹੀਂ ਕੀਤਾ, ਬਲਕਿ ਖੁਦ ਆਪਣਾ ਵਿਧਾਨ ਸਭਾ ਖੇਤਰ ਛੱਡ ਕੇ ਲੁਧਿਆਣਾ ਵਰਗੀ ਬਹੁਤ ਹੀ ਮੁਸ਼ਕਿਲ ਜਾਪਦੀ ਸੀਟ ਤੋਂ ਮੈਂਬਰ ਪਾਰਲੀਮੈਂਟ ਬਣ ਕੇ ਪਾਰਟੀ ਦਾ ਮਾਣ ਵਧਾਇਆ।



## ਹਰਿਆਣਾ ਨੂੰ ਟੀ ਬੀ ਮੁਕਤ ਬਣਾਉਣ 'ਚ ਸਹਿਯੋਗ ਕਰੋ : ਆਰਤੀ ਸਿੰਘ ਰਾਓ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਰਾਜ ਦੇ ਲੋਕਾਂ ਨੂੰ ਨਿਕਸ਼ੈ ਮਿੱਤਰ ਬਣ ਕੇ ਹਰਿਆਣਾ ਨੂੰ ਟੀਬੀ ਮੁਕਤ ਬਣਾਉਣ ਵਿੱਚ ਸਹਿਯੋਗ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ 'ਟੀ ਬੀ ਮੁਕਤ ਭਾਰਤ ਐਪ' ਦੀ ਵਰਤੋਂ ਵੀ ਵੱਡੇ ਪੱਧਰ 'ਤੇ ਕਰਨ ਦੀ ਅਪੀਲ ਕੀਤੀ ਹੈ। ਸਿਹਤ ਮੰਤਰੀ ਨੇ ਇੱਥੇ ਕਿਹਾ ਕਿ ਪ੍ਰਧਾਨ ਮੰਤਰੀ ਦੇ 'ਟੀ ਬੀ ਮੁਕਤ ਭਾਰਤ' ਦੇ ਸੁਪਨੇ ਨੂੰ ਸਾਕਾਰ ਕਰਨ ਦੀ ਦਿਸ਼ਾ ਵਿੱਚ ਹਰਿਆਣਾ ਨੇ ਇੱਕ ਹੋਰ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ। ਉਨ੍ਹਾਂ ਨੇ ਦੱਸਿਆ ਕਿ ਸਿਹਤ ਵਿਭਾਗ ਨੇ ਰਾਜ ਦੇ ਸਾਰੇ 22 ਜ਼ਿਲ੍ਹਿਆਂ ਵਿੱਚ ਨਵੇਂ ਲਾਂਚ ਕੀਤੇ ਗਏ 'ਟੀ ਬੀ ਮੁਕਤ ਭਾਰਤ ਐਪ' ਦੀ ਵਰਤੋਂ ਵੱਡੇ ਪੱਧਰ 'ਤੇ ਵਧਾਉਣ ਲਈ ਵਿਆਪਕ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ।

# ਨਾਮੀਬੀਆ ਦੇ ਹਾਈ ਕਮਿਸ਼ਨਰ ਵੱਲੋਂ ਪੰਜਾਬ ਹੋਮ ਗਾਰਡਜ਼ ਕੈਨਾਈਨ ਟ੍ਰੇਨਿੰਗ ਐਂਡ ਬ੍ਰੀਡਿੰਗ ਇੰਸਟੀਚਿਊਟ ਦਾ ਦੌਰਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਾਮੀਬੀਆ ਦੇ ਹਾਈ ਕਮਿਸ਼ਨਰ ਵਿੰਗ ਕਮਾਂਡਰ (ਸੇਵਾਮੁਕਤ) ਐਲੇਕਸ ਐਲ. ਟੁਕੁਪਵੇਲੇ ਨੇ ਪ੍ਰਥਮ ਸਕੱਤਰ ਟੈਂਜੇਨੀ ਐਚ. ਮੁਲੁੰਗਾ ਨਾਲ ਪੰਜਾਬ ਹੋਮ ਗਾਰਡਜ਼ ਕੈਨਾਈਨ ਟ੍ਰੇਨਿੰਗ ਐਂਡ ਬ੍ਰੀਡਿੰਗ ਇੰਸਟੀਚਿਊਟ, (ਸੁੰਡਰਾਂ), ਡੇਰਾਬੱਸੀ ਦਾ ਦੌਰਾ ਕੀਤਾ। ਇਸ ਦੌਰੇ ਦਾ ਉਦੇਸ਼ ਨਾਮੀਬੀਆ ਸਰਕਾਰ ਲਈ ਨਾਰਕੋਟਿਕਸ, ਵਿਸਫੋਟਕ ਅਤੇ ਟਰੈਕਿੰਗ/ਸ਼ਿਕਾਰ ਵਿਰੋਧੀ ਕਾਰਜਾਂ ਲਈ ਸਿਖਲਾਈ ਪ੍ਰਾਪਤ ਕੈਨਾਈਨ ਯੂਨਿਟਾਂ ਦੀ ਖਰੀਦ ਅਤੇ ਸਿਖਲਾਈ ਸੰਬੰਧੀ ਸੰਭਾਵਨਾਵਾਂ ਦਾ ਜਾਇਜ਼ਾ ਲੈਣਾ ਸੀ। ਇਸ ਮੌਕੇ ਜਾਣਕਾਰੀ ਦਿੰਦਿਆਂ ਸੂਬਾਈ ਸਰਕਾਰ ਅਤੇ ਨਿੱਜੀ ਭਾਈਵਾਲੀ ਅਧੀਨ ਚੱਲ ਰਹੇ ਇਸ ਇੰਸਟੀਚਿਊਟ ਦੇ ਪ੍ਰਬੰਧਕ ਸ੍ਰੀ ਨਿਊਟਨ ਸਿੱਧੂ ਨੇ ਦੱਸਿਆ ਕਿ ਇੰਸਟੀਚਿਊਟ ਹੁਣ ਤੱਕ 418 ਤੋਂ ਵੱਧ ਕੁੱਤਿਆਂ ਅਤੇ ਹੈਂਡਲਰਾਂ ਨੂੰ ਸਿਖਲਾਈ ਦੇ ਚੁੱਕਾ ਹੈ, ਜੋ ਦੇਸ਼ ਭਰ ਦੇ ਵੱਖ-ਵੱਖ ਅਰਧ ਸੈਨਿਕ ਬਲਾਂ ਅਤੇ ਰਾਜ ਪੁਲਿਸ ਬਲਾਂ ਵਿੱਚ ਸੇਵਾਵਾਂ ਨਿਭਾ ਰਹੇ ਹਨ।ਉਨ੍ਹਾਂ ਦੱਸਿਆ ਕਿ ਨਾਮੀਬੀਆ ਸਰਕਾਰ ਸ਼ੁਰੂਆਤੀ ਪੜਾਅ ਵਿੱਚ 4 ਸਿਖਲਾਈ ਪ੍ਰਾਪਤ ਕੁੱਤੇ ਅਤੇ 8 ਹੈਂਡਲਰ ਲੈਣ ਦੀ ਯੋਜਨਾ ਬਣਾ ਰਹੀ ਹੈ। ਇਸ ਤੋਂ ਇਲਾਵਾ, ਭਵਿੱਖ ਵਿੱਚ ਹੋਰ ਕੈਨਾਈਨ ਯੂਨਿਟਾਂ ਅਤੇ ਹੈਂਡਲਰਾਂ ਨੂੰ ਵੀ ਇਸੇ ਇੰਸਟੀਚਿਊਟ ਵਿੱਚ ਸਿਖਲਾਈ ਦਿੱਤੀ ਜਾਵੇਗੀ।ਸ੍ਰੀ ਸਿੱਧੂ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਪੰਜਾਬ ਸਰਕਾਰ ਨੂੰ ਲਗਭਗ 2 ਮਿਲੀਅਨ ਅਮਰੀਕੀ ਡਾਲਰ ਦਾ ਮਾਲੀਆ ਪ੍ਰਾਪਤ ਹੋਣ ਦੀ ਸੰਭਾਵਨਾ ਹੈ ਅਤੇ ਸਥਾਨਕ ਪੰਜਾਬੀ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਦੱਖਣੀ ਅਮਰੀਕਾ ਅਤੇ ਅਫਰੀਕਾ ਦੇ ਸੱਤ ਹੋਰ ਦੇਸ਼ ਵੀ ਆਪਣੇ ਕੈਨਾਈਨ ਯੂਨਿਟਾਂ ਅਤੇ ਹੈਂਡਲਰਾਂ ਦੀ ਸਿਖਲਾਈ ਲਈ ਇੰਸਟੀਚਿਊਟ ਨਾਲ ਸੰਪਰਕ ਵਿੱਚ ਹਨ।



# ਸ਼ੂਗਰ ਚੈੱਕਅੱਪ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)**- ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਡਿਸਟ੍ਰਿਕ ਗਵਰਨਰ ਲਾਇਨ ਜੀ ਐਸ ਭਾਟੀਆ ਅਤੇ ਕਲੱਬ ਐਡਮਨਿਸਟ੍ਰੇਟਰ ਲਾਇਨ ਧੀਰਜ ਮੱਕੜ ਦੀ ਦਿਸ਼ਾ-ਨਿਰਦੇਸ਼ ਅਨੁਸਾਰ ਕਲੱਬ ਪ੍ਰਧਾਨ ਲਾਇਨ ਵਨੀਤਾ ਕੁਮਾਰੀ ਦੀ ਪ੍ਰਧਾਨਗੀ ਹੇਠ ਅਤੇ ਕਲੱਬ ਡਾਇਬਟੀਜ਼ ਚੇਅਰਮੈਨ ਲਾਇਨ ਅਮਰਜੀਤ ਸਿੰਘ ਨਾਗਰਾ ਦੇ ਵਿਸ਼ੇਸ਼ ਸਹਿਯੋਗ ਨਾਲ ਲਾਇਨਜ਼ ਕਲੱਬ ਇੰਟਰਨੈਸ਼ਨਲ ਦੇ 109 ਸਾਲਾ ਦਿਵਸ ਨੂੰ ਮੁੱਖ ਰਖਦੇ ਹੋਏ ਪਾਲ ਲੈਬੋਰਟਰੀ ਬੰਗਾ ਵਿਖੇ ਸ਼ੂਗਰ ਚੈਕਅੱਪ ਕੈਂਪ ਲਗਾਇਆ ਗਿਆ। ਮੁੱਖ ਮਹਿਮਾਨ ਵਜੋਂ ਜੋਨ ਚੇਅਰਪਰਸਨ ਲਾਇਨ ਮੀਨੂੰ ਭੁੱਟਾ ਸ਼ਾਮਲ ਹੋਏ ਹੋਏ ਅਤੇ ਰੀਬਨ ਕੱਟਕੇ ਸ਼ੂਗਰ ਕੈਂਪ ਦਾ ਉਦਘਾਟਨ ਕੀਤਾ। ਜੋਨ ਚੇਅਰਪਰਸਨ ਮੀਨੂੰ ਭੁੱਟਾ ਨੇ ਕੈਂਪ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਮੇਰੀ ਇਸ ਸਾਲ ਦੀ ਸ਼ੁਰੂਆਤ ਮੇਰੀ ਅਪਣੀ ਕਲੱਬ ਲਾਇਨਜ਼ ਕਲੱਬ ਬੰਗਾ ਸਿਮਰਨ ਉਤੇ ਬਹੁਤ ਮਾਣ ਹੈ ਜਿਸ ਨੇ ਸਾਲ 2025-26 ਵਿੱਚ ਮੇਰੀ ਪ੍ਰਧਾਨਗੀ ਵੇਲੇ ਮੇਰਾ ਪੂਰਾ ਸਾਥ ਦਿੱਤਾ ਅਤੇ ਡਿਸਟ੍ਰਿਕ ਗਵਰਨਰ ਜੀ ਐਸ ਭਾਟੀਆ ਵਲੋ ਮੈਨੂੰ ਜੋਨ ਬੰਗਾ ਦੀ ਜੋਨ ਚੇਅਰਪਰਸਨ ਬਣਵਾਇਆ ਅਤੇ ਉਸੇ ਤਰਾਂ ਹੀ ਸੇਵਾ ਦੇ ਕਾਰਜ ਮੈਂ ਕਲੱਬ ਪ੍ਰਧਾਨ ਵਨੀਤਾ ਕੁਮਾਰੀ ਨਾਲ ਮਿਲਕੇ ਕਰਾਂਗੀ। ਕਲੱਬ ਡਾਇਬਟੀਜ਼ ਚੇਅਰਮੈਨ ਲਾਇਨ ਅਮਰਜੀਤ ਸਿੰਘ ਵਲੋਂ ਦਸਿਆ ਗਿਆ ਕਿ ਅੱਜ ਦੇ ਸ਼ੂਗਰ ਚੈਕਅੱਪ ਕੈਂਪ ਦੌਰਾਨ ਕੁਲ 42 ਮਰੀਜਾਂ ਦੀ ਸ਼ੂਗਰ ਜਾਂਚ ਕੀਤੀ ਗਈ ਅਤੇ 6 ਮਰੀਜਾਂ ਦੀ ਸ਼ੂਗਰ ਵਧ ਪਾਈ ਗਈ, ਜਿਨ੍ਹਾਂ ਨੂੰ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਇਲਾਜ ਕਰਵਾਉਣ ਲਈ ਭੇਜਿਆ ਗਿਆ। ਪ੍ਰਧਾਨ ਵਨੀਤਾ ਕੁਮਾਰੀ ਵਲੋਂ ਆਏ ਹੋਏ ਮੁੱਖ ਮਹਿਮਾਨ ਜੋਨ ਚੇਅਰਪਰਸਨ ਮੀਨੂੰ ਭੁੱਟਾ ਅਤੇ ਸਮੂਹ ਲਾਇਨ ਮੈਂਬਰਾਂ ਦਾ ਕੈਂਪ ਵਿਚ ਪਹੁੰਚਣ ਉਤੇ ਧੰਨਵਾਦ ਕੀਤਾ ਅਤੇ ਜੋਨ ਚੇਅਰਪਰਸਨ ਦਾ ਵਿਸ਼ੇਸ਼ ਸਨਮਾਨ ਚਿੰਨ ਨਾਲ ਸਨਮਾਨਿਤ ਕੀਤਾ ਅਤੇ ਖੁਦ ਵੀ ਜੋਨ ਚੇਅਰਪਰਸਨ ਵਲੋਂ ਇੰਟਰਨੈਸ਼ਨਲ ਪਿੰਨ ਲਗਵਾਈ। ਇਸ ਮੌਕੇ ਵਨੀਤਾ ਕੁਮਾਰੀ, ਜਸਪ੍ਰੀਤ ਸਿੰਘ ਜੱਸੀ, ਹਰਨੇਕ ਸਿੰਘ, ਰੋਹਿਤ ਚੋਪੜਾ, ਪਰਮਜੀਤ ਕੌਰ, ਵਿਕਾਸ ਚੋਪੜਾ, ਅਮਰਜੀਤ ਸਿੰਘ ਨਾਗਰਾ ਅਤੇ ਪਾਲ ਲੈਬੋਰਟਰੀ ਬੰਗਾ ਦੇ ਲੈਬ ਟੈਕਨੀਸ਼ੀਅਨ ਸ਼ਾਮਲ ਹੋਏ।



# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਕੈਂਪ 7 ਤੇ 8 ਨੂੰ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੀ ਯੋਗ ਅਗਵਾਈ ਅਤੇ ਮਾਰਗਦਰਸ਼ਨ ਹੇਠ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਦਿਵਿਆਂਗਜਨਾਂ ਦੀ ਜ਼ਿੰਦਗੀ ਵਿੱਚ ਨਵੀਂ ਉਮੀਦ ਅਤੇ ਆਤਮਨਿਰਭਰਤਾ ਦਾ ਸੰਚਾਰ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਆਰਟੀਫ਼ਿਸ਼ੀਅਲ ਲਿੰਬਜ਼ ਮੈਨੂਫੈਕਚਰਿੰਗ ਕਾਰਪੋਰੇਸ਼ਨ ਆਫ਼ ਇੰਡੀਆ (ਏ.ਐਲ.ਆਈ.ਐਮ.ਸੀ.ਓ.) ਦੇ ਵਿਸ਼ੇਸ਼ ਸਹਿਯੋਗ ਨਾਲ 7 ਜੁਲਾਈ ਨੂੰ ਕਮਿਊਨਿਟੀ ਹਾਲ, ਕਮਾਹੀ ਦੇਵੀ ਅਤੇ 8 ਜੁਲਾਈ ਨੂੰ ਬੀ ਡੀ ਪੀ ਓ ਦਫ਼ਤਰ, ਦਸੂਹਾ ਵਿਖੇ ਮੁਫ਼ਤ ਨਕਲੀ ਅੰਗ ਅਤੇ ਹੋਰ ਸਹਾਇਕ ਉਪਕਰਨ ਵੰਡ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦਾ ਲਾਭ ਲੈਣ ਲਈ ਯੋਗ ਲਾਭਪਾਤਰੀਆਂ ਤੋਂ ਅਰਜ਼ੀਆਂ ਮੰਗੀਆਂ ਗਈਆਂ ਹਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ਪਿਛਲੇ ਇੱਕ ਸਾਲ ਦੌਰਾਨ ਇਹ ਸੰਸਥਾ ਵੱਲੋਂ ਲਗਾਇਆ ਜਾ ਰਿਹਾ ਪੰਜਵਾਂ ਕੈਂਪ ਹੈ। ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਦਿਵਿਆਂਗਜਨਾਂ ਦੀ ਸਹਾਇਤਾ ਕਰਨਾ ਹੈ, ਜੋ ਆਰਥਿਕ ਤੰਗੀ ਕਾਰਨ ਲੋੜੀਂਦੇ ਸਹਾਇਕ ਉਪਕਰਨ ਖਰੀਦਣ ਦੇ ਸਮਰੱਥ ਨਹੀਂ ਹਨ। ਕੈਂਪ ਵਿੱਚ ਮਾਹਿਰ ਡਾਕਟਰਾਂ ਵੱਲੋਂ ਲਾਭਪਾਤਰੀਆਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਲੋੜਵੰਦ ਲਾਭਪਾਤਰੀਆਂ ਨੂੰ ਸੁਣਨ ਵਾਲੀ ਮਸ਼ੀਨ (ਹੀਅਰਿੰਗ ਏਡ), ਵ੍ਹੀਲਚੇਅਰ, ਟਰਾਈਸਾਈਕਲ, ਬੈਸਾਖੀਆਂ ਅਤੇ ਕੈਲੀਪਰ ਮੌਕੇ 'ਤੇ ਹੀ ਮੁਫ਼ਤ ਮੁਹੱਈਆ ਕਰਵਾਏ ਜਾਣਗੇ, ਜਦਕਿ ਨਕਲੀ ਹੱਥ ਅਤੇ ਪੈਰ ਲਈ ਮਾਪ ਲੈਣ ਤੋਂ ਬਾਅਦ 10 ਤੋਂ 15 ਦਿਨਾਂ ਦੇ ਅੰਦਰ ਉਨ੍ਹਾਂ ਨੂੰ ਪੂਰੀ ਤਰ੍ਹਾਂ ਮੁਫ਼ਤ ਉਪਲਬਧ ਕਰਵਾਏ ਜਾਣਗੇ। ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਨੇ ਦੱਸਿਆ ਕਿ ਇਨ੍ਹਾਂ ਉਪਕਰਨਾਂ ਦੀ ਵੰਡ ਲਈ ਕੁਝ ਲਾਜ਼ਮੀ ਯੋਗਤਾ ਸ਼ਰਤਾਂ ਨਿਰਧਾਰਤ ਕੀਤੀਆਂ ਗਈਆਂ ਹਨ। ਮੋਟਰਾਈਜ਼ਡ ਟਰਾਈਸਾਈਕਲ ਸਿਰਫ਼ ਉਨ੍ਹਾਂ ਲਾਭਪਾਤਰੀਆਂ ਨੂੰ ਹੀ ਦਿੱਤੀ ਜਾਵੇਗੀ, ਜਿਨ੍ਹਾਂ ਦੀ ਦਿਵਿਆਂਗਤਾ 80 ਫ਼ੀਸਦੀ ਜਾਂ ਇਸ ਤੋਂ ਵੱਧ ਹੈ ਅਤੇ ਜਿਨ੍ਹਾਂ ਨੇ ਪਿਛਲੇ ਪੰਜ ਸਾਲਾਂ ਦੌਰਾਨ ਸਰਕਾਰ ਜਾਂ ਕਿਸੇ ਹੋਰ ਸੰਸਥਾ ਤੋਂ ਇਸ ਤਰ੍ਹਾਂ ਦੀ ਸਹੂਲਤ ਪ੍ਰਾਪਤ ਨਹੀਂ ਕੀਤੀ। ਇਸੇ ਤਰ੍ਹਾਂ ਵ੍ਹੀਲਚੇਅਰ, ਨਕਲੀ ਅੰਗ ਅਤੇ ਸੁਣਨ ਵਾਲੀ ਮਸ਼ੀਨ ਵਰਗੇ ਹੋਰ ਸਹਾਇਕ ਉਪਕਰਨ ਵੀ ਸਿਰਫ਼ ਉਨ੍ਹਾਂ ਲੋੜਵੰਦ ਵਿਅਕਤੀਆਂ ਨੂੰ ਦਿੱਤੇ ਜਾਣਗੇ, ਜਿਨ੍ਹਾਂ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਇਨ੍ਹਾਂ ਸਹੂਲਤਾਂ ਦਾ ਲਾਭ ਪ੍ਰਾਪਤ ਨਹੀਂ ਕੀਤਾ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸੰਯੁਕਤ ਸਕੱਤਰ ਆਦਿਤਿਆ ਰਾਣਾ ਨੇ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਲਾਭਪਾਤਰੀਆਂ ਦੀ ਸਹੂਲਤ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਕੈਂਪ ਦਾ ਲਾਭ ਲੈਣ ਦੇ ਇੱਛੁਕ ਯੋਗ ਉਮੀਦਵਾਰ ਅਰਜ਼ੀ ਜਮ੍ਹਾਂ ਕਰਵਾਉਣ ਅਤੇ ਰਜਿਸਟ੍ਰੇਸ਼ਨ ਕਰਵਾਉਣ ਲਈ ਮੋਬਾਈਲ ਨੰਬਰ 81462-41296 ਤੇ ਸੰਪਰਕ ਕਰ ਸਕਦੇ ਹਨ।



# ਥਾਣਿਆਂ 'ਚ ਖੜ੍ਹੇ 7,402 ਵਾਹਨਾਂ ਦਾ ਕੀਤਾ ਨਿਪਟਾਰਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਸੂਬੇ ਭਰ ਦੇ ਪੁਲਸ ਥਾਣਿਆਂ ਵਿੱਚ ਲੰਮੇ ਸਮੇਂ ਤੋਂ ਖੜ੍ਹੇ ਅਣਅਧਿਕਾਰਤ ਅਤੇ ਜ਼ਬਤ ਵਾਹਨਾਂ ਦੇ ਜਲਦੀ ਨਿਪਟਾਰੇ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਪਿਛਲੇ ਇੱਕ ਮਹੀਨੇ ਵਿੱਚ 7,402 ਜ਼ਬਤ ਵਾਹਨਾਂ ਦਾ ਸਫਲਤਾਪੂਰਵਕ ਨਿਪਟਾਰਾ ਕੀਤਾ ਹੈ। ਇਸ ਮੁਹਿੰਮ ਤੋਂ ਪਹਿਲਾਂ ਪੰਜਾਬ ਪੁਲਿਸ ਕੋਲ 55,721 ਜ਼ਬਤ ਵਾਹਨ ਸਨ। ਇਸੇ ਦੌਰਾਨ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਅਤੇ ਗੈਰਕਾਨੂੰਨੀ ਗਤੀਵਿਧੀਆਂ ਖ਼ਿਲਾਫ਼ ਸੂਬੇ ਭਰ ਵਿੱਚ ਚਲਾਈ ਗਈ ਮੁਹਿੰਮ ਦੌਰਾਨ ਪੁਲਿਸ ਨੇ 3,355 ਹੋਰ ਵਾਹਨ ਜ਼ਬਤ ਕੀਤੇ।

ਇਸ ਨਾਲ ਕੁੱਲ ਗਿਣਤੀ 59,076 ਹੋ ਗਈ। ਹਾਲਾਂਕਿ ਪਿਛਲੇ ਇੱਕ ਮਹੀਨੇ ਵਿੱਚ 7,402 ਵਾਹਨਾਂ ਦੇ ਨਿਪਟਾਰੇ ਤੋਂ ਬਾਅਦ ਮੌਜੂਦਾ ਸਮੇਂ ਵਿੱਚ ਪੁਲਿਸ ਕੋਲ ਜ਼ਬਤ ਵਾਹਨਾਂ ਦੀ ਗਿਣਤੀ ਘਟ ਕੇ 51,674 ਰਹਿ ਗਈ ਹੈ।ਇਸ ਸੰਬੰਧ ਵਿੱਚ ਪੰਜਾਬ ਪੁਲਿਸ ਦੇ ਡੀਜੀ ਪੀ ਗੌਰਵ ਯਾਦਵ ਨੇ ਕਿਹਾ, ਵਾਹਨਾਂ ਦੀ ਸਖ਼ਤ ਜਾਂਚ ਅਤੇ ਅਪਰਾਧੀਆਂ ਖ਼ਿਲਾਫ਼ ਲਗਾਤਾਰ ਕਾਰਵਾਈ ਤਹਿਤ ਪੰਜਾਬ ਪੁਲਿਸ ਵੱਖ-ਵੱਖ ਮੁਹਿੰਮਾਂ ਚਲਾ ਰਹੀ ਹੈ।

ਪਿਛਲੇ ਇੱਕ ਮਹੀਨੇ ਵਿੱਚ ਪੁਲਿਸ ਨੇ 3,355 ਵਾਹਨ ਜ਼ਬਤ ਕੀਤੇ ਹਨ ਅਤੇ ਪ੍ਰਭਾਵਸ਼ਾਲੀ ਕਾਰਵਾਈ ਰਾਹੀਂ 7,402 ਵਾਹਨਾਂ ਦਾ ਸਫਲਤਾਪੂਰਵਕ ਨਿਪਟਾਰਾ ਵੀ ਕੀਤਾ ਹੈ।

ਇਸ ਦੌਰਾਨ ਐਨਡੀਪੀਐਸ ਐਕਟ ਦੀ ਧਾਰਾ 52 ਏ ਅਧੀਨ ਆਉਣ ਵਾਲੇ ਮਾਮਲਿਆਂ ਨੂੰ ਛੱਡ ਕੇ 8,121 ਵਾਹਨਾਂ ਸਬੰਧੀ ਅਰਜ਼ੀਆਂ ਕਾਨੂੰਨੀ ਜਾਂਚ ਅਧੀਨ ਹਨ, ਜਦਕਿ ਧਾਰਾ 52 ਏ ਅਧੀਨ 1,276 ਮਾਮਲਿਆਂ ਵਿੱਚ ਇਨਵੈਂਟਰੀ ਅਤੇ ਫੋਟੋਗ੍ਰਾਫੀ ਦੀ ਕਾਨੂੰਨੀ ਜਾਂਚ ਦੀ ਪ੍ਰਕਿਰਿਆ ਅਜੇ ਬਾਕੀ ਹੈ।

# ਐਨ ਪੀ ਐਸ ਮੁਲਾਜ਼ਮ ਲਗਾਉਣਗੇ ਸੂਬਾ ਪੱਧਰੀ ਸੱਥ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਪੰਜਾਬ ਦੇ 2004 ਤੋਂ ਬਾਅਦ ਭਰਤੀ ਐਨ ਪੀ ਐੱਸ ਕਰਮਚਾਰੀਆਂ ਨੇ ਸਮੇਂ ਦੀ ਮੰਗ ਨੂੰ ਮੁੱਖ ਰੱਖਦਿਆਂ ਲੰਬੇ ਸਮੇਂ ਤੋਂ ਇਸ ਮੁੱਦੇ ਤੇ ਸੰਘਰਸ਼ ਕਰ ਰਹੀਆਂ ਤਿੰਨ ਜਥੇਬੰਦੀਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ, ਸੀ ਪੀ ਐੱਫ ਕਰਮਚਾਰੀ ਯੂਨੀਅਨ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਦੇ ਆਗੂਆਂ ਜਸਵੀਰ ਸਿੰਘ ਤਲਵਾੜਾ, ਸੁਖਜੀਤ ਸਿੰਘ, ਗੁਰਜੰਟ ਸਿੰਘ ਕੋਕਰੀ ਨੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾਂ ਮੰਚ ਦੇ ਬੈਨਰ ਹੇਠ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਦੇ ਆਪਣੇ ਚੋਣ ਵਾਅਦੇ ਤੋਂ ਮੁਨਕਰ ਹੋ ਗਈ ਹੈ ਤੇ ਚਾਰ ਸਾਲ ਬੀਤ ਜਾਣ ਬਾਅਦ ਵੀ ਆਪਣਾ ਹੀ ਪੁਰਾਣੀ ਪੈਨਸ਼ਨ ਬਹਾਲੀ ਦਾ 18 ਨਵੰਬਰ 2022 ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਗਈ ਹੈ। ਮੰਚ ਨੇ ਫੈਸਲਾ ਕੀਤਾ ਹੈ ਕਿ 4 ਜੁਲਾਈ ਨੂੰ ਨਛੱਤਰ ਸਿੰਘ ਯਾਦਗਾਰੀ ਭਵਨ ਮੋਗਾ ਵਿਖੇ ਮੁਲਾਜ਼ਮ ਸੱਥ ਲਗਾਈ ਜਾਵੇਗੀ ।ਜਿਸ ਵਿੱਚ ਮੁੱਖ ਮੰਤਰੀ ਤੇ ਵਿੱਤ ਮੰਤਰੀ ਨੂੰ ਵਿਸ਼ੇਸ਼ ਸੱਦਾ ਦਿੱਤਾ ਜਾਵੇਗਾ ਤੇ ਉਹਨਾਂ ਦੀਆਂ ਕੁਰਸੀਆਂ ਵੀ ਲਗਾਈਆਂ ਜਾਣਗੀਆਂ ਤਾਂ ਕਿ ਉਹ ਮੁਲਾਜ਼ਮਾਂ ਦੇ ਭਖਦੇ ਮਸਲਿਆਂ ਤੇ ਆਪਣੇ ਵਿਚਾਰ ਸਾਂਝੇ ਕਰਨ ਤੇ ਕਰਮਚਾਰੀ ਸਰਕਾਰ ਨੂੰ ਇਹ ਕਰਨਗੇ ਸਵਾਲ ਸਾਢੇ ਚਾਰ ਸਾਲ ਬੀਤ ਜਾਣ ਬਾਅਦ ਵੀ ਕਿਉਂ ਨਹੀਂ ਕੀਤੀ ਪੁਰਾਣੀ ਪੈਨਸ਼ਨ ਬਹਾਲ.. ਜੇਕਰ ਮੁੱਖ ਮੰਤਰੀ ਮੁਲਾਜ਼ਮ ਮਿਲਣੀ ਵਿੱਚ ਨਾ ਆਏ ਤਾਂ 23 ਅਗਸਤ ਨੂੰ ਪਿੰਡ ਸਤੌਜ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਵਲੋਂ ਮਹਾਰੈਲੀ ਕੀਤੀ ਜਾਵੇਗੀ ।

# ਨੈਸ਼ਨਲ ਡਾਕਟਰ ਦਿਵਸ ਮਨਾਇਆ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਨੈਸ਼ਨਲ ਡਾਕਟਰ ਦਿਵਸ ਮਨਾਇਆ ਗਿਆ। ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਸਾਰੇ ਡਾਕਟਰ ਸਾਹਿਬਾਨਾਂ ਨੂੰ ਨੈਸ਼ਨਲ ਡਾਕਟਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਨੂੰ ਆਪਣਾ ਕੰਮ ਹੋਰ ਵੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਆ। ਸ. ਢਾਹਾਂ ਨੇ ਕਿਹਾ ਕਿ ਬਿਮਾਰ ਇਨਸਾਨ ਲਈ ਡਾਕਟਰ ਕਿਸੇ ਮਸੀਹਾ ਤੋਂ ਘੱਟ ਨਹੀਂ ਹੁੰਦੇ, ਇਸ ਲਈ ਡਾਕਟਰ, ਮਾਨਵਤਾ ਦੇ ਸੱਚੇ ਸੇਵਾਦਾਰ ਹਨ, ਜੋ ਹਰ ਹਾਲਤ ਵਿੱਚ ਲੋਕਾਂ ਨੂੰ ਸਿਹਤਮੰਦ ਰੱਖਣ ਲਈ ਆਪਣਾ ਫਰਜ਼ ਨਿਭਾਉਂਦੇ ਹਨ । ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੇ ਹਸਪਤਾਲ ਪ੍ਰਬੰਧਕਾਂ ਦਾ ਨੈਸ਼ਨਲ ਡਾਕਟਰ ਦਿਵਸ ਮੌਕੇ ਸਮੂਹ ਡਾਕਟਰ ਸਾਹਿਬਾਨਾਂ ਦੀ ਹੌਂਸਲਾ ਅਫਜ਼ਾਈ ਕਰਨ ਲਈ ਧੰਨਵਾਦ ਕੀਤਾ। ਉਹਨਾਂ ਡਾਕਟਰ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਵਿੱਚ ਹਰ ਸਾਲ 1 ਜੁਲਾਈ ਨੂੰ ਨੈਸ਼ਨਲ ਡਾਕਟਰ ਦਿਵਸ ਮਨਾਇਆ ਜਾਂਦਾ ਹੈ। ਇਹ ਦਿਨ ਪ੍ਰਸਿੱਧ ਡਾਕਟਰ ਅਤੇ ਭਾਰਤ ਰਤਨ ਡਾ. ਬਿਧਾਨ ਚੰਦਰ ਰਾਏ ਦੇ ਜਨਮ ਦਿਨ ਨੂੰ ਸਮਰਪਿਤ ਹੁੰਦਾ ਹੈ ਅਤੇ ਜੋ ਸਮੂਹ ਡਾਕਟਰਾਂ ਦੀ ਮਾਨਵਤਾ ਪ੍ਰਤੀ ਸੇਵਾ ਨੂੰ ਸਨਮਾਨ ਦੇਣ ਲਈ ਮਨਾਇਆ ਜਾਂਦਾ ਹੈ। ਇਹ ਦਿਨ ਡਾਕਟਰ ਸਾਹਿਬਾਨ ਨੂੰ ਆਪਣੀ ਮਰੀਜ਼ਾਂ ਪ੍ਰਤੀ ਜ਼ਿੰਮੇਵਾਰੀ ਪ੍ਰਤੀ ਜਾਗਰੂਕ ਕਰਦਾ ਹੈ। ਨੈਸ਼ਨਲ ਡਾਕਟਰ ਦਿਵਸ ਮਨਾਉਣ ਮੌਕੇ ਦਵਿੰਦਰ ਸਿੰਘ ਢਿੱਲੋਂ, ਮਹਿੰਦਰਪਾਲ ਸਿੰਘ, ਡਾ. ਬਲਵਿੰਦਰ ਸਿੰਘ, ਡਾ. ਰਾਹੁਲ ਗੋਇਲ,ਡਾ. ਤੁਸ਼ਾਰ ਅਗਰਵਾਲ, ਡਾ.ਦੀਪਕ ਦੁੱਗਲ, ਡਾ. ਵਿਵੇਕ ਗੁੰਬਰ, ਡਾ. ਪਰਮਿੰਦਰ ਸਿੰਘ ਵਾਰੀਆ, ਡਾ. ਮਾਨਵਦੀਪ ਸਿੰਘ ਬੈਂਸ, ਡਾ. ਸ਼ਵੇਤਾ ਬਗੜੀਆ, ਡਾ. ਜਗਜੀਤ ਸਿੰਘ, ਡਾ. ਕੁਲਦੀਪ ਸਿੰਘ, ਡਾ. ਰੋਹਨ ਕਪੂਰ, ਡਾ. ਕਰਨਵੀਰ ਸਿੰਘ, ਡਾ. ਗੁਰਤੇਜ ਸਿੰਘ,ਡਾ. ਰਵੀਨਾ,ਡਾ. ਤਨਪ੍ਰੀਤ ਕੌਰ ਤੋਂ ਇਲਾਵਾ ਸੀਨੀਅਰ ਸਟਾਫ ਮੈਂਬਰ ਵੀ ਹਾਜ਼ਰ ਸਨ।



## 'ਐੱਸ ਆਈ ਆਰ ਸੰਬੰਧੀ ਹਰ ਪੁੱਛਗਿੱਛ ਦਾ ਤੁਰੰਤ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ'

**ਬਲਾਚੌਰ (ਜਸਵਿੰਦਰ ਬੈਂਸ)**- ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਸਥਾਪਤ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) ਹੈਲਪ ਡੈਸਕ, ਮੀਡੀਆ ਮੋਨੀਟਰਿੰਗ ਸੈੱਲ ਅਤੇ ਵੋਟਰ ਹੈਲਪਲਾਈਨ-1950 ਦੀ ਕਾਰਜਸ਼ੀਲਤਾ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਵੀ ਮੌਜੂਦ ਸਨ।ਸਮੀਖਿਆ ਦੌਰਾਨ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਐੱਸ ਆਈ ਆਰ ਨਾਲ ਸਬੰਧਤ ਹਰ ਪੁੱਛਗਿੱਛ, ਸ਼ਿਕਾਇਤ ਅਤੇ ਬੇਨਤੀ ਦਾ ਨਿਰਧਾਰਤ ਸਮਾਂ-ਸੀਮਾ ਅੰਦਰ ਪੂਰੀ ਪਾਰਦਰਸ਼ਤਾ, ਨਿਰਪੱਖਤਾ ਅਤੇ ਸੰਵੇਦਨਸ਼ੀਲਤਾ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਵੋਟਰ ਹੈਲਪਲਾਈਨ-1950 'ਤੇ ਪ੍ਰਾਪਤ ਹੋਣ ਵਾਲੀ ਹਰ ਕਾਲ ਦਾ ਤੁਰੰਤ ਅਤੇ ਸੰਤੁਸ਼ਟੀਜਨਕ ਜਵਾਬ ਦਿੱਤਾ ਜਾਵੇ। ਉਨ੍ਹਾਂ ਹਦਾਇਤ ਕੀਤੀ ਕਿ ਮੀਡੀਆ ਮੋਨੀਟਰਿੰਗ ਸੈੱਲ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ 'ਤੇ ਐੱਸ ਆਈ ਆਰ ਸੰਬੰਧੀ ਪ੍ਰਸਾਰਿਤ ਹੋਣ ਵਾਲੀ ਸਮੱਗਰੀ 'ਤੇ ਨਿਰੰਤਰ ਨਜ਼ਰ ਰੱਖੇ ਅਤੇ ਕਿਸੇ ਵੀ ਗੁੰਮਰਾਹਕੁੰਨ ਜਾਂ ਤੱਥਾਂ ਤੋਂ ਪਰ੍ਹੇ ਜਾਣਕਾਰੀ ਬਾਰੇ ਤੁਰੰਤ ਉੱਚ ਅਧਿਕਾਰੀਆਂ ਨੂੰ ਸੂਚਿਤ ਕਰੇ, ਤਾਂ ਜੋ ਲੋੜੀਂਦੀ ਤਸਦੀਕ ਉਪਰੰਤ ਸਮੇਂ ਸਿਰ ਤੱਥਾਂ 'ਤੇ ਆਧਾਰਿਤ ਸਪੱਸ਼ਟੀਕਰਨ ਜਾਰੀ ਕੀਤਾ ਜਾ ਸਕੇ।



## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪਸ਼ੂਆਂ ਨੂੰ ਸੜਕਾਂ ਤੇ ਜਨਤਕ ਥਾਵਾਂ 'ਤੇ ਛੱਡਣ 'ਤੇ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉਭੀ)**- ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਗਏ ਹਨ ਕਿ ਜ਼ਿਲ੍ਹੇ ਦੀ ਹੱਦ ਅੰਦਰ ਪੈਂਦੇ ਹਲਕੇ ਵਿੱਚ ਕੋਈ ਵੀ ਵਿਅਕਤੀ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ ਅਤੇ ਜਨਤਕ ਥਾਵਾਂ 'ਤੇ ਨਹੀਂ ਛੱਡੇਗਾ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਕਿਸੇ ਵਿਅਕਤੀ ਨੇ ਇਸ ਬਾਰੇ ਸੂਚਨਾ ਸਾਂਝੀ ਕਰਨੀ ਹੈ ਤਾਂ ਵਟਸਐਪ ਨੰਬਰ 96462-22555 'ਤੇ ਲੋਕੇਸ਼ਨ ਅਤੇ ਫੋਟੋ ਭੇਜ ਕੇ ਕਰ ਸਕਦੇ ਹਨ। ਇਹ ਹੁਕਮ ਜਾਰੀ ਹੋਣ ਦੀ ਮਿਤੀ ਤੋਂ ਅਗਲੇ ਤੋਂ 2 ਮਹੀਨੇ ਤੱਕ ਲਾਗੂ ਰਹੇਗਾ।

# ਸੰਤ ਰਮੇਸ਼ ਦਾਸ ਦਾ ਡੇਰਾ ਕੱਲਰਾਂ ਸ਼ੇਰਪੁਰ ਪਹੁੰਚਣ 'ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਸੰਤ ਰਮੇਸ਼ ਦਾਸ ਪ੍ਰਚਾਰ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਮੌਜੂਦਾ ਗੱਦੀਨਸ਼ੀਨ ਡੇਰਾ 108 ਸੰਤ ਬਾਬਾ ਨਰਾਇਣ ਦਾਸ ਜੀ ਕੱਲਰਾਂ ਸ਼ੇਰਪੁਰ ਢਕੌਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਗਏ ਵਿਦੇਸ਼ ਯਾਤਰਾ ਤੋਂ ਵਾਪਸ ਡੇਰੇ ਵਿਖੇ ਪਹੁੰਚਣ ਤੇ ਨਗਰ ਨਿਵਾਸੀ ਅਤੇ ਇਲਾਕੇ ਦੀਆਂ ਸੰਗਤਾਂ ਵਲੋਂ ਹਾਰਦਿਕ ਨਿੱਘਾ ਸਵਾਗਤ ਕੀਤਾ ਗਿਆ ਅਤੇ ਸੰਤ ਰਮੇਸ਼ ਦਾਸ ਜੀ ਨੂੰ ਮਿਲਣ ਵਾਲੀਆਂ ਸੰਗਤਾਂ ਦਾ ਭਾਰੀ ਤਾਂਤਾ ਲੱਗਾ ਰਿਹਾ। ਇਸ ਸਮੇਂ ਸੰਤ ਰਮੇਸ਼ ਦਾਸ ਨੇ ਦੱਸਿਆ ਕਿ ਉਨ੍ਹਾਂ ਨਿਊਜ਼ੀਲੈਂਡ ਦੀ ਯਾਤਰਾ ਦੌਰਾਨ ਸੰਗਤਾਂ ਨੂੰ ਬਾਣੀ ਨਾਲ ਜੋੜਨ ਲਈ ਕਈ ਸਤਿਸੰਗ ਕੀਤੇ ਜਿਥੇ ਉਨਾਂ ਦੇਖਿਆ ਕਿ ਵਿਦੇਸ਼ਾਂ ਵਿੱਚ ਰਹਿ ਰਹੀਆਂ ਸੰਗਤਾਂ ਸਤਿਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਅਤੇ ਬਾਬਾ ਸਾਹਿਬ ਡਾ. ਅੰਬੇਡਕਰ ਜੀ ਦੇ ਮਿਸ਼ਨ ਨੂੰ ਅਥਾਹ ਪਿਆਰ ਤੇ ਸਤਿਕਾਰ ਕਰਦੀਆਂ ਹਨ। ਉਨਾਂ ਦੱਸਿਆ ਕਿ ਵਿਦੇਸ਼ ਦੀਆਂ ਸੰਗਤਾਂ ਪੰਜਾਬ ਅੰਦਰ ਸਿੱਖਿਆ ਦੇ ਮਾਧਿਅਮ ਨੂੰ ਉੱਚਾ, ਸੁੱਚਾ ਤੇ ਸਸਤਾ ਕਰਕੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਬਣਾਉਣ ਲਈ ਉਪਰਾਲੇ ਕਰਦੇ ਹਨ ਅਤੇ ਆਪਣਾ ਬਣਦਾ ਯੋਗਦਾਨ ਵੀ ਪਾ ਰਹੇ ਹਨ। ਸੰਤ ਰਮੇਸ਼ ਦਾਸ ਨੇ ਦੱਸਿਆ ਕਿ ਸੱਚਖੰਡ ਵਾਸੀ ਬ੍ਰਹਮਲੀਨ ਸੰਤ ਅਮਰਦਾਸ ਦੀ 17ਵੀਂ ਬਰਸੀ, ਸੰਤ ਰਾਮ ਕਿਸ਼ਨ ਜੀ ਦੀ 5ਵੀਂ ਬਰਸੀ ਅਤੇ ਸੰਤ ਬੀਬੀ ਜੁਆਲੀ ਰਾਮ ਜੀ ਦੀ 24ਵੀਂ ਬਰਸੀ ਸਮਾਗਮ 17 ਜੁਲਾਈ ਨੂੰ ਡੇਰਾ ਕੱਲਰਾਂ ਸ਼ੇਰਪੁਰ ਢਕੌਂ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਸ਼ਰਧਾ ਪੂਰਵਕ ਮਨਾਏ ਜਾ ਰਹੇ ਹਨ ਜਿਸ ਵਿੱਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਅਤੇ ਵੱਖ ਵੱਖ ਡੇਰਿਆਂ, ਸੰਪ੍ਰਦਾਵਾਂ ਦੇ ਸੰਤ ਮਹਾਂਪੁਰਸ਼ ਕੀਰਤਨ, ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।



# 5 ਅਣ-ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਜੇ ਡੀ ਏ ਦੇ ਮਾਨਯੋਗ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ ਤੇ ਤੇਜਦੀਪ ਸਿੰਘ ਸੈਣੀ ਵਧੀਕ ਮੁੱਖ ਪ੍ਰਸ਼ਾਸਕ, ਜੇ ਡੀ ਏ, ਜਲੰਧਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਵਿੰਗ ਵੱਲੋਂ ਨਗਰ ਨਿਗਮ ਜਲੰਧਰ ਦੀ ਹੱਦ ਤੋਂ ਬਾਹਰ ਪੈਂਦੀਆਂ 5 ਅਣ-ਅਧਿਕਾਰਤ ਕਲੋਨੀਆਂ ਨੂੰ ਢਾਹੁਣ ਦੀ ਕਾਰਵਾਈ ਕੀਤੀ ਗਈ। ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਪਿੰਡ ਵਡਾਲਾ ਵਿੱਚ ਪੈਂਦੀਆਂ 2 ਅਣ-ਅਧਿਕਾਰਤ ਰਿਹਾਇਸ਼ੀ ਕਲੋਨੀਆਂ, ਪਿੰਡ ਨਿੱਝਰਾਂ ਵਿੱਚ ਪੈਂਦੀ 1 ਅਣ-ਅਧਿਕਾਰਤ ਕਮਰਸ਼ੀਅਲ ਕਲੋਨੀ ਅਤੇ ਪਿੰਡ ਬੜਾ ਦੇ ਵਿੱਚ ਪੈਂਦੀਆਂ 2 ਅਣ-ਅਧਿਕਾਰਤ ਕਲੋਨੀਆਂ (ਕਮਰਸ਼ੀਅਲ ਅਤੇ ਰਿਹਾਇਸ਼ੀ) ਵਿਰੁੱਧ ਕਾਰਵਾਈ ਕਰਦੇ ਹੋਏ ਢਾਹ ਦਿੱਤਾ ਗਿਆ। ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਕੰਟਰੋਲ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਵਡਾਲਾ, ਪਿੰਡ ਨਿੱਝਰਾਂ ਅਤੇ ਪਿੰਡ ਬੜਾ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਹਨਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀ ਅਣਦੇਖੀ ਕੀਤੀ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਵੀ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ਤੇ ਉਸਾਰੀ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ। ਜਿਸ ਕਾਰਨ ਉੱਚ ਅਧਿਕਾਰੀਆਂ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ।



# ਬਿਨਾਂ ਨੰਬਰ ਦੇ ਬਾਈਕ ਨਾਲ ਬੇਖ਼ੌਫ਼ ਘੁੰਮ ਰਹੇ ਲੜਕੇ

**ਚੇਨ ਸਨੈਚਿੰਗ ਵਰਗੀਆਂ ਵਾਰਦਾਤਾਂ ਪਿੱਛੇ ਅਜਿਹੇ ਸ਼ੱਕੀ ਵਾਹਨਾਂ ਦਾ ਹੱਥ**

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼ਹਿਰ ਦੀਆਂ ਗਲੀਆਂ ਵਿੱਚ ਅੱਜ-ਕੱਲ੍ਹ ਇੱਕ ਅਜੀਬ ਜਿਹਾ ਖ਼ੌਫ਼ ਪੈਦਾ ਹੋਇਆ ਹੈ। ਬਿਨਾਂ ਨੰਬਰ ਪਲੇਟਾਂ ਵਾਲੇ ਮੋਟਰਸਾਈਕਲ ਅਤੇ ਉਨ੍ਹਾਂ 'ਤੇ ਸਵਾਰ ਤਿੰਨ-ਤਿੰਨ ਲੜਕੇ ਲਗਾਤਾਰ ਚੱਕਰ ਕੱਟ ਰਹੇ ਹਨ, ਜੋ ਨਾ ਸਿਰਫ਼ ਟ੍ਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ, ਸਗੋਂ ਆਮ ਰਾਹਗੀਰਾਂ ਲਈ ਵੀ ਵੱਡਾ ਖ਼ਤਰਾ ਬਣ ਗਏ ਹਨ। ਸ਼ਹਿਰ ਵਿੱਚ ਹੋ ਰਹੀਆਂ ਚੋਰੀ ਅਤੇ ਚੇਨ ਸਨੈਚਿੰਗ ਵਰਗੀਆਂ ਵਾਰਦਾਤਾਂ ਪਿੱਛੇ ਅਜਿਹੇ ਹੀ ਸ਼ੱਕੀ ਵਾਹਨਾਂ ਦਾ ਹੱਥ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਇਸ ਦੌਰਾਨ ਇੱਕ ਨਵਾਂ ਅਤੇ ਚਿੰਤਾਜਨਕ ਪਹਿਲੂ ਇਹ ਵੀ ਸਾਹਮਣੇ ਆਇਆ ਹੈ ਕਿ ਸ਼ਹਿਰ ਵਿੱਚ ਕੰਮ ਕਰਦੇ ਕਈ ਡਿਲੀਵਰੀ ਬੁਆਏਜ਼ ਦੇ ਮੋਟਰਸਾਈਕਲਾਂ 'ਤੇ ਜਾਂ ਤਾਂ ਨੰਬਰ ਪਲੇਟ ਹੀ ਨਹੀਂ ਹੈ ਜਾਂ ਫਿਰ ਟੈਂਪਰੇਰੀ ਨੰਬਰ ਲੱਗੇ ਹੋਏ ਹਨ। ਇਨ੍ਹਾਂ ਵਾਹਨਾਂ ਰਾਹੀਂ ਗਲੀ-ਮੁਹੱਲਿਆਂ ਅਤੇ ਸੁਸਾਇਟੀਆਂ ਦੇ ਅੰਦਰ ਬਿਨਾਂ ਕਿਸੇ ਰੋਕ-ਟੋਕ ਦੇ ਐਂਟਰੀ ਕੀਤੀ ਜਾ ਰਹੀ ਹੈ। ਜਦੋਂ ਇੱਕ ਜਾਗਰੂਕ ਰਾਹਗੀਰ ਨੇ ਇਨ੍ਹਾਂ ਸ਼ੱਕੀ ਲੜਕਿਆਂ ਨੂੰ ਰੋਕਿਆ, ਤਾਂ ਡੇਰਾਬੱਸੀ ਪੁਲਸ ਸਟੇਸ਼ਨ ਦੀ ਕੰਧ ਕੋਲ ਹੀ ਖ਼ੁਦ ਨੂੰ ਘਿਰਦਾ ਦੇਖ ਉਹ ਤਿੰਨੋਂ ਆਪਣਾ ਬਿਨਾਂ ਨੰਬਰ ਵਾਲਾ ਮੋਟਰਸਾਈਕਲ ਉੱਥੇ ਹੀ ਛੱਡ ਕੇ ਫ਼ਰਾਰ ਹੋ ਗਏ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮੁਸਤੈਦੀ ਦਿਖਾਈ ਤੇ ਉਸ ਸ਼ੱਕੀ ਮੋਟਰਸਾਈਕਲ ਨੂੰ ਤੁਰੰਤ ਆਪਣੇ ਕਬਜ਼ੇ ਵਿੱਚ ਲੈ ਲਿਆ। ?ਇਹ ਘਟਨਾ ਨਾ ਸਿਰਫ਼ ਸੁਰੱਖਿਆ ਪ੍ਰਬੰਧਾਂ ਦੀਆਂ ਖਾਮੀਆਂ ਨੂੰ ਉਜਾਗਰ ਕਰਦੀ ਹੈ, ਸਗੋਂ ਆਮ ਨਾਗਰਿਕਾਂ ਲਈ ਵੀ ਇੱਕ ਗੰਭੀਰ ਚੇਤਾਵਨੀ ਹੈ। ਜੇਕਰ ਸਮਾਂ ਰਹਿੰਦੇ ਬਿਨਾਂ ਨੰਬਰ ਪਲੇਟ ਵਾਲੀਆਂ ਗੱਡੀਆਂ ਅਤੇ ਸੁਸਾਇਟੀਆਂ ਵਿੱਚ ਹੋ ਰਹੀ ਅਜਿਹੀ ਸ਼ੱਕੀ ਐਂਟਰੀ 'ਤੇ ਸਖ਼ਤੀ ਨਾਲ ਰੋਕ ਨਾ ਲਗਾਈ ਗਈ ਤਾਂ ਸ਼ਹਿਰ ਦੀ ਸ਼ਾਂਤੀ ਅਤੇ ਸੁਰੱਖਿਆ ਵਿਵਸਥਾ ਪੂਰੀ ਤਰ੍ਹਾਂ ਖ਼ਤਰੇ ਵਿੱਚ ਪੈ ਸਕਦੀ ਹੈ।

ਨਗਰ ਨਿਗਮ ਚੋਣਾਂ-2026

## ਪੋਲਿੰਗ ਪਾਰਟੀਆਂ 4 ਨੂੰ ਚੋਣ ਸਮੱਗਰੀ ਪ੍ਰਾਪਤ ਕਰਨ

**ਪੰਡਿਤ ਜਗਤ ਰਾਮ ਬਹੁ-ਤਕਨੀਕੀ ਕਾਲਜ ਵਿਖੇ ਕੀਤੀ ਜਾਵੇਗੀ ਚੋਣ ਸਮੱਗਰੀ ਦੀ ਵੰਡ**

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਐਸ.ਡੀ.ਐਮ. ਹੁਸ਼ਿਆਰਪੁਰ ਪਰਮਪ੍ਰੀਤ ਸਿੰਘ ਨੇ ਦੱਸਿਆ ਕਿ 5 ਜੁਲਾਈ ਨੂੰ ਹੋਣ ਵਾਲੀਆਂ ਨਗਰ ਨਿਗਮ ਚੋਣਾਂ-2026 ਦੇ ਮੱਦੇਨਜ਼ਰ ਨਿਯੁਕਤ ਕੀਤੀਆਂ ਗਈਆਂ ਸਾਰੀਆਂ ਪੋਲਿੰਗ ਪਾਰਟੀਆਂ (ਪੀ.ਆਰ.ਓ., ਏ.ਪੀ.ਆਰ.ਓ. ਅਤੇ ਪੀ.ਓ.) 4 ਜੁਲਾਈ ਨੂੰ ਸਵੇਰੇ 10 ਵਜੇ ਵੋਟਿੰਗ ਨਾਲ ਸੰਬੰਧਤ ਚੋਣ ਸਮੱਗਰੀ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਚੋਣ ਸਮੱਗਰੀ ਦੀ ਵੰਡ ਪੰਡਿਤ ਜਗਤ ਰਾਮ ਬਹੁ-ਤਕਨੀਕੀ ਕਾਲਜ, ਹੁਸ਼ਿਆਰਪੁਰ ਤੋਂ ਕੀਤੀ ਜਾਵੇਗੀ। ਉਨ੍ਹਾਂ ਸਮੂਹ ਸੰਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਿਰਧਾਰਤ ਸਮੇਂ 'ਤੇ ਹਾਜ਼ਰ ਹੋ ਕੇ ਚੋਣ ਸਮੱਗਰੀ ਪ੍ਰਾਪਤ ਕਰਨ ਨੂੰ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਵੋਟਿੰਗ ਪ੍ਰਕਿਰਿਆ ਨੂੰ ਸੁਚਾਰੂ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

## ਨਾਇਬ ਸਿੰਘ ਸੈਣੀ ਨੇ 337 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 325 ਅੰਮ੍ਰਿਤ ਸਰੋਵਰਾਂ ਦੇ ਨਾਲ-ਨਾਲ 70 ਐਡਵਾਂਸਡ ਲਾਈਫ ਸਪੋਰਟ ਐਂਬੂਲੈਂਸਾਂ ਜਨਤਾ ਨੂੰ ਸਮਰਪਿਤ ਕੀਤੀਆਂ ਹਨ। ਮੁੱਖ ਮੰਤਰੀ ਅੰਬਾਲਾ ਦੇ ਨਰਾਇਣਗੜ੍ਹ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਸ਼ਿਰਕਤ ਕਰ ਰਹੇ ਸਨ। ਇਸ ਦੌਰਾਨ ਮੁੱਖ ਮੰਤਰੀ ਨੇ ਕੁੱਲ 337 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਸ਼ੁਰੂਆਤ ਕੀਤੀ। ਇਸ ਵਿੱਚ 114 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ 7 ਮਹੱਤਵਪੂਰਨ ਸਿਹਤ ਪ੍ਰੋਜੈਕਟ ਸ਼ਾਮਲ ਹਨ। ਇਸ ਦੇ ਨਾਲ ਹੀ 223 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ 325 ਅੰਮ੍ਰਿਤ ਸਰੋਵਰ ਵੀ ਸੂਬੇ ਦੀ ਜਨਤਾ ਨੂੰ ਸਮਰਪਿਤ ਕੀਤੇ ਗਏ।

ਪ੍ਰੋਗਰਾਮ ਦੌਰਾਨ ਸੂਬੇ ਦੀ ਸਿਹਤ ਮੰਤਰੀ ਕੁਮਾਰੀ ਆਰਤੀ ਸਿੰਘ ਰਾਓ, ਵਿਧਾਇਕ ਸ੍ਰੀਮਤੀ ਸ਼ੈਲੀ ਚੌਧਰੀ, ਸਿਹਤ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਐੱਨ ਐੱਚ ਐੱਮ ਦੇ ਐੱਮ ਡੀ ਆਰ ਐੱਸ ਢਿੱਲੋਂ ਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਅਨੀਸ਼ ਯਾਦਵ ਵੀ ਮੌਜੂਦ ਸਨ।ਪ੍ਰੋਗਰਾਮ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਆਯੋਜਿਤ ਪ੍ਰੋਗਰਾਮਾਂ ਵਿੱਚ ਸ਼ਿਰਕਤ ਕਰ ਰਹੇ ਮੰਤਰੀ ਤੇ ਵਿਧਾਇਕ ਅਤੇ ਹੋਰ ਮਾਣਯੋਗ ਵਿਅਕਤੀ ਵੀ ਜੁੜੇ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦਾ ਮੌਕਾ ਸਿਰਫ਼ ਨਰਾਇਣਗੜ੍ਹ ਲਈ ਹੀ ਨਹੀਂ, ਸਗੋਂ ਪੂਰੇ ਹਰਿਆਣਾ ਲਈ ਇੱਕ ਇਤਿਹਾਸਕ ਮੌਕਾ ਹੈ, ਜਦੋਂ ਉਨ੍ਹਾਂ 337 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਸ਼ੁਰੂਆਤ ਕੀਤੀ ਹੈ। ਇਹ ਸਿਰਫ਼ ਪ੍ਰੋਜੈਕਟਾਂ ਦਾ ਉਦਘਾਟਨ ਨਹੀਂ ਹੈ, ਸਗੋਂ ਸਵਸਥ ਹਰਿਆਣਾ, ਖੁਸ਼ਹਾਲ ਹਰਿਆਣਾ ਅਤੇ ਵਿਕਸਿਤ ਹਰਿਆਣਾ ਦੇ ਸੰਕਲਪ ਨੂੰ ਸਾਕਾਰ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਲਾਗੂ ਹੋਣ ਨਾਲ ਮਾਨ ਸਰਕਾਰ ਨੇ ਇਕ ਹੋਰ ਵੱਡੀ ਗਰੰਟੀ ਕੀਤੀ ਪੂਰੀ : ਡਾ. ਇਸ਼ਾਂਕ ਕੁਮਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਇਥੇ ਔਰਤਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੀ ਇਕ ਹੋਰ ਵੱਡੀ ਗਰੰਟੀ ਨੂੰ ਪੂਰਾ ਕਰਦਿਆਂ ਸੂਬੇ ਵਿਚ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਲਾਗੂ ਕਰਦਿਆਂ ਔਰਤਾਂ ਦੀ ਆਰਥਿਕ ਮਜ਼ਬੂਤੀ ਨੂੰ ਹੁਲਾਰਾ ਦਿੱਤਾ ਹੈ। ਚੱਬੇਵਾਲ ਵਿਖੇ ਕਰਵਾਏ ਸਮਾਗਮ ਦੌਰਾਨ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਸੂਬੇ ਅੰਦਰ ਔਰਤਾਂ ਦੀ ਭਲਾਈ ਦੇ ਖੇਤਰ ਵਿਚ ਇਕ ਇਤਿਹਾਸਕ ਦਿਨ ਹੈ ਕਿਉਂਕਿ ਪੰਜਾਬ ਸਰਕਾਰ ਵਲੋਂ ਔਰਤਾਂ ਨਾਲ ਕੀਤਾ ਵਾਅਦਾ ਪੂਰਾ ਹੋ ਰਿਹਾ ਹੈ ਜਿਸ ਨਾਲ ਉਨ੍ਹਾਂ ਦੇ ਖਾਤਿਆਂ ਵਿਚ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 24 ਘੰਟਿਆਂ ਦੇ ਅੰਦਰ-ਅੰਦਰ ਨਿਰਧਾਰਤ ਰਾਸ਼ੀ ਟਰਾਂਸਫਰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਔਰਤਾਂ ਦੇ ਖਾਤਿਆਂ ਵਿਚ ਤਿੰਨ ਮਹੀਨਿਆਂ ਦੀ ਸਤਿਕਾਰ ਰਾਸ਼ੀ ਟਰਾਂਸਫਰ ਕੀਤੀ ਜਾ ਰਹੀ ਹੈ ਜਿਸ ਤਹਿਤ ਐੱਸ ਸੀ ਵਰਗ ਦੀਆਂ ਔਰਤਾਂ ਦੇ ਖਾਤਿਆਂ ਵਿਚ 4500 ਰੁਪਏ ਤੇ ਬਾਕੀ ਔਰਤਾਂ ਦੇ ਖਾਤਿਆਂ ਵਿਚ 3000 ਰੁਪਏ ਜਮ੍ਹਾਂ ਹੋਣਗੇ। ਉਨ੍ਹਾਂ ਦੱਸਿਆ ਕਿ ਔਰਤਾਂ ਨੂੰ ਸਤਿਕਾਰ ਰਾਸ਼ੀ ਦੇ ਮੋਬਾਇਲ ਸੰਦੇਸ਼ ਮਿਲਣ ਵਾਲੇ ਹਨ ਤੇ ਇਹ ਸਤਿਕਾਰ ਰਾਸ਼ੀ ਉਨ੍ਹਾਂ ਦੇ ਮਾਣ-ਸਨਮਾਨ ਅਤੇ ਵਿੱਤੀ ਮਜ਼ਬੂਤੀ ਨੂੰ ਹੁਲਾਰਾ ਦੇਵੇਗੀ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਇਕ ਇਤਿਹਾਸਕ ਫੈਸਲਾ ਹੈ ਜਿਸ ਦੇ ਪੂਰਾ ਹੋਣ ਨਾਲ ਸੂਬੇ ਦੀਆਂ ਲੱਖਾਂ ਔਰਤਾਂ ਸਤਿਕਾਰ ਰਾਸ਼ੀ ਦੀਆਂ ਹੱਕਦਾਰ ਬਣਨਗੀਆਂ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲਾਭਪਾਤਰੀਆਂ ਨੇ ਅਜੇ ਤੱਕ ਰਜਿਸਟਰੇਸ਼ਨ ਨਹੀਂ ਕਰਵਾਈ ਉਹ ਆਪਣੀ ਰਜਿਸਟਰੇਸ਼ਨ ਕਰਵਾ ਕੇ ਇਸ ਯੋਜਨਾ ਦਾ ਲਾਭ ਲੈ ਸਕਦੇ ਹਨ ਅਤੇ ਇਹ ਲਾਭ ਉਨ੍ਹਾਂ ਨੂੰ ਵੀ ਬਾਕੀ ਔਰਤਾਂ ਵਾਂਗ ਸ਼ੁਰੂ ਤੋਂ ਹੀ ਮਿਲੇਗਾ ਭਾਵੇਂ ਉਨ੍ਹਾਂ ਦੀ ਰਜਿਸਟਰੇਸ਼ਨ ਦੇਰੀ ਨਾਲ ਹੋਈ ਹੋਵੇ।

## ਰਵਜੋਤ ਸਿੰਘ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਫਤਹਿਗੜ੍ਹ ਨਿਆੜਾ ਵਿਖੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕਰਨ ਅਤੇ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੰਤਰੀ ਡਾ. ਰਵਜੋਤ ਸਿੰਘ ਨੇ ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਲੋੜਵੰਦ ਪਰਿਵਾਰ ਨੂੰ ਸਮੇਂ ਸਿਰ ਲੋੜੀਂਦੀ ਸਹਾਇਤਾ ਮਿਲੇ।ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕਟਵਾਉਣ ਦੀ ਬਜਾਏ ਸਰਕਾਰ ਨੂੰ ਲੋਕਾਂ ਦੇ ਦਰਵਾਜ਼ੇ ਤੱਕ ਲੈ ਕੇ ਜਾਣਾ ਹੈ ਅਤੇ ਲੋਕ ਮਿਲਣੀ ਪ੍ਰੋਗਰਾਮ ਇਸੇ ਸੋਚ ਦਾ ਹਿੱਸਾ ਹੈ, ਜਿਸ ਤਹਿਤ ਲੋਕ ਆਪਣੀਆਂ ਸਮੱਸਿਆਵਾਂ ਸਿੱਧੇ ਤੌਰ 'ਤੇ ਸਰਕਾਰ ਦੇ ਨੁਮਾਇੰਦਿਆਂ ਸਾਹਮਣੇ ਰੱਖ ਸਕਦੇ ਹਨ ਅਤੇ ਉਨ੍ਹਾਂ ਦਾ ਤੁਰੰਤ ਹੱਲ ਯਕੀਨੀ ਬਣਾਇਆ ਜਾ ਸਕਦਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ, ਸਿਹਤ, ਰੋਜ਼ਗਾਰ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸਮਾਜਿਕ ਸੁਰੱਖਿਆ ਦੇ ਖੇਤਰ ਵਿੱਚ ਇਤਿਹਾਸਕ ਫ਼ੈਸਲੇ ਲੈ ਰਹੀ ਹੈ।



## ਬਲਜਿੰਦਰ ਮਾਨ ਦੀ ਪੁਸਤਕ 'ਪਾਣੀ ਦਾ ਮੁੱਲ' ਲੋਕ ਅਰਪਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ 119 ਦੀ ਦੂਸਰੀ ਤਿਮਾਹੀ ਦੇ ਮੌਕੇ ਤੇ ਕੋਰ ਕਮੇਟੀ ਮੀਟਿੰਗ ਤੇ ਬਲਜਿੰਦਰ ਮਾਨ ਦੀ ਪੁਸਤਕ ਪਾਣੀ ਦਾ ਮੁਲ ਲੋਕ ਅਰਪਨ ਸਮਾਗਮ ਸਥਾਨਕ ਸ਼ਿਰਾਜ ਹੋਟਲ ਵਿਖੇ ਡਿਸਟ੍ਰਿਕ ਗਵਰਨਰ ਐਲੀ. ਹਰਜੀਤ ਸਿੰਘ ਮਠਾਰੂ ਦੀ ਪ੍ਰਧਾਨਗੀ ਹੇਠ ਕੀਤਾ ਗਿਆ ਜਿਸ ਦੇ ਮੁੱਖ ਮਹਿਮਾਨ ਸਾਬਕਾ ਐੱਮ ਪੀ ਅਵਿਨਾਸ਼ ਰਾਏ ਖੰਨਾ ਅਤੇ ਐਲੀ. ਅਸ਼ੋਕ ਪੁਰੀ ਇੰਟਰਨੈਸ਼ਨਲ ਵਾਇਸ ਪ੍ਰੈਜ਼ੀਡੈਂਟ- 2 ਅਤੇ ਐਲੀ ਐਡਵੋਕੇਟ ਐੱਸ ਪੀ ਰਾਣਾ ਇੰਟਰਨੈਸ਼ਨਲ ਐਡਵਾਈਜ਼ਰ, ਬਲਜਿੰਦਰ ਮਾਨ (ਲੇਖਕ ਪਾਣੀ ਦਾ ਮੂਲ) ਅਤੇ ਐਲੀ ਰਮੇਸ਼ ਕੁਮਾਰ ਐਡਵਾਈਜ਼ਰ ਨੌਰਥ ਮਲਟੀਪਲ ਬਤੌਰ ਵਿਸ਼ੇਸ਼ ਮਹਿਮਾਨ ਹਾਜਿਰ ਹੋਏ।ਇਸ ਪ੍ਰੋਗਰਾਮ ਦੇ ਚੇਅਰਮੈਨ ਪੀ ਡੀ ਜੀ ਐਲੀ. ਸੁਮੇਸ਼ ਕੁਮਾਰ ਸਨ ਪਾਣੀ ਦਾ ਮੂਲ ਕਿਤਾਬ ਦੇ ਲੋਕ ਅਰਪਨ ਤੋਂ ਪਹਿਲਾ ਸ਼੍ਰੋਮਣੀ ਸਾਹਿਤਕਾਰ ਬਲਜਿੰਦਰ ਮਾਨ ਨੇ ਬੱਚਿਆਂ ਲਈ ਲਿਖੀ ਅਤੇ ਪ੍ਰਕਾਸ਼ਿਤ ਕੀਤੀ, ਇਸ ਪੁਸਤਕ ਦੀ ਜਾਣਕਾਰੀ ਦਿੱਤੀ। ਇਸ ਮੌਕੇ ਤੇ ਸਾਬਕਾ ਐੱਮ ਪੀ ਅਵਿਨਾਸ਼ ਰਾਏ ਖੰਨਾ ਨੇ ਦੱਸਿਆ ਕਿ ਜੇਕਰ ਅਸੀਂ ਅੱਜ ਵਾਤਾਵਰਨ ਦੀ ਸਾਂਭ ਸਭਾਲ ਪ੍ਰਤੀ ਜਾਗਰੂਕ ਨਾ ਹੋਏ ਤਾਂ ਭੱਵਿਖ ਦੀਆਂ ਕੌਮਾਂ ਸਾਨੂੰ ਕਦੇ ਮੁਆਫ ਨਹੀ ਕਰਨਗੀਆਂ। ਇਸ ਮੌਕੇ ਤੇ ਐਲੀ. ਅਸ਼ੋਕ ਪੁਰੀ ਨੇ ਬਲਜਿੰਦਰ ਮਾਨ ਨੂੰ ਇਸ ਪੁਸਤਕ ਦੇ ਲਈ ਮੁਬਾਰਕਬਾਦ ਦਿੱਤੀ ਅਤੇ ਦੱਸਿਆ ਕਿ ਪਾਣੀ ਮੱਹਤਤਾ ਬਾਰੇ ਬਾਬਾ ਨਾਨਕ ਦੇ ਵਿਚਾਰਾਂ ਨੂੰ ਮੁੱਖ ਰੱਖਦੇ ਹੋਏ ਸਾਨੂੰ ਪਾਣੀ ਦੀ ਮੱਹਤਤਾ ਨੂੰ ਮਹਿਸੂਸ ਕਰਦੇ ਹੋਏ ਪਾਣੀ ਨੂੰ ਬਚਾਉਣਾ ਚਾਹੀਦਾ ਹੈ।ਇਸ ਮੌਕੇ ਤੇ ਵਿਚਾਰ ਚਰਚਾ ਸ਼ੁਰੂ ਕਰਦੇ ਹੋਏ ਐਲੀ. ਅਜੇ ਸਹਿਦੇਵ ਅਤੇ ਐਲੀ. ਚੋਧਰੀ ਅੰਮ੍ਰਿਤ ਲਾਲ ਨੇ ਬਹੁਮੁਲੇ ਵਿਚਾਰ ਦਿੱਤੇ।ਇਸ ਕਿਤਾਬ ਦੀਆਂ ਕਹਾਣੀਆਂ ਨਾਲ ਇਕ ਸੁਰ ਕਰਦੀਆਂ ਤਸਵੀਰਾਂ ਚਿੱਤਰਕਾਰ ਸੁੱਖਮਨ ਨੇ ਤਿਆਰ ਕੀਤੀਆਂ ਹਨ।



## ਅੱਖਾਂ ਦਾ ਫਰੀ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਸਮਾਜ ਸੇਵੀ ਸੰਸਥਾ ਯੂਥ ਵਾਇਸ ਫਾਉਂਡੇਸ਼ਨ ਸੁਸਾਇਟੀ ਵੱਲੋਂ ਐੱਸ ਐੱਨ ਜੇ ਚੈਰੀਟੇਬਲ ਟਰੱਸਟ ਯੂ.ਕੇ. ਦੇ ਸਹਿਯੋਗ ਸਦਕਾ ਰਾਮਗੜ੍ਹੀਆ ਇੰਸਟੀਚਿਊਟ ਆਫ ਹੈਲਥ ਸਾਇੰਸ ਐਂਡ ਰਿਸਰਚ, ਸਤਨਾਮਪੁਰਾ ਵਿਖੇ ਅੱਖਾਂ ਦਾ ਪੰਜਵਾਂ ਫਰੀ ਚੈਕਅਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਫਾਉਂਡੇਸ਼ਨ ਸੁਸਾਇਟੀ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਦੀ ਅਗਵਾਈ ਹੇਠ ਆਯੋਜਿਤ ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਨੇ ਕਰੀਬ 350 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦਾ ਚੈਕਅਪ ਕੀਤਾ ਅਤੇ 83 ਮੋਤੀਆਬਿੰਦ ਦੇ ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ ਜਿਹਨਾਂ ਦੀਆਂ ਅੱਖਾਂ ਦੇ ਫਰੀ ਆਪ੍ਰੇਸ਼ਨ ਕਰਵਾ ਕੇ ਲੈਂਜ ਪਾਏ ਗਏ। ਕੈਂਪ ਦੌਰਾਨ 156 ਮਰੀਜ਼ਾਂ ਨੂੰ ਲੋੜ ਅਨੁਸਾਰ ਦਵਾਈਆਂ ਫਰੀ ਵੰਡੀਆਂ ਗਈਆਂ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਚੇਅਰਪਰਸਨ ਮਨਪ੍ਰੀਤ ਕੌਰ ਭੋਗਲ ਅਤੇ ਡਾਇਰੈਕਟਰ ਵਿਓਮਾ ਭੋਗਲ ਢੱਟ ਨੇ ਸਾਂਝੇ ਤੌਰ ਤੇ ਕੀਤਾ। ਉਨ੍ਹਾਂ ਯੂਥ ਵਾਇਸ ਫਾਉਂਡੇਸ਼ਨ ਤੇ ਐੱਸ ਐੱਨ ਜੇ ਚੈਰੀਟੇਬਲ ਟਰੱਸਟ ਵੱਲੋਂ ਸਿਹਤ, ਸਿੱਖਿਆ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਅਸਲ ਸਿੱਖਿਆ ਹੈ। ਫਾਉਂਡੇਸ਼ਨ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਦੱਸਿਆ ਕਿ ਅੱਖਾਂ ਦੇ ਕੈਂਪ ਲਗਾਉਣ ਦਾ ਸੁਸਾਇਟੀ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਲੋੜਵੰਦ ਵਿਅਕਤੀ ਆਰਥਿਕ ਤੰਗੀ ਕਾਰਨ ਸਿਹਤ ਸੇਵਾਵਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕੈਂਪ ਨੂੰ ਸਫਲ ਬਣਾਉਣ ਲਈ ਮੈਡੀਕਲ ਟੀਮਾਂ, ਮਹਿਮਾਨਾਂ, ਵਲੰਟੀਅਰਾਂ ਅਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਮਨਜੀਤ ਸਿੰਘ ਢੱਟ, ਜਸਕੀਰਤ ਤੂਰ, ਮੁਕੇਸ਼ ਕਾਂਤ, ਨਵੀਨ ਢਿੱਲੋਂ, ਪੱਬੀ, ਗੁਰਪ੍ਰੀਤ, ਮਨਦੀਪ, ਹਰਜਿੰਦਰ ਗੋਗਨਾ, ਪ੍ਰਦੀਪ ਧੀਮਾਨ, ਨੰਦ ਸੋਨੀ ਅਤੇ ਰਮਨ ਨਹਿਰਾ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।



## ਮੁੱਖ ਚੋਣ ਅਧਿਕਾਰੀ ਵੱਲੋਂ ਈ ਵੀ ਐੱਮ/ਵੀ ਵੀ ਪੈਟ ਮਸ਼ੀਨਾਂ ਦੇ ਵੇਅਰਹਾਊਸ ਦਾ ਨਿਰੀਖਣ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਮੁੱਖ ਚੋਣ ਅਧਿਕਾਰੀ, ਪੰਜਾਬ ਅਨਿੰਦਿਤਾ ਮਿੱਤਰਾ ਵੱਲੋਂ ਜਲੰਧਰ ਵਿਖੇ ਈ ਵੀ ਐੱਮ/ਵੀ ਵੀ ਪੈਟ ਮਸ਼ੀਨਾਂ ਦੇ ਵੇਅਰਹਾਊਸ ਦਾ ਤਿਮਾਹੀ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਤੇ ਜੁਆਇੰਟ ਸੀ ਈ ਓ ਨਵਨੀਤ ਕੌਰ ਬੱਲ ਵੀ ਮੌਜੂਦ ਸਨ। ਮੁੱਖ ਚੋਣ ਅਧਿਕਾਰੀ ਨੇ ਚੋਣ ਅਧਿਕਾਰੀਆਂ ਅਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਥਿਤ ਜ਼ਿਲ੍ਹਾ ਪੱਧਰੀ ਵੇਅਰਹਾਊਸ ਵਿੱਚ ਅੰਦਰ ਜਾ ਕੇ ਈ ਵੀ ਐੱਮ/ਵੀ ਵੀ ਪੈਟ ਦੀ ਸੁਰੱਖਿਆ, ਰੱਖ-ਰਖਾਅ ਅਤੇ ਸਟੋਰੇਜ ਦੀਆਂ ਸਥਿਤੀਆਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਸਟੋਰ ਕੀਤੀਆਂ ਵੋਟਿੰਗ ਮਸ਼ੀਨਾਂ ਦੀ ਸੁਰੱਖਿਆ ਲਈ ਲਗਾਏ ਸੀ ਸੀ ਟੀ ਵੀ ਕੈਮਰਿਆਂ, ਅੱਗ ਬੁਝਾਊ ਯੰਤਰਾਂ ਤੇ ਹੋਰ ਸੁਰੱਖਿਆ ਪ੍ਰਬੰਧਾਂ ਦੀ ਵੀ ਜਾਂਚ ਕੀਤੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਏ ਡੀ ਸੀ ਪੀ ਸੁਖਵਿੰਦਰ ਸਿੰਘ, ਚੋਣ ਤਹਿਸੀਲਦਾਰ ਸੁਖਦੇਵ ਸਿੰਘ ਅਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦੇ ਮੌਜੂਦ ਸਨ।ਉਪਰੰਤ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿੱਤਰਾ ਨੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਅਤੇ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਮੀਟਿੰਗ ਕਰਦਿਆਂ ਜ਼ਿਲ੍ਹੇ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਦਾ ਜਾਇਜ਼ਾ ਲਿਆ।ਉਨ੍ਹਾਂ ਐੱਸ ਆਈ ਆਰ ਪ੍ਰਕਿਰਿਆ ਤਹਿਤ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜ਼ੇਸ਼ਨ, ਜੋ ਕਿ 24 ਜੁਲਾਈ ਤੱਕ ਮੁਕੰਮਲ ਕੀਤੀ ਜਾਣੀ ਹੈ, ਨੂੰ ਸਮੇਂ ਸਿਰ ਅਤੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ।



## ਲੋੜਵੰਦ ਵਿਅਕਤੀਆਂ ਨੂੰ ਦੰਦਾਂ ਦੇ ਡੈਂਚਰ ਦਿੱਤੇ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਡੇਰਾ ਲੋਹ ਲੰਗਰ ਗੁਰਦੁਆਰਾ ਸੁਸਾਇਟੀ ਪਿੰਡ ਨੰਗਲ ਖੁਰਦ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਦੰਦਾਂ ਦੇ ਡੈਂਚਰ ਵੰਡੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਵਿਕਰਮਜੀਤ ਸਿੰਘ ਜੀ ਨੇ ਦੱਸਿਆ ਕਿ ਡੇਰਾ ਬਿਸ਼ਨਪੁਰੀ ਨੰਗਲ ਖੁਰਦ ਵਿਖੇ ਹਰ ਸ਼ਨੀਵਾਰ ਨੂੰ ਸ਼ਾਮ 3 ਤੋਂ 5 ਵਜੇ ਤੱਕ ਡਾਕਟਰ ਵਰੁਨ ਸਹੋਤਾ ਅਤੇ ਡਾਕਟਰ ਪਰਮਿੰਦਰ ਕੌਰ ਵਿਸ਼ੇਸ਼ ਤੌਰ ਤੇ ਪਹੁੰਚਦੇ ਹਨ। ਇਸ ਮੌਕੇ ਮਰੀਜ਼ਾਂ ਦੀਆ ਦੰਦਾਂ, ਸਕਿਨ ਅਤੇ ਹੋਰ ਬਿਮਾਰੀਆਂ ਦਾ ਚੈੱਕ ਕਰਕੇ ਮੁਫਤ ਦਵਾਈ ਦਿਤੀ ਜਾਂਦੀ ਹੈ। ਸੰਤ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਪਿੰਡ ਨੰਗਲ ਖੁਰਦ ਵਿਖੇ ਇੱਕ ਨਵਾਂ ਹਸਪਤਾਲ ਉਸਾਰਿਆ ਜਾ ਰਿਹਾ ਹੈ ਜਿਸ ਦਾ ਪਿਛਲੇ ਦਿਨੀ ਨੀਹ ਪੱਥਰ ਰੱਖਿਆ ਗਿਆ। ਹਸਪਤਾਲ ਦਾ ਕੰਮ ਜੋਰਾਂ ਤੇ ਚੱਲ ਰਿਹਾ ਹੈ। ਹਸਪਤਾਲ ਦੇ ਬਣਨ ਨਾਲ ਇਲਾਕੇ ਨੂੰ ਭਰਪੂਰ ਫਾਇਦਾ ਹੋਵੇਗਾ। ਉਹਨਾਂ ਦੱਸਿਆ ਕਿ ਸੁਸਾਇਟੀ ਦੇ ਮੈਂਬਰ ਸੁਸਾਇਟੀ ਦੇ ਕੰਮ ਕਾਰ ਨੂੰ ਹੋਰ ਵੀ ਉਸਾਰੂ ਢੰਗ ਨਾਲ ਚਲਾਉਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰਦੇ ਰਹਿੰਦੇ ਹਨ।



## ਝਾਮਪੁਰ 'ਚ ਛੱਪੜ ਦੇ ਓਵਰਫਲੋਅ ਦੀ ਨਿਕਾਸੀ ਲਈ ਪਾਈਪ ਲਾਈਨ ਦੇ ਕੰਮ ਦੀ ਸ਼ੁਰੂਆਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਚਲਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਪਿੰਡ ਝਾਮਪੁਰ ਵਿਖੇ ਛੱਪੜ ਦੇ ਓਵਰਫਲੋ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਵਿਧਾਇਕ ਕੁਲਵੰਤ ਸਿੰਘ ਵੱਲੋਂ ਕਰਵਾਈ ਗਈ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਬਰਸਾਤਾਂ ਦੌਰਾਨ ਛੱਪੜ ਦੇ ਭਰ ਜਾਣ ਕਾਰਨ ਪਾਣੀ ਖੇਤਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਦਾਖਲ ਹੋ ਜਾਂਦਾ ਸੀ, ਜਿਸ ਨਾਲ ਪਿੰਡ ਵਾਸੀਆਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਸਮੱਸਿਆ ਦੇ ਸਥਾਈ ਹੱਲ ਲਈ 1900 ਫੁੱਟ ਲੰਬੀ ਅਤੇ 18 ਇੰਚ ਵਿਆਸ ਵਾਲੀ ਪਾਈਪ ਲਾਈਨ ਵਿਛਾਈ ਜਾ ਰਹੀ ਹੈ, ਜਿਸ 'ਤੇ ਕਰੀਬ 16 ਲੱਖ ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਪਿੰਡ ਵਿੱਚ ਗੰਦੇ ਪਾਣੀ ਦੀ ਨਿਕਾਸੀ ਸਬੰਧੀ ਕੰਮ ਵੀ ਜਾਰੀ ਹੈ ਅਤੇ ਗਲੀਆਂ-ਨਾਲੀਆਂ ਦੇ ਵਿਕਾਸ ਲਈ ਜਲਦ ਹੀ ਕਰੀਬ 10 ਲੱਖ ਰੁਪਏ ਦੀ ਗ੍ਰਾਂਟ ਪੰਚਾਇਤ ਨੂੰ ਜਾਰੀ ਕੀਤੀ ਜਾਵੇਗੀ। ਇਸ ਮੌਕੇ ਹਰਪ੍ਰੀਤ ਕੌਰ, ਮਲਕੀਤ ਸਿੰਘ, ਅਵਤਾਰ ਸਿੰਘ, ਧਨਵੰਤ ਸਿੰਘ ਰੰਧਾਵਾ (ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ), ਆਰ.ਪੀ. ਸ਼ਰਮਾ (ਸੀਨੀਅਰ ਡਿਪਟੀ ਮੇਅਰ), ਹਰਪਾਲ ਸਿੰਘ ਚੰਨਾ (ਡਿਪਟੀ ਮੇਅਰ), ਕੌਂਸਲਰ ਗੁਰਮੀਤ ਕੌਰ, ਰਣਜੀਤ ਕੌਰ, ਲਾਡੀ, ਕੁਲਵਿੰਦਰ ਸਿੰਘ, ਹਮੀਦ ਨੇਹਾ, ਬਜਾਜ ਅਤੇ ਗ੍ਰਾਮ ਪੰਚਾਇਤ ਦੇ ਮੈਂਬਰਾਂ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।



## ਸਟੇਟ ਬੈਂਕ ਆਫ ਇੰਡੀਆ ਦੇ ਸਥਾਪਨਾ ਦਿਵਸ ਮੌਕੇ ਜਸਵੀਰ ਕੌਰ ਸਨਮਾਨਤ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)** -ਸਟੇਟ ਬੈਂਕ ਆਫ ਇੰਡੀਆ ਦੇ ਸਥਾਪਨਾ ਦਿਵਸ ਮੌਕੇ ਸੇਵਾਮੁਕਤ ਟੀਚਰਜ਼ ਵੈਲਫੇਅਰ ਐਸੋਸੀਏਸ਼ਨ ਫਗਵਾੜਾ ਵੱਲੋਂ ਬੈਂਕ ਅਧਿਕਾਰੀ ਜਸਵੀਰ ਕੌਰ ਨੂੰ ਪੈਨਸ਼ਨਧਾਰਕ ਸੇਵਾਮੁਕਤ ਕਰਮਚਾਰੀਆਂ ਪ੍ਰਤੀ ਉਨ੍ਹਾਂ ਵੱਲੋਂ ਦਿੱਤੀਆਂ ਜਾ ਰਹੀਆਂ ਸ਼ਾਨਦਾਰ ਅਤੇ ਸਮਰਪਿਤ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਐਸੋਸੀਏਸ਼ਨ ਸਰਪ੍ਰਸਤ ਗੁਰਸ਼ਰਨ ਸਿੰਘ ਅਤੇ ਪ੍ਰਧਾਨ ਹਰਜਿੰਦਰ ਗੋਗਨਾ ਨੇ ਸਭ ਤੋਂ ਪਹਿਲਾਂ ਬੈਂਕ ਦੇ ਕਰਮਚਾਰੀਆਂ ਨੂੰ ਬੈਂਕ ਦੇ ਸਥਾਪਨਾ ਦਿਵਸ ਦੀ ਵਧਾਈ ਦਿੱਤੀ ਅਤੇ ਸਨਮਾਨ ਪ੍ਰਕਿਰਿਆ ਸ਼ੁਰੂ ਕਰਦਿਆਂ ਕਿਹਾ ਕਿ ਜਸਵੀਰ ਕੌਰ ਹਮੇਸ਼ਾ ਪੈਨਸ਼ਨਧਾਰਕਾਂ ਦੀਆਂ ਬੈਂਕਿੰਗ ਸਮੱਸਿਆਵਾਂ ਦੇ ਹੱਲ ਲਈ ਸਹਿਯੋਗੀ ਰਵੱਈਆ ਅਪਣਾਉਂਦੇ ਹੋਏ ਉਨ੍ਹਾਂ ਨੂੰ ਸੁਚੱਜੀਆਂ ਅਤੇ ਤੁਰੰਤ ਸੇਵਾਵਾਂ ਪ੍ਰਦਾਨ ਕਰਦੇ ਹਨ। ਜਨਰਲ ਸਕੱਤਰ ਗੁਰਮੀਤ ਸਿੰਘ ਨੇ ਕਿਹਾ ਕਿ ਜਸਵੀਰ ਕੌਰ ਦੀ ਸੇਵਾ ਭਾਵਨਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਹੋਰਨਾਂ ਲਈ ਵੀ ਪ੍ਰੇਰਨਾਦਾਇਕ ਹੈ। ਬੈਂਕ ਮੈਨੇਜਰ ਅਨਿਲ ਕੁਮਾਰ ਨੇ ਸਮੂਹ ਐਸੋਸੀਏਸ਼ਨ ਮੈਂਬਰਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਸ ਸਨਮਾਨ ਨਾਲ ਸਮੂਹ ਕਰਮਚਾਰੀਆਂ ਦੇ ਹੌਸਲੇ ਨੂੰ ਆਯਾਮ ਮਿਲਿਆ ਹੈ ਅਤੇ ਹੋਰ ਸੇਵਾ ਭਾਵਨਾ ਨਾਲ ਕੰਮ ਕਰਨ ਦੀ ਊਰਜਾ ਪ੍ਰਾਪਤ ਵੀ ਮਿਲੀ ਹੈ।ਸਨਮਾਨਤ ਬੈਂਕ ਕਰਮਚਾਰੀ ਜਸਵੀਰ ਕੌਰ ਨੇ ਸਨਮਾਨ ਲਈ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੈਨਸ਼ਨ ਧਾਰਕਾਂ ਵਿੱਚ ਆਪਣੇ ਪਰਵਾਰਕ ਮੈਂਬਰਾਂ ਦਾ ਅਕਸ ਮਹਿਸੂਸ ਹੁੰਦਾ ਹੈ ਅਤੇ ਕੰਮ ਹੋਣ ਤੋਂ ਬਾਅਦ ਉਨ੍ਹਾਂ ਵਲੋਂ ਦਿੱਤੀ ਅਸੀਸ ਆਤਮਿਕ ਸ਼ਾਂਤੀ ਪ੍ਰਦਾਨ ਕਰਦੀ ਹੈ। ਪ੍ਰੋਜੈਕਟ ਡਾਇਰੈਕਟਰ ਨਰੇਸ਼ ਕੋਹਲੀ, ਦੇਸ ਰਾਜ, ਨੰਦ ਕਿਸ਼ੋਰ ਸ਼ਰਮਾ, ਪਿਆਰਾ ਸਿੰਘ, ਰਾਹੁਲ ਕੁਮਾਰ, ਕੈਸ਼ੀਅਰ ਲੈਕਚਰਾਰ ਸੀਮਾ ਖੁਰਾਣਾ, ਬਲਬੀਰ ਸਿੰਘ ਅਤੇ ਗੁਰਮੀਤ ਨੇ ਜਸਵੀਰ ਕੌਰ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।



## ਬਸਪਾ ਵੱਲੋਂ ਰੋਸ ਪ੍ਰਦਰਸ਼ਨ ਅੱਜ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਿੱਖਿਆ ਵਿਭਾਗ ਦੇ ਭਰਤੀ ਬੋਰਡ ਵਲੋਂ ਲੈਕਚਰਾਰਾਂ ਦੀਆਂ ਆਸਾਮੀਆਂ ਵਿਚ ਅਨੁਸੂਚਿਤ ਜਾਤੀਆਂ ਅਤੇ ਪਛੜੇ ਵਰਗਾਂ ਦਾ ਰਾਖਵਾਂਕਰਨ ਬਿਲਕੁੱਲ ਖਤਮ ਕਰ ਦਿੱਤਾ ਗਿਆ ਹੈ ਜੋ ਸਿੱਧੇ ਤੌਰ 'ਤੇ ਸੰਵਿਧਾਨ ਦੀ ਉਲੰਘਣਾ ਹੈ। ਇਸ ਮਸਲੇ ਨੂੰ ਸੰਜੀਦਗੀ ਨਾਲ ਲੈਂਦੇ ਹੋਏ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਪੰਜਾਬ ਸੰਭਾਲੋ ਮੁਹਿੰਮ ਤਹਿਤ 3 ਜੁਲਾਈ ਨੂੰ ਸੂਬਾ ਭਰ ਵਿੱਚ ਜ਼ਿਲ੍ਹਾ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਡਿਪਟੀ ਕਮਿਸ਼ਨਰਾਂ ਨੂੰ ਰਾਜਪਾਲ ਪੰਜਾਬ ਦੇ ਨਾਂ 'ਤੇ ਮੈਮੋਰੰਡਮ ਦਿੱਤੇ ਜਾਣਗੇ।ਜ਼ਿਲ੍ਹਾ ਪ੍ਰਧਾਨ ਬਸਪਾ ਮੋਹਾਲੀ ਦੇ ਪ੍ਰਧਾਨ ਹਰਕਾਦਾਸ ਨੇ ਪੜ੍ਹੇ-ਲਿਖੇ ਅਗਾਂਹਵਧੂ ਨੌਜਵਾਨਾਂ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਰੋਸ ਪ੍ਰਦਰਸ਼ਨ ਵਿੱਚ ਪਹੁੰਚਣ।



## ਮਹਾਰਾਣਾ ਪ੍ਰਤਾਪ ਚੌਂਕ ਬਣਿਆ ਮੀਟ ਮੱਛੀ ਮਾਰਕਿਟ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ਼ਹਿਰ ਦੇ ਵਾਰਡ ਨੰਬਰ 14 ਵਿੱਚ ਸਥਿੱਤ ਮਹਾਰਾਣਾ ਪ੍ਰਤਾਪ ਚੌਕ ਪਿਛਲੇ ਕਾਫ਼ੀ ਸਮੇਂ ਤੋਂ ਮੀਟ ਮੱਛੀ ਮਾਰਕਿਟ ਵਿੱਚ ਤਬਦੀਲ ਹੁੰਦਾ ਜਾ ਰਿਹਾ ਹੈ। ਸ਼ਾਮ ਸਮੇਂ ਇਸ ਚੌਕ ਦੇ ਨਜ਼ਦੀਕ ਅਨਾਜ ਮੰਡੀ (ਮਾਰਕਿਟ ਕਮੇਟੀ) ਦੀ ਚਾਰ ਦੀਵਾਰੀ ਦੇ ਨਾਲ ਪ੍ਰਵਾਸੀਆਂ ਵੱਲੋਂ ਨਾਜਾਇਜ਼ ਤੌਰ 'ਤੇ ਰੇਹੜੀਆਂ ਲਗਾ ਕੇ ਸ਼ਰੇਆਮ ਮੀਟ ਮੱਛੀ ਵੇਚੀ ਜਾ ਰਹੀ ਹੈ ਪ੍ਰੰਤੂ ਹੈਰਾਨੀ ਦੀ ਗੱਲ ਹੈ ਕਿ ਮੀਟ ਮੱਛੀ ਦੀਆਂ ਰੇਹੜੀਆਂ ਦੀ ਆੜ ਵਿੱਚ ਕੀਤੇ ਜਾ ਰਹੇ ਇਸ ਨਾਜਾਇਜ਼ ਕਬਜ਼ੇ ਵੱਲ ਅੱਜ ਤੱਕ ਕਿਸੇ ਵੀ ਸਰਕਾਰੀ ਅਧਿਕਾਰੀ ਦਾ ਧਿਆਨ ਨਹੀਂ ਗਿਆ, ਜਦਕਿ ਇਹ ਕਾਰੋਬਾਰ ਸ਼ਰੇਆਮ ਸੜਕ ਦੇ ਕਿਨਾਰੇ ਚੱਲ ਰਿਹਾ ਹੈ। ਜ਼ਿਕਰਯੋਗ ਹੈ ਕਿ ਇਹ ਮਾਰਗ ਇਤਿਹਾਸਕ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਸ੍ਰੀ ਚਮਕੌਰ ਸਾਹਿਬ, ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਨੂੰ ਜਾਣ ਵਾਲੀ ਸੰਗਤ ਲਈ ਪ੍ਰਮੁੱਖ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਮੀਟ ਮੱਛੀ ਦੀਆਂ ਰੇਹੜੀਆਂ ਸਥਾਨਕ ਲੋਕਾਂ ਲਈ ਵੱਡੀ ਸਿਰਦਰਦੀ ਬਣਦੀਆਂ ਜਾ ਰਹੀਆਂ ਹਨ। ਇਥੋਂ ਦੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਸਰਪ੍ਰਸਤ ਕੁਲਵੀਰ ਸਿੰਘ ਸੋਨੂੰ ਨੇ ਕਿਹਾ ਕਿ ਇਹ ਮਾਮਲਾ ਕਿਸੇ ਦੇ ਰੋਜ਼ਗਾਰ ਦਾ ਵਿਰੋਧ ਨਹੀਂ, ਸਗੋਂ ਸ਼ਹਿਰ ਦੀ ਸਫ਼ਾਈ, ਟ੍ਰੈਫਿਕ ਪ੍ਰਬੰਧ ਤੇ ਇਤਿਹਾਸਕ-ਧਾਰਮਿਕ ਮਰਿਆਦਾ ਨੂੰ ਬਰਕਰਾਰ ਰੱਖਣ ਦਾ ਹੈ। ਉਨ੍ਹਾਂ ਕਿਹਾ ਕਿ ਜਿੱਥੋਂ ਹਰ ਰੋਜ਼ ਹਜ਼ਾਰਾਂ ਸ਼ਰਧਾਲੂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਨਮਨ ਕਰਨ ਲਈ ਲੰਘਦੇ ਹਨ, ਉੱਥੇ ਸੜਕ ਕਿਨਾਰੇ ਮੀਟ-ਮੱਛੀ ਦੀ ਖੁੱਲ੍ਹੀ ਵਿਕਰੀ ਅਤੇ ਉਸ ਨਾਲ ਪੈਦਾ ਹੋ ਰਹੀ ਗੰਦਗੀ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ। ਜਦੋਂ ਇਸ ਸਬੰਧੀ ਸਥਾਨਕ ਵਾਰਡ ਦੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਅੱਜ ਹੀ ਮੇਰੇ ਧਿਆਨ ਵਿੱਚ ਆਇਆ ਹੈ, ਮੈਂ ਖੁਦ ਜਾ ਕੇ ਮੀਟ ਮੱਛੀ ਦੀਆਂ ਰੇਹੜੀਆਂ ਲਗਾਉਣ ਵਾਲਿਆਂ ਨੂੰ ਚੇਤਾਵਨੀ ਦੇ ਕੇ ਰੋਕ ਆਇਆਂ ਹਾਂ ਅਤੇ ਨਗਰ ਕੌਂਸਲ ਮੋਰਿੰਡਾ ਦੇ ਕਾਰਜ ਸਾਧਕ ਅਫਸਰ ਨੂੰ ਵੀ ਇਸ ਸਬੰਧੀ ਜਾਣੂ ਕਰਵਾਇਆ ਜਾਵੇਗਾ ਤਾਂ ਜੋ ਜੇਕਰ ਭਵਿੱਖ ਵਿੱਚ ਉਕਤ ਪ੍ਰਵਾਸੀ ਜਾਂ ਕੋਈ ਹੋਰ ਵਿਅਕਤੀ ਏਸ ਥਾਂ 'ਤੇ ਮੀਟ ਮੱਛੀ ਵੇਚਣ ਦਾ ਧੰਦਾ ਕਰਦਾ ਹੈ ਉਸ 'ਤੇ ਬਣਦੀ ਕਾਰਵਾਈ ਕੀਤੀ ਜਾਵੇ।



## ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕੀਤੀ ਲੋਕ ਮਿਲਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਕਾਹਲਵਾਂ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਪਿੰਡ ਵਾਸੀਆਂ ਦੀਆਂ ਜਿੱਥੇ ਮੁਸ਼ਕਿਲਾਂ ਸੁਣੀਆਂ ਉੱਥੇ ਨਾਲ ਹੀ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ ਚੈੱਕ ਵੀ ਭੇਟ ਕੀਤਾ। ਇਸ ਮੌਕੇ ਪੰਚਾਇਤ ਮੈਂਬਰਾਂ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਵੀ ਕੀਤੀ ਗਈ। ਇਸ ਸਮੇਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਲੋਕਾਂ ਵੱਲੋਂ ਮਿਲੇ ਪਿਆਰ, ਵਿਸ਼ਵਾਸ ਅਤੇ ਸਹਿਯੋਗ ਲਈ ਮੈਂ ਸਮੂਹ ਪਿੰਡ ਵਾਸੀਆਂ ਦਾ ਦਿਲੋਂ ਧੰਨਵਾਦ ਕਰਦਾ ਹਾਂ। ਉਨ੍ਹਾਂ ਅੱਗੇ ਕਿਹਾ ਕਿ ਪਿੰਡ ਦੇ ਵਿਕਾਸ ਕਾਰਜਾਂ ਨੂੰ ਹੋਰ ਰਫ਼ਤਾਰ ਦੇਣ ਲਈ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ ਪੈਸੇ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ ਇਹ ਰਾਸ਼ੀ ਪਿੰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ, ਗਲੀਆਂ-ਨਾਲੀਆਂ, ਸਫ਼ਾਈ ਪ੍ਰਬੰਧ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਅਤੇ ਹੋਰ ਲੋੜੀਂਦੇ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਜਾਵੇਗੀ, ਤਾਂ ਜੋ ਹਰ ਪਿੰਡ ਵਾਸੀ ਨੂੰ ਬਿਹਤਰ ਜੀਵਨ ਸਹੂਲਤਾਂ ਮਿਲ ਸਕਣ। ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ 'ਲੋਕ ਮਿਲਣੀ' ਵਰਗੇ ਪ੍ਰੋਗਰਾਮਾਂ ਦਾ ਮਕਸਦ ਲੋਕਾਂ ਅਤੇ ਸਰਕਾਰ ਦਰਮਿਆਨ ਦੂਰੀਆਂ ਨੂੰ ਖ਼ਤਮ ਕਰਨਾ ਹੈ, ਇਨ੍ਹਾਂ ਪ੍ਰੋਗਰਾਮਾਂ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਮੌਕੇ ਇੰਦਰਜੀਤ ਕੌਰ ਸਰਪੰਚ, ਮਨਪ੍ਰੀਤ ਸਿੰਘ ਪੰਚ, ਗੁਰਨਾਮ ਸਿੰਘ ਪੰਚ, ਸੁਖਵਿੰਦਰਪਾਲ ਸਿੰਘ ਪੰਚ, ਪ੍ਰੀਤਮ ਕੌਰ ਪੰਚ, ਸਰਬਜੀਤ ਕੌਰ ਪੰਚ, ਕੈਪਟਨ ਹਰਤੇਕ ਸਿੰਘ, ਗੁਰਮੁਖ ਸਿੰਘ ਸਾਬੀ, ਇਕਬਾਲ ਸਿੰਘ ਨੰਬਰਦਾਰ, ਕਾਬਲ ਸਿੰਘ ਨੰਬਰਦਾਰ, ਸਤਨਾਮ ਸਿੰਘ ਫ਼ੌਜੀ, ਧਰਮਿੰਦਰ ਸਿੰਘ ਫ਼ੌਜੀ, ਗੁਰਪਿੰਦਰਜੀਤ ਸਿੰਘ, ਸਤਿੰਦਰਜੀਤ ਸਿੰਘ, ਗੁਰਦੇਵ ਸਿੰਘ, ਗੁਰਦੀਪ ਸਿੰਘ ਫ਼ੌਜੀ, ਹਰਜਿੰਦਰ ਕੌਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।



## ਭਾਈ ਜੈਤਾ ਜੀ ਹਸਪਤਾਲ 'ਚ ਜਾਗਰੂਕਤਾ ਪ੍ਰੋਗਰਾਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਰਾਸ਼ਟਰੀ ਡਾਕਟਰ ਦਿਵਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਦੇ ਸਥਾਨਕ ਭਾਈ ਜੈਤਾ ਜੀ ਸਰਕਾਰੀ ਹਸਪਤਾਲ ਵਿਖੇ ਯੰਗ ਡਾਕਟਰ ਫਾਰ ਸੁਸਾਇਟੀ ਵੱਲੋਂ ਵਿਸ਼ੇਸ਼ ਸਿਹਤ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸਿਹਤ ਸੰਬੰਧੀ ਜਾਗਰੂਕਤਾ ਪੈਦਾ ਕਰਨਾ, ਵੱਖ ਵੱਖ ਬਿਮਾਰੀਆਂ ਤੋਂ ਬਚਾਅ ਦੇ ਤਰੀਕੇ ਸਮਝਾਉਣਾ ਅਤੇ ਮਰੀਜ਼ਾਂ ਨੂੰ ਸਹੀ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਹਸਪਤਾਲ ਵਿੱਚ ਇਲਾਜ ਲਈ ਆਏ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਇਸ ਪ੍ਰੋਗਰਾਮ ਵਿੱਚ ਭਾਗ ਲੈ ਕੇ ਸਿਹਤ ਸੰਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਯੰਗ ਡਾਕਟਰ ਫਾਰ ਸੁਸਾਇਟੀ ਦੇ ਪ੍ਰਧਾਨ ਅਤੇ ਸੀਨੀਅਰ ਡਾਕਟਰ ਰਣਬੀਰ ਸਿੰਘ ਨੇ ਇਸ ਮੌਕੇ ਤੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਗੈਰ ਸੰਚਾਰੀ ਬਿਮਾਰੀਆਂ ਤੇਜ਼ੀ ਨਾਲ ਵਧ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬਲੱਡ ਪ੍ਰੈਸ਼ਰ, ਸ਼ੂਗਰ, ਦਿਲ ਦੇ ਰੋਗ ਅਤੇ ਮੋਟਾਪਾ ਵਰਗੀਆਂ ਬਿਮਾਰੀਆਂ ਦਾ ਮੁੱਖ ਕਾਰਨ ਗਲਤ ਖੁਰਾਕ, ਕਸਰਤ ਦੀ ਘਾਟ, ਤਣਾਅ ਅਤੇ ਅਨਿਯਮਿਤ ਜੀਵਨ ਸ਼ੈਲੀ ਹੈ। ਡਾਕਟਰ ਰਣਬੀਰ ਸਿੰਘ ਨੇ ਉੱਚ ਬਲੱਡ ਪ੍ਰੈਸ਼ਰ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਇੱਕ ਖਾਮੋਸ਼ ਬਿਮਾਰੀ ਹੈ ਜੋ ਅਕਸਰ ਸ਼ੁਰੂਆਤ ਵਿੱਚ ਪਤਾ ਨਹੀਂ ਲੱਗਦੀ ਪਰ ਸਮੇਂ ਸਿਰ ਜਾਂਚ ਨਾ ਹੋਣ ਕਾਰਨ ਗੰਭੀਰ ਰੂਪ ਧਾਰਨ ਕਰ ਸਕਦੀ ਹੈ।ਇਸ ਮੌਕੇ ਹਸਪਤਾਲ ਵਿੱਚ ਕਈ ਪ੍ਰਮੁੱਖ ਡਾਕਟਰ ਵੀ ਹਾਜ਼ਰ ਸਨ, ਜਿਨ੍ਹਾਂ ਵਿੱਚ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਿੰਦਰ ਸਿੰਘ, ਡਾਕਟਰ ਰਣਬੀਰ ਸਿੰਘ, ਡਾਕਟਰ ਅਮਰਿੰਦਰ ਸਿੰਘ, ਡਾਕਟਰ ਕਨਵਰਪ੍ਰੀਤ ਸਿੰਘ ਤੇ ਡਾਕਟਰ ਮੁਨੀਸ਼ ਕੁਮਾਰ ਸ਼ਾਮਲ ਸਨ। ਇਨ੍ਹਾਂ ਸਭ ਨੇ ਮਿਲ ਕੇ ਮਰੀਜ਼ਾਂ ਨੂੰ ਸਿਹਤ ਸੰਬੰਧੀ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ।



## ਕਾਂਗਰਸ ਦੇ ਮਨੀ ਫਰਵਾਹਾ ਤੇ 'ਆਪ' ਦੇ ਅਜੇ ਚੌਹਾਨ ਚੋਣ ਮੈਦਾਨ 'ਚ ਨਿੱਤਰੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਗਰ ਨਿਗਮ ਹੁਸ਼ਿਆਰਪੁਰ ਦੀਆਂ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਚੁੱਕਾ ਹੈ। ਇਸ ਵਾਰ ਵਾਰਡ ਨੰਬਰ 26 ਦੇ ਵੋਟਰਾਂ ਦਾ ਮੂਡ ਪੂਰੀ ਤਰ੍ਹਾਂ ਬਦਲਿਆ ਹੋਇਆ ਨਜ਼ਰ ਆ ਰਿਹਾ ਹੈ। ਵਾਰਡ ਦੇ ਵੋਟਰਾਂ ਨੇ ਇਸ ਵਾਰ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਨੂੰ ਬਾਹਰ ਦਾ ਰਸਤਾ ਦਿਖਾਉਣ ਦਾ ਪੂਰਾ ਮਨ ਬਣਾ ਲਿਆ ਹੈ ਤੇ ਵਾਰਡ ਵਿੱਚ ਬਦਲਾਅ ਦੀ ਲਹਿਰ ਸਾਫ਼ ਦੇਖਣ ਨੂੰ ਮਿਲ ਰਹੀ ਹੈ। ਇਸ ਵਾਰ ਵਾਰਡ ਨੰਬਰ 26 ਦੇ ਚੋਣ ਮੈਦਾਨ ਵਿੱਚ ਦੋ ਬਿਲਕੁਲ ਨਵੇਂ ਚਿਹਰੇ ਆਉਣ ਨਾਲ ਮੁਕਾਬਲਾ ਬੇਹੱਦ ਦਿਲਚਸਪ ਹੋ ਗਿਆ ਹੈ, ਜਿਨ੍ਹਾਂ ਤੋਂ ਵਾਰਡ ਨਿਵਾਸੀਆਂ ਨੂੰ ਵਿਕਾਸ ਦੀਆਂ ਬਹੁਤ ਆਸਾਂ ਅਤੇ ਉਮੀਦਾਂ ਹਨ। ਵਾਰਡ ਨੰਬਰ 26 ਤੋਂ ਰਵਾਇਤੀ ਪਾਰਟੀਆਂ ਵੱਲੋਂ ਨਵੇਂ ਚਿਹਰਿਆਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਕਾਂਗਰਸ ਪਾਰਟੀ ਵੱਲੋਂ ਮਨੀ ਫਰਵਾਹਾ ਅਤੇ ਆਮ ਆਦਮੀ ਪਾਰਟੀ ਵੱਲੋਂ ਅਜੇ ਕੁਮਾਰ ਚੌਹਾਨ ਨੂੰ ਉਮੀਦਵਾਰ ਬਣਾਇਆ ਗਿਆ ਹੈ। ਇਹ ਦੋਵੇਂ ਹੀ ਆਗੂ ਨਵੇਂ ਅਤੇ ਉਤਸ਼ਾਹੀ ਚਿਹਰੇ ਹਨ, ਜਿਸ ਕਾਰਨ ਵਾਰਡ ਦੇ ਵੋਟਰ ਇਸ ਵਾਰ ਕਿਸੇ ਨਵੇਂ ਚਿਹਰੇ ਨੂੰ ਚੁਣ ਕੇ ਵਾਰਡ ਦੀ ਨੁਮਾਇੰਦਗੀ ਸੌਂਪਣ ਲਈ ਪੂਰੀ ਤਰ੍ਹਾਂ ਕਾਹਲੇ (ਉਤਸੁਕ) ਦਿਖਾਈ ਦੇ ਰਹੇ ਹਨ।ਵਾਰਡ ਦੇ ਵੋਟਰਾਂ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਭਾਜਪਾ ਨੂੰ ਪੂਰੇ ਪੰਜਾਬ ਦੇ ਲੋਕਾਂ ਨੇ ਮੁੱਢੋਂ ਹੀ ਨਕਾਰਿਆ ਹੋਇਆ ਹੈ। ਕਿਸਾਨ ਅੰਦੋਲਨ ਤੇ ਪੰਜਾਬ ਵਿਰੋਧੀ ਨੀਤੀਆਂ ਕਾਰਨ ਲੋਕਾਂ ਦੇ ਮਨਾਂ ਵਿੱਚ ਭਾਜਪਾ ਪ੍ਰਤੀ ਭਾਰੀ ਰੋਸ ਹੈ।

## ਸੀਟੀ ਗਰੁੱਪ ਵੱਲੋਂ ਬਰਡ ਫੀਡਰ ਰਾਹੀਂ ਵਾਤਾਵਰਣ ਸੰਭਾਲ ਦਾ ਸੰਦੇਸ਼

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਪਬਲਿਕ ਸਕੂਲ ਅਤੇ ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵੱਲੋਂ ਵਾਤਾਵਰਨ ਪ੍ਰਤੀ ਜਾਗਰੂਕਤਾ ਵਧਾਉਣ ਲਈ ਇੱਕ ਪ੍ਰਸ਼ੰਸਾਯੋਗ ਪਹਿਲ ਕੀਤੀ ਗਈ। ਇਸ ਮੁਹਿੰਮ ਦੀ ਅਗਵਾਈ ਡਿਪਾਰਟਮੈਂਟ ਆਫ ਸਟੂਡੈਂਟ ਵੈਲਫੇਅਰ ਨੇ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਵਾਤਾਵਰਣ- ਮਿੱਤਰ ਸਮੱਗਰੀ ਦੀ ਵਰਤੋਂ ਕਰਦੇ ਹੋਏ ਬਰਡ ਫੀਡਰ ਮਤਲਬ ਪੰਛੀਆਂ ਦੇ ਪਾਣੀ ਪੀਣ ਵਾਸਤੇ ਪਿਆਲੇ ਤਿਆਰ ਕੀਤੇ ਅਤੇ ਉਨ੍ਹਾਂ ਨੂੰ ਸਕੂਲ ਕੈਂਪਸ ਦੇ ਦਰੱਖਤਾਂ 'ਤੇ ਲਗਾਇਆ, ਤਾਂ ਜੋ ਪੰਛੀਆਂ ਲਈ ਭੋਜਨ ਦੀ ਸਹੂਲਤ ਹੋ ਸਕੇ। ਇਸ ਦੇ ਨਾਲ ਹੀ ਡਿਪਾਰਟਮੈਂਟ ਵੱਲੋਂ ਦਰੱਖਤਾਂ ਦੇ ਨੇੜੇ ਮਿੱਟੀ ਦੇ ਘੜਿਆਂ ਵਿੱਚ ਸਾਫ਼ ਪਾਣੀ ਰੱਖਿਆ ਗਿਆ, ਤਾਂ ਜੋ ਗਰਮੀ ਦੇ ਮੌਸਮ ਵਿੱਚ ਪੰਛੀਆਂ ਨੂੰ ਪਾਣੀ ਮਿਲ ਸਕੇ।ਇਸ ਪਹਿਲ ਨਾਲ ਵਿਦਿਆਰਥੀਆਂ ਨੂੰ ਵਾਤਾਵਰਣ ਅਤੇ ਜੀਵ ਵਿਭਿੰਨਤਾ ਦੀ ਸੰਭਾਲ ਦੇ ਮਹੱਤਵ ਬਾਰੇ ਜਾਣਕਾਰੀ ਮਿਲੀ। ਨਾਲ ਹੀ ਉਨ੍ਹਾਂ ਵਿੱਚ ਪੰਛੀਆਂ ਪ੍ਰਤੀ ਦਇਆ ਅਤੇ ਜ਼ਿੰਮੇਵਾਰੀ ਦੀ ਭਾਵਨਾ ਵੀ ਵਧੀ। ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਬਸਨੇਟ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰ ਨਾਗਰਿਕਤਾ ਨੂੰ ਵਧਾਉਂਦੀਆਂ ਹਨ। ਡਾ. ਅਰਜਨ ਸਿੰਘ, ਡੀਨ ਸਟੂਡੈਂਟ ਵੈਲਫੇਅਰ, ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਕਿਹਾ ਕਿ ਪ੍ਰਕਿਰਤੀ ਲਈ ਛੋਟੇ-ਛੋਟੇ ਕਦਮ ਵੱਡਾ ਬਦਲਾਵ ਲਿਆਉਂਦੇ ਹਨ। ਇਹ ਪਹਿਲ ਸੀਟੀ ਗਰੁੱਪ ਦੀ ਵਾਤਾਵਰਣ ਸੰਭਾਲ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।



## ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਾਨ ਸ਼ਿਵ ਨੂੰ ਸਮਰਪਿਤ ਡੇਰਾ ਬਾਬਾ ਸਮਾਲ ਗੀਰੀ ਸ਼ਿਵ ਮੰਦਰ ਹਰਸੀ ਪਿੰਡ ਦੇ ਗੱਦੀ ਨਸ਼ੀਨ ਸੰਤ ਸੰਜੀਵਾ ਨੰਦ ਸਰਸਵਤੀ ਜੀ ਮਹਾਰਾਜ ਦੀ ਅਗਵਾਈ ਵਿੱਚ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਹਰਸੀ ਵਿਖੇ ਵੱਖ-ਵੱਖ ਪਕਵਾਨਾਂ ਦੇ ਲੰਗਰ ਤੋਂ ਇਲਾਵਾ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਅਤੇ ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਜਨੌੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਨੇ ਆਪਣੀ ਹਾਜ਼ਰੀ ਲਗਵਾਈ।ਲੰਗਰ ਅਤੇ ਸ਼ਬੀਰ ਦੀ ਸ਼ੁਰੂਆਤ ਤੋਂ ਪਹਿਲਾਂ ਸੰਤ ਸੰਜੀਵਾ ਨੰਦ ਜੀ ਮਹਾਰਾਜ ਸਰਸਵਤੀ, ਮਹੰਤ ਚੰਦਰ ਸ਼ੇਖਰ ਦਾਸ ਜੀ ਮਹਾਰਾਜ ਸਕਰਾਲੇ ਵਾਲੇ ਅਤੇ ਮਹੰਤ ਬਜਰੰਗ ਦਾਸ ਜੀ ਮਹਾਰਾਜ ਨੇ ਭਗਵਾਨ ਸ਼ਿਵ ਸ਼ੰਕਰ ਦੀ ਪੂਜਾ ਅਰਚਨਾ ਕਰਨ ਉਪਰੰਤ ਸਰਬਤ ਦੇ ਭਲੇ ਲਈ ਅਰਦਾਸ ਕੀਤੀ। ਇਸ ਅਰਦਾਸ ਵਿੱਚ ਬਲਵਿੰਦਰ ਸਿੰਘ, ਦੀਪਕ ਕੁਮਾਰ, ਰਾਹੁਲ ਕੁਮਾਰ, ਜਸਪ੍ਰੀਤ ਸਿੰਘ, ਦਲਬੀਰ ਸਿੰਘ, ਦਲਜੀਤ ਸਿੰਘ, ਹਰਜੋਤ ਸਿੰਘ, ਹਰ ਕਮਲ, ਹਰਭਜਨ ਸਿੰਘ, ਮੁਕੇਸ਼ ਕੁਮਾਰ, ਜਸਬੀਰ ਸਿੰਘ, ਚੰਦਰ ਸ਼ੇਖਰ, ਰਵਿੰਦਰ ਸਿੰਘ, ਮਨਜਿੰਦਰ ਮਨੀ ਅਤੇ ਬੱਬੂ ਕੰਗ ਤੋਂ ਇਲਾਵਾ ਹੋਰ ਸੰਗਤ ਨੇ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

## ਪੰਜਾਬ ਪੁਲਸ ਅਕੈਡਮੀ 'ਚ 1687 ਸਿਖਿਆਰਥੀਆਂ ਦੀ ਸਿਖ਼ਲਾਈ ਸੰਪੰਨ

**ਫਿਲੌਰ (ਨਿਰਮਲ)**- ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਸ ਅਕੈਡਮੀ ਵਿਖੇ ਜ਼ਿਲ੍ਹਾ, ਆਰਮਡ ਪੁਲਿਸ, ਇਨਵੈਸਟੀਗੇਸ਼ਨ ਅਤੇ ਤਕਨੀਕੀ ਸੇਵਾਵਾਂ ਕਾਡਰ ਦੇ 1687 ਸਿਖਿਆਰਥੀਆਂ ਲਈ ਅੱਪਰ ਅਤੇ ਇੰਟਰਮੀਡੀਏਟ ਸਕੂਲ ਕੋਰਸਾਂ ਸਮੇਤ ਪ੍ਰੀ-ਪ੍ਰਮੋਸ਼ਨਲ ਸਿਖ਼ਲਾਈ ਮੁਕੰਮਲ ਹੋਣ 'ਤੇ ਇੱਕ ਸ਼ਾਨਦਾਰ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਡਾਇਰੈਕਟਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਧਨਪ੍ਰੀਤ ਕੌਰ ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦਾ ਆਗਾਜ਼ ਕੀਤਾ ਗਿਆ। ਉਨ੍ਹਾਂ ਸਿਖਿਆਰਥੀਆਂ ਨੂੰ ਸਿਖ਼ਲਾਈ ਮੁਕੰਮਲ ਹੋਣ 'ਤੇ ਸ਼ੁਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਅਕੈਡਮੀ ਦੇ ਅਧਿਕਾਰੀਆਂ, ਸਟਾਫ਼ ਅਤੇ ਸਿਖਿਆਰਥੀਆਂ ਨਾਲ ਮੈਸ ਡਿਨਰ ਵਿੱਚ ਸ਼ਮੂਲੀਅਤ ਵੀ ਕੀਤੀ।ਇਸ ਦੌਰਾਨ ਟ੍ਰੇਨਿੰਗ ਪੂਰੀ ਕਰਨ ਵਾਲੇ ਸਿਖਿਆਰਥੀਆਂ ਵੱਲੋਂ ਸੱਭਿਆਚਾਰਕ ਸਮਾਗਮ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਬੈਂਡ ਦੇ ਪ੍ਰਦਰਸ਼ਨ ਤੋਂ ਇਲਾਵਾ ਗਿੱਧਾ ਤੇ ਭੰਗੜਾ ਆਦਿ ਵੰਨਗੀਆਂ ਸ਼ਾਮਲ ਸਨ।



## ਰੋਟਰੀ ਕਲੱਬ ਵੱਲੋਂ ਡਾਕਟਰ ਡੇਅ ਤੇ ਸੀ ਏ ਡੇਅ 'ਤੇ ਉੱਘੀਆਂ ਸ਼ਖ਼ਸੀਅਤਾਂ ਦਾ ਸਨਮਾਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਰੋਟਰੀ ਕਲੱਬ ਡੇਰਾਬੱਸੀ ਟਾਊਨ ਦੀ ਨਵੀਂ ਚੁਣੀ ਗਈ ਟੀਮ ਨੇ 'ਨੈਸ਼ਨਲ ਡਾਕਟਰ ਡੇਅ' ਤੇ 'ਨੈਸ਼ਨਲ ਚਾਰਟਡ ਅਕਾਊਂਟੈਂਟ ਡੇਅ' ਦੇ ਇਤਿਹਾਸਕ ਮੌਕੇ 'ਤੇ ਸਮਾਜ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ। ਕਲੱਬ ਨੇ ਆਪਣੇ ਰੋਟਰੀ ਸਾਲ ਦੇ ਪਹਿਲੇ ਹੀ ਦਿਨ ਲੋਕ-ਸੇਵਾ ਦੇ ਖੇਤਰ ਵਿੱਚ ਮਿਸਾਲ ਕਾਇਮ ਕਰਨ ਵਾਲੇ ਮੋਹਰੀਆਂ ਦੀ ਹੌਸਲਾ ਅਫ਼ਜ਼ਾਈ ਕਰਕੇ ਇੱਕ ਸ਼ਾਨਦਾਰ ਸ਼ੁਰੂਆਤ ਕੀਤੀ ਹੈ। ਇਸ ਦੌਰਾਨ ਜ਼ਿਲ੍ਹਾ ਹਸਪਤਾਲ ਮੋਹਾਲੀ ਦੇ ਸੇਵਾ-ਮੁਕਤ ਐਸ.ਐਮ.ਓ. ਡਾ. ਹਰਮਿੰਦਰ ਸਿੰਘ ਚੀਮਾ ਨੂੰ ਉਨ੍ਹਾਂ ਦੀ ਸਰਕਾਰੀ ਡਿਊਟੀ ਦੌਰਾਨ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਈਆਂ ਬੇਮਿਸਾਲ ਸਿਹਤ ਸੇਵਾਵਾਂ ਲਈ ਵੱਕਾਰੀ 'ਰੋਟਰੀ ਲਾਈਫ ਟਾਈਮ ਅਚੀਵਮੈਂਟ ਅਵਾਰਡ' ਨਾਲ ਨਿਵਾਜਿਆ ਗਿਆ। ਇਸੇ ਤਰ੍ਹਾਂ, ਸਿਵਲ ਹਸਪਤਾਲ ਡੇਰਾਬੱਸੀ ਵਿਖੇ ਸ਼ਹਿਰ ਵਾਸੀਆਂ ਦੀ ਸਿਹਤ ਸੰਭਾਲ ਲਈ ਦਿਨ-ਰਾਤ ਜੁਟੇ ਐੱਸ ਐੱਮ ਓ. ਡਾ. ਧਰਮਿੰਦਰ ਸਿੰਘ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਬਦਲੇ 'ਅਵਾਰਡ ਆਫ਼ ਆਨਰ' ਦੇ ਕੇ ਸਨਮਾਨਤ ਕੀਤਾ ਗਿਆ। ਚਾਰਟਡ ਅਕਾਊਂਟੈਂਟ ਡੇਅ ਦੇ ਮੱਦੇਨਜ਼ਰ ਡੇਰਾਬੱਸੀ ਇਲਾਕੇ ਦੇ ਸਭ ਤੋਂ ਪਹਿਲੇ ਸੀ ਏ ਬਣਨ ਦਾ ਮਾਣ ਹਾਸਲ ਕਰਨ ਵਾਲੇ ਮਦਨ ਕੁਮਾਰ (ਚੰਡੀਗੜ੍ਹ) ਨੂੰ ਵੀ ਸਮਾਜ ਅਤੇ ਪੇਸ਼ੇ ਪ੍ਰਤੀ ਉਨ੍ਹਾਂ ਦੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ?ਰੋਟਰੀ ਕਲੱਬ ਡੇਰਾਬੱਸੀ ਟਾਊਨ ਦੇ ਨਵੇਂ ਚੁਣੇ ਗਏ ਪ੍ਰਧਾਨ ਹਰਿੰਦਰ ਸਿੰਘ ਹਨੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਵਿੱਚ ਚੰਗੇ ਕੰਮਾਂ ਰਾਹੀਂ ਆਪਣੀ ਵੱਖਰੀ ਪਛਾਣ ਬਣਾ ਚੁੱਕੇ ਡਾਕਟਰਾਂ ਤੇ ਪੇਸ਼ੇਵਰਾਂ ਨੂੰ ਸਨਮਾਨਤ ਕਰਨਾ ਕਲੱਬ ਲਈ ਮਾਣ ਵਾਲੀ ਗੱਲ ਹੈ।ਇਸ ਮੌਕੇ ਕਲੱਬ ਦੇ ਸਰਪ੍ਰਸਤ ਭੂਪਿੰਦਰ ਸਿੰਘ ਸੈਣੀ, ਅਮਰ ਚਾਵਲਾ, ਹਰਵਿੰਦਰ ਸਿੰਘ ਪਿੰਕਾ, ਜਤਿੰਦਰ ਪਨੇਸਰ ਸਮੇਤ ਕਲੱਬ ਦੇ ਹੋਰ ਕਈ ਪ੍ਰਮੁੱਖ ਮੈਂਬਰ ਤੇ ਪਤਵੰਤੇ ਸੱਜਣ ਹਾਜ਼ਰ ਸਨ।



## ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ ਨੂੰ ਸਦਮਾ, ਮਾਤਾ ਦਾ ਦਿਹਾਂਤ

**ਫਿਲੌਰ (ਨਿਰਮਲ)**- ਹਲਕਾ ਫਿਲੌਰ ਦੇ ਸਾਬਕਾ ਵਿਧਾਇਕ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਲਦੇਵ ਸਿੰਘ ਖਹਿਰਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪੂਜਨੀਕ ਮਾਤਾ ਗੁਰਦੇਵ ਕੌਰ ਆਪਣੇ ਸਵਾਸਾਂ ਦੀ ਪੂੰਜੀ ਖਰਚਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਇਸ ਦੁੱਖਦਾਈ ਘੜੀ 'ਚ ਉਨ੍ਹਾਂ ਨਾਲ ਦੁੱਖ ਸਾਂਝਾ ਕਰਨ ਵਾਲੇ ਧਾਰਮਿਕ, ਸਿਆਸੀ ਅਤੇ ਰਾਜਨੀਤਕ ਆਗੂ ਸਨ। ਇਸ ਸੰਬੰਧੀ ਉਨ੍ਹਾਂ ਜਾਣਕਾਰੀ ਦਿੰਦੇ ਦੱਸਿਆ ਕਿ ਮਾਤਾ ਗੁਰਮੇਜ਼ ਕੌਰ ਦਾ ਅੰਤਿਮ ਸੰਸਕਾਰ ਮਿਤੀ 3 ਜੁਲਾਈ ਦਿਨ ਸ਼ੁੱਕਰਵਾਰ ਨੂੰ ਪਿੰਡ ਖਹਿਰਾ ਵਿਖੇ ਦੁਪਹਿਰ 1 ਵਜੇ ਕੀਤਾ ਜਾਵੇਗਾ।



## ਡਾਕਟਰ ਡੇਅ ਕੇਕ ਕੱਟ ਕੇ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਰਾਸ਼ਟਰੀ ਡਾਕਟਰ ਡੇਅ ਦੇ ਮੌਕੇ 'ਤੇ ਬਲਾਚੌਰ ਸਥਿਤ ਸੂਰੀ ਹਸਪਤਾਲ ਵਿਖੇ ਹਸਪਤਾਲ ਦੇ ਮਾਲਕ ਡਾ. ਭੁਪਿੰਦਰ ਸਿੰਘ ਸੂਰੀ ਅਤੇ ਸਮੂਹ ਸਟਾਫ ਵੱਲੋਂ ਕੇਕ ਕੱਟ ਕੇ ਡਾਕਟਰ ਡੇ ਬੜੇ ਉਤਸ਼ਾਹ ਅਤੇ ਸਾਦਗੀ ਨਾਲ ਮਨਾਇਆ ਗਿਆ।ਇਸ ਮੌਕੇ ਡਾ. ਭੁਪਿੰਦਰ ਸਿੰਘ ਸੂਰੀ ਨੇ ਕਿਹਾ ਕਿ ਡਾਕਟਰਾਂ ਦਾ ਪੇਸ਼ਾ ਸਿਰਫ਼ ਇੱਕ ਕਿੱਤਾ ਨਹੀਂ, ਸਗੋਂ ਮਨੁੱਖਤਾ ਦੀ ਨਿਸ਼ਕਾਮ ਸੇਵਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਵਧੀਆ ਸਿਹਤ ਸੇਵਾਵਾਂ ਅਤੇ ਮਨੁੱਖੀ ਹਮਦਰਦੀ ਨਾਲ ਇਲਾਜ ਮੁਹੱਈਆ ਕਰਵਾਉਣਾ ਹਰ ਡਾਕਟਰ ਦੀ ਪਹਿਲੀ ਜ਼ਿੰਮੇਵਾਰੀ ਹੈ।ਸਮਾਗਮ ਦੌਰਾਨ ਹਸਪਤਾਲ ਦੇ ਸਮੂਹ ਡਾਕਟਰਾਂ ਅਤੇ ਸਟਾਫ ਨੇ ਇਕ-ਦੂਜੇ ਨੂੰ ਡਾਕਟਰ ਡੇ ਦੀਆਂ ਵਧਾਈਆਂ ਦਿੱਤੀਆਂ ਅਤੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ। ਕੇਕ ਕੱਟਣ ਉਪਰੰਤ ਸਾਰੇ ਸਟਾਫ ਨੇ ਇਸ ਖੁਸ਼ੀ ਨੂੰ ਆਪਸ ਵਿੱਚ ਸਾਂਝਾ ਕੀਤਾ।ਇਸ ਮੌਕੇ ਹਸਪਤਾਲ ਦੇ ਸਮੂਹ ਡਾਕਟਰ, ਨਰਸਿੰਗ ਸਟਾਫ ਤੇ ਹੋਰ ਕਰਮਚਾਰੀ ਵੀ ਹਾਜ਼ਰ ਸਨ।



## ਸੀਨੀਅਰ ਐਡਵੋਕੇਟ ਪ੍ਰਤਾਪ ਸਿੰਘ ਬਾਵਾ ਦਾ ਦੇਹਾਂਤ

**ਨਕੋਦਰ (ਮਨਜੀਤ ਮਾਨ)**- ਸੀਨੀਅਰ ਐਡਵੋਕੇਟ ਪ੍ਰਤਾਪ ਸਿੰਘ ਬਾਵਾ ਦਾ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ ਉਹ ਆਪਣੇ ਪਿੱਛੇ ਪਤਨੀ ਅਤੇ ਦੋ ਧੀਆਂ ਨੂੰ ਛੱਡ ਗਏ। ਉਹਨਾਂ ਦਾ ਸੰਸਕਾਰ ਮਾਡਲ ਟਾਊਨ ਵਿਖੇ ਉਨ੍ਹਾਂ ਦੀਆਂ ਬੇਟੀਆਂ ਅਮਰਦੀਪ ਬਾਵਾ ਅਤੇ ਰਣਜੀਤ ਕੌਰ ਰਣਜੀਤ ਬਾਵਾ ਕੀਤਾ। ਐਡਵੋਕੇਟ ਪ੍ਰਤਾਪ ਸਿੰਘ ਬਾਵਾ ਹਮੇਸ਼ਾ ਲੋਕਾਂ ਦੇ ਕੰਮਾਂ ਵਿੱਚ ਵੱਧ ਚੜ ਕੇ ਹਿੱਸਾ ਪਾਉਂਦੇ ਸਨ ਅਤੇ ਬਹੁਤ ਸਾਰੀ ਐੱਨ ਜੀ ਓ ਨਾਲ ਜੁੜੇ ਹੋਏ ਸਨ। ਇਸ ਮੌਕੇ ਪਰਵਾਰ ਨਾਲ ਦੁੱਖ ਵਡਾਉਣ ਲਈ ਬਹੁਤ ਸਾਰੀਆਂ ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਉਹਨਾਂ ਦੇ ਸੰਸਕਾਰ ਮੌਕੇ ਪਹੁੰਚੀਆਂ ਜਿਨਾਂ ਵਿੱਚ ਉਹਨਾਂ ਦੇ ਛੋਟੇ ਭਰਾ ਬਲਵੀਰ ਬਾਵਾ ਆਈ ਪੀ ਐਸ ਏ ਡੀ ਜੀ ਪੀ ਰਿਟਾਇਰਡ ਕੁਲਦੀਪ ਬਾਵਾ, ਪੀ ਸੀ ਐਸ ਰਮਨਦੀਪ ਸਿੰਘ ਇੰਜੀਨੀਅਰ, ਯਾਦਵਿੰਦਰ ਸਿੰਘ ਡੀ ਐੱਸ ਪੀ ਮਲੇਰਕੋਟਲਾ, ਸੁਰਿੰਦਰ ਲੂਥਰਾ ਅਸਿਸਟੈਂਟ ਇਨਕਮ ਟੈਕਸ ਕਮਿਸ਼ਨਰ, ਅਵਿਨਾਸ਼ ਥਾਪਰ ਇੰਸਪੈਕਟਰ, ਗਿਰਧਾਰੀ ਲਾਲ, ਰਮਨ ਥਾਪਰ ਸੀਨੀਅਰ ਸੀਨੀਅਰ ਸੁਪਰਡੈਂਟ ਇਕਬਾਲ ਸਿੰਘ ਰੰਧਾਵਾ ਪ੍ਰਧਾਨ ਗਰੇਟ ਸਪੋਰਟਸ ਕਲਚਰ ਕਲੱਬ( ਇੰਡੀਆ )ਪੰਜਾਬ, ਤਰਲੋਕ ਨਾਹਰ ਸੁਪਰਡੈਂਟ ਗੁਰਮੁਖ ਸਿੰਘ ਏ ਐੱਸ ਆਈ ਪੰਜਾਬ ਪੁਲਿਸ ਓਲੰਪੀਅਨ ਸੁਰਿੰਦਰ ਸਿੰਘ ਸੋਢੀ ਸਾਬਕਾ ਆਈ ਜੀ ਪੰਜਾਬ ਪੁਲਿਸ ਆਦਿ ਨੇ ਐਡਵੋਕੇਟ ਪ੍ਰਤਾਪ ਸਿੰਘ ਬਾਵਾ ਦੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।



## ਮੁਹੱਰਮ ਦੇ ਦਿਨ ਮਾਹੌਲ ਖਰਾਬ ਕਰਨਾ ਅਫਸੋਸਨਾਕ : ਰਹਿਮਾਨੀ ਲੁਧਿਆਣਵੀ



**ਲੁਧਿਆਣਾ (ਰਾਜ ਸਿੰਗਲਾ)**-26 ਜੂਨ ਨੂੰ ਮੁਹੱਰਮ ਦੇ ਦਿਨ ਲੁਧਿਆਣਾ ਸ਼ਹਿਰ ਵਿੱਚ ਹੋਏ ਧਾਰਮਿਕ ਆਯੋਜਨਾਂ ਵਿੱਚ ਕੀਤੀ ਗਈ ਬੇਅਦਬੀ ਅਤੇ ਹੁੱਲੜਬਾਜੀ ਤੇ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਸਖਤ ਇਤਰਾਜ ਜਤਾਇਆ ਹੈ। ਬੁੱਧਵਾਰ ਨੂੰ ਲੁਧਿਆਣਾ ਜਾਮਾ ਮਸਜਿਦ ਦਾ ਇੱਕ ਪ੍ਰਤੀਨਿਧੀ ਮੰਡਲ ਇਸ ਵਿਸ਼ੇ 'ਤੇ ਲੁਧਿਆਣਾ ਪੁਲਿਸ ਕਮਿਸ਼ਨਰ ਦਫਤਰ ਗਿਆ ਜਿੱਥੇ ਉਹਨਾਂ ਨੇ ਐਡੀਸ਼ਨਲ ਕਮਿਸ਼ਨਰ ਸ੍ਰੀ ਰੁਪਿੰਦਰ ਸਿੰਘ ਨੂੰ ਲਿਖਤੀ ਰੂਪ ਵਿੱਚ ਮੁਹੱਰਮ ਦੇ ਦਿਨ ਹੁੱਲੜਬਾਜੀ ਕਰਕੇ ਬੇਅਦਬੀ ਕਰਨ ਅਤੇ ਸ਼ਹਿਰ ਦਾ ਮਾਹੌਲ ਖਰਾਬ ਕਰਨ ਵਾਲਿਆਂ ਦੇ ਖਿਲਾਫ ਮੁਕਦਮਾ ਦਰਜ ਕਰਨ ਦੇ ਲਈ ਮੰਗ ਪੱਤਰ ਦਿੱਤਾ। ਰਹਿਮਾਨੀ ਲੁਧਿਆਣਵੀ ਨੇ ਪੱਤਰਕਾਰ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਸਲਾਮ ਧਰਮ ਵਿੱਚ ਸ਼ਰਾਬ ਨਾਚ-ਗਾਣਾ ਅਤੇ ਔਰਤਾਂ ਦਾ ਬੇਪਰਦਾ ਇਸ ਤਰਾਂ ਨੱਚਣਾ ਸ਼ਰਮ ਦੀ ਗੱਲ ਹੈ ਅਤੇ ਹਥਿਆਰ ਚੁੱਕ ਕੇ ਆਮ ਜਨਤਾ ਨੂੰ ਡਰਾਉਣ ਦੀ ਕੋਸ਼ਿਸ਼ ਕਰਨਾ ਅਫਸੋਸ ਨਾਕ ਹੈ। ਉਹਨਾਂ ਕਿਹਾ ਕਿ ਲੁਧਿਆਣਾ ਵਿੱਚ ਕਈ ਸਾਲਾਂ ਤੋਂ ਪ੍ਰਵਾਸੀ ਭਾਈਚਾਰਾ ਯੋਗਦਾਨ ਦੇ ਰਿਹਾ ਹੈ, ਮੈਂ ਉਹਨਾਂ ਨੂੰ ਵੀ ਕਹਿਣਾ ਚਾਹੁੰਦਾ ਹਾਂ ਕਿ ਕੋਈ ਵੀ ਤਿਉਹਾਰ ਹੋਵੇ ਉਸ ਨੂੰ ਸਹੀ ਢੰਗ ਨਾਲ ਮਨਾਇਆ ਜਾਵੇ, ਉਸ ਵਿੱਚ ਕੁਝ ਅਜਿਹਾ ਨਾ ਕਰੋ ਜਿਸ ਨਾਲ ਧਰਮ ਅਤੇ ਸਮਾਜਿਕ ਵਿਵਸਥਾ ਵਿਗੜਨ ਦਾ ਖਤਰਾ ਹੋਵੇ।

## ਗੁਰੂ ਨਾਨਕ ਕਾਲਜ 'ਚ ਦਾਖਲਾ ਮੁਹਿੰਮ ਨੂੰ ਭਰਵਾਂ ਹੁੰਗਾਰਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਵਿੱਚ ਸੈਸ਼ਨ 2026-27 ਲਈ ਦਾਖਲਾ ਪ੍ਰਕਿਰਿਆ ਨੂੰ ਵਿਦਿਆਰਥੀਆਂ ਅਤੇ ਮਾਪਿਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਵੱਖ-ਵੱਖ ਕੋਰਸਾਂ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਦਾਖਲਾ ਲੈ ਰਹੇ ਹਨ।ਇਸ ਦੇ ਨਾਲ ਹੀ ਕਾਲਜ ਵੱਲੋਂ ਵਿਦਿਆਰਥੀਆਂ ਦੇ ਕਰੀਅਰ ਨੂੰ ਧਿਆਨ ਵਿੱਚ ਰੱਖਦਿਆਂ ਮੁਫ਼ਤ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਕੋਚਿੰਗ ਵੀ ਸ਼ੁਰੂ ਕਰ ਦਿੱਤੀ ਗਈ ਹੈ।ਕਾਲਜ ਦੀ ਪ੍ਰਿੰਸੀਪਲ ਪ੍ਰੋ. ਸਰਬਜੀਤ ਕੌਰ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾਇਰੈਕਟਰ ਐਜੂਕੇਸ਼ਨ ਸ. ਸੁਖਮਿੰਦਰ ਸਿੰਘ ਦੇ ਵਿਸ਼ੇਸ਼ ਯਤਨਾਂ ਸਦਕਾ ਗ੍ਰੈਜੂਏਟ ਪੱਧਰ ਦੇ ਵਿਦਿਆਰਥੀਆਂ ਲਈ ਐਨ ਡੀ ਏ, ਐਸ ਐਸ ਬੀ, ਆਰਮਡ ਫੋਰਸਜ ਸਮੇਤ ਹੋਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਮੁਫ਼ਤ ਕੋਚਿੰਗ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ।ਇਸ ਮੌਕੇ ਪ੍ਰਿੰਸੀਪਲ ਨੇ ਸੀ.ਸੀ.ਐਲ.ਪੀ. ਸੈੱਲ ਦੀ ਇੰਚਾਰਜ ਡਾ. ਅਮਨਪ੍ਰੀਤ ਕੌਰ, ਐਨ.ਡੀ.ਏ. ਸੈੱਲ ਦੇ ਇੰਚਾਰਜ ਗੁਰਪ੍ਰੀਤ ਸਿੰਘ ਅਤੇ ਸਮੁੱਚੀ ਟੀਮ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਮਿਹਨਤ ਸਦਕਾ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਮਾਰਗ ਦਰਸ਼ਨ ਪ੍ਰਾਪਤ ਹੋਵੇਗਾ।

# ਲੰਮੇ ਸਮੇਂ ਤੋਂ ਫ਼ਰਾਰ ਚੱਲ ਰਿਹਾ ਇਸ਼ਤਿਹਾਰੀ ਮੁਲਜ਼ਮ ਕਾਬੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**



ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ। ਇਸੇ ਤਹਿਤ ਮੁਸਤੈਦੀ ਨਾਲ ਕਾਰਵਾਈ ਕਰਦਿਆਂ ਪੁਲਸ ਟੀਮ ਨੇ ਲੰਬੇ ਸਮੇਂ ਤੋਂ ਫ਼ਰਾਰ ਚੱਲ ਰਹੇ ਇੱਕ ਨਾਮੀ ਭਗੌੜੇ ਦੋਸ਼ੀ ਨੂੰ ਕਾਬੂ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਜ਼ਿਲ੍ਹਾ ਪੁਲਸ ਮੁਖੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਪਰਾਧੀਆਂ ਅਤੇ ਕਾਨੂੰਨ ਤੋਂ ਭੱਜੇ ਹੋਏ ਅਨਸਰਾਂ ਖ਼ਿਲਾਫ਼ ਵਿੱਢੀ ਗਈ ਵਿਸ਼ੇਸ਼ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦੋਂ ਪੁਲਸ ਨੇ ਇੱਕ ਭਗੌੜੇ ਮੁਲਜ਼ਮ ਨੂੰ ਸੂਹ ਦੇ ਆਧਾਰ 'ਤੇ ਗ੍ਰਿਫ਼ਤਾਰ ਕਰ ਲਿਆ। ਫੜਿਆ ਗਿਆ ਦੋਸ਼ੀ ਕਾਫ਼ੀ ਸਮੇਂ ਤੋਂ ਪੁਲਿਸ ਨੂੰ ਚਕਮਾ ਦੇ ਰਿਹਾ ਸੀ ਤੇ ਅਦਾਲਤ ਵੱਲੋਂ ਉਸ ਨੂੰ ਇਸ਼ਤਿਹਾਰੀ ਮੁਲਜ਼ਮ (ਪੀ.ਓ.) ਐਲਾਨਿਆ ਜਾ ਚੁੱਕਾ ਸੀ। ਪੁਲਸ ਪ੍ਰਸ਼ਾਸਨ ਤੋਂ ਮਿਲੀ ਜਾਣਕਾਰੀ ਮੁਤਾਬਕ ਜ਼ਿਲ੍ਹੇ ਭਰ ਵਿੱਚ ਸ਼ੱਕੀ ਪੁਰਸ਼ਾਂ ਤੇ ਭਗੌੜਿਆਂ ਦੀ ਚੈਕਿੰਗ ਲਈ ਵੱਖ-ਵੱਖ ਥਾਵਾਂ 'ਤੇ ਨਾਕੇਬੰਦੀ ਕੀਤੀ ਗਈ ਸੀ ਅਤੇ ਖ਼ੁਫ਼ੀਆ ਤੰਤਰ ਨੂੰ ਸਰਗਰਮ ਕੀਤਾ ਗਿਆ ਸੀ। ਇਸ ਦੌਰਾਨ ਮਿਲੀ ਇੱਕ ਪੱਕੀ ਇਤਲਾਹ ਦੇ ਆਧਾਰ 'ਤੇ ਪੁਲਿਸ ਦੀ ਵਿਸ਼ੇਸ਼ ਟੀਮ ਨੇ ਛਾਪੇਮਾਰੀ ਕਰਕੇ ਇਸ ਦੋਸ਼ੀ ਨੂੰ ਦਬੋਚ ਲਿਆ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਕਤ ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਗੰਭੀਰ ਧਾਰਾਵਾਂ ਤਹਿਤ ਮਾਮਲੇ ਦਰਜ ਹਨ ਅਤੇ ਉਹ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਆਪਣੀ ਪਛਾਣ ਲੁਕਾ ਕੇ ਰਹਿ ਰਿਹਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਕਾਬੂ ਕੀਤੇ ਗਏ ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਅਗਲੇਰੀ ਪੁੱਛਗਿੱਛ ਅਤੇ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਮੁਤਾਬਕ ਇਸ ਗ੍ਰਿਫ਼ਤਾਰੀ ਨਾਲ ਇਲਾਕੇ ਵਿੱਚ ਹੋਰ ਵੀ ਕਈ ਅਪਰਾਧਿਕ ਮਾਮਲਿਆਂ ਦੀਆਂ ਤਾਰਾਂ ਸੁਲਝਣ ਦੀ ਉਮੀਦ ਹੈ। ਇਸ ਮੌਕੇ ਉੱਚ ਪੁਲਿਸ ਅਧਿਕਾਰੀਆਂ ਨੇ ਸਖ਼ਤ ਲਹਿਜ਼ੇ 'ਚ ਚੇਤਾਵਨੀ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਅੰਦਰ ਕਿਸੇ ਵੀ ਸ਼ਰਾਰਤੀ ਜਾਂ ਅਪਰਾਧਿਕ ਅਨਸਰ ਨੂੰ ਸਿਰ ਚੁੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਅਮਨ-ਸ਼ਾਂਤੀ ਭੰਗ ਕਰਨ ਵਾਲਿਆਂ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਿਪਟਿਆ ਜਾਵੇਗਾ। ਪੁਲਿਸ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਹੈ ਕਿ ਜੇਕਰ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਕੋਈ ਵੀ ਸ਼ੱਕੀ ਵਿਅਕਤੀ ਜਾਂ ਗਤੀਵਿਧੀ ਨਜ਼ਰ ਆਵੇ, ਤਾਂ ਤੁਰੰਤ ਇਸ ਦੀ ਸੂਚਨਾ ਨਜ਼ਦੀਕੀ ਥਾਣੇ ਵਿੱਚ ਦੇਣ ਤਾਂ ਜੁ ਅਪਰਾਧ ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

## ਵਿਧਾਇਕ ਨੇ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦੇ ਨਿਰਮਾਣ ਕਾਰਜਾਂ ਦਾ ਲਿਆ ਜਾਇਜ਼ਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਨੂੰ ਸਮਰਪਤ ਹੁਸੈਨੀਵਾਲਾ ਵਿਖੇ ਉਸਾਰੇ ਜਾ ਰਹੇ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦੇ ਨਿਰਮਾਣ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਵਿਧਾਇਕ ਭੁੱਲਰ ਨੇ ਸਬੰਧਤ ਅਧਿਕਾਰੀਆਂ ਨਾਲ ਨਿਰਮਾਣ ਕਾਰਜਾਂ ਦੀ ਵਿਸਥਾਰਪੂਰਵਕ ਸਮੀਖਿਆ ਕੀਤੀ ਤੇ ਚੱਲ ਰਹੇ ਕੰਮਾਂ ਦਾ ਨਿਰੀਖਣ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੰਪਲੈਕਸ ਦੇ ਨਿਰਮਾਣ ਕਾਰਜ ਉੱਚ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਅਤੇ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦੇਸ਼ ਦੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਦੀਵੀ ਸਮਰਪਿਤ ਇੱਕ ਵਿਲੱਖਣ ਪ੍ਰਾਜੈਕਟ ਹੈ। ਇਸ ਦੇ ਮੁਕੰਮਲ ਹੋਣ ਨਾਲ ਨਾ ਸਿਰਫ਼ ਸ਼ਹੀਦਾਂ ਦੇ ਅਦੁੱਤੀ ਬਲਿਦਾਨ ਬਾਰੇ ਨੌਜਵਾਨ ਪੀੜ੍ਹੀ ਨੂੰ ਪ੍ਰੇਰਣਾ ਮਿਲੇਗੀ, ਸਗੋਂ ਹੁਸੈਨੀਵਾਲਾ ਨੂੰ ਵਿਰਾਸਤੀ ਤੇ ਸੈਰ-ਸਪਾਟਾ ਪੱਖੋਂ ਵੀ ਨਵੀਂ ਪਛਾਣ ਪ੍ਰਾਪਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ਹੀਦਾਂ ਦੀ ਵਿਰਾਸਤ ਨੂੰ ਸੰਭਾਲਣ ਅਤੇ ਇਤਿਹਾਸਕ ਸਥਾਨਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿਚ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।

## ਵਾਰਡ ਨੰਬਰ-9 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਅਧਿਕਾਰੀਆਂ ਨੂੰ ਨਿਪਟਾਰੇ ਦੇ ਦਿੱਤੇ ਨਿਰਦੇਸ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦਾ ਇੱਕੋ ਨਾਅਰਾ 'ਭਗਵੰਤ ਮਾਨ ਸਰਕਾਰ ਦੁਬਾਰਾ' ਦੇ ਸੰਦੇਸ਼ ਨਾਲ ਮੋਗਾ ਦੇ ਵਾਰਡ ਨੰਬਰ-9 ਵਿੱਚ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਲੋਕ ਮਿਲਣੀ ਪ੍ਰੋਗਰਾਮ ਕਰਾਇਆ ਗਿਆ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਨਾਲ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਲੋਕਾਂ ਦੀਆਂ ਸ਼ਿਕਾਇਤਾਂ ਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦੀ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਵਾਰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਵੀ ਲਿਆ ਤੇ ਆਉਣ ਵਾਲੇ ਵਿਕਾਸ ਪ੍ਰੋਜੈਕਟਾਂ ਸਬੰਧੀ ਸਥਾਨਕ ਨਿਵਾਸੀਆਂ ਨਾਲ ਵਿਚਾਰ-ਵਟਾਂਦਰਾ ਕੀਤਾ।ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਤੱਕ ਬਿਹਤਰ ਸਹੂਲਤਾਂ ਮੁਹੱਈਆ ਕਰਾਉਣਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦਾ ਪਿਆਰ, ਭਰੋਸਾ ਤੇ ਸਹਿਯੋਗ ਹੀ ਉਨ੍ਹਾਂ ਨੂੰ ਹੋਰ ਵੱਧ ਸਮਰਪਣ ਤੇ ਜ਼ਿੰਮੇਵਾਰੀ ਨਾਲ ਲੋਕ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਹੈ।

## ਰੋਟਰੀ ਕਲੱਬ ਸੁਨਾਮ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਰਾਮ ਆਸ਼ਰਮ ਮੰਦਰ ਵਿਖੇ ਲੰਗਰ ਦੀ ਸੇਵਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਰੋਟਰੀ ਕਲੱਬ ਸੁਨਾਮ ਵੱਲੋਂ ਸਾਲ 2026-27 ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਕੀਤੀ ਗਈ। ਕਲੱਬ ਦੇ ਨਵੇਂ ਚੁਣੇ ਗਏ ਪ੍ਰਧਾਨ ਹਰੀਸ਼ ਗੱਖੜ ਅਤੇ ਉਹਨਾਂ ਦੀ ਪੂਰੀ ਟੀਮ ਵੱਲੋਂ ਆਪਣੇ ਕਾਰਜਕਾਲ ਦੇ ਪਹਿਲੇ ਦਿਨ ਦੀ ਸ਼ੁਰੂਆਤ ਧਾਰਮਿਕ ਅਤੇ ਸਮਾਜ ਸੇਵੀ ਕਾਰਜਾਂ ਨਾਲ ਕੀਤੀ ਗਈ।ਸਨਾਤਨ ਧਰਮ ਦੀਆਂ ਪ੍ਰੰਪਰਾਵਾਂ ਅਨੁਸਾਰ ਕਿਸੇ ਵੀ ਸ਼ੁਭ ਕਾਰਜ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਪਰਮਾਤਮਾ ਦਾ ਓਟ-ਆਸਰਾ ਲੈਣਾ ਲਾਜ਼ਮੀ ਮੰਨਿਆ ਜਾਂਦਾ ਹੈ, ਜਿਸ ਦੇ ਤਹਿਤ ਕਲੱਬ ਦੇ ਮੈਂਬਰਾਂ ਵੱਲੋਂ ਸਵੇਰੇ 7 ਵਜੇ ਗਊਸ਼ਾਲਾ ਵਿਖੇ ਜਾ ਕੇ ਗਊਵੰਸ਼ ਦੀ ਪੂਜਾ ਕੀਤੀ ਗਈ ਅਤੇ ਗਊ ਮਾਤਾ ਨੂੰ ਸਵਾ ਮਣੀ ਦਾ ਦਾਨ ਪਾਇਆ ਗਿਆ।ਰੋਟਰੀ ਕਲੱਬ ਦੇ ਅਹੁਦੇਦਾਰ ਹਰੀਸ਼ ਗੱਖੜ ਘਣਸ਼ਾਮ ਕਾਂਸਲ, ਅਨਿਲ ਜੁਨੇਜਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਗਊ ਮਾਤਾ ਵਿੱਚ 33 ਕਰੋੜ ਦੇਵੀ-ਦੇਵਤਿਆਂ ਦਾ ਵਾਸ ਹੁੰਦਾ ਹੈ, ਇਸ ਲਈ ਨਵੇਂ ਸੈਸ਼ਨ ਦੀ ਸਫਲਤਾ ਅਤੇ ਸਰਬੱਤ ਦੇ ਭਲੇ ਲਈ ਇਹ ਪਹਿਲਾ ਕਦਮ ਚੁੱਕਿਆ ਗਿਆ।ਇਸ ਤੋਂ ਬਾਅਦ ਦੁਪਹਿਰ ਵੇਲੇ ਰੋਟਰੀ ਕਲੱਬ ਦੀ ਟੀਮ ਸਥਾਨਕ ਸ਼੍ਰੀ ਰਾਮ ਆਸ਼ਰਮ ਮੰਦਰ ਵਿਖੇ ਪਹੁੰਚੀ, ਜਿੱਥੇ ਪਿਛਲੇ ਕਈ ਸਾਲਾਂ ਤੋਂ ਲੋੜਵੰਦਾਂ ਲਈ ਲਗਾਤਾਰ ਚੱਲ ਰਹੇ ਦੁਪਹਿਰ ਦੇ ਭੰਡਾਰੇ ਵਿੱਚ ਆਪਣਾ ਯੋਗਦਾਨ ਪਾਇਆ ਗਿਆ।ਇਸ ਮੌਕੇ ਕਲੱਬ ਮੈਂਬਰਾਂ ਵੱਲੋਂ ਵਿਸ਼ੇਸ਼ ਬੁਕਿੰਗ ਕਰਵਾ ਕੇ ਸ਼ਰਧਾਲੂਆਂ ਅਤੇ ਲੋੜਵੰਦਾਂ ਨੂੰ ਆਪਣੇ ਹੱਥੀਂ ਭੋਜਨ ਪਰੋਸਿਆ ਗਿਆ।ਮੰਦਰ ਕਮੇਟੀ ਦੇ ਪ੍ਰਧਾਨ ਤਰੁਣ ਬਾਂਸਲ ਨੇ ਆਖਿਆ ਕਿ ਰੋਟਰੀ ਕਲੱਬ ਦੀ ਨਵੀਂ ਟੀਮ ਦੇ ਆਉਣ ਨਾਲ ਮੰਦਰ ਵਿੱਚ ਚੱਲ ਰਹੇ ਸੇਵਾ ਕਾਰਜਾਂ ਨੂੰ ਹੋਰ ਬਲ ਮਿਲੇਗਾ ਅਤੇ ਉਹਨਾਂ ਨੂੰ ਇਸ ਗੱਲ ਦੀ ਬੇਹੱਦ ਖੁਸ਼ੀ ਤੇ ਸਕੂਨ ਹੈ ਕਿ ਕਲੱਬ ਵੱਲੋਂ ਆਪਣੀ ਪਹਿਲੀ ਸੇਵਾ ਰਾਮ ਆਸ਼ਰਮ ਮੰਦਰ ਤੋਂ ਸ਼ੁਰੂ ਕੀਤੀ ਗਈ ਹੈ ।ਇਸ ਮੌਕੇ ਰੁਪਿੰਦਰ ਸੱਗੂ ਉਪ ਪ੍ਰਧਾਨ, ਰਚੀਨ ਗੁਪਤਾ ਫਾਈਨੈਂਸ ਸੈਕਟਰੀ, ਘਣਸ਼ਾਮ ਕਾਂਸਲ ਸਾਬਕਾ ਜਿਲਾ ਗਵਰਨਰ , ਅਨਿਲ ਜਨੇਜਾ ਸਾਬਕਾ ਰੋਟਰੀ ਕਲੱਬ ਪ੍ਰਧਾਨ, ਰਾਜਨ ਸਿੰਗਲਾ, ਨਿਤਿਨ ਜਿੰਦਲ, ਦਵਿੰਦਰ ਪਾਲ ਸਿੰਘ ਰਿੰਪੀ, ਸੰਜੇ ਬੰਦਲਿਸ਼ ਅਤੇ ਹੋਰ ਮੈਂਬਰ ਮੌਜੂਦ ਸਨ।

## 'ਛੱਤ ਤੁਹਾਡੀ-ਜ਼ਿੰਮੇਵਾਰੀ ਸਾਡੀ' ਮੁਹਿੰਮ ਬਣੀ ਗ਼ਰੀਬਾਂ ਲਈ ਆਸ ਦੀ ਕਿਰਨ

**ਮੋਗਾ (ਇਕਬਾਲ ਸਿੰਘ ਖਹਿਰਾ)**



ਮਨੁੱਖਤਾ ਦੀ ਸੇਵਾ ਨੂੰ ਆਪਣਾ ਧਰਮ ਬਣਾਉਣ ਵਾਲੇ ਬਾਲੀਵੁੱਡ ਫ਼ਿਲਮ ਅਦਾਕਾਰ ਸੋਨੂੰ ਸੂਦ ਤੇ ਉਨ੍ਹਾਂ ਦੀ ਭੈਣ ਮਾਲਵਿਕਾ ਸੂਦ (ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਮੋਗਾ ਕਾਂਗਰਸ) ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਸਮਾਜ ਸੇਵਾ ਸਿਰਫ਼ ਵਾਅਦਿਆਂ ਨਾਲ ਨਹੀਂ, ਸਗੋਂ ਅਮਲੀ ਜਾਮਾ ਪਾ ਕੇ ਹੁੰਦੀ ਹੈ।ਸੂਬੇ 'ਚ ਪਿਛਲੇ ਸਮੇਂ ਦੌਰਾਨ ਆਏ ਹੜ੍ਹਾਂ ਕਾਰਨ ਜਿਨ੍ਹਾਂ ਗ਼ਰੀਬ ਤੇ ਲੋੜਵੰਦ ਪਰਵਾਰਾਂ ਦੇ ਕੱਚੇ ਮਕਾਨ ਅਤੇ ਟਾਇਲ-ਬੱਤੇ ਵਾਲੀਆਂ ਛੱਤਾਂ ਨੁਕਸਾਨੀਆਂ ਗਈਆਂ ਸਨ, ਉਨ੍ਹਾਂ ਲਈ ਸੂਦ ਭੈਣ-ਭਰਾ ਵੱਲੋਂ ਸ਼ੁਰੂ ਕੀਤੀ ਗਈ 'ਛੱਤ ਤੁਹਾਡੀ-ਜ਼ਿੰਮੇਵਾਰੀ ਸਾਡੀ' ਮੁਹਿੰਮ ਸੈਂਕੜਿਆਂ ਪਰਵਾਰਾਂ ਲਈ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਬਣ ਚੁੱਕੀ ਹੈ।ਮੁਹਿੰਮ ਤਹਿਤ ਮੋਗਾ ਜ਼ਿਲੇ ਤੋਂ ਇਲਾਵਾ ਫ਼ਿਰੋਜ਼ਪੁਰ ਤੇ ਹੋਰ ਪ੍ਰਭਾਵਤ ਇਲਾਕਿਆਂ ਦੇ ਬੇਘਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨੂੰ ਪੱਕੀਆਂ ਛੱਤਾਂ ਮੁਹੱਈਆ ਕਰਾਉਣ ਦਾ ਟੀਚਾ ਰੱਖਿਆ ਗਿਆ ਸੀ।

ਇਸ ਯੋਜਨਾ ਅਧੀਨ ਕੁੱਲ 257 ਪਰਵਾਰਾਂ ਲਈ ਮਕਾਨ ਤਿਆਰ ਕਰਨ ਦਾ ਸੰਕਲਪ ਲਿਆ ਗਿਆ, ਜਿਸ ਵਿੱਚੋਂ ਹੁਣ ਤੱਕ 180 ਪਰਿਵਾਰਾਂ ਦੇ ਘਰ ਮੁਕੰਮਲ ਕਰ ਕੇ ਉਨ੍ਹਾਂ ਨੂੰ ਸੁਰੱਖਿਅਤ ਆਸ਼ਿਆਨਾ ਦਿੱਤਾ ਜਾ ਚੁੱਕਾ ਹੈ।ਬਾਕੀ ਰਹਿੰਦੇ ਪਰਵਾਰਾਂ ਦੇ ਘਰਾਂ ਦਾ ਕੰਮ ਵੀ ਤੇਜ਼ੀ ਨਾਲ ਜਾਰੀ ਹੈ।ਮੋਗਾ ਪਹੁੰਚੇ ਸੋਨੂੰ ਸੂਦ ਅਤੇ ਮਾਲਵਿਕਾ ਸੂਦ ਨਾਲ ਮੁਲਾਕਾਤ ਕਰਨ ਲਈ ਉਹ ਪਰਵਾਰ ਵੀ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ, ਜਿਨ੍ਹਾਂ ਨੂੰ ਇਸ ਮੁਹਿੰਮ ਤਹਿਤ ਨਵੀਆਂ ਛੱਤਾਂ ਮਿਲੀਆਂ ਹਨ।ਪਰਵਾਰਾਂ ਨੇ ਭਾਵੁਕ ਹੋ ਕੇ ਦੱਸਿਆ ਕਿ ਉਨ੍ਹਾਂ ਕੋਲ ਧੰਨਵਾਦ ਕਰਨ ਲਈ ਸ਼ਬਦ ਵੀ ਘੱਟ ਪੈ ਰਹੇ ਹਨ।ਉਨ੍ਹਾਂ ਕਿਹਾ ਕਿ ਸਾਲਾਂ ਤੱਕ ਉਹ ਕੱਚੇ ਮਕਾਨਾਂ, ਤਰਪਾਲਾਂ ਤੇ ਕਾਨਿਆਂ ਹੇਠ ਰਹਿਣ ਲਈ ਮਜਬੂਰ ਸਨ।ਕਈ ਲੋਕ ਆਏ, ਵਾਅਦੇ ਕਰਕੇ ਚਲੇ ਗਏ, ਪਰ ਉਨ੍ਹਾਂ ਦੀ ਮੁਸ਼ਕਲ ਕਿਸੇ ਨੇ ਦੂਰ ਨਹੀਂ ਕੀਤੀ।ਅਜਿਹੇ ਸਮੇਂ ਵਿੱਚ ਸੋਨੂੰ ਸੂਦ ਤੇ ਮਾਲਵਿਕਾ ਸੂਦ ਨੇ ਨਾ ਸਿਰਫ਼ ਉਨ੍ਹਾਂ ਦਾ ਦਰਦ ਸਮਝਿਆ, ਸਗੋਂ ਪੱਕੀ ਛੱਤ ਦੇ ਕੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਨਵੀਂ ਉਮੀਦ ਜਗਾਈ।ਲਾਭਪਾਤਰੀਆਂ ਨੇ ਕਿਹਾ ਕਿ ਉਨ੍ਹਾਂ ਦੇ ਪਰਵਾਰ ਇੱਜ਼ਤ ਤੇ ਸੁਰੱਖਿਆ ਨਾਲ ਆਪਣੇ ਘਰਾਂ ਵਿੱਚ ਰਹਿ ਰਹੇ ਹਨ।

## ਨਿਰਮੋਲਕ ਸਿੰਘ ਨੇ ਅਰਦਾਸ ਕਰਕੇ ਸੰਭਾਲਿਆ ਅਹੁਦਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲਾਇਨਜ਼ ਕਲੱਬ ਗ੍ਰੇਟਰ ਦੀਆਂ ਚੋਣਾਂ ਕਰਾਈਆਂ ਗਈਆਂ, ਜਿਸ ਵਿੱਚ ਚੇਅਰਮੈਨ ਬਿੱਟੂ ਸਾਂਘਾ ਤੇ ਈ.ਸੀ ਮੈਂਬਰਾਂ ਵੱਲੋਂ ਪ੍ਰਧਾਨਗੀ ਲਈ ਨਿਰਮੋਲਕ ਸਿੰਘ ਦਾ ਨਾਂਅ ਪੇਸ਼ ਕੀਤਾ ਗਿਆ, ਜਿਸ 'ਤੇ ਸਾਰੇ ਲਾਇਨਜ਼ ਕਲੱਬ ਮੈਂਬਰਾਂ ਨੇ ਆਪਣੀ ਮੋਹਰ ਲਗਾ ਦਿੱਤੀ। ਨਿਰਮੋਲਕ ਸਿੰਘ ਮਿੰਟੂ ਕਿੰਗ ਨੇ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਖਾਲਸਾ ਗੁਰਦੁਆਰਾ, ਫ਼ਿਰੋਜ਼ਪੁਰ ਛਾਉਣੀ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕਰਾਈ ਤੇ ਉਸ ਤੋਂ ਬਾਅਦ ਉਨ੍ਹਾਂ ਨੇ ਆਪਣਾ ਅਹੁਦਾ ਸੰਭਾਲ ਲਿਆ। ਨਵੇਂ ਨਿਯੁਕਤ ਪ੍ਰਧਾਨ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ। ਲਾਇਨਜ਼ ਕਲੱਬ ਦੇ ਸਕੱਤਰ ਲਾਇਨ ਵਿਨੋਦ ਅਗਰਵਾਲ ਨੇ ਦੱਸਿਆ ਕਿ ਲਾਇਨਜ਼ ਕਲੱਬ ਵਿਸ਼ਵ ਦੀ ਸਭ ਤੋਂ ਵੱਡੀ ਐਨ.ਜੀ.ਓ. ਹੈ, ਜੋ ਸਮੇਂ-ਸਮੇਂ 'ਤੇ ਲੋਕਾਂ ਦੇ ਹਿੱਤਾਂ ਲਈ ਕੰਮ ਕਰਦੀ ਹੈ। ਇਸ ਤੋਂ ਇਲਾਵਾ ਲੋੜ ਪੈਣ 'ਤੇ ਅਤੇ ਕੁਦਰਤੀ ਆਫ਼ਤਾਂ ਸਮੇਂ ਲੋਕਾਂ ਦੀ ਹਰ ਤਰ੍ਹਾਂ ਨਾਲ ਮਦਦ ਕਰਨ ਲਈ ਇਹ ਸੰਸਥਾ ਹਮੇਸ਼ਾ ਤਿਆਰ ਰਹਿੰਦੀ ਹੈ ਤੇ ਵਿਸ਼ਵ ਦੀ ਸਰਵੋਤਮ ਐਨ.ਜੀ.ਓ. ਵਿਚ ਇਸਦਾ ਨਾਂਅ ਆਉਂਦਾ ਹੈ। ਉਨ੍ਹਾਂ ਕਿਹਾ ਕਿ ਫ਼ਿਰੋਜ਼ਪੁਰ ਸ਼ਹਿਰ ਤੇ ਛਾਉਣੀ ਦੇ ਜਿੰਨੇ ਵੀ ਲੋਕ ਸਮਾਜਿਕ ਕਾਰਜ ਕਰਦੇ ਹਨ, ਉਨ੍ਹਾਂ ਸਾਰਿਆਂ ਨੂੰ ਜਲਦੀ ਹੀ ਲਾਇਨਜ਼ ਕਲੱਬ ਗ੍ਰੇਟਰ ਨਾਲ ਜੋੜਿਆ ਜਾਵੇਗਾ ਤਾਂ ਜੁ ਉਨ੍ਹਾਂ ਦੀ ਸੰਸਥਾ ਦੁਆਰਾ ਵੱਧ ਤੋਂ ਵੱਧ ਲੋਕਾਂ ਦੀ ਸੇਵਾ ਕੀਤੀ ਜਾ ਸਕੇ।

## ਰੋਟਰੀ ਕਲੱਬ ਰਾਇਲ ਵੱਲੋਂ ਡਾਕਟਰਾਂ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰਾਇਲ ਵਲੋਂ ਡਾਕਟਰ-ਡੇਅ ਅਤੇ ਸੀ ਏ-ਡੇ ਕਮਿਊਨਿਟੀ ਹੈਲਥ ਸੈਂਟਰ ਪਾਤੜਾਂ ਵਿਚ ਮਨਾਇਆ ਗਿਆ, ਜਿਸ ਵਿਚ ਸਰਕਾਰੀ ਅਤੇ ਗੈਰ ਸਰਕਾਰੀ ਡਾਕਟਰਾਂ ਅਤੇ ਚਾਰਟਰਡ ਅਕਾਊਂਟੈਂਟ ਨੂੰ ਸਨਮਾਨਿਤ ਕੀਤਾ ਗਿਆ।ਸਨਮਾਨਿਤ ਡਾਕਟਰਾਂ ਵਿੱਚ ਸੀਨੀਅਰ ਮੈਡੀਕਲ ਅਫਸਰ ਸਤੀਸ਼ ਕੁਮਾਰ, ਮੈਡੀਕਲ ਅਫਸਰ ਸ਼ਾਮਿਲ ਸਨ।ਇਸ ਦੌਰਾਨ ਡਾਕਟਰ ਅਸ਼ੋਕ ਦੇਵ, ਡਾਕਟਰ ਮੋਹਨ ਲਾਲ ਸਿੰਗਲਾ, ਡਾਕਟਰ ਸ਼ੋਨਮ ਸਿੰਗਲਾ, ਡਾਕਟਰ ਸੋਮਿਆਂ ਸਿੰਗਲਾ ਅਤੇ ਸ਼ਹਿਰ ਦੇ ਅਲੱਗ-ਅਲੱਗ ਹਸਪਤਾਲਾਂ ਵਿੱਚ ਸੇਵਾ ਕਰ ਰਹੇ ਡਾਕਟਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੈਕਟਰੀ ਜੀਵਨ ਸਿੰਗਲਾ, ਕੈਸ਼ੀਅਰ ਯੋਗੇਸ਼ ਗਰਗ, ਨਰਾਇਣ ਗਰਗ, ਰਾਕੇਸ਼ ਗਰਗ, ਅਸ਼ੋਕ ਗਰਗ, ਅਮਨਦੀਪ ਸਿੰਘ, ਕਪਿਲ ਕੌਸ਼ਲ ਮਲਿਕ, ਭਾਰਤ ਭੂਸ਼ਣ, ਹਰਮੇਸ਼ ਨਰੈਣ, ਰਾਕੇਸ਼ ਗੋਇਲ, ਸੰਦੀਪ ਗੁਪਤਾ, ਅਮਿਤ ਗਰਗ, ਸੁਨੀਲ ਮਿੱਤਲ ਆਦਿ ਹਾਜ਼ਰ ਸਨ।

## ਪਰਮਜੀਤ ਸਿੰਘ ਢਿੱਲੋਂ ਦਾ ਕੈਨੇਡਾ ਵਾਪਸੀ 'ਤੇ ਸ਼ਾਨਦਾਰ ਸਵਾਗਤ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੁਆਰਾ ਕੈਨੇਡਾ ਵਿੱਚ ਵਸਦੇ ਪੰਜਾਬੀਆਂ ਨਾਲ ਰਾਬਤਾ ਕਾਇਮ ਕਰਨ ਲਈ ਭੇਜੇ ਵਫਦ ਵਿੱਚ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਅਤੇ ਇੰਚਾਰਜ ਹਲਕਾ ਸਮਰਾਲਾ ਸ਼ਾਮਿਲ ਸਨ, ਜਿਨ੍ਹਾਂ ਨੇ ਕੈਨੇਡਾ ਵਿੱਚ ਵੈਨਕੂਵਰ ਤੋਂ ਲੈ ਕੇ ਟਰਾਂਟੋ ਤੱਕ ਵੱਖ ਵੱਖ ਸਟੇਟਾਂ ਵਿੱਚ ਜਾ ਕੇ ਪੰਜਾਬੀਆਂ ਨਾਲ ਰਾਬਤਾ ਕਾਇਮ ਕਰਕੇ, ਸ਼੍ਰੋਮਣੀ ਅਕਾਲੀ ਦਲ ਪ੍ਰਤੀ ਪ੍ਰਵਾਸੀ ਪੰਜਾਬੀਆਂ ਦਾ ਰੁਝਾਨ ਜਾਣਿਆ । ਇਸ ਦੌਰੇ ਦੌਰਾਨ ਉਨ੍ਹਾਂ ਨੂੰ ਕੈਨੇਡਾ ਵਸਦੇ ਸਮੂਹ ਪੰਜਾਬੀ ਭਾਈਚਾਰੇ ਵੱਲੋਂ ਭਰਵਾਂ ਸਮਰਥਨ ਮਿਲਿਆ। ਇਸ ਦੌਰੇ ਨੂੰ ਸਫਲਤਾ ਪੂਰਨ ਸਮਾਪਤ ਕਰਕੇ ਪਰਮਜੀਤ ਸਿੰਘ ਢਿੱਲੋਂ ਦਾ ਬੁੱਧਵਾਰ ਏਥੇ ਪੁੱਜਣ 'ਤੇ ਸਰਕਲ ਜਥੇਦਾਰਾਂ, ਯੂਥ ਅਕਾਲੀ ਦਲ, ਇਸਤਰੀ ਵਿੰਗ ਅਕਾਲੀ ਦਲ, ਬੀ. ਸੀ. ਵਿੰਗ, ਐਸ. ਸੀ. ਵਿੰਗ, ਜ਼ਿਲ੍ਹਾ ਪ੍ਰੀਸ਼ਦ ਮੈਂਬਰਜ, ਬਲਾਕ ਸੰਮਤੀ ਮੈਂਬਰਜ਼, ਕੌਂਸਲਰਾਂ ਅਤੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਵਰਕਰਾਂ ਵੱਲੋਂ ਗੁਲਦਸਤੇ ਭੇਟ ਕਰਕੇ ਅਤੇ ਸਿਰਪਾਓ ਪਾ ਕੇ ਸਵਾਗਤ ਕੀਤਾ ਗਿਆ। ਇਸ ਉਪਰੰਤ ਢਿੱਲੋਂ ਨੇ ਆਪਣੀ ਕੈਨੇਡਾ ਫੇਰੀ ਦੇ ਅਨੁਭਵ ਪੱਤਰਕਾਰਾਂ ਨਾਲ ਸਾਂਝੇ ਕਰਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਗਏ ਵਫਦ ਨੂੰ ਪੰਜਾਬੀਆਂ ਨੇ ਏਨਾ ਜਿਆਦਾ ਪਿਆਰ ਦਿੱਤਾ ਕਿ ਭੁਲਾਇਆ ਨਹੀਂ ਜਾ ਸਕਦਾ।

## ਅਜਾਇਬ ਸਿੰਘ ਨੇ ਚਾਰਜ ਸੰਭਾਲਿਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਇੰਸਪੈਟਰ ਗੁਰਪਾਲ ਸਿੰਘ ਦੇ ਸੇਵਾਮੁਕਤ ਹੋ ਜਾਣ ਉਪਰੰਤ ਪੁਲਿਸ ਥਾਣਾ ਠੁੱਲੀਵਾਲ ਦੇ ਨਵੇਂ ਆਏ ਮੁੱਖ ਅ ਫ਼ ਸ ਰ ਅਜਾਇਬ ਸਿੰਘ ਨੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ।ਇਸ ਉਪਰੰਤ ਉਨ੍ਹਾਂ ਹਲਕੇ ਦੇ ਲੋਕਾਂ ਨੂੰ ਇਲਾਕੇ ਅੰਦਰ ਅਮਨ ਸ਼ਾਂਤੀ ਬਣਾਈ ਰੱਖਣ ਤੇ ਨਸ਼ੇ ਦੀ ਰੋਕਥਾਮ ਲਈ ਪਿੰਡ-ਪਿੰਡ ਮੁਹਿੰਮ ਚਲਾਉਣ ਲਈ ਸਮੂਹ ਨਗਰ ਪੰਚਾਇਤਾਂ, ਯੂਥ ਕਲੱਬਾਂ ਤੋਂ ਸਹਿਯੋਗ ਦੀ ਅਪੀਲ ਕੀਤੀ।ਐਸ.ਐਚ.ਓ ਅਜਾਇਬ ਸਿੰਘ ਨੇ ਦੱਸਿਆ ਕਿ ਅਗਲੇ ਦਿਨਾਂ ਵਿੱਚ ਪੁਲਸ ਵੱਲੋਂ ਪਿੰਡ-ਪਿੰਡ ਪੁਲਸ ਪਬਲਿਕ ਮੀਟਿੰਗਾਂ ਰਾਹੀ ਵਿਚਾਰ-ਚਰਚਾ ਕੀਤੀ ਜਾਵੇਗੀ ।



## ਹੋਲੀ ਹਾਰਟ ਸਕੂਲ 'ਚ ਗ਼ਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਮੁੜ ਰੌਣਕਾਂ ਪਰਤੀਆਂ

**ਅਜੀਤਵਾਲ (ਨਛੱਤਰ ਸੰਧੂ)**



ਹੋਲੀ ਹਾਰਟ ਵਿਖੇ ਛੁੱਟੀਆਂ ਤੋਂ ਬਾਅਦ ਸਕੂਲ ਦੇ ਮੁੱਖ ਗੇਟ 'ਤੇ ਇੱਕ ਵੱਖਰੀ ਹੀ ਚਹਿਲ-ਪਹਿਲ ਦੇਖਣ ਨੂੰ ਮਿਲ ਰਹੀ ਸੀ, ਜਿੱਥੇ ਅਧਿਆਪਕਾਂ ਨੇ ਹੱਸਦੇ ਚਿਹਰਿਆਂ ਨਾਲ ਬੱਚਿਆਂ ਦਾ ਅਭਿਨੰਦਨ ਕੀਤਾ। ਲੰਮੇ ਸਮੇਂ ਬਾਅਦ ਆਪਣੇ ਦੋਸਤਾਂ ਅਤੇ ਸਹਿਪਾਠੀਆਂ ਨੂੰ ਮਿਲ ਕੇ ਵਿਦਿਆਰਥੀਆਂ ਦੇ ਚਿਹਰੇ ਖ਼ੁਸ਼ੀ ਨਾਲ ਖਿੜ ਉੱਠੇ ਤੇ ਉਨ੍ਹਾਂ ਨੇ ਇੱਕ-ਦੂਜੇ ਨਾਲ ਆਪਣੀਆਂ ਛੁੱਟੀਆਂ ਦੇ ਤਜਰਬੇ ਸਾਂਝੇ ਕੀਤੇ।ਸਵੇਰ ਦੀ ਸਭਾ ਦੌਰਾਨ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਸਮੂਹ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਜੀ-ਆਇਆਂ ਨੂੰ ਆਖਿਆ ਗਿਆ ਤੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਭ ਦੀ ਚੰਗੀ ਸਿਹਤ ਅਤੇ ਸੁਖਾਵੇਂ ਅਕਾਦਮਿਕ ਸਾਲ ਦੀ ਕਾਮਨਾ ਕੀਤੀ ਗਈ।ਪ੍ਰਿੰਸੀਪਲ ਨੇ ਆਪਣੇ ਭਾਸ਼ਣ ਵਿੱਚ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਛੁੱਟੀਆਂ ਦਾ ਸਮਾਂ ਖ਼ੁਦ ਨੂੰ ਤਰੋ-ਤਾਜ਼ਾ ਕਰਨ ਲਈ ਹੁੰਦਾ ਹੈ ਤੇ ਹੁਣ ਸਮਾਂ ਆ ਗਿਆ ਹੈ ਕਿ ਅਸੀਂ ਪੂਰੀ ਊਰਜਾ, ਲਗਨ ਤੇ ਨਵੇਂ ਸੁਪਨਿਆਂ ਨਾਲ ਆਪਣੀ ਪੜ੍ਹਾਈ ਵੱਲ ਮੁੜੀਏ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿਣ ਤੇ ਆਉਣ ਵਾਲੀਆਂ ਪ੍ਰੀਖਿਆਵਾਂ ਲਈ ਹੁਣੇ ਤੋਂ ਮਿਹਨਤ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ।ਛੁੱਟੀਆਂ ਦੌਰਾਨ ਮਿਲੇ ਹੋਮਵਰਕ ਤੇ ਪ੍ਰੋਜੈਕਟਾਂ ਬਾਰੇ ਚਰਚਾ ਕਰਦਿਆਂ ਅਧਿਆਪਕਾਂ ਨੇ ਬੱਚਿਆਂ ਦੀ ਸਿਰਜਣਾਤਮਕਤਾ ਦੀ ਸ਼ਲਾਘਾ ਕੀਤੀ ਅਤੇ ਜਮਾਤਾਂ ਵਿੱਚ ਨਵੇਂ ਸਿਲੇਬਸ ਦੀ ਸ਼ੁਰੂਆਤ ਬਹੁਤ ਹੀ ਰੋਚਕ ਤਰੀਕੇ ਨਾਲ ਕੀਤੀ ਗਈ।ਖੇਡਾਂ ਦੇ ਮੈਦਾਨ ਤੇ ਕਲਾਸਰੂਮ, ਜੋ ਪਿਛਲੇ ਕੁਝ ਹਫ਼ਤਿਆਂ ਤੋਂ ਬਿਲਕੁਲ ਸ਼ਾਂਤ ਸਨ, ਅੱਜ ਬੱਚਿਆਂ ਦੀਆਂ ਕਿਲਕਾਰੀਆਂ ਅਤੇ ਹਾਸਿਆਂ ਨਾਲ ਮੁੜ ਗੂੰਜ ਉੱਠੇ।ਸਕੂਲ ਦੇ ਚੇਅਰਮੈਨ ਸ਼ੁਬਾਸ਼ ਪਲਤਾ ਤੇ ਡਾਇਰੈਕਟਰ ਸ਼੍ਰੇਆ ਪਲਤਾ ਨੇ ਪਹਿਲੇ ਦਿਨ ਨੂੰ ਯਾਦਗਾਰ ਬਣਾਉਣ ਲਈ ਕਈ ਜਮਾਤਾਂ ਵਿੱਚ ਛੋਟੀਆਂ-ਮੋਟੀਆਂ ਖੇਡਾਂ ਤੇ ਸਵਾਗਤੀ ਗਤੀਵਿਧੀਆਂ ਵੀ ਕਰਵਾਈਆਂ ਗਈਆਂ।ਵਿਦਿਆਰਥੀਆਂ ਨੇ ਵੀ ਇਹ ਪ੍ਰਣ ਲਿਆ ਕਿ ਉਹ ਇਸ ਨਵੇਂ ਸੈਸ਼ਨ ਵਿੱਚ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਮੁਕਾਬਲਿਆਂ ਵਿੱਚ ਸਕੂਲ ਦਾ ਨਾਂਅ ਰੌਸ਼ਨ ਕਰਨਗੇ।

## ਨਗਰ ਪੰਚਾਇਤ ਘੱਗਾ ਅੱਗੇ ਮੰਗ ਪੱਤਰ ਨਾ ਲੈਣ 'ਤੇ ਦਫ਼ਤਰ ਦੀ ਕੰਧ 'ਤੇ ਚਿਪਕਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨੌਜਵਾਨ ਭਾਰਤ ਸਭਾ ਦੀ ਅਗਵਾਈ ਹੇਠ ਕਸਬਾ ਘੱਗਾ ਦੀਆਂ ਝੁੱਗੀਆਂ ਵਿੱਚ ਰਹਿੰਦੇ ਮਜ਼ਦੂਰ ਪਰਵਾਰਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਨਗਰ ਪੰਚਾਇਤ ਘੱਗਾ ਦੇ ਦਫ਼ਤਰ ਪਹੁੰਚ ਕੇ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਨਗਰ ਪੰਚਾਇਤ ਪ੍ਰਸ਼ਾਸਨ ਨੂੰ ਮੰਗ ਪੱਤਰ ਦੇਣ ਦੀ ਕੋਸ਼ਿਸ਼ ਕੀਤੀ, ਪਰ ਦੋਸ਼ ਲਾਇਆ ਕਿ ਨਗਰ ਪੰਚਾਇਤ ਦੇ ਕਿਸੇ ਵੀ ਮੁਲਾਜ਼ਮ ਨੇ ਮੰਗ ਪੱਤਰ ਲੈਣ ਤੋਂ ਇਨਕਾਰ ਕਰ ਦਿੱਤਾ।ਇਸ ਤੋਂ ਬਾਅਦ ਰੋਸ ਵਜੋਂ ਨੌਜਵਾਨ ਭਾਰਤ ਸਭਾ ਦੇ ਆਗੂਆਂ ਅਤੇ ਮਜ਼ਦੂਰ ਪਰਵਾਰਾਂ ਨੇ ਮੰਗ ਪੱਤਰ ਨਗਰ ਪੰਚਾਇਤ ਦਫ਼ਤਰ ਦੀ ਕੰਧ 'ਤੇ ਚਿਪਕਾ ਦਿੱਤਾ ਅਤੇ ਪ੍ਰਸ਼ਾਸਨ ਦੇ ਇਸ ਰਵੱਈਏ ਦੀ ਸਖ਼ਤ ਨਿੰਦਾ ਕੀਤੀ।ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਘੱਗਾ ਵਿੱਚ ਪਿਛਲੇ ਕਈ ਦਹਾਕਿਆਂ ਤੋਂ ਰਹਿ ਰਹੇ ਮਜ਼ਦੂਰ ਪਰਵਾਰ ਆਪਣੇ ਬੁਨਿਆਦੀ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਜੇਕਰ ਲੋਕਾਂ ਦੀਆਂ ਜਾਇਜ਼ ਮੰਗਾਂ ਸੁਣਨ ਦੀ ਬਜਾਏ ਪ੍ਰਸ਼ਾਸਨ ਮੰਗ ਪੱਤਰ ਲੈਣ ਤੋਂ ਵੀ ਇਨਕਾਰ ਕਰੇਗਾ ਤਾਂ ਇਹ ਲੋਕਤੰਤਰਕ ਕਦਰਾਂ-ਕੀਮਤਾਂ ਦੇ ਉਲਟ ਹੈ।ਸਭਾ ਦੇ ਆਗੂ ਹਰਿੰਦਰ ਸੈਣੀਮਾਜਰਾ, ਗੁਰਦੀਪ ਕਲਵਾਣੂ, ਗੁਰਦੀਪ ਆਜ਼ਾਦ ਅਤੇ ਨੌਜਵਾਨ ਆਗੂ ਰਾਹੁਲ ਸਿੰਘ ਨੇ ਕਿਹਾ ਕਿ ਮਜ਼ਦੂਰ ਪਰਵਾਰਾਂ ਨੂੰ ਰਹਿਣ ਲਈ ਪੱਕੇ ਘਰ, ਯੋਗ ਮੁਆਵਜ਼ਾ ਅਤੇ ਹੋਰ ਬੁਨਿਆਦੀ ਸਹੂਲਤਾਂ ਦਿੱਤੀਆਂ ਜਾਣ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਨੌਜਵਾਨ ਭਾਰਤ ਸਭਾ ਮਜ਼ਦੂਰ ਪਰਵਾਰਾਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ।

## ਫਰੀਦਕੋਟ ਮੈਡੀਕਲ ਕਾਲਜ ਵਿਖੇ ਨਸ਼ਾ ਛੁਡਾਉਣ ਲਈ 'ਮੀਥਾਡੋਨ ਕਲੀਨਿਕ' ਦੀ ਸ਼ੁਰੂਆਤ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਦੀ ਰਹਿਨੁਮਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਵਿੱਢੀ ਮੁਹਿੰਮ ਤਹਿਤ ਇੱਕ ਹੋਰ ਵੱਡਾ ਕਦਮ ਚੁੱਕਿਆ ਗਿਆ ਹੈ। ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼, ਫਰੀਦਕੋਟ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਦੇ ਨਸ਼ਾ ਛੁਡਾਓ ਕੇਂਦਰ ਵਿਖੇ ਨਸ਼ੇ ਦੇ ਆਦੀ ਮਰੀਜ਼ਾਂ ਦੇ ਵਿਗਿਆਨਕ ਇਲਾਜ ਲਈ 'ਮੀਥਾਡੋਨ ਕਲੀਨਿਕ' ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਸਰਕਾਰ ਵੱਲੋਂ ਇਸ ਕਲੀਨਿਕ ਵਿੱਚ ਲੋੜਵੰਦ ਮਰੀਜ਼ਾਂ ਨੂੰ ਦਵਾਈ ਬਿਲਕੁਲ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ।ਇਸ ਸਬੰਧੀ ਅਹਿਮ ਜਾਣਕਾਰੀ ਦਿੰਦਿਆਂ ਬਾਬਾ ਫਰੀਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ 'ਨਸ਼ਾ ਮੁਕਤ ਪੰਜਾਬ' ਦੀ ਸੋਚ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਯੂਨੀਵਰਸਿਟੀ ਅਤੇ ਇਸ ਦੀਆਂ ਸਾਰੀਆਂ ਸੰਸਥਾਵਾਂ ਪੂਰੀ ਤਨਦੇਹੀ ਨਾਲ ਜੁਟੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਮੀਥਾਡੋਨ ਕਲੀਨਿਕ ਦੀ ਸ਼ੁਰੂਆਤ ਨਸ਼ੇ ਦੀ ਦਲਦਲ ਵਿੱਚ ਫਸੇ ਮਰੀਜ਼ਾਂ ਲਈ ਇੱਕ ਸੰਜੀਵਨੀ ਸਾਬਤ ਹੋਵੇਗੀ।ਇਹ ਵਿਸ਼ੇਸ਼ ਕਲੀਨਿਕ ਮਨੋਰੋਗ ਵਿਭਾਗ ਦੇ ਮੁਖੀ ਪ੍ਰੋਫੈਸਰ ਡਾ. ਪੀ. ਡੀ. ਬਾਂਸਲ, ਨੋਡਲ ਅਫ਼ਸਰ ਡਾ. ਸੁਮਿਤ ਸੈਣੀ ਅਤੇ ਡਾ. ਵਰਿੰਦਰਪਾਲ ਦੀ ਯੋਗ ਅਗਵਾਈ ਅਤੇ ਦੇਖ-ਰੇਖ ਹੇਠ ਚਲਾਇਆ ਜਾ ਰਿਹਾ ਹੈ, ਤਾਂ ਜੋ ਮਰੀਜ਼ਾਂ ਨੂੰ ਬਿਹਤਰ ਕੌਂਸਲਿੰਗ ਅਤੇ ਡਾਕਟਰੀ ਸਹਾਇਤਾ ਮਿਲ ਸਕੇ।

## ਗੁਰਬਾਣੀ ਦੇ ਪਰਿਪੇਖਾਂ ਨੂੰ ਸਮਝਣ 'ਚ ਅੰਤਰਰਾਸ਼ਟਰੀ ਕਾਨਫਰੰਸ ਦਾ ਮਹੱਤਵਪੂਰਨ ਯੋਗਦਾਨ : ਵਾਈਸ ਚਾਂਸਲਰ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਯੂਨੀਵਰਸਿਟੀ ਦੇ ਸਿੰਡੀਕੇਟ ਹਾਲ ਵਿਖੇ ਰੱਖੀ ਗਈ ਇੱਕ ਵਿਸ਼ੇਸ਼ ਇਕੱਤਰਤਾ ਦੌਰਾਨ 'ਸ੍ਰੀ ਗੁਰੂ ਗ੍ਰੰਥ ਸਾਹਿਬ : ਬਹੁ-ਅਨੁਸ਼ਾਸਨੀ ਪਰਿਪੇਖ' ਵਿਸ਼ੇ ਉਪਰ ਚੌਥੀ ਸਾਲਾਨਾ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਹਿੱਸਾ ਲੈਣ ਲਈ ਖੋਜੀਆਂ ਤੇ ਵਿਦਵਾਨਾਂ ਨੂੰ ਸੱਦਾ ਦਿੱਤਾ ਗਿਆ।ਕਾਨਫਰੰਸ ਦੀ ਜਾਣਕਾਰੀ ਦਾ ਬਰੋਸ਼ਰ ਜਾਰੀ ਕਰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਇਹ ਤਿੰਨ ਰੋਜ਼ਾ ਕਾਨਫਰੰਸ 18 ਤੋਂ 20 ਨਵੰਬਰ ਨੂੰ ਕਰਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਗੁਰਬਾਣੀ ਦੇ ਸਿਧਾਂਤਕ, ਸਾਹਿਤਕ, ਸਮਾਜਿਕ, ਵਿਦਿਅਕ, ਸੱਭਿਆਚਾਰਕ ਤੇ ਵਿਗਿਆਨਕ ਪੱਖਾਂ ਨੂੰ ਕੇਂਦਰ ਵਿੱਚ ਰੱਖਦਿਆਂ ਇਹ ਕਾਨਫਰੰਸ ਅਕਾਦਮਿਕ ਜਗਤ ਦੇ ਵੱਖ ਵੱਖ ਅਨੁਸ਼ਾਸਨਾ ਵਿਚ ਕਾਰ ਸੀਲ ਵਿਦਵਾਨਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਬੰਧੀ ਖੋਜ ਅਤੇ ਪੇਸ਼ਕਾਰੀ ਕਰਨ ਦਾ ਮੌਕਾ ਦਿੰਦੀ ਹੈ। ਕਾਨਫਰੰਸ ਨੂੰ ਇੱਕ ਵਿਲੱਖਣ ਉਪਰਾਲਾ ਦਸਦਿਆਂ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਪਹਿਲਾਂ ਹੋਈਆਂ ਤਿੰਨ ਸਲਾਨਾ ਕਾਨਫਰੰਸਾਂ ਦੌਰਾਨ ਪੰਜਾਬ ਭਾਰਤ ਤੇ ਵਿਸ਼ਵ ਦੀਆਂ ਦਰਜਨਾਂ ਨਾਮਵਰ ਯੂਨੀਵਰਸਿਟੀਆਂ ਦੇ ਵਿਦਵਾਨਾਂ ਵੱਲੋਂ ਆਪਣੀਆਂ ਖੋਜਾਂ ਪੇਸ਼ ਕੀਤੀਆਂ ਗਈਆਂ ਹਨ, ਜਿਨ੍ਹਾਂ ਨੂੰ ਯੂਨੀਵਰਸਿਟੀ ਦੇ ਚੈਨਲ ਉੱਪਰ ਵੀਡੀਓ ਰੂਪ ਵਿੱਚ ਅਤੇ ਪੁਸਤਕ ਰੂਪ ਵਿੱਚ ਸਾਂਭਿਆ ਤੇ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ।ਕਾਨਫਰੰਸ ਦੇ ਕਨਵੀਨਰ ਡਾ. ਹਰਦੇਵ ਸਿੰਘ, ਡੀਨ, ਫੈਕਲਟੀ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟਡੀ ਨੇ ਵਿਸ਼ਵ ਭਰ ਦੇ ਵਿਦਵਾਨਾ ਅਤੇ ਖੋਜੀਆਂ ਨੂੰ ਇਸ ਕਾਨਫਰੰਸ ਰਾਹੀਂ ਗੁਰਬਾਣੀ ਨਾਲ ਜੁੜਨ ਦਾ ਸੱਦਾ ਦਿੰਦਿਆਂ ਆਖਿਆ ਕਿ ਗੁਰਬਾਣੀ ਦੇ ਚਾਨਣ ਨੂੰ ਅਕਾਦਮਕ ਜਗਤ ਵਿੱਚ ਪ੍ਰਗਟ ਕਰਨ ਲਈ ਇਹ ਕਾਨਫਰੰਸ ਇਕ ਅਹਿਮ ਮੌਕਾ ਪ੍ਰਧਾਨ ਕਰਦੀ ਹੈ।ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਨੂੰ ਵਿਸ਼ੇ ਪੱਖ ਤੋਂ ਚਾਰ ਮੁੱਖ ਭਾਗਾਂ ਵਿੱਚ ਵੰਡਿਆ ਗਿਆ ਹੈ ਤੇ ਹਰੇਕ ਭਾਗ ਵਿੱਚੋਂ ਚਾਰ ਚੋਣਵੇਂ ਪਰਚੇ ਲੈਂਦਿਆਂ ਕੁੱਲ 16 ਖੋਜ ਪਰਚਿਆਂ ਨੂੰ ਇਨਾਮੀ ਰਾਸ਼ੀ ਅਤੇ ਬਿਹਤਰੀਨ ਪਰਚਾ ਪੇਸ਼ਕਾਰੀ ਦਾ ਸਰਟੀਫਿਕੇਟ ਦਿੱਤਾ ਜਾਂਦਾ ਹੈ। ਆਖਿਆ ਕਿ ਗੁਰਬਾਣੀ ਵੱਲੋਂ ਜੀਵਨ ਦੇ ਹਰੇਕ ਪਹਿਲੂ ਨੂੰ ਦਿਤੀ ਗਈ ਸੇਧ ਨੂੰ ਖੋਜਣਾ ਤੇ ਪੇਸ਼ ਕਰਨਾ ਇਸ ਕਾਨਫਰੰਸ ਦਾ ਮੂਲ ਮਨੋਰਥ ਹੈ। ਉਨ੍ਹਾਂ ਦੱਸਿਆ ਕਿ

## ਐੱਸ ਆਈ ਆਰ ਦਾ ਕੰਮ ਜਾਰੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਚੋਣ ਅਫ਼ਸਰ ਪੰਜਾਬ ਦੇ ਦਿਸ਼ਾ ਨਿਰਦੇਸ਼ ਅਧੀਨ ਅਤੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੀ ਅਗਵਾਈ ਹੇਠ ਸਪੈਸ਼ਲ ਇੰਨਟੈਂਸਿਵ ਰਵੀਜ਼ਨ-2026 (ਐਸ.ਆਈ.ਆਰ) ਮੁਹਿੰਮ ਤਹਿਤ ਗਣਨਾ (ਇਨੂਮੀਰੇਸ਼ਨ) ਫਾਰਮ ਭਰਨ ਦੀ ਪ੍ਰਕਿਰਿਆ ਚੱਲ ਰਹੀ ਹੈ।ਇਸ ਪ੍ਰਕਿਰਿਆ ਤਹਿਤ ਸੂਬੇ ਭਰ 'ਚ ਵੋਟਰ ਰਿਕਾਰਡਾਂ ਦੀ ਤਸਦੀਕ ਤੇ ਡਾਟਾ ਅਪਡੇਟ ਕੀਤਾ ਜਾ ਰਿਹਾ ਹੈ।

ਇਸੇ ਤਹਿਤ ਐੱਸ.ਡੀ.ਐੱਮ ਜੁਗਰਾਜ ਸਿੰਘ ਵੱਲੋਂ ਸ਼੍ਰੀ ਰਾਮ ਕ੍ਰਿਪਾ ਸੇਵਾ ਸੰਘ ਵੈਲਫੇਅਰ ਸੁਸਾਇਟੀ ਦੇ ਆਗੂ ਸ਼੍ਰੀ ਰਾਮ ਕ੍ਰਿਪਾ ਨੂੰ ਗਣਨਾ ਫਾਰਮ ਸੌਂਪਿਆ ਗਿਆ।ਐੱਸ.ਡੀ.ਐੱਮ ਜੁਗਰਾਜ ਸਿੰਘ ਨੇ ਦੱਸਿਆ ਕਿ ਸਪੈਸ਼ਲ ਇੰਨਟੈਂਸਿਵ ਰਵੀਜ਼ਨ-2026 (ਐਸ.ਆਈ.ਆਰ) ਮੁਹਿੰਮ ਦਾ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਸਹੀ, ਪਾਰਦਰਸ਼ੀ ਤੇ ਅਪਡੇਟ ਬਣਾਉਣਾ ਹੈ।ਉਨ੍ਹਾਂ ਦੱਸਿਆ ਕਿ ਸਰਵੇਖਣ ਦੌਰਾਨ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਸਰਵੇਖਣ ਕੀਤਾ ਜਾ ਰਿਹਾ ਹੈ ਤੇ ਜ਼ਿਲ੍ਹੇ ਦੇ ਵੋਟਰਾਂ ਨੂੰ ਗਣਨਾ (ਇਨੂਮੀਰੇਸ਼ਨ) ਫਾਰਮ ਮੁਹੱਈਆ ਕਰਵਾਏ ਜਾ ਰਹੇ ਹਨ, ਤਾਂ ਜੁ ਉਹ ਆਪਣੇ ਨਿੱਜੀ ਵੇਰਵਿਆਂ ਦੀ ਤਸਦੀਕ ਕਰ ਸਕਣ ਤੇ ਲੋੜੀਂਦੀ ਜਾਣਕਾਰੀ ਭਰ ਕੇ ਵਾਪਸ ਜਮ੍ਹਾਂ ਕਰਾ ਸਕਣ।

## ਦਸ ਰੋਜ਼ਾ ਟ੍ਰੇਨਿੰਗ ਕੈਂਪ ਲਾਇਆ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਵਿਦਿਆਰਥੀ ਰਸਮੀ ਵਿੱਦਿਆ ਦੇ ਨਾਲ- ਨਾਲ ਵੱਖ-ਵੱਖ ਗਤੀਵਿਧੀਆਂ ਵਿੱਚ ਵੀ ਮਾਨਮੱਤੀਆਂ ਪ੍ਰਾਪਤੀਆਂ ਹਾਸਲ ਕਰਕੇ ਨਾਮਣਾ ਖੱਟ ਰਹੇ ਹਨ। ਇਸ ਦੇ ਅਧੀਨ ਹੀ ਕਾਲਜ ਦੇ ਐਨ.ਸੀ.ਸੀ. ਇੰਚਾਰਜ ਲੈਫ਼ਟੀਨੈਂਟ ਸੁਰਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਦੇ ਐਨ.ਸੀ.ਸੀ. ਕੈਡਿਟਸ ਦੁਆਰਾ 15-06-2026 ਤੋਂ 24-06-2026 ਤੱਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਦਸ ਰੋਜ਼ਾ ਟ੍ਰੇਨਿੰਗ ਕੈਂਪ ਲਾਇਆ ਗਿਆ ਹੈ।ਇਹ ਕੈਂਪ 19 ਪੰਜਾਬ ਬਟਾਲੀਅਨ ਐਨ.ਸੀ.ਸੀ. ਲੁਧਿਆਣਾ ਵੱਲੋਂ ਲਾਇਆ ਗਿਆ ਹੈ, ਜਿਸ ਵਿੱਚ ਮਾਤਾ ਗੰਗਾ ਖਾਲਸਾ ਕਾਲਜ ਦੇ 30 ਕੈਡਿਟਸ ਲੜਕੇ ਤੇ ਲੜਕੀਆਂ ਵੱਲੋਂ ਬੀ ਤੇ ਸੀ ਸਰਟੀਫਿਕੇਟ ਲਈ ਸ਼ਮੂਲੀਅਤ ਕੀਤੀ ਗਈ।ਕੈਂਪ ਵਿਚ ਕਾਲਜ ਦੇ ਲੜਕੇ ਅਤੇ ਲੜਕੀਆਂ ਨੇ ਵੱਖ ਵੱਖ ਗਤੀਵਿਧੀਆਂ ਵਿਚ ਪੰਜ ਗੋਲਡ ਤੇ ਸਿਲਵਰ ਮੈਡਲ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ।ਕੈਂਪ ਵਿੱਚ ਬੀ.ਏ ਭਾਗ ਤੀਜਾ ਦੀ ਵਿਦਿਆਰਥਣ ਰੂਬਨਪ੍ਰੀਤ ਕੌਰ ਨੇ ਲੜਕੀਆਂ ਤੇ ਬੀ.ਐਸ.ਸੀ ਭਾਗ ਤੀਜਾ ਦੇ ਵਿਦਿਆਰਥੀ ਭਗਵਾਨ ਸਿੰਘ ਨੇ ਲੜਕਿਆਂ ਦੀ ਸੀਨੀਅਰ ਵਜੋਂ ਸੇਵਾ ਨਿਭਾਈ।ਕੈਂਪ ਦੀ ਟ੍ਰੇਨਿੰਗ ਸੂਬੇਦਾਰ ਮੇਜਰ ਸੁਖਦੇਵ ਸਿੰਘ, ਟ੍ਰੇਨਿੰਗ ਅਫ਼ਸਰ ਬਲਵੀਰ ਸਿੰਘ ਤੇ 19 ਪੰਜਾਬ ਬਟਾਲੀਅਨ ਐਨ. ਸੀ. ਸੀ. ਦੇ ਕਮਾਂਡਿੰਗ ਅਫ਼ਸਰ ਫੈਜ਼ਾਨ ਜ਼ਹੂਰ ਦੀ ਨਿਗਰਾਨੀ ਹੇਠ ਹੋਈ।ਟ੍ਰੇਨਿੰਗ ਕੈਂਪ ਲਈ ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਐਨ.ਸੀ.ਸੀ. ਇੰਚਾਰਜ ਤੇ ਕੈਂਪ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਦਿਆਂ ਕੈਂਪ ਦੀ ਸਫ਼ਲਤਾ ਲਈ ਆਸ਼ੀਰਵਾਦ ਦਿੱਤਾ।

## ਰਵਿਦਾਸ ਮਹਾਰਾਜ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਦਿਖਾਈ ਜਾਵੇਗੀ ਡਾਕੂਮੈਂਟਰੀ




**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਾਨਸਾ ਜ਼ਿਲ੍ਹੇ ਦੇ ਪਿੰਡਾਂ 'ਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਪੂਰਵਕ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣ ਲਈ ਜਲਦੀ ਹੀ ਵਿਸ਼ੇਸ ਡਾਕੂਮੈਂਟਰੀ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਮੁਹਿੰਮ ਨੂੰ ਸਫਲਤਾ ਪੂਰਵਕ ਨੇਪਰੇ ਚੜ੍ਹਾਉਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ।ਉਹਨਾਂ ਦੱਸਿਆ ਕਿ ਇੱਕ ਵੱਡੀ ਐਲ.ਈ.ਡੀ ਸਕਰੀਨ ਵਾਲੀ ਵੈਨ, ਜ਼ਿਲ੍ਹਾ ਮਾਨਸਾ ਦੇ ਸਾਰੇ ਪਿੰਡਾਂ ਨੂੰ ਕਵਰ ਕਰੇਗੀ ਅਤੇ ਰੋਜ਼ਾਨਾ ਸ਼ਾਮ ਨੂੰ ਦੋ ਪਿੰਡਾਂ 'ਚ, ਇਸ ਵੈਨ ਰਾਹੀਂ ਇਹ ਡਾਕੂਮੈਂਟਰੀ ਦਿਖਾਈ ਜਾਵੇਗੀ ਤਾਂ ਜੋ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਘਰ ਘਰ ਤੱਕ ਪਹੁੰਚ ਸਕਣ।ਉਨ੍ਹਾਂ ਦੱਸਿਆ ਕਿ ਇਹ ਦਸਤਾਵੇਜ਼ੀ, 30 ਮਿੰਟ ਦੀ ਹੋਵੇਗੀ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਮੂਹ ਉਪ ਮੰਡਲ ਮੈਜਿਸਟਰੇਟ ਨੂੰ ਹਦਾਇਤ ਕੀਤੀ ਕਿ ਉਹ ਸਬ ਡਵੀਜ਼ਨ ਪੱਧਰ 'ਤੇ ਇਸ ਦੀ ਨਿਗਰਾਨੀ ਯਕੀਨੀ ਬਣਾਉਣ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਜ਼ਿਲ੍ਹਾ ਪੱਧਰ ਉਤੇ ਇਸ ਦੀ ਨਿਗਰਾਨੀ ਕਰਨਗੇ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ, ਉਪ ਮੰਡਲ ਮੈਜਿਸਟਰੇਟ ਸਰਦੂਲਗੜ੍ਹ ਹਰਜਿੰਦਰ ਸਿੰਘ ਜੱਸਲ, ਉਪ ਮੰਡਲ ਮੈਜਿਸਟਰੇਟ ਬੁਢਲਾਡਾ ਗੁਰਮੀਤ ਕੁਮਾਰ, ਐਸ ਪੀ ਮਨਮੋਹਨ ਸਿੰਘ ਔਲਖ, ਡੀ ਐਸ ਪੀ ਹਰਜਿੰਦਰ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਕਵਿਤਾ ਗਰਗ, ਜ਼ਿਲ੍ਹਾ ਸਿੱਖਿਆ ਅਫ਼ਸਰ ਨੀਲਮ ਰਾਣੀ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਮਾਵਾਂ-ਧੀਆਂ ਸਨਮਾਨ ਯੋਜਨਾ ਦੀ ਪਹਿਲੀ ਕਿਸ਼ਤ ਮਹਿਲਾ ਸਸ਼ਕਤੀਕਰਨ ਵੱਲ ਇਤਿਹਾਸਕ ਕਦਮ : ਅਰਸ਼ ਸੱਚਰ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਪੰਜਾਬ ਸਰਕਾਰ ਵੱਲੋਂ 'ਮਾਵਾਂ-ਧੀਆਂ ਸਨਮਾਨ ਯੋਜਨਾ' ਤਹਿਤ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਜਾਰੀ ਕਰਨ ਦੀ ਸ਼ੁਰੂਆਤ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਇਸ ਫੈਸਲੇ ਨੂੰ ਪੰਜਾਬ ਦੀਆਂ ਮਾਵਾਂ, ਭੈਣਾਂ ਅਤੇ ਧੀਆਂ ਦੇ ਸਨਮਾਨ, ਆਰਥਿਕ ਸਸ਼ਕਤੀਕਰਨ ਤੇ ਸਮਾਜਿਕ ਸੁਰੱਖਿਆ ਵੱਲ ਇੱਕ ਇਤਿਹਾਸਕ ਅਤੇ ਦੂਰਅੰਦੇਸ਼ੀ ਭਰਿਆ ਕਦਮ ਕਰਾਰ ਦਿੱਤਾ।ਅਰਸ਼ ਸੱਚਰ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਅਸਲ ਤਰੱਕੀ ਉਦੋਂ ਹੀ ਸੰਭਵ ਹੁੰਦੀ ਹੈ, ਜਦੋਂ ਉੱਥੋਂ ਦੀ ਨਾਰੀ ਸ਼ਕਤੀ ਆਰਥਿਕ ਤੌਰ 'ਤੇ ਮਜ਼ਬੂਤ, ਸਮਾਜਿਕ ਤੌਰ 'ਤੇ ਸਨਮਾਨਤ ਤੇ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਸਮਰੱਥ ਹੋਵੇ।ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਲੱਖਾਂ ਯੋਗ ਮਹਿਲਾਵਾਂ ਨੂੰ ਸਿੱਧਾ ਵਿੱਤੀ ਸਹਿਯੋਗ ਮਿਲੇਗਾ, ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ, ਬੱਚਿਆਂ ਦੀ ਸਿੱਖਿਆ, ਸਿਹਤ ਸੰਭਾਲ, ਪੋਸ਼ਣ ਅਤੇ ਪਰਵਾਰਕ ਖਰਚਿਆਂ ਨੂੰ ਵਧੇਰੇ ਆਤਮ-ਵਿਸ਼ਵਾਸ ਨਾਲ ਪੂਰਾ ਕਰ ਸਕਣਗੀਆਂ। ਅਰਸ਼ ਸੱਚਰ ਨੇ ਇਸ ਮਹੱਤਵਪੂਰਨ ਪਹਿਲਕਦਮੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਨੂੰ ਵਧਾਈ ਦਿੱਤੀ।

# ਸ਼ਰਾਬ ਦੀ ਤਸਕਰੀ 'ਤੇ ਵੱਡਾ ਵਾਰ, ਪੁਲਸ ਵੱਲੋਂ 50 ਪੇਟੀਆਂ ਸ਼ਰਾਬ ਸਮੇਤ ਦੋ ਕਾਬੂ

**ਭਵਾਨੀਗੜ੍ਹ (ਰਾਜ ਖੁਰਮੀ)**



ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਭਵਾਨੀਗੜ੍ਹ ਪੁਲਸ ਨੇ ਐਕਸਾਈਜ਼ ਵਿਭਾਗ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਨਜਾਇਜ਼ ਸ਼ਰਾਬ ਦੀ ਤਸਕਰੀ ਖ਼ਿਲਾਫ਼ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਪੁਲਸ ਨੇ ਇੱਕ ਕਾਰ ਵਿੱਚੋਂ 50 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਕਰਕੇ ਦੋ ਕਥਿਤ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਬਰਾਮਦ ਸ਼ਰਾਬ ਤੇ ਕਾਰ ਨੂੰ ਕਬਜ਼ੇ ਵਿੱਚ ਲੈ ਕੇ ਮੁਲਜ਼ਮਾਂ ਖ਼ਿਲਾਫ਼ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਜਾਣਕਾਰੀ ਅਨੁਸਾਰ ਐਸ.ਐਚ.ਓ. ਰਮਨਦੀਪ ਦੀ ਅਗਵਾਈ ਹੇਠ ਸਹਾਇਕ ਸਬ-ਇਸਪੈਕਟਰ ਸਰਬਜੀਤ ਸਿੰਘ ਆਪਣੀ ਪੁਲਸ ਪਾਰਟੀ ਤੇ ਐਕਸਾਈਜ਼ ਇੰਸਪੈਕਟਰ ਨੀਲਮ ਚੋਪੜਾ ਦੀ ਟੀਮ ਨਾਲ ਪਿੰਡ ਨਦਾਮਪੁਰ ਤੋਂ ਪਿੰਡ ਥੰਮਣ ਸਿੰਘ ਵਾਲਾ ਨੂੰ ਜਾਂਦੀ ਨਹਿਰ ਕਿਨਾਰੇ ਸੜਕ 'ਤੇ ਗਸ਼ਤ ਕਰ ਰਹੇ ਸਨ।ਇਸ ਦੌਰਾਨ ਸੜਕ ਕਿਨਾਰੇ ਖੜੀ ਇੱਕ ਸ਼ੱਕੀ ਕਾਰ ਵਿੱਚ ਦੋ ਵਿਅਕਤੀ ਬੈਠੇ ਨਜ਼ਰ ਆਏ।ਪੁਲਸ ਨੂੰ ਦੇਖਦੇ ਹੀ ਦੋਵੇਂ ਮੌਕੇ ਤੋਂ ਫ਼ਰਾਰ ਹੋਣ ਦੀ ਕੋਸ਼ਿਸ਼ ਕਰਨ ਲੱਗੇ, ਪਰ ਪੁਲਸ ਨੇ ਤੁਰੰਤ ਘੇਰਾਬੰਦੀ ਕਰਕੇ ਉਨ੍ਹਾਂ ਨੂੰ ਕਾਬੂ ਕਰ ਲਿਆ।

ਪੁੱਛਗਿੱਛ ਦੌਰਾਨ ਦੋਵਾਂ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਗੁਰੀ ਪੁੱਤਰ ਸਤਨਾਮ ਸਿੰਘ ਤੇ ਭਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ, ਦੋਵੇਂ ਵਾਸੀ ਪਿੰਡ ਹਰਿਆਊ ਵਜੋਂ ਹੋਈ।ਜਦੋਂ ਕਾਰ ਦੀ ਤਲਾਸ਼ੀ ਲਈ ਗਈ ਤਾਂ ਉਸ 'ਚੋਂ 50 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਹੋਈ, ਜਿਸ ਤੋਂ ਬਾਅਦ ਦੋਵੇਂ ਮੁਲਜ਼ਮਾਂ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ।

ਪੁਲਸ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਸ਼ਰਾਬ ਗੈਰ-ਕਾਨੂੰਨੀ ਢੰਗ ਨਾਲ ਸਪਲਾਈ ਲਈ ਲਿਜਾਈ ਜਾ ਰਹੀ ਸੀ।ਜਾਂਚ ਟੀਮ ਇਹ ਪਤਾ ਲਾਉਣ ਵਿੱਚ ਜੁਟੀ ਹੋਈ ਹੈ ਕਿ ਸ਼ਰਾਬ ਦੀ ਇਹ ਖੇਪ ਕਿੱਥੋਂ ਲਿਆਂਦੀ ਗਈ ਸੀ, ਇਸ ਨੂੰ ਕਿਸ ਇਲਾਕੇ ਵਿੱਚ ਪੁਚਾਇਆ ਜਾਣਾ ਸੀ ਅਤੇ ਇਸ ਤਸਕਰੀ ਰੈਕੇਟ ਨਾਲ ਹੋਰ ਕੌਣ-ਕੌਣ ਵਿਅਕਤੀ ਜੁੜੇ ਹੋਏ ਹਨ।

## 'ਮਾਵਾਂ ਧੀਆਂ ਸਤਿਕਾਰ ਯੋਜਨਾ' ਆਰਥਿਕ ਸਸ਼ਕਤੀਕਰਨ ਵੱਲ ਇਤਿਹਾਸਕ ਕਦਮ : ਡਾ. ਸਿੰਗਲਾ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਮਾਨਸਾ ਦੇ ਸ਼ਾਂਤੀ ਭਵਨ ਵਿਖੇ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਦੀ ਅਗਵਾਈ 'ਚ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ 'ਚ ਹਲਕੇ ਦੀਆਂ ਸਖੀਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਮਹਿਲਾਵਾਂ ਨੇ ਵੀ ਸ਼ਮੂਲੀਅਤ ਕੀਤੀ।ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ, ਗੁਰਪ੍ਰੀਤ ਸਿੰਘ ਭੁੱਚਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਆਰਥਿਕ ਸਸ਼ਕਤੀਕਰਨ ਅਤੇ ਪਰਵਾਰਕ ਮਜ਼ਬੂਤੀ ਵੱਲ ਇੱਕ ਇਤਿਹਾਸਕ ਕਦਮ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਮਹਿਲਾਵਾਂ ਦੇ ਮਾਨ ਸਤਿਕਾਰ 'ਚ ਵਾਧਾ ਹੋਵੇਗਾ।

# ਡਿਪਟੀ ਕਮਿਸ਼ਨਰ ਵੱਲੋਂ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰਾਂ ਨਾਲ ਅਹਿਮ ਮੀਟਿੰਗ

ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਵੱਲੋਂ ਆਪਣੇ ਦਫ਼ਤਰ ਵਿਖੇ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰਾਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਅਤੇ ਨਸ਼ਾ ਮੁਕਤੀ ਮੋਰਚਾ ਦੇ ਮਾਝਾ ਜ਼ੋਨ ਦੇ ਇੰਚਾਰਜ ਦਿਕਸ਼ਤ ਧਵਨ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਓਟ ਕੇਂਦਰਾਂ ਵਿੱਚ ਨਸ਼ਾ ਪੀੜਤ ਵਿਅਕਤੀਆਂ ਦੇ ਕੀਤੇ ਜਾ ਰਹੇ ਇਲਾਜ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਓਟ ਕੇਂਦਰਾਂ ਦੀ ਕਾਰਗੁਜ਼ਾਰੀ ਅਤੇ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਸਮੇਂ ਸਿਰ ਇਲਾਜ ਅਤੇ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਨਾ ਵਰਤੀ ਜਾਵੇ। ਇਸ ਮੌਕੇ ਸਵਾਮੀ ਵਿਵੇਕਾਨੰਦ ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ ਦੀ ਕਾਰਗੁਜ਼ਾਰੀ ਦੀ ਵੀ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਪੁਨਰਵਾਸ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਮੇਂ-ਸਮੇਂ ਤੇ ਸਮੀਖਿਆ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਹੁਣ ਇਸ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਹਰ 15 ਦਿਨਾਂ ਬਾਅਦ ਨਿਯਮਿਤ ਸਮੀਖਿਆ



ਮੀਟਿੰਗ ਕੀਤੀ ਜਾਵੇਗੀ, ਤਾਂ ਜੋ ਨਸ਼ਾ ਮੁਕਤੀ ਸਬੰਧੀ ਚੱਲ ਰਹੀਆਂ ਗਤੀਵਿਧੀਆਂ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਸਕੇ ਅਤੇ ਲੋੜੀਂਦੇ ਸੁਧਾਰ ਤੁਰੰਤ ਕੀਤੇ ਜਾ ਸਕਣ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਮਾਝਾ ਜ਼ੋਨ ਦੇ ਇੰਚਾਰਜ ਦਿਕਸ਼ਤ ਧਵਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਕਾਮਯਾਬੀ ਲਈ ਨਸ਼ਾ ਮੁਕਤੀ ਮੋਰਚਾ ਦੇ ਸਾਰੇ ਵਲੰਟੀਅਰ ਦਿਨ-ਰਾਤ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਵਲੰਟੀਅਰਜ਼ ਵੱਲੋਂ ਸਰਕਾਰ ਨਾਲ ਮਿਲ ਕੇ ਜ਼ਮੀਨੀ ਪੱਧਰ 'ਤੇ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਆਪਣੇ ਸੂਬੇ ਨੂੰ ਨਸ਼ਾ ਮੁਕਤ ਕਰਨ ਅਤੇ ਰੰਗਲਾ ਪੰਜਾਬ ਬਣਾਉਣ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਦਿੰਦਾ ਰਹੇਗਾ। ਮੀਟਿੰਗ ਦੌਰਾਨ ਧਵਨ ਨੇ ਨਸ਼ਿਆਂ ਵਿਰੁੱਧ ਜਨ-ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਅੰਮ੍ਰਿਤਸਰ ਸ਼ਹਿਰੀ ਦੇ ਜ਼ਿਲ੍ਹਾ ਇੰਚਾਰਜ ਹਨੀ ਨਾਹਰ, ਰਣਜੀਤ ਸਿੰਘ, ਕੁਲਦੀਪ ਸਿੰਘ ਅਤੇ ਸੁਖਦੀਪ ਸਿੰਘ ਵੀ ਹਾਜ਼ਰ ਸਨ।

## ਕਰਮਚਾਰੀ ਇਨਿਊਮੇਰੇਸ਼ਨ ਫਾਰਮ ਭਰਨ ਲਈ ਸਹਿਯੋਗ ਦੇਣ : ਜ਼ਿਲ੍ਹਾ ਚੋਣ ਅਫ਼ਸਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )-ਭਾਰਤ ਚੋਣ ਕਮਿਸ਼ਨ ਵੱਲੋਂ ਚੱਲ ਰਹੀ ਵਿਸ਼ੇਸ਼ ਗਹਿਰੀ ਪੁਨਰ-ਜਾਂਚ (ਐੱਸ.ਆਈ.ਆਰ.-2026) ਮੁਹਿੰਮ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਸਮੂਹ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਪੰਜਾਬ ਸਰਕਾਰ ਦੇ ਸਾਰੇ ਕਰਮਚਾਰੀ ਆਪਣੇ ਇਨਿਊਮੇਰੇਸ਼ਨ ਫਾਰਮ ਭਰਨ ਲਈ ਪੂਰਾ ਸਹਿਯੋਗ ਦੇਣ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਘਰ-ਘਰ ਜਾ ਕੇ ਕੀਤੀ ਜਾ ਰਹੀ ਇਸ ਪ੍ਰਕਿਰਿਆ ਦੌਰਾਨ ਬੂਥ ਲੈਵਲ ਅਫ਼ਸਰ (ਬੀ.ਐੱਲ.ਓਜ਼) ਹਰੇਕ ਵੋਟਰ ਦੇ ਘਰ ਜਾ ਕੇ ਇਨਿਊਮੇਰੇਸ਼ਨ ਫਾਰਮ ਵੰਡ ਰਹੇ ਹਨ, ਉਨ੍ਹਾਂ ਨੂੰ ਭਰਨ ਵਿੱਚ ਸਹਾਇਤਾ ਕਰ ਰਹੇ ਹਨ ਅਤੇ ਭਰੇ ਹੋਏ ਫਾਰਮ ਇਕੱਠੇ ਕਰ ਰਹੇ ਹਨ। ਉਨ੍ਹਾ ਜ਼ਿਲ੍ਹੇ ਦੇ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਇਸ ਮੁਹਿੰਮ ਸਬੰਧੀ ਜਾਗਰੂਕ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਜਿਹੜੇ ਕਰਮਚਾਰੀ ਪੰਜਾਬ ਵਿੱਚ ਵੋਟਰ ਵਜੋਂ ਰਜਿਸਟਰਡ ਹਨ, ਉਹ ਆਪਣੇ ਸਬੰਧਤ ਬੂਥ ਦੇ ਨਾਲ ਸੰਪਰਕ ਕਰਕੇ ਇਨਿਊਮੇਰੇਸ਼ਨ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਨੂੰ ਸਮੇਂ ਸਿਰ ਪੂਰਾ ਕਰਨ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਸਰਕਾਰੀ ਕਰਮਚਾਰੀਆਂ ਦੀ ਸਰਗਰਮ ਭਾਗੀਦਾਰੀ ਨਾਲ ਕੋਈ ਵੀ ਯੋਗ ਵੋਟਰ ਨਾ ਰਹਿ ਜਾਵੇ ਦੇ ਉਦੇਸ਼ ਨੂੰ ਸਫਲਤਾਪੂਰਵਕ ਹਾਸਲ ਕਰਨ ਵਿੱਚ ਮਦਦ ਮਿਲੇਗੀ।

# ਪਾਵਰ ਕੱਟਾਂ ਵਿਰੁੱਧ ਕਿਰਤੀ ਕਿਸਾਨ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਮੋਟਰਾਂ ਵਾਲੀ ਬਿਜਲੀ ਸਪਲਾਈ 'ਤੇ ਲੱਗ ਰਹੇ ਲਗਾਤਾਰ ਪਾਵਰ ਕੱਟਾਂ ਵਿਰੁੱਧ ਕਿਰਤੀ ਕਿਸਾਨ ਯੂਨੀਅਨ ਵਲੋਂ ਐਕਸੀਅਨ ਦਫਤਰ ਅਜਨਾਲਾ ਵਿਖੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਬੋਲਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾਂ ਅਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਝੰਡੇਰ ਨੇ ਕਿਹਾ ਕਿ ਝੋਨੇ ਦੀ ਲਵਾਈ ਦਾ ਸੀਜ਼ਨ ਸਿਖਰ 'ਤੇ ਹੈ ਅਤੇ ਕਿਸਾਨਾਂ ਨੂੰ ਖੇਤੀਬਾੜੀ ਲਈ ਦਿੱਤੀ ਜਾਣ ਵਾਲੀ ਬਿਜਲੀ ਸਪਲਾਈ ਅੱਠ ਘੰਟੇ ਤੋਂ ਘਟ ਕੇ ਚਾਰ ਪੰਜ ਘੰਟੇ ਹੀ ਰਹਿ ਗਈ ਹੈ। ਉਹਨਾਂ ਕਿਹਾ ਕਿ ਹਰੇਕ ਖੇਤੀ ਫੀਡਰ ਉਪਰ ਤਿੰਨ ਤੋਂ ਚਾਰ ਘੰਟੇ ਦਾ ਪਾਵਰ ਕੱਟ ਲੱਗ ਰਿਹਾ ਹੈ, ਜਿਸ ਕਾਰਨ ਝੋਨੇ ਦੀ ਲਵਾਈ ਲਗਾਤਾਰ ਪ੍ਰਭਾਵਿਤ ਹੋ ਰਹੀ ਹੈ ਅਤੇ ਪਹਿਲੇ ਤੋਂ ਲੱਗੇ ਝੋਨੇ ਵੀ ਪਾਣੀ ਨਾ ਮਿਲਣ ਕਾਰਨ ਸੁੱਕ ਰਹੇ ਹਨ। ਕਿਸਾਨ ਝੋਨਾ ਪਾਲਣ ਲਈ ਜਨਰੇਟਰ ਤੇ ਮਹਿੰਗਾ ਡੀਜ਼ਲ ਬਾਲਣ ਲਈ ਮਜਬੂਰ ਹਨ। ਇਸ ਮੌਕੇ ਐਕਸੀਅਨ ਅਜਨਾਲਾ ਵਲੋਂ ਮੁੱਖ ਮੰਤਰੀ ਦੇ ਨਾਂਅ ਕਿਸਾਨਾਂ ਦਾ ਮੰਗ ਪੱਤਰ ਲਿਆਂ ਗਿਆ ਅਤੇ ਅੱਗੇ ਪਹੁੰਚਾਉਣ ਦਾ ਭਰੋਸਾ ਦਿੱਤਾ ਗਿਆ। ਮੀਟਿੰਗ ਸਮੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਮੀਤ ਪ੍ਰਧਾਨ ਅਵਤਾਰ ਸਿੰਘ ਜੱਸੜ, ਜ਼ਿਲ੍ਹਾ ਖਜ਼ਾਨਚੀ ਮੇਜਰ ਸਿੰਘ ਕੜਿਆਲ, ਸੂਬਾ ਕਮੇਟੀ ਮੈਂਬਰ ਅਤੇ ਜ਼ਿਲਾ ਪ੍ਰੈਸ ਸਕੱਤਰ ਸੁਖਦੇਵ ਸਿੰਘ ਸਹਿੰਸਰਾ, ਸੁਖਵਿੰਦਰ ਸਿੰਘ ਕਿਆਮਪੁਰ, ਮੇਜਰ ਸਿੰਘ ਜੌਹਲ, ਦਿਲਬਾਗ ਸਿੰਘ ਮਾਕੋਵਾਲ, ਜਸਬੀਰ ਸਿੰਘ ਉਠੀਆਂ, ਬਲਦੇਵ ਸਿੰਘ ਸਹਿੰਸਰਾ, ਸਵਿੰਦਰ ਸਿੰਘ ਨਾਨੋਕੇ ਤੋਂ ਇਲਾਵਾ ਜਥੇਬੰਦੀ ਦੇ ਹੋਰ ਵਰਕਰ ਹਾਜ਼ਰ ਸਨ।

# ਮਨਰੇਗਾ ਦੇ ਨਵੇਂ ਕਾਨੂੰਨ ਦੀਆਂ ਕਾਪੀਆਂ ਫੂਕੀਆਂ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤੇ ਸੀਟੂ ਨੇ ਸਾਂਝੇ ਤੌਰ 'ਤੇ ਕਾਮਰੇਡ ਜਸਬੀਰ ਝਬਾਲ ਤੇ ਕਾਮਰੇਡ ਚਰਨਜੀਤ ਮਜੀਠਾ ਦੀ ਪ੍ਰਧਾਨਗੀ ਹੇਠ ਭੰਡਾਰੀ ਪੁਲ 'ਤੇ ਇਕੱਠ ਕਰਕੇ ਕੇਂਦਰ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ 'ਜੀ ਰਾਮ ਜੀ', ਮਨਰੇਗਾ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਇਸ ਕਾਨੂੰਨ ਨਾਲ ਲੱਖਾਂ ਕਾਮਿਆਂ ਦੇ ਚੁੱਲ੍ਹੇ ਠੰਢੇ ਹੋ ਗਏ ਹਨ, ਕਿਉਂਕਿ ਪਹਿਲੇ ਕਾਨੂੰਨ ਵਿਚ ਕੇਂਦਰੀ ਸਰਕਾਰ 90 ਫ਼ੀਸਦੀ ਬਜਟ ਅਲਾਟ ਕਰਦੀ ਸੀ ਤੇ 10 ਫ਼ੀਸਦੀ ਬਜਟ ਸਟੇਟ ਪਾਉਂਦੀ ਸੀ। ਪਰ ਇਸ ਨਵੇਂ ਕਾਨੂੰਨ ਵਿਚ ਕੇਂਦਰੀ ਸਰਕਾਰ 60 ਫ਼ੀਸਦੀ ਤੇ ਪੰਜਾਬ ਸਰਕਾਰ 40 ਫ਼ੀਸਦੀ ਬਜਟ ਪਾਵੇਗੀ। ਉਨ੍ਹਾਂ ਕਿਹਾ ਕਿ ਸਟੇਟ ਪਹਿਲਾਂ ਹੀ ਕਰਜ਼ਾ ਲੈ ਕੇ ਮੁਲਾਜ਼ਮਾਂ ਦੀਆਂ ਤਨਖਾਹਾਂ ਦਾ ਭੁਗਤਾਨ ਕਰ ਰਹੀ ਹੈ। ਇਸ ਨਾਲ ਗਰੀਬ ਪਰਵਾਰਾਂ ਨਾਲ ਬਹੁਤ ਧੱਕਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਨਵਾਂ ਕਾਨੂੰਨ ਵਾਪਸ ਨਾ ਲਿਆ ਤਾਂ ਸੰਘਰਸ਼ ਹੋਰ ਤੇਜ਼ ਹੋਏਗਾ। ਇਸ ਮੌਕੇ ਕਾਮਰੇਡ ਜਸਬੀਰ ਸਿੰਘ ਝਬਾਲ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ ਤੇ ਅਪੀਲ ਕੀਤੀ ਕਿ 10 ਜੁਲਾਈ ਨੂੰ ਵੱਡੀ ਗਿਣਤੀ ਵਿਚ ਡੀ ਸੀ ਦਫ਼ਤਰ ਅੰਮ੍ਰਿਤਸਰ ਪਹੁੰਚ ਕੇ ਇਸ ਰੈਲੀ ਨੂੰ ਕਾਮਯਾਬ ਕਰਨ। ਇਸ ਮੌਕੇ ਕਿਰਪਾ ਰਾਮ, ਵਿਜੇ ਕੁਮਾਰ, ਜਸਪਾਲ, ਧਰਮਪਾਲ, ਰਾਜਾਰਾਮ, ਤਰਸੇਮ, ਵਾਸੂਦੇਵ ਆਦਿ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਬੀ ਏ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਦਾ ਨਤੀਜਾ ਸ਼ਾਨਦਾਰ



ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਬੀ.ਏ. ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਵੰਸ਼ਿਕਾ ਨੇ 10 ਵਿਚੋਂ 8.09 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥਣ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਇਸ ਮੌਕੇ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਦੇ ਚੰਗੇ ਭਵਿੱਖ ਵਿਚ ਹੋਰ ਵੱਡੀਆਂ ਪ੍ਰਾਪਤੀਆਂ ਦੀ ਕਾਮਨਾ ਕੀਤੀ। ਵਿਦਿਆਰਥਣ ਨੇ ਆਪਣੀ ਇਸ ਉਪਲਬਧੀ ਦਾ ਸਿਹਰਾ ਅਧਿਆਪਕਾਂ ਨੂੰ ਅਤੇ ਕਾਲਜ ਦੇ ਵਧੀਆ ਪੜ੍ਹਾਈ ਦੇ ਵਾਤਾਵਰਣ ਨੂੰ ਦਿੱਤਾ। ਇਸ ਮੌਕੇ ਡਾ. ਹਰਜੀਤ ਸਿੰਘ ਮੁਖੀ ਗਣਿਤ ਵਿਭਾਗ, ਪ੍ਰੋ. ਅਹੂਜਾ ਸੰਦੀਪ, ਇੰਚਾਰਜ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ, ਪ੍ਰੋ. ਮੋਨਿਕਾ ਅਤੇ ਪ੍ਰੋ. ਅੰਜਲੀ ਭਾਰਦਵਾਜ ਵੀ ਹਾਜ਼ਰ ਸਨ।

# ਜ਼ਿਲ੍ਹੇ ਦੇ ਸਮੂਹ ਬਲਾਕ ਗਾਈਡੈਂਸ ਕਾਊਂਸਲਰਾਂ ਦੀ ਜ਼ੂਮ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਸ੍ਰੀ ਆਦਿਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਸ਼ਰਮਾ (ਸਟੇਟ ਐਵਾਰਡੀ) ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਮੂਹ ਬਲਾਕ ਗਾਈਡੈਂਸ ਕਾਊਂਸਲਰਾਂ ਦੀ ਇੱਕ ਆਨਲਾਈਨ ਮੀਟਿੰਗ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਨੇ ਸਮੂਹ ਬਲਾਕ ਗਾਈਡੈਂਸ ਕਾਊਂਸਲਰਾਂ ਨੂੰ ਹਦਾਇਤ ਕੀਤੀ ਕਿ ਉਹ ਹਰ ਮਹੀਨੇ ਘੱਟੋ-ਘੱਟ ਦੋ ਕਾਰਜ ਦਿਨਾਂ ਦੌਰਾਨ ਚਾਰ ਸਰਕਾਰੀ ਸਕੂਲਾਂ ਦਾ ਦੌਰਾ ਲਾਜ਼ਮੀ ਤੌਰ 'ਤੇ ਕਰਨ, ਤਾਂ ਜੋ ਸਕੂਲਾਂ ਵਿੱਚ ਚੱਲ ਰਹੀਆਂ ਕਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਗਤੀਵਿਧੀਆਂ ਦੀ ਪ੍ਰਭਾਵਸ਼ਾਲੀ ਨਿਗਰਾਨੀ ਕੀਤੀ ਜਾ ਸਕੇ ਅਤੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਕਰੀਅਰ ਮਾਰਗਦਰਸ਼ਨ ਪ੍ਰਦਾਨ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਕੂਲ ਦੌਰੇ ਦੌਰਾਨ ਹੇਠ ਲਿਖੇ ਮੁੱਖ ਬਿੰਦੂਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਜਾਵੇਗੀ। ਕਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਗਤੀਵਿਧੀਆਂ ਦੇ ਨਿਯਮਤ ਸੰਚਾਲਨ ਦਾ ਮੁਲਾਂਕਣ। ਵਿਦਿਆਰਥੀਆਂ ਨੂੰ ਉੱਚ ਸਿੱਖਿਆ, ਪ੍ਰਤੀਯੋਗੀ ਪ੍ਰੀਖਿਆਵਾਂ, ਰੋਜ਼ਗਾਰ ਦੇ ਮੌਕਿਆਂ ਅਤੇ ਕਰੀਅਰ ਨਾਲ ਸੰਬੰਧਿਤ ਦਿੱਤੀ ਜਾ ਰਹੀ ਜਾਣਕਾਰੀ ਅਤੇ ਕਾਊਂਸਲਿੰਗ ਸੇਵਾਵਾਂ ਦੀ ਸਮੀਖਿਆ। ਗਾਈਡੈਂਸ ਰਜਿਸਟਰਾਂ, ਕਾਊਂਸਲਿੰਗ ਰਿਕਾਰਡ ਅਤੇ ਹੋਰ ਸਬੰਧਤ ਦਸਤਾਵੇਜ਼ਾਂ ਦੀ ਜਾਂਚ। ਸਕੂਲ ਮੁਖੀ ਅਤੇ ਗਾਈਡੈਂਸ ਇੰਚਾਰਜ ਨਾਲ ਵਿਚਾਰ-ਵਟਾਂਦਰਾ ਕਰਕੇ ਲੋੜੀਂਦੀਆਂ ਹਦਾਇਤਾਂ ਜਾਰੀ ਕਰਨਾ ਅਤੇ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਕਾਰਜ ਯੋਜਨਾ ਤਿਆਰ ਕਰਨਾ। ਮੁਕੇਸ਼ ਵਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦਾ ਮੁੱਖ ਉਦੇਸ਼ ਹਰ ਵਿਦਿਆਰਥੀ ਤੱਕ ਸਮੇਂ ਸਿਰ, ਸਹੀ ਅਤੇ ਲਾਭਦਾਇਕ ਕਰੀਅਰ ਮਾਰਗਦਰਸ਼ਨ ਪਹੁੰਚਾਉਣਾ ਹੈ, ਤਾਂ ਜੋ ਉਹ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਆਪਣੇ ਭਵਿੱਖ ਦੀ ਸਹੀ ਦਿਸ਼ਾ ਚੁਣ ਸਕਣ।

# ਵਿਰਸਾ ਵਿਹਾਰ ਵਿਖੇ ਰੰਗਮੰਚ ਕਾਰਜਸ਼ਾਲਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਪ੍ਰਸਿੱਧ ਨਾਟ ਸੰਸਥਾ ਮੰਚ-ਰੰਗਮੰਚ ਅੰਮ੍ਰਿਤਸਰ ਅਤੇ ਵਿਰਸਾ ਵਿਹਾਰ ਸੁਸਾਇਟੀ, ਅੰਮ੍ਰਿਤਸਰ ਵੱਲੋਂ ਰਾਸ਼ਟਰਪਤੀ ਪੁਰਸਕਾਰ ਨਾਲ ਸਨਮਾਨਿਤ ਸ਼ੋਮਣੀ ਨਾਟਕਕਾਰ ਕੇਵਲ ਧਾਲੀਵਾਲ ਦੀ ਅਗਵਾਈ ਹੇਠ 06 ਜੂਨ ਤੋਂ 5 ਜੁਲਾਈ ਤੱਕ ਰਾਸ਼ਟਰੀ ਰੰਗਮੰਚ ਕਾਰਜਸ਼ਾਲਾ ਚੱਲ ਰਹੀ ਹੈ। ਜਿਸ ਵਿੱਚ ਏਸ਼ੀਆਂ ਦੀ ਸਭ ਤੋਂ ਵੱਡੀ ਨਾਟ ਸੰਸਥਾ ਨੈਸ਼ਨਲ ਸਕੂਲ ਆਫ਼ ਡਰਾਮਾ ਨਵੀਂ ਦਿੱਲੀ ਤੋਂ ਪਾਸ ਆਊਟ ਅਧਿਆਪਕ ਸ੍ਰੀ ਪਾਰਥੋ ਬੈਨਰਜੀ, ਪ੍ਰੀਤਪਾਲ ਰੁਪਾਣਾ ਅਤੇ ਗੁਲਜ਼ਾਰ ਕਬੀਰ ਖ਼ਾਨ ਬੱਚਿਆਂ ਨੂੰ ਰੰਗਮੰਚ ਦੀਆਂ ਬਾਰੀਕੀਆਂ ਬਾਰੇ ਜਾਣਕਾਰੀ ਦੇ ਰਹੇ ਹਨ। ਇਸ ਰੰਗਮੰਚ ਕਾਰਜ਼ਾਲਾ ਵਿੱਚ ਪੰਜਾਬ, ਹਰਿਆਣਾ, ਦਿੱਲੀ, ਉਤਰਪ੍ਰਦੇਸ਼, ਬਿਹਾਰ, ਮੱਧ ਪ੍ਰਦੇਸ਼, ਰਾਜਸਥਾਨ ਅਤੇ ਹੋਰਨਾਂ ਸੂਬਿਆਂ ਤੋਂ ਆਏ ਵਿਦਿਆਰਥੀ ਰੰਗਮੰਚ ਦੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਸ ਇਕ ਮਹੀਨਾ ਲਗਾਤਾਰ ਚੱਲਣ ਵਾਲੀ ਰੰਗਮੰਚ ਕਾਰਜਸ਼ਾਲਾ ਵਿੱਚ ਵਿਦਿਆਰਥੀਆਂ ਵੱਲੋਂ ਤਿਆਰ ਕਰਵਾਏ ਗਏ ਨਾਟਕ ਦਾ ਮੰਚਨ ਕੀਤਾ ਜਾ ਰਿਹਾ ਹੈ। 'ਪੰਜ ਰੋਜ਼ਾ' ਨਾਟ ਉਤਸਵ ਦੇ ਪਹਿਲੇ ਦਿਨ ਸੋਫੋਕਲੀਜ਼ ਦਾ ਲਿਖਿਆ ਅਤੇ ਪਾਰਥਾ ਬਾਂਧੋਪਾਧਿਆਏ ਦਾ ਨਿਰਦੇਸ਼ਤ ਕੀਤਾ ਨਾਟਕ 'ਓਡੀਪਸ' ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਸਫ਼ਲਤਾਪੂਰਵਕ ਮੰਚਣ ਕੀਤਾ ਗਿਆ। ਇਸ ਨਾਟਕ ਵਿੱਚ ਨਿਸ਼ਾਂਤ, ਆਰਿਅਨ, ਪੁਲਕਿਤ ਗੋਇਲ, ਰਵੀਨ, ਵਿਸ਼ਾਲ, ਉਦੇ ਚੋਪੜਾ, ਰਾਜੀਵ, ਪੰਥਪ੍ਰੀਤ, ਸੰਦੀਪ, ਪਵਨ ਕੁਮਾਰ, ਲਖਵਿੰਦਰ ਸਿੰਘ, ਚਿਰੰਜੀਵ ਮਾਨਵ, ਜਗਜੀਤ ਸਿੰਘ, ਕਪਿਲ ਵਿਜਾਨ, ਤਰੁਣ ਰੋਤੇਲਾ, ਮ੍ਰਿਦੂਲ ਸੇਖੜੀ, ਧਮਰਪਾਲ, ਮਨਪ੍ਰੀਤ, ਕਬੀਰ ਸਰਦਾਨਾ, ਕਵਚ ਮਲਿਕ, ਰਹਿਮਾਨ ਸਿੰਘ, ਸਤਿੰਦਰ ਸਿੰਘ, ਸਮਰਥ ਗੋਇਲ, ਗਗਨਪ੍ਰੀਤ, ਭਾਰਤ ਅਜ਼ਾਦ, ਸਤੀਸ਼ ਸ਼ਰਮਾ, ਮਨਪ੍ਰੀਤ ਕੌਰ, ਜੋਬਨਪ੍ਰੀਤ ਕੌਰ, ਪ੍ਰੀਤਾ ਮੋਗਾ, ਸਮਰਪ੍ਰੀਤ ਸਿੰਘ, ਆਸ਼ੂ ਨਈਅਰ, ਚੰਦਨ ਆਦਿ ਵਿਦਿਆਰਥੀਆਂ ਵੱਲੋਂ ਦਮਦਾਰ ਅਦਾਕਾਰੀ ਪੇਸ਼ ਕੀਤੀ ਗਈ। ਇਸ ਮੌਕੇ ਐਸ. ਪੀ ਅਰੋੜਾ, ਅਰਵਿੰਦਰ ਕੌਰ ਧਾਲੀਵਾਲ, ਭੂਪਿੰਦਰ ਸਿੰਘ ਸੰਧੂ, ਟੀ. ਐਸ. ਰਾਜਾ, ਜਸਵੰਤ ਸਿੰਘ ਜੱਸ, ਹੀਰਾ ਸਿੰਘ ਰੰਧਾਵਾ, ਸੁਮੀਤ ਸਿੰਘ, ਗੁਰਤੇਜ ਮਾਨ ਆਦਿ ਸਮੇਤ ਨਾਟ ਪ੍ਰੇਮੀ ਹਾਜ਼ਰ ਸਨ।

## ਬੈਂਕ ਮੁਲਾਜ਼ਮਾਂ ਤੇ ਖਪਤਕਾਰ ਨੇ ਜੇਬ ਕਤਰੇ ਨੂੰ ਰੰਗੇ ਹੱਥੀਂ ਕੀਤਾ ਕਾਬੂ



ਗੁਰਦਾਸਪੁਰ (ਜਨਕ ਮਹਾਜਨ)- ਸਥਾਨਕ ਪੰਜਾਬ ਨੈਸ਼ਨਲ ਬੈਂਕ ਹਨੂੰਮਾਨ ਚੌਕ ਬਰਾਂਚ ਗੁਰਦਾਸਪੁਰ ਵਿੱਚ ਉਸ ਸਮੇਂ ਭੱਜ ਦੌੜ ਪੈ ਗਈ ਜਦੋਂ ਇੱਕ ਚੋਰ ਨੇ ਬੈਂਕ ਦੇ ਖਪਤਕਾਰ ਦੀ ਜੇਬ ਵਿੱਚੋਂ 5000 ਕੱਢ ਲਏ। ਬੈਂਕ ਅਧਿਕਾਰੀਆਂ ਨੇ ਬੜੀ ਮੁਸਤੈਦੀ ਨਾਲ ਚੋਰ ਨੂੰ ਫੜ ਕੇ ਉਸ ਪਾਸੋਂ 5000 ਰੁਪਏ ਬਰਾਮਦ ਕਰਨ ਤੋਂ ਬਾਅਦ ਉਸ ਨੂੰ ਪੁਲਸ ਹਵਾਲੇ ਕਰ ਦਿੱਤਾ। ਪੀੜਤ ਖਪਤਕਾਰ ਸਾਬਕਾ ਫੌਜੀ ਗੁਰਭੇਜ ਸਿੰਘ ਵਾਸੀ ਬਰਨਾਲਾ ਨੇ ਦੱਸਿਆ ਕਿ ਉਹ ਦੁਪਹਿਰ ਵੇਲੇ ਆਪਣੀ ਪਾਸਬੁੱਕ 'ਤੇ ਬੈਂਕ ਵਿੱਚ ਐਂਟਰੀ ਕਰਵਾਉਣ ਆਇਆ ਸੀ ਅਤੇ ਲਾਈਨ ਵਿੱਚ ਲੱਗ ਕੇ ਆਪਣੀ ਵਾਰੀ ਦੀ ਉਡੀਕ ਕਰ ਰਿਹਾ ਸੀ ਕਿ ਮੇਰੇ ਮਗਰ ਖੜ੍ਹੇ ਨੌਜਵਾਨ ਨੇ ਮੇਰੀ ਕਮੀਜ਼ ਦੀ ਜੇਬ ਵਿੱਚੋਂ ਬੜੀ ਹੁਸ਼ਿਆਰੀ ਨਾਲ 5000 ਕੱਢ ਲਏ। ਬੈਂਕ ਅਧਿਕਾਰੀਆਂ ਨੇ ਮਗਰ ਖੜ੍ਹੇ ਵਿਅਕਤੀ ਦੀ ਤਲਾਸ਼ੀ ਲਈ ਤਾਂ ਉਸ ਪਾਸੋਂ 5000 ਬਰਾਮਦ ਹੋਏ। ਇਸ ਮੌਕੇ ਪੁਲਸ ਨੂੰ ਮੌਕੇ 'ਤੇ ਬੁਲਾ ਕੇ ਚੋਰ ਨਿਖਲ ਕੁਮਾਰ ਪੁੱਤਰ ਵਿਪਟ ਕੁਮਾਰ ਵਾਸੀ ਇੰਦਰਾ ਕਲੋਨੀ ਪਠਾਨਕੋਟ ਨੂੰ ਪੁਲਸ ਹਵਾਲੇ ਕਰ ਦਿੱਤਾ। ਏ.ਐਸ.ਆਈ ਬੂਆ ਸਿੰਘ ਨੇ ਉਕਤ ਚੋਰ ਨੂੰ ਕਾਬੂ ਕਰਕੇ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ। ਬੈਂਕ ਵਿੱਚ ਆਏ ਖਪਤਕਾਰ ਨੇ ਦੱਸਿਆ ਕਿ ਬੈਂਕ ਅੰਦਰ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਕਾਰਨ ਕਾਫੀ ਰਸ਼ ਪਿਆ ਹੋਇਆ ਹੈ ਅਤੇ ਚੋਰ ਨੇ ਮੌਕੇ ਦਾ ਫਾਇਦਾ ਉਠਾਇਆ ਪਰ ਉਹ ਰੰਗੇ ਹੱਥੀਂ ਕਾਬੂ ਆ ਗਿਆ।

## ਸਰਕਾਰ ਬਕਾਇਆ ਰਾਸ਼ੀ ਤੁਰੰਤ ਜਾਰੀ ਕਰੇ : ਭਾਜਪਾ ਮਹਿਲਾ ਮੋਰਚਾ

ਬਟਾਲਾ (ਤਰਲੋਕ ਬੱਗਾ)- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਬਟਾਲਾ ਵੱਲੋਂ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਦੇਣ ਸਬੰਧੀ ਕੀਤੇ ਵਾਅਦਿਆਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਹ ਪ੍ਰੋਗਰਾਮ ਭਾਜਪਾ ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਰਾਧਾ ਰਾਣੀ ਅਤੇ ਸਿਟੀ ਪ੍ਰਧਾਨ ਸੋਨੀਆ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਜਨਰਲ ਸਕੱਤਰ ਅੰਬਿਕਾ ਖੰਨਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਪ੍ਰੋਗਰਾਮ ਵਿੱਚ ਸੈਂਕੜਿਆਂ ਮਹਿਲਾਵਾਂ ਨੇ ਹਿੱਸਾ ਲੈ ਕੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕੀਤਾ।ਵਕਤਾਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਮਹਿਲਾਵਾਂ ਨਾਲ ਵੱਡੇ ਵਾਅਦੇ ਕੀਤੇ ਸਨ, ਪਰ ਸਰਕਾਰ ਬਣਨ ਤੋਂ ਬਾਅਦ ਉਹ ਵਾਅਦੇ ਪੂਰੇ ਨਹੀਂ ਕੀਤੇ ਗਏ। ਉਨ੍ਹਾਂ ਮੰਗ ਕੀਤੀ ਕਿ ਮਹਿਲਾਵਾਂ ਨੂੰ ਬਣਦੀ ਪੂਰੀ ਬਕਾਇਆ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ ਅਤੇ ਸਰਕਾਰ ਆਪਣੇ ਵਾਅਦਿਆਂ ਤੋਂ ਪਿੱਛੇ ਨਾ ਹਟੇ।ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਨਾ ਕਰਨਾ ਉਨ੍ਹਾਂ ਨਾਲ ਇੱਕ ਵੱਡਾ ਧੋਖਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਮਹਿਲਾਵਾਂ ਦਾ ਬਣਦਾ ਹੱਕ ਨਾ ਦਿੱਤਾ ਤਾਂ ਭਾਜਪਾ ਮਹਿਲਾ ਮੋਰਚਾ ਵੱਲੋਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।



# ਗੁਰਦੁਆਰਾ ਸਾਹਿਬ ਨੂੰ ਢਾਹੁਣ ਦੀ ਕਰਵਾਈ ਵੱਡਾ ਜ਼ੁਲਮ : ਛੀਨਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਪਾਕਿਸਤਾਨ ਦੇ ਪੰਜਾਬ ਸੂਬੇ ਦੇ ਫਾਰੂਖਾਬਾਦ (ਮੰਡੀ ਚੂਹੜਕਾਣਾ) ਵਿਖੇ 125 ਸਾਲਾ ਪੁਰਾਤਨ ਗੁਰਦੁਆਰਾ ਸਾਹਿਬ ਨੂੰ ਢਾਹੇ ਜਾਣ ਦੀ ਘਟਨਾ ਨੂੰ ਸਮੂਹ ਸਿੱਖਾਂ ਅਤੇ ਪੰਜਾਬੀਆਂ 'ਤੇ ਵੱਡਾ ਜ਼ੁਲਮ ਕਰਾਰ ਦਿੰਦਿਆਂ ਭਾਜਪਾ ਦੇ ਸੀਨੀਅਰ ਆਗੂ ਰਜਿੰਦਰ ਮੋਹਨ ਸਿੰਘ ਛੀਨਾ ਨੇ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਅਤੇ ਨਿੰਦਣਯੋਗ ਕਾਰਵਾਈ ਪਾਕਿ ਕੌਮ ਲਈ ਕਾਲਾ ਧੱਬਾ ਹੈ। ਉਨ੍ਹਾਂ ਕਿਹਾ ਕਿ ਪਿੱਠ 'ਚ ਵਾਰ ਕਰਨਾ ਪਾਕਿਸਤਾਨੀ ਕੌਮ ਦੀ ਸ਼ੁਰੂ ਤੋਂ ਹੀ ਇਹ ਫ਼ਿਤਰਤ ਰਹੀ ਹੈ। ਇਸ ਮੌਕੇ ਛੀਨਾ ਨੇ ਪਾਕਿਸਤਾਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ ਆ ਜਾਵੇ, ਨਹੀਂ ਤਾਂ ਆਉਣ ਵਾਲੇ ਸਮੇਂ 'ਚ ਉਨ੍ਹਾਂ ਨੂੰ ਇਸ ਦੇ ਗੰਭੀਰ ਸਿੱਟੇ ਭੁਗਤਣੇ ਪੈਣਗੇ। ਉਨ੍ਹਾਂ ਪਾਕਿਸਤਾਨੀਆਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਘੱਟ ਗਿਣਤੀਆਂ ਅਤੇ ਉਨ੍ਹਾਂ ਦੇ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਸਬੰਧੀ ਪਾਕਿ ਸਰਕਾਰ ਬਹੁਤ ਵੱਡੇ-ਵੱਡੇ ਦਾਅਵੇ ਕਰਦੀ ਹੈ ਪਰ ਜ਼ਮੀਨੀ ਹਕੀਕਤ ਇਸ ਦੇ ਉਲਟ ਹੀ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਸੰਸਾਰ ਭਰ ਦੇ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ। ਸਿੱਖ ਕੌਮ ਆਪਣੇ ਇਤਿਹਾਸਕ ਗੁਰਧਾਮਾਂ ਨੂੰ ਆਪਣੀ ਅਮੋਲਕ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਮੰਨਦੀ ਹੈ, ਜਿਨ੍ਹਾਂ ਦੀ ਸੰਭਾਲ ਹਰ ਹਾਲਤ 'ਚ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੁਰਾਤਨ ਗੁਰਦੁਆਰਾ ਸਾਹਿਬ ਨੂੰ ਢਾਹੁਣਾ ਨਾ ਸਿਰਫ਼ ਇਤਿਹਾਸਕ ਧਰੋਹਰ ਦਾ ਨੁਕਸਾਨ ਹੈ, ਸਗੋਂ ਇਹ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਕਦਮ ਵੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨਾਲ ਦੁਨੀਆ ਭਰ 'ਚ ਵੱਸਦੇ ਸਿੱਖਾਂ 'ਚ ਭਾਰੀ ਰੋਸ ਅਤੇ ਨਿਰਾਸ਼ਾ ਹੈ। ਉਨ੍ਹਾਂ ਪਾਕਿ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਵਿਅਕਤੀਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਹੋਰਨਾਂ ਇਹ ਸਬਕ ਮਿਲ ਸਕੇ ਕਿਸੇ ਵੀ ਕੌਮ ਦੇ ਧਾਰਮਿਕ ਅਸਥਾਨ 'ਤੇ ਹਮਲਾ ਕਰਨ ਦਾ ਨਤੀਜਾ ਕਿੰਨਾ ਭਿਆਨਕ ਹੁੰਦਾ ਹੈ। ਉਨ੍ਹਾਂ ਪਾਕਿ ਸਰਕਾਰ ਨੂੰ ਇਹ ਵੀ ਕਿਹਾ ਕਿ ਉਹ ਇਤਿਹਾਸਕ ਗੁਰਦੁਆਰਿਆਂ ਸਮੇਤ ਸਮੂਹ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਵੇ। ਇਸ ਮੌਕੇ ਛੀਨਾ ਨੇ ਅੰਤਰਰਾਸ਼ਟਰੀ ਸੰਸਥਾਵਾਂ ਅਤੇ ਮਨੁੱਖੀ ਅਧਿਕਾਰ ਸੰਗਠਨਾਂ ਨੂੰ ਵੀ ਉਕਤ ਮਾਮਲੇ ਦਾ ਗੰਭੀਰ ਨੋਟਿਸ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਵਿਸ਼ਵ ਦੀਆਂ ਇਤਿਹਾਸਕ ਅਤੇ ਧਾਰਮਿਕ ਵਿਰਾਸਤਾਂ ਦੀ ਰੱਖਿਆ ਲਈ ਠੋਸ ਕਦਮ ਚੁੱਕੇ ਜਾਣੇ ਚਾਹੀਦੇ ਹਨ।

## ਦੋਦਵਾਂ ਕਾਲਜ ਵਿਖੇ ਸੈਸ਼ਨ 2026-27 ਲਈ ਰਜਿਸਟਰੇਸ਼ਨ ਸ਼ੁਰੂ

**ਗੁਰਦਾਸਪੁਰ (ਜਨਕ ਮਹਾਜਨ)**- ਸਰਕਾਰੀ ਬਹੁਤਕਨੀਕੀ ਕਾਲਜ ਦੋਦਵਾਂ (ਦੀਨਾਨਗਰ) ਵਿਖੇ ਨਵੇਂ ਸੈਸ਼ਨ 2026-27 ਦਾਖਲੇ ਲਈ 30 ਜੂਨ ਤੋਂ ਦੂਜੀ ਕਾਊਂਸਲਿੰਗ ਸ਼ੁਰੂ ਹੋ ਚੁੱਕੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਇੰਜ. ਵਿਜੇ ਥਾਪਾ ਨੇ ਦੱਸਿਆ ਕਿ ਇਹ ਕਾਲਜ ਉੱਚ ਪੱਧਰੀ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।

ਕਾਲਜ ਵਲੋਂ ਵਿਦਿਆਰਥੀਆਂ ਅਤੇ ਮਾਪਿਆਂ ਦੀ ਸਹੂਲਤ ਲਈ ਕਾਲਜ ਵਿਚ ਦਾਖਲਾ ਸੈੱਲ ਦਾ ਗਠਨ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਵਿਦਿਆਰਥੀਆਂ ਦੀ ਦਾਖਲੇ ਲਈ ਰਜਿਸਟਰੇਸ਼ਨ, ਕੋਰਸ ਦੀ ਚੋਣ ਕਰਨ ਵਿਚ ਸਹਾਇਤਾ ਅਤੇ ਫੀਸਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕਰਵਾਉਣਾ ਹੈ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ,ਪੱਛੜੀ ਸ਼੍ਰੇਣੀ, ਘੱਟ ਗਿਣਤੀ ਵਰਗ ਆਦਿ ਦੇ ਵਿਦਿਆਰਥੀਆਂ ਲਈ ਫੀਸ ਵਿਚ ਵਿਸ਼ੇ ਛੋਟ ਦਿੱਤੀ ਜਾ ਰਹੀ ਹੈ। ਪ੍ਰਿੰਸੀਪਲ ਇੰਜ. ਵਿਜੇ ਥਾਪਾ ਨੇ ਦੱਸਿਆ ਕਿ ਕਾਲਜ ਵਿਖੇ ਤਿੰਨ ਸਾਲਾ ਡਿਪਲੋਮਾ ਕੋਰਸ ਦੇ ਦੋ ਟਰੇਡ ਕੰਪਿਊਟਰ ਸਾਇੰਸ ਐਂਡ ਇੰਜ. ਅਤੇ ਇਲੈਕਟ੍ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜੀ: ਸਫਲਤਾਪੂਰਵਕ ਚੱਲ ਰਹੇ ਹਨ। ਇਸ ਕਾਲਜ ਵਿਚ ਮਿਹਨਤੀ ਅਤੇ ਤਜਰਬੇਕਾਰ ਸਟਾਫ,ਉੱਤਮ ਲੈਬਾਂ ਅਤੇ ਵਰਕਸ਼ਾਪਾਂ ਦੇ ਨਾਲ ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।

# ਪ੍ਰੋ. ਪਲਵਿੰਦਰ ਸਿੰਘ ਨੇ ਉਪ-ਕੁਲਪਤੀ ਵਜੋਂ ਅਹੁਦਾ ਸੰਭਾਲਿਆ



ਆਦਮਪੁਰ (ਪਰਮਜੀਤ ਸਿੰਘ)-ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਮੌਜੂਦਗੀ ਵਿਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ (ਜਲੰਧਰ) ਵਿਖੇ ਪ੍ਰਸਿੱਧ ਅਕਾਦਮਿਕ ਮਾਹਰ ਪ੍ਰੋ. ਪਲਵਿੰਦਰ ਸਿੰਘ (ਕੈਮਿਸਟਰੀ ਵਿਭਾਗ, ਸਾਬਕਾ ਡੀਨ ਅਕਾਦਮਿਕ ਅਤੇ ਸਾਬਕਾ ਪ੍ਰੀਖਿਆ ਕੰਟਰੋਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ) ਨੇ ਰਸਮੀ ਤੌਰ 'ਤੇ ਉਪ-ਕੁਲਪਤੀ ਵਜੋਂ ਆਪਣਾ ਅਹੁਦਾ ਸੰਭਾਲ ਲਿਆ ।ਅਹੁਦਾ ਸੰਭਾਲਣ ਉਪਰੰਤ ਵਾਈਸ ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਨੇ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਸਕੱਤਰ ਹਰਦਮਨ ਸਿੰਘ ਮਿਨਹਾਸ ਅਤੇ ਸਮੁੱਚੀ ਮੈਨੇਜਮੈਂਟ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਤ ਬਾਬਾ ਭਾਗ ਸਿੰਘ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਇਸ ਮਹਾਨ ਵਿੱਦਿਅਕ ਧਰਤੀ 'ਤੇ ਸੇਵਾ ਕਰਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਲੰਮਾ ਅਕਾਦਮਿਕ ਅਤੇ ਪ੍ਰਸ਼ਾਸਨਿਕ ਤਜਰਬਾ ਰੱਖਣ ਵਾਲੇ ਪ੍ਰੋ. ਪਲਵਿੰਦਰ ਸਿੰਘ ਨੇ ਭਰੋਸਾ ਦਿਵਾਇਆ ਕਿ ਉਹ ਯੂਨੀਵਰਸਿਟੀ ਦੇ ਅਕਾਦਮਿਕ ਮਿਆਰ ਨੂੰ ਹੋਰ ਉੱਚਾ ਚੁੱਕਣ, ਖੋਜ ਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਮਾਣਯੋਗ ਚਾਂਸਲਰ ਸਾਹਿਬ ਅਤੇ ਸਕੱਤਰ ਹਰਦਮਨ ਸਿੰਘ ਮਿਨਹਾਸ ਨੇ ਨਵੇਂ ਵਾਈਸ ਚਾਂਸਲਰ ਨੂੰ ਗੁਲਦਸਤਾ ਭੇਟ ਕਰਕੇ ਸ਼ੁੱਭਕਾਮਨਾਵਾਂ ਦਿੱਤੀਆਂ। ਪ੍ਰਬੰਧਕਾਂ ਨੇ ਉਮੀਦ ਜਤਾਈ ਕਿ ਪ੍ਰੋ. ਪਲਵਿੰਦਰ ਸਿੰਘ ਦੀ ਯੋਗ ਅਗਵਾਈ, ਉੱਚੇ-ਸੁੱਚੇ ਅਕਾਦਮਿਕ ਤਜਰਬੇ ਅਤੇ ਦੂਰ-ਅੰਦੇਸ਼ੀ ਸੋਚ ਸਦਕਾ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਸਿੱਖਿਆ ਦੇ ਖੇਤਰ ਵਿੱਚ ਉੱਚ ਪੱਧਰ 'ਤੇ ਨਵੀਆਂ ਬੁਲੰਦੀਆਂ ਨੂੰ ਛੂਹੇਗੀ। ਇਸ ਮੌਕੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਡੀਨ ਡਾਇਰੈਕਟਰ ਅਤੇ ਰਜਿਸਟਰਾਰ, ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

## ਕਾਂਗਰਸ ਦੇ ਮੌਜੂਦਾ ਬਲਾਕ ਸੰਮਤੀ ਮੈਂਬਰ ਸਰਵਣ ਸਿੰਘ ਸਾਥੀਆਂ ਸਮੇਤ ਆਪ 'ਚ ਸ਼ਾਮਲ



ਪਠਾਨਕੋਟ (ਦਵਿੰਦਰ ਸਿੰਘ)-ਵਿਧਾਨ ਸਭਾ ਹਲਕਾ ਭੋਆ ਵਿੱਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਕਾਂਗਰਸ ਦੇ ਮੌਜੂਦਾ ਬਲਾਕ ਸੰਮਤੀ ਮੈਂਬਰ ਸਰਵਣ ਸਿੰਘ ਨੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਪਿੰਡ ਕੂੰਡੇ ਫਿਰੋਜ਼ਪੁਰ ਵਿਖੇ ਕਰਵਾਏ ਸਮਾਗਮ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਫੁੱਲਾਂ ਦੇ ਹਾਰ ਅਤੇ ਦੁਸ਼ਾਲੇ ਭੇਟ ਕਰਕੇ ਨਵੇਂ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ।ਇਸ ਮੌਕੇ ਸਰਵਣ ਸਿੰਘ ਦੇ ਨਾਲ ਡਾ. ਸੁਰੇਸ਼ ਕੁਮਾਰ, ਰੱਜਤ ਪੰਡਿਤ, ਬੋਧਰਾਜ, ਮੋਹਨ ਲਾਲ ਫੌਜੀ, ਕੇਵਲ ਮਿਸਤਰੀ, ਸਰੂਪ ਲਾਲ, ਡਾ. ਸੁਰੇਸ਼ ਦੂਣਾ, ਅਸ਼ਵਨੀ, ਗੁਰਨਾਮ ਸਿੰਘ, ਪਰਮਜੀਤ ਪੰਮੀ, ਅੰਕੁਸ਼, ਹਰਦੀਪ ਅਤੇ ਹੋਰ ਕਾਂਗਰਸੀ ਵਰਕਰ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਕੈਬਨਿਟ ਮੰਤਰੀ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਨਵੇਂ ਮੈਂਬਰਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਅਹੁਦੇਦਾਰ ਅਤੇ ਵਰਕਰ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਬਿਨਾਂ ਕਿਸੇ ਪੱਖਪਾਤ ਦੇ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਪਹੁੰਚਾ ਰਹੀ ਹੈ ਅਤੇ ਭਵਿੱਖ ਵਿੱਚ ਵੀ ਇਹ ਸਿਲਸਿਲਾ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਰਕਮ ਆਉਣੀ ਸ਼ੁਰੂ ਹੋ ਗਈ ਹੈ।ਇਸ ਮੌਕੇ ਬਲਾਕ ਸੰਮਤੀ ਘਰੋਟਾ ਦੇ ਚੇਅਰਮੈਨ ਪਵਨ ਭਾਰਦਵਾਜ, ਪਿੰਡ ਫਿਰੋਜ਼ਪੁਰ ਦੇ ਸਰਪੰਚ ਸੁਰੇਸ਼, ਪਿੰਡ ਗੁਜਰਾਤ ਦੇ ਸਰਪੰਚ ਰਿੰਕੂ, ਪਿੰਡ ਨਮਾਲਾ ਦੇ ਸਰਪੰਚ ਜਗਦੇਵ, ਮਨਦੀਪ ਕੁੰਡਾ, ਪੁਰਸ਼ੋਤਮ ਕੁੰਡਾ ਅਤੇ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਤੇ ਵਰਕਰ ਵੀ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਜੀ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਦਿਖਾਈ ਜਾਵੇਗੀ ਵਿਸ਼ੇਸ਼ ਡਾਕੂਮੈਂਟਰੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡਾਂ ਵਿਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਪੂਰਵਕ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣ ਲਈ ਵਿਸ਼ੇਸ ਡਾਕੂਮੈਂਟਰੀ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਇਸ ਮੁਹਿੰਮ ਨੂੰ ਸਫਲਤਾ ਪੂਰਵਕ ਨੇਪਰੇ ਚੜ੍ਹਾਉਣ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪੱਧਰ ਅਤੇ ਸਬ ਡਵੀਜ਼ਨ ਪੱਧਰ 'ਤੇ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਐਲ.ਈ.ਡੀ ਸਕਰੀਨ ਵਾਲੀ ਵੈਨ, ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡਾਂ ਨੂੰ ਕਵਰ ਕਰੇਗੀ ਅਤੇ ਰੋਜ਼ਾਨਾ ਸ਼ਾਮ ਨੂੰ ਦੋ ਪਿੰਡਾਂ ਵਿੱਚ, ਇਸ ਵੈਨ ਰਾਹੀਂ ਇਹ ਡਾਕੂਮੈਂਟਰੀ ਦਿਖਾਈ ਜਾਵੇਗੀ ਤਾਂ ਜੋ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਹਰ ਘਰ ਤੱਕ ਪਹੁੰਚ ਸਕਣ। ਉਨ੍ਹਾਂ ਦੱਸਿਆ ਕਿ ਇਹ ਦਸਤਾਵੇਜ਼ੀ 30 ਮਿੰਟ ਦੀ ਹੋਵੇਗੀ। ਉਨ੍ਹਾਂ ਸਮੂਹ ਉਪ ਮੰਡਲ ਮੈਜਿਸਟਰੇਟ ਨੂੰ ਹਦਾਇਤ ਕੀਤੀ ਕਿ ਉਹ ਸਬ ਡਵੀਜ਼ਨ ਪੱਧਰ ਉਤੇ ਇਸ ਦੀ ਨਿਗਰਾਨੀ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਨੇ ਪੁਲਸ ਅਧਿਕਾਰੀਆਂ ਨੂੰ ਸਮੁੱਚੇ ਸੁਰੱਖਿਆ ਪ੍ਰਬੰਧ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨੂੰ ਪਿੰਡਾਂ ਵਿੱਚ ਢੁੱਕਵੀਂ ਜਗ੍ਹਾ ਦੀ ਚੋਣ, ਸੰਗਤ ਲਈ ਬੈਠਣ ਵਿਵਸਥਾ ਤੇ ਪੀਣ ਵਾਲੇ ਸਾਫ ਪਾਣੀ ਦੇ ਪ੍ਰਬੰਧ, ਸਾਫ ਸਫਾਈ, ਰੌਸ਼ਨੀ ਵਿਵਸਥਾ ਆਦਿ ਨੂੰ ਵੀ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

# ਚੀਮਾਬਾਠ ਗੋਲੀ ਕਾਂਡ ਦੇ 2 ਮੁਲਜ਼ਮ ਕਾਬੂ

ਬਿਆਸ (ਪਰਮਜੀਤ ਸਿੰਘ ਰੱਖੜਾ) ਪਿੰਡ ਚੀਮਾਬਾਠ ਵਿਖੇ ਵਾਪਰੀ ਗੋਲੀਬਾਰੀ ਦੀ ਵਾਰਦਾਤ ਨੂੰ ਹੱਲ ਕਰਦੇ ਹੋਏ ਸਬ-ਡਵੀਜ਼ਨ ਬਾਬਾ ਬਕਾਲਾ ਸਾਹਿਬ ਦੀ ਪੁਲਸ ਨੇ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਡੀ ਐੱਸ ਪੀ ਸੁਖਪਾਲ ਸਿੰਘ ਬਾਬਾ ਬਕਾਲਾ ਸਾਹਿਬ ਨੇ ਦੱਸਿਆ ਕਿ 23 ਜੂਨ ਨੂੰ ਕਰੀਬ ਸ਼ਾਮ 3 ਵਜੇ ਲਵਪ੍ਰੀਤ ਸਿੰਘ ਉਰਫ਼ ਲਵਲੀ ਪੁੱਤਰ ਭੁਪਿੰਦਰ ਸਿੰਘ ਅਤੇ ਰਮਨਦੀਪ ਸਿੰਘ ਪੁੱਤਰ ਹਰਪਾਲ ਸਿੰਘ (ਦੋਵੇਂ ਵਾਸੀ ਚੀਮਾਬਾਠ) ਆਪਣੇ ਪਿੰਡ ਦੇ ਮੋੜ ਉੱਤੇ ਖੜ੍ਹੇ ਸਨ ਕਿ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨਾਲ ਹੋਈ ਬਹਿਸਬਾਜ਼ੀ ਦੌਰਾਨ ਪਿਛਲੀ ਸੀਟ 'ਤੇ ਬੈਠੇ ਵਿਅਕਤੀ ਨੇ ਡੱਬ ਵਿੱਚੋਂ ਪਿਸਤੌਲ ਕੱਢ ਕੇ ਲਵਪ੍ਰੀਤ ਸਿੰਘ ਉੱਤੇ ਕਾਤਲਾਨਾ ਹਮਲਾ ਕਰਦਿਆਂ ਲਗਾਤਾਰ ਤਿੰਨ ਫਾਇਰ ਕੀਤੇ, ਜਿਨ੍ਹਾਂ ਵਿੱਚੋਂ ਇੱਕ ਗੋਲੀ ਉਸ ਦੇ ਖੱਬੇ ਪੱਟ ਵਿੱਚ ਜਾ ਵੱਜੀ। ਵਾਰਦਾਤ ਨੂੰ ਅੰਜਾਮ ਦੇਣ ਮਗਰੋਂ ਦੋਵੇਂ ਮੁਲਜ਼ਮ ਫੇਰੂਮਾਨ ਵੱਲ ਫ਼ਰਾਰ ਹੋ ਗਏ ।ਖ਼ੁਫ਼ੀਆ ਸੂਤਰਾਂ ਦੇ ਆਧਾਰ 'ਤੇ ਗੋਲੀ ਚਲਾਉਣ ਵਾਲੇ ਮੁਲਜ਼ਮ ਦੀ ਸ਼ਨਾਖ਼ਤ ਪ੍ਰਿੰਸ ਬਾਵਾ ਉਰਫ਼ ਸੰਬੀ ਪੁੱਤਰ ਪ੍ਰਦੁਮਨ ਲਾਲ ਵਾਸੀ ਫੇਰੂਮਾਨ ਰੋਡ ਰਈਆ ਵਜੋਂ ਹੋਈ। ਲਵਪ੍ਰੀਤ ਸਿੰਘ ਦੇ ਬਿਆਨਾਂ 'ਤੇ ਥਾਣਾ ਬਿਆਸ ਵਿਖੇ ਆਰਮਜ਼ ਐਕਟ ਅਧੀਨ ਪਰਚਾ ਦਰਜ ਕਰਕੇ ਐੱਸ ਆਈ ਸਿਕੰਦਰ ਲਾਲ ਵੱਲੋਂ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ। ਪੁਲਸ ਟੀਮ ਨੇ ਮੁੱਖ ਦੋਸ਼ੀ ਪ੍ਰਿੰਸ ਬਾਵਾ ਨੂੰ ਇੱਕ ਜੁਲਾਈ ਨੂੰ ਗ੍ਰਿਫ਼ਤਾਰ ਕਰ ਲਿਆ । ਪੁਲਸ ਟੀਮ ਨੇ ਮੁਲਜ਼ਮ ਜਸਵਿੰਦਰ ਸਿੰਘ ਉਰਫ ਬੌਕਸਰ ਪੁੱਤਰ ਮੁਖਤਿਆਰ ਸਿੰਘ, ਵਾਸੀ ਵਜ਼ੀਰ ਭੁੱਲਰ, ਥਾਣਾ ਬਿਆਸ (ਅੰਮ੍ਰਿਤਸਰ) ਨੂੰ ਗ੍ਰਿਫ਼ਤਾਰ ਕੀਤਾ ਸੀ। ਬੌਕਸਰ ਖਿਲਾਫ ਪਹਿਲਾਂ ਵੀ ਚਾਰ ਅਤੇ ਪ੍ਰਿੰਸ ਬਾਵਾ ਖਿਲਾਫ ਤਿੰਨ ਮੁਕੱਦਮੇ ਦਰਜ ਹਨ । ਉਨ੍ਹਾਂ ਪਾਸੋਂ ਬਰਾਮਦਗੀ ਬਰੇਟਾ ਪਿਸਟਲ 30 ਬੋਰ ਸਮੇਤ ਤਿੰਨ ਜ਼ਿੰਦਾ ਰੌਂਦ ਬਰਾਮਦ ਕੀਤੇ ਹਨ। ਮੁਲਜ਼ਮਾਂ ਨੂੰ ਐੱਸ ਡੀ ਜੇ ਐੱਮ ਬਾਬਾ ਬਕਾਲਾ ਸਾਹਿਬ ਜਸਪ੍ਰੀਤ ਸਿੰਘ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ ਤਾਂ ਜੱਜ ਸਾਹਿਬਾਨ ਨੇ ਉਹਨਾਂ ਦਾ 4 ਦਿਨ ਦਾ ਪੁਲਸ ਰਿਮਾਂਡ ਦਿੱਤਾ ਹੈ। ਇਸ ਮੌਕੇ ਗੁਰਵਿੰਦਰ ਸਿੰਘ ਐੱਸ ਐੱਚ ਓ ਥਾਣਾ ਬਿਆਸ, ਐੱਸ ਆਈ ਸਿਕੰਦਰ ਲਾਲ ਤੇ ਚਰਨਕੰਵਲ ਸਿੰਘ ਰੀਡਰ ਆਦਿ ਮੌਜੂਦ ਸਨ।



# ਛੇਵੇਂ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਸਮਾਗਮ 5 ਨੂੰ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰੂ ਸਾਹਿਬਾਨ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਮਿੱਠਾਸਰ ਸਾਹਿਬ ਸ਼ੇਰਗਾਹ ਛਾਉਣੀ ਨਿਹੰਗ ਸਿੰਘਾਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪਿੰਡ ਬੱਢਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ।ਗੁਰਦੁਆਰਾ ਸ੍ਰੀ ਮਿੱਠਾਸਰ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਗੁਰਚਰਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼੍ਰੋਮਣੀ ਸੇਵਾ ਰਤਨ ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੀ ਅਗਵਾਈ ਅਤੇ ਰਹਿਨੁਮਾਈ ਹੇਠ ਇਹ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਮਾਗਮ ਦੀ ਆਰੰਭਤਾ 3 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਵੇਗੀ। 5 ਜੁਲਾਈ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ।ਇਸ ਉਪਰੰਤ ਪੰਥ ਪ੍ਰਸਿੱਧ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਜਾਵੇਗਾ ਜਦਕਿ ਵਿਦਵਾਨ ਕਥਾਵਾਚਕਾਂ ਅਤੇ ਪ੍ਰਚਾਰਕਾਂ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਜਾਵੇਗੀ। ਇਸ ਮੌਕੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਤਖ਼ਤ ਸਾਹਿਬਾਨ ਦੇ ਜਥੇਦਾਰ, ਸੰਤ ਸਮਾਜ ਦੇ ਮਹਾਂਪੁਰਖ ਅਤੇ ਹੋਰ ਪ੍ਰਮੁੱਖ ਹਸਤੀਆਂ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ।ਸਮਾਗਮ ਦੌਰਾਨ ਸਮੂਹ ਸੰਗਤਾਂ ਲਈ ਦੇਸੀ ਘਿਓ ਦੇ ਤਰ੍ਹਾਂ ਤਰ੍ਹਾਂ ਦੇ ਪਕਵਾਨਾਂ ਸਮੇਤ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਵੇਗਾ।ਇਸ ਤੋਂ ਪਹਿਲਾਂ ਬਾਬਾ ਬਲਬੀਰ ਸਿੰਘ ਨੇ ਗੁਰਦੁਆਰਾ ਸ੍ਰੀ ਮਿੱਠਾਸਰ ਸਾਹਿਬ ਵਿਖੇ ਪਹੁੰਚ ਕੇ ਸਮਾਗਮ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਬਾਬਾ ਮਲੂਕ ਸਿੰਘ ਲਾਡੀ, ਬਾਬਾ ਗੁਰਪ੍ਰੀਤ ਸਿੰਘ ਬੜੀ, ਦਲਜੀਤ ਸਿੰਘ ਸਰਪੰਚ ਬੱਢਲ ਉੱਪਰਲਾ, ਪਰਮਜੀਤ ਸਿੰਘ ਸਰਪੰਚ ਬੱਢਲ, ਰਮਨ ਕੁਮਾਰ ਸਾਬਕਾ ਸਰਪੰਚ ਝਿੰਜੜੀ, ਪ੍ਰਿਤਪਾਲ ਸਿੰਘ ਕੂਨਰ, ਸੰਜੇ ਸਾਬਕਾ ਸਰਪੰਚ ਕੋਟਲਾ, ਗੁਰਮੇਲ ਸਿੰਘ ਸੂਬੇਦਾਰ, ਸੁਖਦੇਵ ਸਿੰਘ ਬੱਢਲ, ਗੁਰਦਿਆਲ ਸਿੰਘ ਕੇ ਟੀ ਸੀ ਟਰਾਂਸਪੋਰਟ, ਬਾਬਾ ਹਰਮੇਲ ਸਿੰਘ, ਹਜ਼ੂਰੀ ਰਾਗੀ ਮੱਖਣ ਸਿੰਘ ਵੀ ਹਾਜ਼ਰ ਸਨ।

## ਉਮੀਦ, ਪਿਆਰ ਤੇ ਦੂਜੇ ਮੌਕਿਆਂ ਦੀ ਕਹਾਣੀ : ਇਲਾਕੀਆ

ਜਲੰਧਰ : 28 ਸਾਲਾ ਇਲਾਕੀਆ ਲਈ, ਭਾਵਨਾਤਮਕ ਤੰਦਰੁਸਤੀ, ਸਾਥੀ ਅਤੇ ਵਿੱਤੀ ਸੁਤੰਤਰਤਾ ਵੱਲ ਯਾਤਰਾ ਨੇ ਇੱਕ ਪਰਿਵਰਤਨਸ਼ੀਲ ਮੋੜ ਲਿਆ ਜਦੋਂ ਉਸ ਨੇ ਇੰਟਰੈਕਟ ਗਰੁੱਪ ਦੁਆਰਾ ਭਾਰਤ ਦੇ ਪ੍ਰਮੁੱਖ ਆਵਾਜ਼-ਪਹਿਲੇ ਸਮਾਜਿਕ ਖੋਜ ਪਲੇਟਫਾਰਮ, ਐਫ ਆਰ ਐਨ ਡੀ ਦੀ ਖੋਜ ਕੀਤੀ। ਇਲਾਕੀਆ ਨੇ ਜਨਮ ਸਮੇਂ ਆਪਣੀ ਮਾਂ ਗੁਆ ਦਿੱਤੀ। ਉਸ ਦੇ ਪਿਤਾ, ਉਸ ਦੇ ਇਕਲੌਤੇ ਮਾਤਾ-ਪਿਤਾ ਅਤੇ ਸਾਥੀ, ਕੋਵਿਡ-19 ਮਹਾਂਮਾਰੀ ਦੌਰਾਨ ਅਕਾਲ ਚਲਾਣਾ ਕਰ ਗਏ, ਜਿਸ ਕਾਰਨ ਉਸ ਦਾ ਕੋਈ ਨਜ਼ਦੀਕੀ ਪਰਵਾਰ ਨਹੀਂ ਰਿਹਾ। ਉਹ ਰਿਸ਼ਤੇਦਾਰਾਂ ਕੋਲ ਚਲੀ ਗਈ, ਪਰ ਪ੍ਰਬੰਧ ਵਿੱਚ ਭਾਵਨਾਤਮਕ ਆਰਾਮ ਅਤੇ ਆਪਣੇਪਣ ਦੀ ਭਾਵਨਾ ਦੀ ਘਾਟ ਸੀ।

ਅੰਤ ਵਿੱਚ ਉਸ ਨੇ ਆਪਣੇ ਆਪ ਬਾਹਰ ਜਾਣ ਦਾ ਮੁਸ਼ਕਲ ਫੈਸਲਾ ਲਿਆ। ਸਮਾਜਿਕ ਤੌਰ 'ਤੇ ਇਕੱਲੇ ਅਤੇ ਬਹੁਤ ਝਿਜਕਦੇ ਹੋਏ, ਖਾਸ ਕਰਕੇ ਮਰਦਾਂ ਨਾਲ ਗੱਲ ਕਰਨ ਦੇ ਆਲੇ-ਦੁਆਲੇ, ਇਲਾਕੀਆ ਨੂੰ ਰੋਜ਼ਾਨਾ ਗੱਲਬਾਤ ਚੁਣੌਤੀਪੂਰਨ ਲੱਗੀ। ਐਫ ਆਰ ਐਨ ਡੀ 'ਤੇ ਇਕਸਾਰ, ਸੱਚੀ ਆਵਾਜ਼ ਗੱਲਬਾਤ ਰਾਹੀਂ, ਇਲਾਕੀਆ ਉਸ ਦੀ ਜ਼ਿੰਦਗੀ ਵਿੱਚ ਇੱਕ ਸਥਿਰ ਮੌਜੂਦਗੀ ਬਣ ਗਿਆ, ਜਿਸ ਨੇ ਉਸ ਨੂੰ ਭਾਵਨਾਤਮਕ ਅਤੇ ਨਿੱਜੀ ਮੁਸ਼ਕਲਾਂ ਨੂੰ ਦੂਰ ਕਰਨ ਵਿੱਚ ਮਦਦ ਕੀਤੀ ਜੋ ਉਸ ਨੇ ਸਾਲਾਂ ਤੋਂ ਇਕੱਲੇ ਝੱਲੀਆਂ ਸਨ।

## ਸਰਕਾਰ ਮਿਡ ਡੇਅ ਮੀਲ ਵਰਕਰਾਂ ਦੇ ਮਾਣਭੱਤੇ 'ਚ ਵਾਧਾ ਕਰੇ



ਬਟਾਲਾ (ਤਰਲੋਕ ਬੱਗਾ)-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣਭੱਤੇ ਉੱਤੇ ਖਾਣਾ ਬਣਾਉਣ ਵਾਲੇ ਵਰਕਰਾਂ ਦੀ ਮਿਡ ਡੇਅ ਮੀਲ ਵਰਕਰਜ਼ ਯੂਨੀਅਨ ਬਟਾਲਾ ਦੇ ਅਹੁਦੇਦਾਰਾਂ ਭੈਣ ਨੀਲਮ ਅਤੇ ਭੈਣ ਹਰਭਜਨ ਕੌਰ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਤੋਂ ਮਾਣਭੱਤੇ ਵਿੱਚ ਵਾਧਾ ਕਰਨ ਦੀ ਮੰਗ ਕੀਤੀ ਗਈ। ਆਗੂਆਂ ਕਿਹਾ ਕਿ ਗਰੀਬ ਵਰਕਰਾਂ ਸਿਰਫ 100 ਰੁਪਏ ਦਿਹਾੜੀ ਉੱਤੇ ਮਹੀਨੇ ਦੇ 3000 ਰੁਪਏ ਉੱਪਰ ਕੰਮ ਕਰ ਰਹੀਆਂ ਹਨ । ਅੱਤ ਦੀ ਮਹਿੰਗਾਈ ਵਿੱਚ ਏਨੇ ਥੋੜ੍ਹੇ ਪੈਸਿਆਂ ਨਾਲ ਗੁਜ਼ਾਰਾ ਕਰਨਾ ਬਹੁਤ ਔਖਾ ਹੈ । ਇਸ ਲਈ ਪੰਜਾਬ ਸਰਕਾਰ ਨੂੰ ਗਰੀਬ ਵਰਕਰਾਂ ਦੇ ਨਿਗੂਣੇ ਮਾਣਭੱਤੇ ਵਿੱਚ ਵਾਧਾ ਕਰਕੇ ਇਹਨਾਂ ਵਰਕਰਾਂ ਨੂੰ ਸਨਮਾਨਯੋਗ ਰਾਸ਼ੀ ਦੇਣੀ ਚਾਹੀਦੀ ਹੈ ਜਿਸ ਨਾਲ ਇਹ ਅੱਤ ਦੀ ਮਹਿੰਗਾਈ ਵਿੱਚ ਆਪਣੇ ਘਰ ਦਾ ਗੁਜ਼ਾਰਾ ਕਰ ਸਕਣ । ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂਆਂ ਰਮੇਸ਼ ਤਾਲੋਤਰਾ, ਗੁਰਪ੍ਰੀਤ ਸਿੰਘ ਰੰਗੀਲਪੁਰ ਅਤੇ ਸੁਖਵਿੰਦਰ ਸਿੰਘ ਨੇ ਕਿਹਾ ਕਿ ਹੁਣ ਤੱਕ ਕਿਸੇ ਸਰਕਾਰ ਨੇ ਵੀ ਇਹਨਾਂ ਗਰੀਬ ਵਰਕਰਾਂ ਦੀ ਸਾਰ ਨਹੀਂ ਲਈ । ਇਹ ਵਰਗ ਮਾਣਭੱਤੇ ਵਿੱਚ ਵਾਧੇ ਦਾ ਹੱਕਦਾਰ ਹੈ ਕਿਉਂਕਿ ਇਹਨਾਂ ਮਿਡ ਡੇਅ ਮੀਲ ਵਰਕਰਾਂ ਦਾ ਕੰਮ ਅਤੇ ਜ਼ਿੰਮੇਵਾਰੀ ਬਹੁਤ ਵੱਡੀ ਹੈ । ਇਸ ਮੌਕੇ ਉਰਮਿਲਾ, ਰਾਜ ਰਾਣੀ, ਮਨਜੀਤ ਕੌਰ, ਪ੍ਰਵੀਨ, ਪੁਸ਼ਪਾ, ਗੀਤਾ, ਕਮਲਾ, ਗੁਰਮੀਤ ਕੌਰ, ਨਿਰਮਲ ਕੌਰ ਆਦਿ ਹਾਜ਼ਰ ਸਨ।

# ਭੈਲ ਵਿਖੇ ਅਕਾਲੀ ਦਲ (ਬ) ਨੂੰ ਛੱਡ ਕੇ ਮੰਡੇਖਾਨਾ ਪਰਵਾਰ ਨੇ ਸਾਥੀਆਂ ਸਮੇਤ ਸਿੱਕੀ ਨੂੰ ਦਿੱਤਾ ਸਮਰਥਨ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਵਿਚ ਪਿੰਡ ਭੈਲ ਢਾਏ ਵਾਲਾ ਦਾ ਟਕਸਾਲੀ ਅਕਾਲੀ ਪਰਵਾਰ ਆਪਣੇ ਸੈਂਕੜੇ ਸਾਥੀਆਂ ਸਮੇਤ ਕਾਂਗਰਸ ਪਾਰਟੀ 'ਚ ਸ਼ਾਮਲ ਹੋਇਆ। ਇਸ ਮੌਕੇ ਅਕਾਲੀ ਦਲ ਦਾ ਮੌਜੂਦਾ ਬਲਾਕ ਸੰਮਤੀ ਮੈਂਬਰ ਵੀ ਅਕਾਲੀ ਦਲ ਨੂੰ ਛੱਡ ਕਾਂਗਰਸ ਪਾਰਟੀ 'ਚ ਸ਼ਾਮਲ ਹੋਇਆ। ਕਾਬਲ ਸਿੰਘ ਭੈਲ, ਪ੍ਰਕਾਸ਼ ਸਿੰਘ ਭੈਲ, ਚਰਨ ਸਿੰਘ ਭੈਲ, ਸ਼ੰਕਰ ਸਿੰਘ ਭੈਲ, ਹਰਿੰਦਰ ਸਿੰਘ ਭੈਲ, ਬਲਾਕ ਸੰਮਤੀ ਮੈਂਬਰ ਕਸ਼ਮੀਰ ਸਿੰਘ ਭੈਲ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਕਾਂਗਰਸ ਪਾਰਟੀ 'ਚ ਸ਼ਾਮਲ ਹੋਏ।

ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਨੇ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਵਿਚ ਵਿਚ ਸ਼ਾਮਲ ਹੋਣ ਵਾਲੇ ਹਰ ਸਾਥੀ ਨੂੰ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਸਾਬਕਾ ਵਿਧਾਇਕ ਸਿੱਕੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਆਪ ਸਰਕਾਰ ਦੇ ਰਾਜ ਵਿਚ ਮੌਜੂਦਾ ਵਿਧਾਇਕ ਦੀ ਮਿਲੀਭੁਗਤ ਨਾਲ ਘਪਲੇ ਕਰਨ ਵਾਲੇ ਸਰਪੰਚਾਂ ਖਿਲਾਫ ਕਾਂਗਰਸ ਸਰਕਾਰ ਆਉਣ 'ਤੇ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਗਰੂਪ ਸਿੰਘ ਸੰਧੂ ਸਰਪੰਚ ਖਵਾਸਪੁਰ ਨੂੰ ਖਡੂਰ ਸਾਹਿਬ ਬਲਾਕ 'ਤੇ ਲਗਾਇਆ ਜਾਵੇਗਾ ਤਾਂ ਜੋ ਘਪਲੇ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਸਕੇ। ਇਸ ਮੌਕੇ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਣ ਵਾਲਿਆਂ ਵਿਚ ਸੰਨਬੀਰ ਸਿੰਘ, ਕੁਲਵਿੰਦਰ ਸਿੰਘ, ਗੁਰਜੀਤ ਸਿੰਘ, ਜਿੰਦਰਪਾਲ ਸਿੰਘ, ਦਲਬੀਰ ਸਿੰਘ, ਮਲਕੀਤ ਸਿੰਘ,



ਸੁਖਬੀਰ ਸਿੰਘ, ਠੇਕੇਦਾਰ ਜਸਬੀਰ ਸਿੰਘ, ਸੁਖਦੇਵ ਸਿੰਘ ਕਾਲਾ ਸਿੰਘ, ਤਰਸੇਮ ਸਿੰਘ, ਜਗਦੀਪ ਸਿੰਘ ਜੱਗਾ, ਰਾਜਵਿੰਦਰ ਸਿੰਘ ਠੇਕੇਦਾਰ, ਮੰਗਲ ਸਿੰਘ ਠੇਕੇਦਾਰ, ਸਵਿੰਦਰ ਸਿੰਘ ਸ਼ਿੰਦਾ ਭੈਲ ਆਪਣੇ ਪਰਵਾਰਾਂ ਸਮੇਤ ਕਾਂਗਰਸ ਪਾਰਟੀ 'ਚ ਸ਼ਾਮਲ ਹੋਏ।

ਇਸ ਮੌਕੇ ਸਾਬਕਾ ਸਰਪੰਚ ਮੇਜਰ ਸਿੰਘ ਭੈਲ, ਸੀਨੀਅਰ ਕਾਂਗਰਸੀ ਆਗੂ ਬਲਰਾਜ ਸਿੰਘ ਪਵਾਰ, ਰਣਬੀਰ ਸਿੰਘ ਰਾਣਾ ਆੜ੍ਹਤੀਆ, ਨੰਬਰਦਾਰ ਭਜਨ ਸਿੰਘ, ਸ਼ਮਸ਼ੇਰ ਸਿੰਘ ਸੂਬੇਦਾਰ ਪਵਾਰ, ਕੁਲਵੰਤ ਸਿੰਘ ਪਵਾਰ, ਗੁਰਦੀਪ ਸਿੰਘ ਕਾਲਾ, ਗੁਰਦੇਵ ਸਿੰਘ, ਸੁਖਦੇਵ ਸਿੰਘ ਜੀਓਜੀ, ਸਾਬਕਾ ਮੈਂਬਰ ਕਸ਼ਮੀਰ ਸਿੰਘ, ਸੰਦੀਪ ਸਿੰਘ ਠੇਕੇਦਾਰ, ਗੱਜਣ ਸਿੰਘ, ਦਿਆਲ ਸਿੰਘ ਸ਼ਾਹ, ਸਵਿੰਦਰ ਸਿੰਘ ਰੰਧਾਵਾ, ਸਤਨਾਮ ਸਿੰਘ ਸਿੱਕੀ, ਸੀਨੀਅਰ ਕਾਂਗਰਸੀ ਆਗੂ ਸਰਪੰਚ ਅਵਤਾਰ ਸਿੰਘ ਫੇਲੋਕੇ, ਸਾਬਕਾ ਸਰਪੰਚ ਕੁਲਤਾਰ ਸਿੰਘ, ਸੁਖਰਾਜ ਸਿੰਘ ਫੇਲੋਕੇ ਸਰਪੰਚ ਪਰਮਜੀਤ ਸਿੰਘ ਜਾਮਾਰਾਏ, ਗੁਰਭੇਜ ਸਿੰਘ ਜਾਮਾਰਾਏ,ਬਾਬਾ ਕੁਲਵੰਤ ਸਿੰਘ, ਨੰਬਰਦਾਰ ਬਿੰਦਰ ਸਿੰਘ ਜਾਮਾਰਾਏ, ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਕਾਹਲਵਾ, ਪ੍ਰਭਦੀਪ ਸਿੰਘ ਕਾਹਲਵਾ, ਸਰਪੰਚ ਜਗਰੂਪ ਸਿੰਘ, ਗੁਰਬੀਰ ਸਿੰਘ ਬਸਰਾ, ਨਵਦੀਪ ਸਿੰਘ ਪਵਾਰ, ਰਾਜਾ ਕਨੇਡਾ, ਸਰਪੰਚ ਬਲਦੇਵ ਸਿੰਘ ਛਾਪੜੀ ਸਾਹਿਬ, ਬਗੀਚਾ ਸਿੰਘ ਛਾਪੜੀ ਸਾਹਿਬ, ਬਲਦੇਵ ਸਿੰਘ ਛਾਪੜੀ ਸਾਹਿਬ, ਰਾਜਾ ਭੈਣੀ, ਸਰਪੰਚ ਪ੍ਰਕਾਸ਼ ਸਿੰਘ ਭੋਜੋਵਾਲੀ-ਖੇਲਾ, ਮੈਂਬਰ ਬਲਵਿੰਦਰ ਸਿੰਘ ਪਵਾਰ, ਮੈਂਬਰ ਜੈਮਲ ਸਿੰਘ ਖੇਲਾ, ਜਰਨੈਲ ਸਿੰਘ ਖੇਲਾ, ਪ੍ਰਭ ਖੇਲਾ, ਸਾਬਕਾ ਮੈਂਬਰ ਦਿਲਬਾਗ ਸਿੰਘ ਭੋਜੋਵਾਲੀ, ਜਸਪਾਲ ਸਿੰਘ ਭੋਜੋਵਾਲੀ, ਜਗਰੂਪ ਸਿੰਘ ਭੋਜੋਵਾਲੀ, ਸੁੱਖ ਭੋਈਆ, ਹਰਪਾਲ ਸਿੰਘ ਪਵਾਰ, ਹਰਜੀਤ ਸਿੰਘ ਪਵਾਰ, ਸਾਬਕਾ ਸਰਪੰਚ ਗੁਰਨਾਮ ਸਿੰਘ ਕੋਟ, ਸਾਬਕਾ ਸਰਪੰਚ ਇੰਦਰਜੀਤ ਸਿੰਘ, ਮੈਂਬਰ ਹਰਜੀਤ ਸਿੰਘ, ਮੈਂਬਰ ਮਲਕੀਤ ਸਿੰਘ, ਸਤਨਾਮ ਸਿੰਘ, ਸਰਪੰਚ ਕੁਲਵੰਤ ਸਿੰਘ ਚੰਡੀਗੜ੍ਹ ਮੁਹੱਲਾ, ਮੈਂਬਰ ਜਗਤਾਰ ਸਿੰਘ,ਮੈਂਬਰ ਜੱਜ ਸਿੰਘ,ਸੋਨੂੰ,ਗੋਲਡੀ ਸਿੰਘ, ਅਜੈ ਸਿੰਘ, ਸਤਨਾਮ ਸਿੰਘ, ਚਰਨਜੀਤ ਸਿੰਘ ਭੈਲ,ਸੁਰਿੰਦਰ ਸਿੰਘ ਭੈਲ, ਬਖਸ਼ੀਸ਼ ਸਿੰਘ ਭੈਲ, ਹਨੀ ਟੇਲਰ, ਜੱਗਾ ਸਿੰਘ, ਲਵਪ੍ਰੀਤ ਸਿੰਘ ਭੈਲ,ਦੇਬਾ ਸਿੰਘ ਭੈਲ, ਲੱਖਾ ਸਿੰਘ ਭੈਲ,ਜਗੀਰ ਸਿੰਘ, ਤਰਲੋਕ ਸਿੰਘ, ਬਿੰਦਰ ਸਿੰਘ, ਅਰਸ਼ ਸਿੰਘ, ਸੋਨੂ ਸਿੰਘ, ਲਾਲੀ ਸਿੰਘ ਭੈਲ, ਰਾਣਾ ਸਿੰਘ ਭੈਲ, ਜੱਸਾ ਸਿੰਘ ਭੈਲ, ਯੂਥ ਪ੍ਰਧਾਨ ਜੁਗਰਾਜ ਸਿੰਘ ਰੰਧਾਵਾ, ਯੂਥ ਜਰਨਲ ਸਕੱਤਰ ਕੁਲਬੀਰ ਸਿੰਘ, ਯੂਥ ਜਨਰਲ ਸਕੱਤਰ ਰਾਜਪਾਲ ਸਿੰਘ ਰਾਜਾ ਵਿਰਕ, ਗਗਨ ਰੰਧਾਵਾ, ਪੀਏ ਰਣਜੀਤ ਸਿੰਘ ਰਾਣਾ ਭੈਲ ਆਦਿ ਸਾਥੀ ਅਤੇ ਪਿੰਡ ਭੈਲ ਵਾਸੀ ਵੱਡੀ ਗਿਣਤੀ ਚ ਮੌਜੂਦ ਰਹੇ।

# ਪਾਕਿਸਤਾਨ 'ਚ ਇਤਿਹਾਸਕ ਗੁਰਦੁਆਰਾ ਢਾਹੇ ਜਾਣ 'ਤੇ ਦਮਦਮੀ ਟਕਸਾਲ ਨੇ ਪ੍ਰਗਟਾਇਆ ਰੋਸ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪਾਕਿਸਤਾਨ ਦੇ ਪੰਜਾਬ ਸੂਬੇ ਦੇ ਸ਼ੇਖੂਪੁਰਾ ਜ਼ਿਲ੍ਹੇ ਦੇ ਫਾਰੂਕਾਬਾਦ (ਪੁਰਾਣਾ ਨਾਂਅ ਮੰਡੀ ਚੂਹੜਕਾਣਾ) ਵਿਖੇ ਸਥਿਤ ਕਰੀਬ 125 ਸਾਲ ਪੁਰਾਣੇ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਨੂੰ ਢਾਹੇ ਜਾਣ ਦੀ ਘਟਨਾ ਦੀ ਦਮਦਮੀ ਟਕਸਾਲ ਅਤੇ ਸਮੁੱਚੇ ਸੰਤ ਸਮਾਜ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਸਿੱਖ ਕੌਮ ਦੀ ਧਾਰਮਿਕ ਅਤੇ ਇਤਿਹਾਸਕ ਵਿਰਾਸਤ ਨਾਲ ਇਸ ਤਰ੍ਹਾਂ ਦੀ ਛੇੜਛਾੜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਸਿਰਫ਼ ਇੱਕ ਇਮਾਰਤ ਨਹੀਂ, ਸਗੋਂ ਸਿੱਖ ਇਤਿਹਾਸ ਅਤੇ ਸਿੰਘ ਸਭਾ ਲਹਿਰ ਨਾਲ ਜੁੜੀ ਇੱਕ ਅਨਮੋਲ ਵਿਰਾਸਤ ਹੈ। ਅਜਿਹੇ ਇਤਿਹਾਸਕ ਅਸਥਾਨਾਂ ਨੂੰ ਨੁਕਸਾਨ ਪਹੁੰਚਾਉਣਾ ਸਿਰਫ਼ ਸਿੱਖ ਕੌਮ ਹੀ ਨਹੀਂ, ਸਗੋਂ ਸਮੁੱਚੀ ਮਨੁੱਖਤਾ ਦੀ ਸਾਂਝੀ ਵਿਰਾਸਤ ਨੂੰ ਨੁਕਸਾਨ ਪਹੁੰਚਾਉਣ ਦੇ ਬਰਾਬਰ ਹੈ।ਟਕਸਾਲ ਮੁਖੀ ਨੇ ਕਿਹਾ ਕਿ ਜਾਣਕਾਰੀ ਅਨੁਸਾਰ ਇੱਕ ਸਥਾਨਕ ਕਾਰੋਬਾਰੀ ਵੱਲੋਂ ਬਿਨਾਂ ਲੋੜੀਂਦੀ ਸਰਕਾਰੀ ਮਨਜ਼ੂਰੀ (ਐਨ.ਓ.ਸੀ.) ਦੇ ਗੁਰਦੁਆਰਾ ਸਾਹਿਬ ਦੇ ਇੱਕ ਹਿੱਸੇ ਨੂੰ ਢਾਹਿਆ ਗਿਆ ਹੈ, ਜਿਸ ਕਾਰਨ ਸੰਸਾਰ ਭਰ ਦੇ ਸਿੱਖ ਭਾਈਚਾਰੇ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ। ਇਹ ਗੁਰਦੁਆਰਾ ਇਤਿਹਾਸਕ ਗੁਰਦੁਆਰਾ ਸੱਚਾ ਸੌਦਾ ਸਾਹਿਬ ਦੇ ਨੇੜੇ ਸਥਿਤ ਹੈ ਤੇ ਸਿੱਖ ਇਤਿਹਾਸ ਦੀ ਇੱਕ ਮਹੱਤਵਪੂਰਨ ਵਿਰਾਸਤੀ ਨਿਸ਼ਾਨੀ ਵਜੋਂ ਜਾਣਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਤੋਂ ਬਾਅਦ ਸਥਾਨਕ ਸਿੱਖ ਭਾਈਚਾਰੇ ਅਤੇ ਵਿਰਾਸਤ ਸੰਭਾਲ ਨਾਲ ਜੁੜੀਆਂ ਸੰਸਥਾਵਾਂ ਵੱਲੋਂ ਕੀਤੇ ਗਏ ਵਿਰੋਧ ਉਪਰੰਤ ਪ੍ਰਸ਼ਾਸਨ ਨੇ ਅੱਗੇ ਦੀ ਢਾਹ-ਢੁਆਈ ਰੋਕ ਕੇ ਜਾਂਚ ਸ਼ੁਰੂ ਕੀਤੀ ਹੈ, ਜੋ ਸਵਾਗਤਯੋਗ ਕਦਮ ਹੈ। ਪਰ ਸਿਰਫ਼ ਜਾਂਚ ਹੀ ਕਾਫ਼ੀ ਨਹੀਂ, ਸਗੋਂ ਦੋਸ਼ੀਆਂ ਵਿਰੁੱਧ ਮਿਸਾਲੀ ਅਤੇ ਸਖ਼ਤ ਕਾਨੂੰਨੀ ਕਾਰਵਾਈ ਵੀ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪਾਕਿਸਤਾਨ ਸਰਕਾਰ ਨੂੰ ਸੁਚੇਤ ਕਰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਹਿੰਦੁਸਤਾਨ ਵੱਸਦੇ ਘੱਟ ਗਿਣਤੀਆਂ ਦੀ ਆਪਸੀ ਭਾਈਚਾਰਕ ਸਾਂਝ ਤੇ ਧਾਰਮਿਕ ਸਦਭਾਵਨਾ 'ਤੇ ਵੀ ਮਾੜਾ ਪ੍ਰਭਾਵ ਪਾ ਸਕਦੀਆਂ ਹਨ। ਉਨ੍ਹਾਂ ਨੇ ਭਾਰਤ ਸਰਕਾਰ ਵੱਲੋਂ ਇਸ ਘਟਨਾ ਦੀ ਕੀਤੀ ਗਈ ਸਖ਼ਤ ਨਿੰਦਾ ਦਾ ਸਵਾਗਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਨਿੱਜੀ ਦਿਲਚਸਪੀ ਲੈਣ ਅਤੇ ਕੂਟਨੀਤਿਕ ਪੱਧਰ 'ਤੇ ਪਾਕਿਸਤਾਨ ਸਰਕਾਰ 'ਤੇ ਦਬਾਅ ਬਣਾਉਣ, ਤਾਂ ਜੋ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਹੋਵੇ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਨੂੰ ਉਸਦੇ ਮੂਲ ਸਰੂਪ ਵਿੱਚ ਤੁਰੰਤ ਬਹਾਲ ਕੀਤਾ ਜਾਵੇ ਅਤੇ ਪਾਕਿਸਤਾਨ ਵਿੱਚ ਵੱਸ ਰਹੀਆਂ ਸਿੱਖਾਂ ਸਮੇਤ ਸਮੂਹ ਧਾਰਮਿਕ ਘੱਟਗਿਣਤੀਆਂ ਦੀ ਧਾਰਮਿਕ ਆਜ਼ਾਦੀ, ਸੁਰੱਖਿਆ ਅਤੇ ਇਤਿਹਾਸਕ ਧਾਰਮਿਕ ਅਸਥਾਨਾਂ ਦੀ ਸੰਭਾਲ ਨੂੰ ਯਕੀਨੀ ਬਣਾਇਆ ਜਾਵੇ। ਅਜਿਹੀਆਂ ਘਟਨਾਵਾਂ ਦੀ ਦੁਹਰਾਈ ਰੋਕਣ ਲਈ ਅੰਤਰਰਾਸ਼ਟਰੀ ਭਾਈਚਾਰੇ ਨੂੰ ਵੀ ਅੱਗੇ ਆ ਕੇ ਧਾਰਮਿਕ ਆਜ਼ਾਦੀ ਅਤੇ ਵਿਰਾਸਤੀ ਧਰੋਹਰਾਂ ਦੀ ਸੁਰੱਖਿਆ ਲਈ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣੀ ਚਾਹੀਦੀ ਹੈ।

# ਐੱਲ ਪੀ ਯੂ ਦੇ ਵਿਦਿਆਰਥੀ ਕਲਾਸਰੂਮ ਸਿੱਖਿਆ ਨੂੰ ਰਚਨਾਤਮਕ ਕੈਰੀਅਰ 'ਚ ਬਦਲ ਰਹੇ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਰਚਨਾਤਮਕ ਸਿੱਖਿਆ ਨੂੰ ਮੁੜ ਪਰਿਭਾਸ਼ਿਤ ਕਰ ਰਹੀ ਹੈ। ਇਹ ਮਲਟੀਮੀਡੀਆ ਅਤੇ ਐਨੀਮੇਸ਼ਨ ਵਿਦਿਆਰਥੀਆਂ ਨੂੰ ਉਦਯੋਗ ਪੋਰਟਫੋਲੀਓ ਬਣਾਉਣ, ਪੜ੍ਹਾਈ ਦੌਰਾਨ ਕਮਾਈ ਕਰਨ ਅਤੇ ਗ੍ਰੈਜੂਏਸ਼ਨ ਤੋਂ ਪਹਿਲਾਂ ਹੀ ਅਸਲ-ਸੰਸਾਰ ਪ੍ਰੋਜੈਕਟਾਂ ਵਿੱਚ ਯੋਗਦਾਨ ਪਾਉਣ ਵਿੱਚ ਮਦਦ ਕਰਦੀ ਹੈ। ਆਪਣੇ 'ਐਡੂ-ਰਿਵੋਲਿਊਸ਼ਨ' ਢਾਂਚੇ ਰਾਹੀਂ, ਯੂਨੀਵਰਸਿਟੀ ਵਿਦਿਆਰਥੀਆਂ ਨੂੰ ਐਨੀਮੇਸ਼ਨ, ਵਿਜ਼ੂਅਲ ਇਫੈਕਟਸ (ਵੀ ਐੱਫ ਐਕਸ), ਗੇਮਿੰਗ, ਯੂ ਆਈ/ਯੂਐਕਸ, ਗ੍ਰਾਫਿਕਸ ਅਤੇ ਡਿਜੀਟਲ ਸਮੱਗਰੀ ਸਿਰਜਣਾ ਵਰਗੇ ਖੇਤਰਾਂ ਵਿੱਚ ਕਰੀਅਰ ਲਈ ਤਿਆਰ ਕਰਨ ਲਈ ਅਨੁਭਵੀ ਸਿੱਖਿਆ, ਉਦਯੋਗ ਸਹਿਯੋਗ, ਲਾਈਵ ਪ੍ਰੋਜੈਕਟਾਂ ਅਤੇ ਉੱਦਮਤਾ ਨੂੰ ਜੋੜਦੀ ਹੈ। ਇਹ ਨਤੀਜਾ-ਅਧਾਰਿਤ ਪਹੁੰਚ ਐੱਲ ਪੀ ਯੂ ਦੇ ਵਿਦਿਆਰਥੀਆਂ ਅਤੇ ਸਾਬਕਾ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਵਿੱਚ ਪ੍ਰਤੀਬਿੰਬਤ ਹੁੰਦੀ ਹੈ, ਜੋ ਪ੍ਰਮੁੱਖ ਰਚਨਾਤਮਕ ਅਤੇ ਤਕਨਾਲੋਜੀ ਕੰਪਨੀਆਂ, ਗਲੋਬਲ ਮਨੋਰੰਜਨ ਪ੍ਰੋਜੈਕਟਾਂ ਅਤੇ ਉੱਦਮੀ ਕੰਮਾਂ



ਵਿੱਚ ਆਪਣੀ ਛਾਪ ਛੱਡ ਰਹੇ ਹਨ। ਸਕੂਲ ਆਫ਼ ਮਲਟੀਮੀਡੀਆ ਐਂਡ ਐਨੀਮੇਸ਼ਨ ਦੇ ਵਿਦਿਆਰਥੀਆਂ ਨੇ ਬਾਸ਼, ਐੱਚ ਪੀ, ਨਾਗਰੋ ਅਤੇ ਅਪਟੀਮਾਈਜ਼ਰ ਵਰਗੀਆਂ ਸੰਸਥਾਵਾਂ ਵਿੱਚ ਪਲੇਸਮੈਂਟ ਪ੍ਰਾਪਤ ਕੀਤੀ ਹੈ, ਜਦੋਂ ਕਿ ਹੋਰਾਂ ਨੇ ਕਲਾਸਰੂਮ ਸਿਖਲਾਈ ਨੂੰ ਫ੍ਰੀਲਾਂਸ ਅਸਾਈਨਮੈਂਟ, ਸਟਾਰਟਅੱਪ ਅਤੇ ਅੰਤਰਰਾਸ਼ਟਰੀ ਰਚਨਾਤਮਕ ਮੌਕਿਆਂ ਵਿੱਚ ਬਦਲਿਆ ਹੈ। ਵਿਭਾਗ ?23.25 ਲੱਖ ਦੇ ਸਭ ਤੋਂ ਵੱਧ ਪਲੇਸਮੈਂਟ ਪੈਕੇਜ ਦਾ ਮਾਣ ਕਰਦਾ ਹੈ, ਅਤੇ ਇੱਥੋਂ 50 ਤੋਂ ਵੱਧ ਭਰਤੀ ਕਰਨ ਵਾਲੇ ਨਿਯੁਕਤ ਕੀਤੇ ਜਾਂਦੇ ਹਨ। ਐੱਲ ਪੀ ਯੂ ਦੇ 'ਐਡੂ-ਰਿਵੋਲਿਊਸ਼ਨ' ਫਰੇਮਵਰਕ ਦੇ ਤਹਿਤ, ਜੋ ਕਿ ਕਲਾਸਰੂਮ ਸਿਖਲਾਈ ਨੂੰ ਉਦਯੋਗ ਦੀ ਸ਼ਮੂਲੀਅਤ, ਉੱਦਮਤਾ ਅਤੇ ਲਾਈਵ ਪ੍ਰੋਜੈਕਟਾਂ ਨਾਲ ਜੋੜਦਾ ਹੈ।

# ਐਕਟਿੰਗ ਚੀਫ ਜਸਟਿਸ ਵੱਲੋਂ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦਾ ਮਾਮਲਾ 6 ਨੂੰ ਸੁਣਿਆ ਜਾਵੇਗਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪੰਜਾਬ ਦੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਸੰਬੰਧੀ ਕੇਸ ਦੀ ਸੁਣਵਾਈ ਮੁੜ ਹੋਈ, ਜਿਸ ਦੀ ਸੁਣਵਾਈ ਐਕਟਿੰਗ ਚੀਫ ਜਸਟਿਸ ਵੱਲੋਂ ਕੀਤੀ ਗਈ। ਦਰਅਸਲ ਕੱਲ੍ਹ ਇਸ ਮਾਮਲੇ ਦੀ ਸੁਣਵਾਈ ਡਵੀਜ਼ਨ ਬੈਂਚ ਵੱਲੋਂ ਕੀਤੀ ਗਈ ਸੀ, ਜਿਸ ਦੌਰਾਨ ਸਰਕਾਰੀ ਧਿਰ ਦੇ ਵਕੀਲ ਨੇ ਆਪਣਾ ਪੱਖ ਪੇਸ਼ ਕੀਤਾ ਸੀ ਅਤੇ ਮੁਲਾਜ਼ਮਾਂ ਧਿਰਾਂ ਨੇ ਆਪਣਾ। ਡਵੀਜ਼ਨ ਬੈਂਚ ਵੱਲੋਂ ਇਹ ਮਾਮਲਾ 2 ਜੁਲਾਈ ਲਈ ਮੁਲਤਵੀ ਕਰ ਦਿੱਤਾ ਗਿਆ ਸੀ। ਜਾਣਕਾਰੀ ਅਨੁਸਾਰ ਹੁਣ ਇਸ ਮਾਮਲੇ ਦੀ ਸੁਣਵਾਈ ਮੁੜ ਮੁਲਤਵੀ ਕਰਦੇ ਹੋਏ 6 ਜੁਲਾਈ ਲਈ ਮੁੜ ਮੁਕਰਰ ਕੀਤੀ ਗਈ ਹੈ। ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਤਿੱਖਾ ਰੋਹ ਪਾਇਆ ਜਾ ਰਿਹਾ ਹੈ।ਪੰਜਾਬ ਸਕੱਤਰੇਤ ਸਾਂਝੀ ਐਕਸ਼ਨ ਕਮੇਟੀ ਦੇ ਚੇਅਰਮੈਨ ਮਨਜੀਤ ਸਿੰਘ ਰੰਧਾਵਾ ਅਤੇ ਪੰਜਾਬ ਸਿਵਲ ਸਕੱਤਰੇਤ ਰਿਟਾਇਰਡ ਆਫੀਸਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸ਼ਾਮ ਲਾਲ ਸ਼ਰਮਾ ਵੱਲੋਂ ਮਾਣਯੋਗ ਅਦਾਲਤ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ



ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਲਟਕਾਇਆ ਜਾ ਰਿਹਾ ਹੈ। ਇਸ ਸਬੰਧੀ ਮੁਲਾਜ਼ਮ ਆਗੂਸੁਖਚੈਨ ਸਿੰਘ ਖਹਿਰਾ, ਮਨਜੀਤ ਸਿੰਘ ਰੰਧਾਵਾ, ਸੁਸ਼ੀਲ ਕੁਮਾਰ ਫੌਜੀ, ਸਾਹਿਲ ਸ਼ਰਮਾ, ਮਨਪ੍ਰੀਤ ਸਿੰਘ, ਹਰਨੇਕ ਸਿੰਘ, ਸ਼ਾਮ ਲਾਲ ਸ਼ਰਮਾ ਅਤੇ ਸੁਖਚਰਨ ਸਿੰਘ ਸਾਹੋਕੇ ਨੇ ਕਿਹਾ ਕਿ ਸਰਕਾਰੀ ਵਕੀਲ ਵੱਲੋਂ ਮਾਣਯੋਗ ਅਦਾਲਤ ਨੂੰ ਪੂਰੀ ਤਰ੍ਹਾਂ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ।ਉਨ੍ਹਾਂ ਵੱਲੋਂ ਪੰਜਾਬ ਸਰਕਾਰ ਦੇ ਕਰਮਚਾਰੀਆਂ ਨੂੰ ਕੇਂਦਰੀ ਮੁਲਾਜ਼ਮਾਂ ਤੋਂ ਵੱਧ ਸਕੇਲ ਦੇਣ ਦਾ ਵਾਰ ਵਾਰ ਹਵਾਲਾ ਦਿੱਤਾ ਗਿਆ ਹੈ। ਇਸ ਸਬੰਧੀ ਮੁਲਾਜ਼ਮ ਜਥੇਬੰਦੀਆਂ ਦੀ ਪੈਰਵਈ ਕਰ ਰਹੇ ਵਕੀਲ ਨੇ ਮਾਣਯੋਗ ਅਦਾਲਤ ਦੇ ਧਿਆਨ ਵਿੱਚ ਲਿਆਂਦਾ ਕਿ ਇਹ ਕੇਸ ਤਨਖਾਹ ਸਕੇਲਾਂ ਦਾ ਨਹੀਂ ਬਲਕਿ ਮਹਿੰਗਾਈ ਭੱਤੇ ਦੀ ਬਰਾਬਰੀ ਲਈ ਹੈ।

ਕਿਉਂਕਿ ਜਿਸ ਖਜ਼ਾਨੇ ਵਿੱਚੋਂ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀ ਅਦਾਇਗੀ ਕਰਨੀ ਬਣਦੀ ਹੈ, ਓਸੇ ਖਜ਼ਾਨੇ ਵਿੱਚੋਂ ਪਹਿਲਾਂ ਹੀ ਉੱਚ ਅਧਿਕਾਰੀਆਂ, ਮਾਣਯੋਗ ਜੱਜਾਂ ਆਦਿ ਨੂੰ ਕੇਂਦਰੀਂ ਤਰਜ ਤੇ ਮਹਿੰਗਾਈ ਭੱਤੇ ਦੀ ਅਦਾਇਗੀ ਬੇਰੋਕ ਕੀਤੀ ਜਾ ਰਹੀ ਹੈ। ਮਾਣਯੋਗ ਅਦਾਲਤ ਵੱਲੋਂ ਮਾਮਲੇ ਦੀ ਰਹੱਸਮਈ ਪੇਚੀਦਗੀ ਦੀਆਂ ਪਰਤਾਂ ਫਰੋਲਣ ਦੀ ਮਨਸ਼ਾ ਨਾਲ ਇਹ ਕੇਸ 6 ਜੁਲਾਈ ਤੱਕ ਮੁਲਤਵੀ ਕਰ ਦਿੱਤਾ ਗਿਆ ਹੈ।

# ਨਰਾਇਣਗੜ੍ਹ ਦੇ ਵਿਕਾਸ ਲਈ ਨਾਇਬ ਸਿੰਘ ਸੈਣੀ ਨੇ 5 ਕਰੋੜ ਦੇਣ ਦਾ ਕੀਤਾ ਐਲਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜ਼ਿਲ੍ਹਾ ਅੰਬਾਲਾ ਦੇ ਨਰਾਇਣਗੜ੍ਹ ਦੀ ਅਨਾਜ ਮੰਡੀ ਵਿੱਚ ਆਯੋਜਿਤ ਜਨਸਭਾ ਨੂੰ ਸੰਬੋਧਿਤ ਕਰਦਿਆਂ ਅਨੇਕਾਂ ਐਲਾਨ ਕੀਤੇ ਅਤੇ ਵਿਕਾਸ ਕਾਰਜਾਂ ਅਤੇ ਕਮਿਊਨਿਟੀ ਸੈਂਟਰ ਦੇ ਨਿਰਮਾਣ ਲਈ 5 ਕਰੋੜ ਰੁਪਏ ਦੀ ਰਕਮ ਦੇਣ ਦਾ ਐਲਾਨ ਕੀਤਾ। ਨਰਾਇਣਗੜ੍ਹ ਪਹੁੰਚਣ ਤੇ ਮੁੱਖ ਮੰਤਰੀ ਦਾ ਸਵਾਗਤ ਕਰਦਿਆਂ ਵਿਧਾਇਕ ਸ਼ੈਲੀ ਚੌਧਰੀ ਅਤੇ ਸਾਬਕਾ ਵਿਧਾਇਕ ਡਾ. ਪਵਨ ਸੈਣੀ ਨੇ ਨਰਾਇਣਗੜ੍ਹ ਵਿਧਾਨਸਭਾ ਖੇਤਰ ਦੇ ਵਿਕਾਸ ਕਾਰਜਾਂ ਲਈ ਵੱਖ-ਵੱਖ ਮੰਗ ਪੱਤਰ ਰੱਖੇ। ਇਸ ਤੇ ਮੁੱਖ ਮੰਤਰੀ ਨੇ ਸਰਕਾਰੀ ਕਾਲਜ ਨਰਾਇਣਗੜ੍ਹ ਵਿੱਚ ਸਕੇਟਿੰਗ ਟਰੈਕ ਬਣਵਾਉਣ ਦਾ ਐਲਾਨ ਕੀਤਾ। ਪਿੰਡ ਲਖਨੌਰ ਤੋਂ ਪਿੰਡ ਖਾਨਪੁਰ ਲੁਬਾਣਾ ਤੱਕ ਸੜਕ ਬਣਵਾਉਣ, ਪਿੰਡ ਪੰਜਲਾਸਾ ਤੋਂ ਅਹਿਮਦਪੁਰ ਤੱਕ ਸੜਕ ਬਣਵਾਉਣ ਅਤੇ ਨਰਾਇਣਗੜ੍ਹ ਅਨਾਜ ਮੰਡੀ ਦੇ ਸਾਹਮਣੇ ਸਨਾਤਨ ਮੈਦਾਨ ਬਣਵਾਉਣ, ਸ਼ਹਿਜ਼ਾਦਪੁਰ ਵਿੱਚ ਸੀਵਰੇਜ ਟ੍ਰੀਟਮੈਂਟ ਪਲਾਂਟ ਸਥਾਪਤ ਕਰਨ, ਲੌਟੋ ਤੋਂ ਡੁਮਾਵਾਲਾ ਤੱਕ ਸੜਕ ਅਤੇ ਮਾਰਕੰਡਾ ਨਦੀ ਤੇ ਪੁਲ ਦੀ ਫਿਜ਼ੀਬਿਲਿਟੀ ਚੈੱਕ ਕਰਵਾ ਕੇ ਬਣਵਾਉਣ, ਪਿੰਡ ਕੜਾਸਨ ਵਿੱਚ ਫਲਾਈਓਵਰ ਲਈ ਐਨ.ਐਚ.ਏ.ਆਈ. ਤੋਂ ਫਿਜ਼ੀਬਿਲਿਟੀ ਚੈੱਕ ਕਰਵਾ ਕੇ ਬਣਵਾਉਣ, ਸਰਕਾਰੀ ਮਹਿਲਾ ਆਈ.ਟੀ.ਆਈ. ਹੁਸੈਨੀ ਮਾਰਗ ਲਈ ਜ਼ਮੀਨ ਉਪਲਬਧ ਹੋਣ ਤੇ ਇਮਾਰਤ ਬਣਵਾਉਣ, ਨਰਾਇਣਗੜ੍ਹ ਅਤੇ ਸ਼ਹਿਜ਼ਾਦਪੁਰ ਵਿੱਚ ਡਿਜੀਟਲ ਲਾਇਬ੍ਰੇਰੀਆਂ ਖੋਲ੍ਹਣ ਬਾਰੇ ਘੋਸ਼ਣਾਵਾਂ ਕੀਤੀਆਂ। ਇਸ ਮੌਕੇ ਤੇ ਸਿਹਤ ਅਤੇ ਆਯੂਸ਼ ਮੰਤਰੀ ਆਰਤੀ ਸਿੰਘ ਰਾਓ, ਵਿਧਾਇਕ ਸ਼ੈਲੀ ਚੌਧਰੀ, ਸਿਹਤ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਐਨ.ਐਚ.ਐਮ. ਦੇ ਮਿਸ਼ਨ ਡਾਇਰੈਕਟਰ ਡਾ. ਆਰ.ਐਸ. ਢਿੱਲੋਂ, ਸਾਬਕਾ ਮੰਤਰੀ ਅਸੀਮ ਗੋਇਲ, ਸਾਬਕਾ ਵਿਧਾਇਕ ਡਾ. ਪਵਨ ਸੈਣੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਮਾਣਯੋਗ ਵਿਅਕਤੀ ਮੌਜੂਦ ਸਨ।

# ਸੈਣੀ ਨੇ ਭਰਿਆ ਐੱਸ ਆਈ ਆਰ ਗਣਨਾ ਫਾਰਮ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਪਣੇ ਨਰਾਇਣਗੜ੍ਹ ਦੌਰੇ ਦੌਰਾਨ ਵੋਟਰ ਲਿਸਟ ਦੇ ਵਿਸ਼ੇਸ਼ ਗਹਿਨ ਪੁਨਰ ਨਿਰੀਖਣ (ਐੱਸ ਆਈ ਆਰ) ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਂਦੇ ਹੋਏ ਰੇਸਟ ਹਾਊਸ ਨਾਰਾਇਣਗੜ੍ਹ ਵਿੱਚ ਆਪਣਾ ਗਣਨਾ ਫਾਰਮ ਖੁਦ ਭਰ ਕੇ ਬੀ ਐੱਲ ਓ ਨੂੰ ਸੌਂਪਿਆ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 129 ਨੰਬਰ ਬੂਥ ਨਾਲ ਸਬੰਧਿਤ ਆਪਣਾ ਗਣਨਾ ਫਾਰਮ ਸਾਵਧਾਨੀ ਪੂਰਵਕ ਭਰਨ ਦੇ ਬਾਅਦ ਬੂਥ ਲੇਵਲ ਅਧਿਕਾਰੀ (ਬੀ ਐੱਲ ਓ) ਰਾਕੇਸ਼ ਕੁਮਾਰ ਨੂੰ ਸੌਂਪਿਆ। ਇਸ ਦੌਰਾਨ ਉਨ੍ਹਾਂ ਨੇ ਵੋਟਰ ਲਿਸਟ ਦੇ ਵਿਸ਼ੇਸ਼ ਗਹਿਨ ਪੁਨਰ ਨਿਰੀਖਣ ਮੁਹਿੰਮ ਨੂੰ ਲੋਕਤੰਤਰ ਨੂੰ ਮਜਬੂਤ ਬਨਾਉਣ ਦੀ ਦਿਸ਼ਾ ਵਿੱਚ ਇੱਕ ਮਹਤੱਵਪੂਰਣ ਪਹਿਲ ਦਸਿਆ।ਮੁੱਖ ਮੰਤਰੀ ਨੇ ਕਿਹਾ ਕਿ ਵੋਟਰ ਲਿਸਟ ਦਾ ਸ਼ੁੱਧ ਅਤੇ ਅਪਡੇਟ ਹੋਣਾ ਨਿਰਪੱਖ ਅਤੇ ਪਾਰਦਰਸ਼ੀ ਚੋਣ ਪ੍ਰਕ੍ਰਿਆ ਦਾ ਨੀਂਹ ਪੱਥਰ ਹੈ। ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਲਿਸਟ ਵਿੱਚ ਸ਼ਾਮਿਲ ਹੋਣਾ ਅਤੇ ਅਯੋਗ ਨਾਮਾਂ ਨੂੰ ਹਟਾਉਣਾ ਲੋਕਤਾਂਤਰਿਕ ਵਿਵਸਥਾ ਨੂੰ ਹੋਰ ਵੱਧ ਮਜਬੂਤ ਬਣਾਉਂਦਾ ਹੈ।

# ਆਰ ਐੱਮ ਪੀ ਆਈ ਵੱਲੋਂ ਉਗੀ ਚੌਕੀ ਅੱਗੇ ਰੋਸ ਧਰਨਾ

**ਨਕੋਦਰ (ਮਨਜੀਤ ਮਾਨ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ( ਆਰ ਐਮ ਪੀ ਆਈ) ਤਹਿਸੀਲ ਨਕੋਦਰ ਵਲੋਂ ਜ਼ਿਲ੍ਹਾ ਜਲੰਧਰ ਦਿਹਾਤੀ ਪੁਲਿਸ ਦੇ ਸਮੂਹ ਥਾਣਿਆਂ ਚ ਆਨਲਾਈਨ ਦਰਖਾਸਤਾਂ ਦੀ ਆੜ ਥੱਲੇ ਦਰਖਾਸਤ ਕਰਤਾਵਾਂ ਦੀ ਤਿੰਨ ਤਿੰਨ ਮਹੀਨੇ ਖੱਜਲ ਖੁਆਰੀ ਕੀਤੀ ਜਾ ਰਹੀ ਹੈ ਤੇ ਲੋਕ ਦਰਜਨਾਂ ਦੇ ਹਿਸਾਬ ਨਾਲ ਥਾਣਿਆਂ ਦੇ ਗੇੜੇ ਲਾਕੇ ਪੁਲਿਸ ਅਧਿਕਾਰੀਆਂ ਵਲੋਂ ਗੱਲ ਨਾਂ ਸੁਣਨ ਤੇ ਮਾਯੂਸ ਹੋਕੇ ਘਰ ਬੈਠ ਜਾਂਦੇ ਹਨ ਜਿਸ ਨਾਲ ਘਰੇਲੂ ਮਸਲਿਆਂ ਤੇ ਲੜਾਈ ਝਗੜਿਆਂ ਦੀ ਕਰੱਤਣ ਹੋਰ ਵਧ ਜਾਂਦੀ ਹੈ ਤੇ ਉਹ ਮਸਲੇ ਛੋਟਿਆਂ ਤੋਂ ਵੱਡੇ ਮਸਲੇ ਬਣ ਜਾਂਦੇ ਹਨ ਜਿਸ ਦੇ ਗੰਭੀਰ ਸਿੱਟੇ ਨਿਕਲਦੇ ਹਨ। ਇੰਨਾ ਵਿਚਾਰਾਂ ਦਾ ਪ੍ਰਗਟਾਵਾ ਭਾਰੀ ਗਿਣਤੀ 'ਚ ਜੁੜੇ ਲੋਕਾਂ ਨੂੰ ਸੰਬੋਧਨ ਕਰਦਿਆਂ ਆਰ ਐਮ ਪੀ ਆਈ ਦੇ ਸੀਨੀਅਰ ਆਗੂਆਂ ਸਾਥੀ ਦਰਸ਼ਨ ਨਾਹਰ ਤੇ ਸਾਥੀ ਮਨੋਹਰ ਸਿੰਘ ਗਿੱਲ ਤੇ ਗੁਰਨਾਮ ਦਾਊਦ ਨੇ ਕੀਤਾ। ਆਗੂਆਂ ਨੇ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆ ਕਿਹਾ ਕਿ ਜੇ ਪੁਲਿਸ ਨੇ ਲੋਕਾਂ ਨੂੰ ਥਾਣਿਆਂ ਚ ਇਨਸਾਫ ਨਾ ਦਿੱਤਾ ਜਾਂ ਸੱਤਾਧਾਰੀ ਧਿਰ ਦੇ ਇਸ਼ਾਰਿਆਂ ਤੇ ਦੂਸਰੇ ਲੋਕਾਂ ਨੂੰ ਝੂਠੇ ਕੇਸਾਂ ਚ ਫਸਾਉਣ ਦੀ ਕੋਸ਼ਿਸ਼ ਕੀਤੀ ਜਾਂ ਆਮ ਲੋਕਾਂ ਵੱਲ ਬੇਰੁੱਖੀ ਵਾਲਾ ਨਜ਼ਰੀਆ ਨਾ ਬਦਲਿਆ ਤਾਂ ਫਿਰ ਆਉਣ ਵਾਲੇ ਸਮੇਂ 'ਚ ਐੱਸ ਐੱਸ ਪੀ ਜਲੰਧਰ ਰੂਰਲ ਜਾਂ ਡੀ ਆਈ ਜੀ ਜਲੰਧਰ ਰੇਂਜ ਦੇ ਦਫਤਰ ਦਾ ਹਜ਼ਾਰਾਂ ਲੋਕਾਂ ਨੂੰ ਨਾਲ ਲੈ ਕੇ ਘਿਰਾਓ ਕਰਾਂਗੇ ਜਿਸ ਦੀ ਜਿਮੇਂਵਾਰੀ ਜ਼ਿਲ੍ਹੇ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਦੀ ਹੋਵੇਗੀ। ਆਗੂਆਂ ਨੇ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਪਾਸੋਂ ਮੰਗ ਕੀਤੀ ਕਿ ਲੋਕਾਂ ਦੇ ਭਖਦੇ ਮਸਲੇ ਤਰੁੰਤ ਹੱਲ ਕੀਤੇ ਜਾਣ। ਇਸ ਰੋਸ ਧਰਨੇ ਵਿਚ ਐੱਸ ਐੱਚ ਓ ਥਾਣਾ ਸਦਰ ਨਕੋਦਰ ਇੰਸਪੈਕਟਰ ਪਲਵਿੰਦਰ ਸਿੰਘ ਧਰਨਾਕਾਰੀਆ ਦੀਆਂ ਮੁਸ਼ਕਲਾਂ ਸੁਣ ਕੇ ਉਨਾਂ ਨੂੰ ਤੁਰੰਤ ਹੱਲ ਕਰਨ ਦਾ ਭਰੋਸਾ ਦਿਵਾਉਣ ਤੋਂ ਬਾਅਦ ਧਰਨਾ ਸਮਾਪਤ ਕੀਤਾ।



ਰੋਸ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਆਗੂਆਂ ਸਰਵਸਾਥੀ ਬਲਦੇਵ ਸਤਪਾਲ ਸਹੋਤਾ, ਦਲਵਿੰਦਰ ਸਿੰਘ ਗੁਲਾਰ, ਬਲਦੇਵ ਨੂਰਪੁਰੀ, ਸਾਥੀ ਸੁਰਿੰਦਰ ਖੀਵਾ, ਮਾਸਟਰ ਬਲਦੇਵ ਸਿੰਘ ਉਗੀ, ਬਲਵਿੰਦਰ ਉਗੀ, ਹਰਬੰਸ ਸਿੰਘ ਮੱਟੂ, ਬਲਕਾਰ ਸਿੰਘ ਮੋਤੀ ਪੁਰ, ਡਾਕਟਰ ਗੁਰਮੇਲ ਸਿੰਘ ਟੁਰਨਾ, ਮਾਸਟਰ ਬਲਕਾਰ ਸਿੰਘ ਨੂਰਪੁਰੀ ਆਦਿ ਨੇ ਸੰਬੋਧਨ ਕੀਤਾ ।

# 10 ਰੋਜ਼ਾ ਗੁਰਬਾਣੀ ਨਿੱਤਨੇਮ ਸੰਥਿਆ ਸਮਾਗਮ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ਼੍ਰੋਮਣੀ ਨਿਸ਼ਕਾਮ ਗੁਰਸਿੱਖੀ ਪ੍ਰਚਾਰ ਸੋਸਾਇਟੀ ਪੰਜਾਬ ਵਲੋਂ ਡੇਰਾ ਕਾਰ ਸੇਵਾ ਮੋਰਿੰਡਾ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ 10 ਰੋਜ਼ਾ ਗੁਰਬਾਣੀ ਨਿੱਤਨੇਮ ਸੰਥਿਆ ਸਮਾਗਮ ਕਰਵਾਇਆ ਕਰਵਾਇਆ ਗਿਆ ਜਿਸ ਵਿਚ 71 ਬਚਿਆਂ ਨੇ ਸ਼ਮੂਲੀਅਤ ਕੀਤੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਦੇ ਮੈਨੇਜਰ ਦਵਿੰਦਰ



ਸਿੰਘ ਨੇ ਦੱਸਿਆ ਕਿ ਇਸ 10 ਰੋਜ਼ਾ ਸਮਾਗਮ ਦੌਰਾਨ ਭਾਈ ਸਤਨਾਮ ਸਿੰਘ ਪ੍ਰਧਾਨ ਸ਼੍ਰੋਮਣੀ ਨਿਸ਼ਕਾਮ ਗੁਰਸਿੱਖੀ ਪ੍ਰਚਾਰ ਸੋਸਾਇਟੀ ਪੰਜਾਬ ਨੇ ਬਚਿਆਂ ਨੂੰ ਗੁਰਬਾਣੀ ਨਾਲ ਜੁੜਨ ਅਤੇ ਸੱਤ ਬਾਣੀਆਂ ਦੀ ਸੰਥਿਆ ਕਰਵਾਉਂਦੇ ਹੋਏ ਚੰਗਾ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੱਤੀ। ਇਸੇ ਦੌਰਾਨ ਭੈਣ ਅਮਨਪ੍ਰੀਤ ਕੌਰ ਮੋਰਿੰਡਾ, ਗੁਰਮੀਤ ਸਿੰਨ੍ਹ1ਘ ਆਦਿ ਨੇ ਬੱਚਿਆਂ ਨੂੰ ਸ਼ੁਧ ਗੁਰਬਾਣੀ ਪੜ੍ਹਨ ਦੀ ਸਿਖਿਆ ਦਿਤੀ ਅਤੇ ਸਿੱਖ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਸਮਾਗਮ ਦੀ ਸਮਾਪਤੀ ਮੌਕੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਕੀਰਤਨ ਦਰਬਾਰ ਸਜਾਇਆ ਗਿਆ। ਇਸ ਮੌਕੇ ਇੰਟਰਨੈਸ਼ਨਲ ਗੋਲਡ ਮੈਡਲ ਢਾਡੀ ਜਥਾ ਭਾਈ ਬਲਵੀਰ ਸਿੰਘ ਰਸੀਲਾ ਅਤੇ ਸ਼ਮਸ਼ੇਰ ਸਿੰਘ ਭੋਜੇ ਮਾਜਰਾ ਚਮਕੌਰ ਸਾਹਿਬ ਵਲੋਂ ਸੰਗਤਾਂ ਨੂੰ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਜੀਵਨੀ ਸੁਣਾ ਕੇ ਨਿਹਾਲ ਕੀਤਾ ਗਿਆ। ਢਾਡੀ ਜਥੇ ਵਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਗਈ।ਸਮਾਗਮ ਦੇ ਅੰਤ ਵਿਚ 10 ਰੋਜ਼ਾ ਸਮਾਗਮ ਵਿੱਚ ਹਾਜ਼ਰੀ ਭਰਨ ਵਾਲੇ ਬੱਚਿਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਾਬਾ ਸੁਰਿੰਦਰ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਅਤੇ ਪ੍ਰਬੰਧਕਾਂ ਵੱਲੋਂ ਸ਼੍ਰੋਮਣੀ ਨਿਸ਼ਕਾਮ ਗੁਰਸਿੱਖੀ ਪ੍ਰਚਾਰ ਸੋਸਾਇਟੀ ਪੰਜਾਬ ਦੇ ਚੇਅਰਮੈਨ ਜਥੇਦਾਰ ਭਜਨ ਸਿੰਘ ਸ਼ੇਰਗਿੱਲ ਤੇ ਜਥੇਦਾਰ ਹਰਬੰਸ ਸਿੰਘ ਕੰਧੋਲਾ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਮੀਤ ਪ੍ਰਧਾਨ ਭੈਣ ਅਮਨਪ੍ਰੀਤ ਕੌਰ ਮੋਰਿੰਡਾ, ਵਿਦਿਅਕ ਵਿੰਗ ਦੇ ਮੁਖੀ ਮਾਸਟਰ ਜਗਮੋਹਣ ਸਿੰਘ ਚੌਂਤਾ ਨੂਰਪੁਰੀ ਬੇਦੀ, ਮੀਤ ਸਕੱਤਰ ਗੁਰਨਾਮ ਸਿੰਘ ਖਾਲਸਾ ਕੀੜੀ ਅਫਗਾਨਾ ਆਦਿ ਸੋਸਾਇਟੀ ਦੇ ਅਹੁਦੇਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਸਮਾਜ ਸੇਵਕ ਹਰਮਿੰਦਰ ਸਿੰਘ ਲੱਕੀ,ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਹਰਦੀਪ ਸਿੰਘ ਅਨੰਦ, ਗੁਰਮੁੱਖ ਸਿੰਘ ਸੰਤ ਨਗਰ, ਨਵਤੇਜ ਸਿੰਘ ਤੇਜੀ, ਸਰਬਜੀਤ ਸਿੰਘ, ਥਾਣੇਦਾਰ ਦਵਿੰਦਰ ਸਿੰਘ ਧਾਲੀਵਾਲ, ਗੁਰਮੀਤ ਸਿੰਘ ਕਾਂਝਲਾ, ਭੁਪਿੰਦਰ ਸਿੰਘ ਗੀਹਲ, ਸਰਬਜੀਤ ਸਿੰਘ ਦੁਮਣਾ,ਪਰਵਿੰਦਰ ਸਿੰਘ ਖਾਲਸਾ ਰਾਮਗੜ੍ਹ, ਰਾਬਿੰਦਰ ਸਿੰਘ ਰੱਬੀ ਅਤੇ ਗੁਰਚਰਨ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਦਾਖਲਾ ਲੈਣ ਦੀ ਅੰਤਮ ਮਿਤੀ 31 ਅਗਸਤ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2026-27 ਲਈ ਓਪਨ ਸਕੂਲ ਪ੍ਰਣਾਲੀ ਅਧੀਨ ਮੈਟ੍ਰਿਕੁਲੇਸ਼ਨ ਅਤੇ ਸੀਨੀਅਰ ਸੈਕੰਡਰੀ ਕੋਰਸਾਂ ਵਿੱਚ ਬਿਨਾਂ ਲੇਟ ਫ਼ੀਸ ਦਾਖਲਾ ਲੈਣ ਦੀ ਅੰਤਿਮ ਮਿਤੀ 31 ਅਗਸਤ 2026 ਹੈ। ਮਿਤੀ 1 ਸਤੰਬਰ, 2026 ਤੋਂ 31 ਅਕਤੂਬਰ 2026 ਤੱਕ 1500/- ਰੁਪਏ ਪ੍ਰਤੀ ਵਿਦਿਆਰਥੀ ਲੇਟ ਫੀਸ ਨਾਲ ਦਾਖਲਾ ਲਿਆ ਜਾ ਸਕਦਾ ਹੈ। ਇਹਨਾਂ ਮਿਤੀਆਂ ਤੋਂ ਬਾਅਦ ਓਪਨ ਸਕੂਲ ਦਾਖਲਾ ਮਿਤੀਆਂ ਵਿੱਚ ਕੋਈ ਵਾਧਾ ਨਹੀਂ ਕੀਤਾ ਜਾਵੇਗਾ। ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀ ਆਪਣੀ ਸੁਵਿਧਾ ਅਨੁਸਾਰ ਐਕਰੀਡਿਟਿਡ ਸਕੂਲਾਂ ਰਾਹੀਂ (ਐਕਰੀਡਿਟਿਡ ਸਕੂਲਾਂ ਦੀ ਸੂਚੀ ਬੋਰਡ ਦੀ ਵੈੱਬਸਾਈਟ www.pseb.ac.in ਤੋਂ ਉਪਲਬਧ ਹੈ), ਬੋਰਡ ਦੇ ਖੇਤਰੀ ਦਫਤਰਾਂ ਰਾਹੀਂ ਜਾਂ ਵਿਦਿਆਰਥੀਆਂ ਵੱਲੋਂ ਸਿੱਧੇ ਤੌਰ ਤੇ ਵੀ ਬੋਰਡ ਦੀ ਵੈਬਸਾਈਟ ਤੋਂ ਆਨਲਾਈਨ ਪ੍ਰੀਕ੍ਰਿਆ ਰਾਹੀਂ ਦਾਖਲਾ ਫਾਰਮ ਭਰ ਸਕਣਗੇ। ਫ਼ੀਸਾਂ ਜਮ੍ਹਾਂ ਕਰਵਾਉਣ ਦੀ ਵਿਧੀ ਆਨਲਾਈਨ ਹੋਵੇਗੀ। ਪੰਜਾਬ ਓਪਨ ਸਕੂਲ ਦੇ ਮੈਟ੍ਰਿਕੁਲੇਸ਼ਨ ਅਤੇ ਸੀਨੀਅਰ ਸੈਕੰਡਰੀ ਕੋਰਸਾਂ ਲਈ ਵਿਦਿਆਰਥੀ ਦੁਆਰਾ ਬੋਰਡ ਵੱਲੋਂ ਨਿਰਧਾਰਿਤ ਦਾਖਲਾ ਅਤੇ ਪ੍ਰੀਖਿਆ ਫ਼ੀਸ ਤੋਂ ਇਲਾਵਾ ਹੋਰ ਕਿਸੇ ਕਿਸਮ ਦੀ ਵਾਧੂ ਫੀਸ ਅਦਾ ਨਹੀਂ ਕਰਨੀ ਹੋਵੇਗੀ। ਪ੍ਰਾਸਪੈਕਟਸ ਅਤੇ ਪਾਠਕ੍ਰਮ ਬੋਰਡ ਦੀ ਵੈਬ ਸਾਈਟ www.pseb.ac.in 'ਤੇ ਉਪਲਬਧ ਹਨ।

# ਟੁੱਟੀ ਸੜਕ ਦੀ ਉਸਾਰੀ ਲਈ ਰੋਸ ਮੁਜ਼ਾਹਰਾ

**ਖਰੜ (ਹਰਨਾਮ ਸਿੰਘ ਡੱਲਾ)**- ਝੁੰਗੀਆਂ ਰੋਡ ਖਰੜ ਦੇ ਦੁਕਾਨਦਾਰਾਂ ਨੇ ਨਗਰ ਕੌਂਸਲ ਵੱਲੋਂ ਸੜਕ ਦੀ ਉਸਾਰੀ ਨਾ ਕਰਵਾਏ ਜਾਣ ਵਿਰੁੱਧ ਦੋ ਘੰਟੇ ਲਈ ਮਾਰਕੀਟ ਬੰਦ ਕਰਕੇ ਚੰਡੀਗੜ੍ਹ ਰੋਡ ਉੱਤੇ ਸੰਕੇਤਕ ਰੋਸ ਮੁਜ਼ਾਹਰਾ ਕੀਤਾ ਗਿਆ ਜਿਸ ਦੀ ਅਗਵਾਈ ਜੰਤਾ ਨਗਰ, ਦਸਮੇਸ਼ ਨਗਰ, ਦੀਦਾਰ ਨਗਰ, ਸਵਰਾਜ ਨਗਰ, ਗਰੀਨ ਐਵੇਨਿਊ ਦੇ ਦੁਕਾਨਦਾਰਾਂ ਅਤੇ ਆਮ ਲੋਕਾਂ ਨੇ ਕੀਤੀ। ਉਨ੍ਹਾਂ ਦਾ ਰੋਸ ਹੈ ਕਿ ਪਿਛਲੇ ਲਗਭਗ ਇੱਕ ਸਾਲ ਤੋਂ ਝੁੰਗੀਆਂ ਰੋਡ ਖਰੜ ਦੀ ਹਾਲਤ ਬਹੁਤ ਖਸਤਾ ਹੈ । ਕਿਉਂਕਿ ਇਸ ਸੜਕ ਉਤੋਂ ਭਾਰੀ ਵਾਹਨਾਂ ਦੇ ਲੰਘਣ ਕਰਕੇ ਝੁੰਗੀਆਂ ਰੋਡ ਸੜਕ ਥਾਂ ਥਾਂ ਤੋਂ ਟੁੱਟ ਚੁੱਕੀ ਹੈ। ਨਗਰ ਕੌਂਸਲ ਨੇ ਨਹਿਰੀ ਪਾਣੀ ਦੀ ਸਪਲਾਈ ਲਈ ਜੋ ਵਾਟਰ ਪਾਈਪ ਲਾਈਨ ਪਾਈ ਨੂੰ ਵੀ ਲਗਭਗ ਛੇ ਮਹੀਨੇ ਤੋਂ ਵੱਧ ਸਮਾਂ ਹੋ ਚੁੱਕਾ ਹੈ ਪਰ ਪੁੱਟੀ ਗਈ ਸੜਕ ਦੀ ਹਾਲੇ ਤੱਕ ਉਸ ਦੀ ਉਸਾਰੀ ਨਹੀਂ ਕਰਵਾਈ ਗਈ,ਬਲਕਿ ਮਟੀਰੀਅਲ ਸੁੱਟ ਕੇ ਉਸਾਰੀ ਦਾ ਕੰਮ ਅਧੂਰਾ ਛੱਡ ਦਿੱਤਾ ਗਿਆ ਹੈ ਜਿਸ ਕਰਕੇ ਸੜਕ ਉੱਤੇ ਆਮ ਕਰਕੇ ਹਾਦਸੇ ਵੀ ਹੁੰਦੇ ਹਨ ਤੇ ਜਾਮ ਲੱਗਿਆ ਰਹਿੰਦਾ ਹੈ। ਇਸ ਵਜਾ ਕਰਕੇ ਮਾਰਕੀਟ ਦੇ ਦੁਕਾਨਦਾਰਾਂ ਦਾ ਕਾਰੋਬਾਰ ਵੀ ਪ੍ਰਭਾਵਿਤ ਹੋ ਚੁੱਕਾ ਹੈ।




ਲੋਕਾਂ ਦਾ ਰੋਸ ਸੀ ਕਿ ਇਸ ਸੜਕ ਦੀ ਉਸਾਰੀ ਲਈ ਨਗਰ ਕੌਂਸਲ ਅਤੇ ਪ੍ਰਸ਼ਾਸਨ ਨੂੰ ਬਹੁਤ ਸਾਰੀਆਂ ਦਰਖਾਸਤਾਂ ਦਿੱਤੀਆਂ ਜਾ ਚੁੱਕੀਆਂ ਹਨ। ਜੋ ਕਿ ਨਗਰ ਕੌਂਸਲ ਵੱਲੋਂ ਠੰਡੇ ਬਸਤੇ ਵਿੱਚ ਸੁੱਟ ਦਿੱਤੀਆਂ ਜਾਂਦੀਆਂ ਹਨ। ਬਲਕਿ ਲੋਕਾਂ ਦੇ ਇਸ ਮਸਲੇ ਨੂੰ ਆਮ ਲੋਕ ਅਤੇ ਵੱਖ ਵੱਖ ਵੈਲਫੇਅਰ ਐਸੋਸੀਏਸ਼ਨਾਂ ਪ੍ਰਸ਼ਾਸਨ ਨੂੰ ਕਈ ਵਾਰ ਦਰਖਾਸਤਾਂ ਵੀ ਦੇ ਚੁੱਕੀਆਂ ਹਨ। ਬਰਸਾਤ ਵੀ ਸਿਰ ਉੱਤੇ ਹੈ ਪਰ ਨਗਰ ਕੌਂਸਲ ਕੁੰਭ ਕਰਨ ਦੀ ਨੀਂਦ ਸੁੱਤੀ ਪਈ ਹੈ।ਇਸ ਰੋਸ ਮੁਜਾਹਰੇ ਵਿੱਚ ਅਮ੍ਰਿਤਪਾਲ ਸਿੰਘ ਖਾਲਸਾ, ਹਰਜੋਤ ਸਿੰਘ, ਰਮਨ ਮੈਡੀਕੋਜ਼, ਪਰਦੀਪ ਸੱਚਦੇਵਾ, ਖੰਨਾ ਦੁਪੱਟਾ ਤੇ ਪਗੜੀ ਸਟੋਰ,ਮ ਲਕੀਅਤ ਸਿੰਘ ਪੰਜਾਬ ਸੈਨੇਟਰੀ, ਪ੍ਰੇਮ ਪ੍ਰਕਾਸ਼, ਸਰਬਜੀਤ ਸਿੰਘ, ਪਟਵਾਰੀ ਸੈਨੇਟਰੀ, ਨਿਰੰਜਣ ਸਿੰਘ ਗਿੱਲ, ਸ਼ੇਰ ਸਿੰਘ, ਇੰਦਰਜੀਤ ਸਿੰਘ, ਜਸਵੀਰ ਸਿੰਘ ਨੇ ਭਾਗ ਲਿਆ। ਇਸ ਸਮੇਂ ਲੋਕ ਆਵਾਜ਼ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ, ਜਗਤਾਰ ਸਿੰਘ, ਅਵਤਾਰ ਸਿੰਘ ਚੱਕਲਾਂ, ਤਰਲੋਚਨ ਸਿੰਘ ਵੀ ਹਾਜ਼ਰ ਸਨ।

# ਕੁਸ਼ਤੀ ਮੁਕਾਬਲੇ ਸ਼ਾਨੋ-ਸ਼ੌਕਤ ਨਾਲ ਸਮਾਪਤ



**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਕੁਲਥਮ ਅਬਦੁੱਲਾ ਸ਼ਾਹ ਵਿਖੇ ਸਾਬਕਾ ਸਰਪੰਚ ਨਰੰਜਣ ਸਿੰਘ (ਨੰਜੂ ਪਹਿਲਵਾਨ) ਦੀ ਯਾਦ ਚ ਤੀਸਰੇ ਕੁਸ਼ਤੀ ਮੁਕਾਬਲੇ ਕੰਗ ਪਰਿਵਾਰ ,ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ। ਇਹਨਾਂ ਕੁਸ਼ਤੀ ਮੁਕਾਬਲਿਆਂ ਚ 100 ਤੋਂ ਵੱਧ ਪਹਿਲਵਾਨਾਂ ਨੇ ਹਿੱਸਾ ਲਿਆ। ਪਟਕੇ ਦੀ ਕੁਸ਼ਤੀ ਲਾਲੀ ਫਗਵਾੜਾ ਅਤੇ ਸ਼ੇਰਾਂ ਕਾਲੇਵਾਲ ਲੱਲੀਆਂ ਵਿਚਕਾਰ ਹੋਈ ਜਿਸ ਵਿੱਚ ਲਾਲੀ ਫਗਵਾੜਾ ਜੇਤੂ ਰਿਹਾ। 2 ਨੰਬਰ ਦੀ ਕੁਸ਼ਤੀ ਅਕਾਸ਼ ਸ਼ਾਹਕੋਟ ਅਤੇ ਕਮਲਜੀਤ ਬਾਹੜੋਵਾਲ ਵਿਚਕਾਰ ਹੋਈ ਜਿਸ ਵਿੱਚ ਅਕਾਸ਼ ਸ਼ਾਹਕੋਟ ਜੇਤੂ ਰਿਹਾ। ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ। ਕੋਚ ਮਹਿੰਦਰ ਸਿੰਘ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਪ੍ਰਬੰਧਕ ਜਸਕਿੰਦਰ ਸਿੰਘ ਕੰਗ ਵਲੋਂ ਪਹਿਲਵਾਨਾਂ ਨੂੰ ਜੀ ਆਇਆਂ ਕਿਹਾ ਤੇ ਸਾਰਿਆਂ ਦਾ ਧੰਨਵਾਦ ਕੀਤਾ। ਕੁਸ਼ਤੀ ਮੁਕਾਬਲੇ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਏ।ਇਸ ਮੌਕੇ ਰਜਿੰਦਰ ਸ਼ਰਮਾ, ਕਸਤੂਰੀ ਲਾਲ, ਜਸਕਿੰਦਰ ਸਿੰਘ ਕੰਗ, ਸੋਢੀ ਸਿੰਘ ਕੰਗ, ਤਰਸੇਮ ਸਿੰਘ, ਬਲਜੀਤ ਸਿੰਘ ਸਾਬਕਾ ਸਰਪੰਚ, ਜੁਝਾਰ ਸਿੰਘ ਯੂ ਕੇ, ਤਰਸੇਮ ਸਿੰਘ ਯੂ ਕੇ, ਮੇਜਰ ਸਿੰਘ ਅਟਕੜ, ਗੈਵਿਨ ਚੌਹਾਨ, ਗੁਰਲੀਨ ਸਿੰਘ ਅਟਕੜ, ਸਨੀ ਤੋਂ ਇਲਾਵਾ ਭਾਰੀ ਗਿਣਤੀ 'ਚ ਦਰਸ਼ਕ ਹਾਜ਼ਰ ਸਨ।

# ਸੈਣੀ ਨੇ ਮਹਾਂਬੀਰ ਸਿੰਘ ਸਿੱਧੂ ਦੇ ਦਿਹਾਂਤ 'ਤੇ ਦੁੱਖ ਪ੍ਰਗਟ ਕੀਤਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜਸਟਿਸ ਸਵਰਗੀ ਸ੍ਰੀ ਮਹਾਬੀਰ ਸਿੰਘ ਸਿੱਧੂ ਦੇ ਦੁਖਦਾਈ ਦਿਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ।

ਮੁੱਖ ਮੰਤਰੀ ਵੀਰਵਾਰ ਨੂੰ ਚੰਡੀਗੜ੍ਹ ਸਥਿਤ ਜਸਟਿਸ ਸਵਰਗੀ ਮਹਾਬੀਰ ਸਿੰਘ ਸਿੱਧੂ ਦੇ ਨਿਵਾਸ ਸਥਾਨ 'ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਦੁਖੀ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਅਤੇ ਇਸ ਔਖੀ ਘੜੀ ਵਿੱਚ ਉਨ੍ਹਾਂ ਨੂੰ ਹੌਸਲਾ ਦਿੱਤਾ।ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਜਸਟਿਸ ਮਹਾਬੀਰ ਸਿੰਘ ਸਿੱਧੂ ਨੇ ਆਪਣੇ ਲੰਬੇ ਨਿਆਂਇਕ ਜੀਵਨ ਵਿੱਚ ਨਿਰਪੱਖਤਾ, ਨਿਸ਼ਠਾ, ਇਮਾਨਦਾਰੀ ਅਤੇ ਸੰਵਿਧਾਨਕ ਮੀਲਾਂ ਪ੍ਰਤੀ ਅਟੁੱਟ ਵਚਨਬੱਧਤਾ ਨਾਲ ਨਿਆਂਪਾਲਿਕਾ ਦੀ ਗਰਿਮਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

## ਪੀਲੀਏ ਦੇ ਮਰੀਜ਼ਾਂ 'ਚ ਵਾਧੇ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਨਿਗਰਾਨੀ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)-ਸਿਵਲ ਹਸਪਤਾਲ ਨੰਗਲ ਵਿਖੇ ਪੀਲੀਏ (ਜਾਂਡਿਸ) ਦੇ ਸ਼ੱਕੀ ਮਰੀਜ਼ਾਂ ਦੀ ਗਿਣਤੀ ਵਿੱਚ ਵਾਧਾ ਦਰਜ ਕੀਤੇ ਜਾਣ ਤੋਂ ਬਾਅਦ ਸਿਹਤ ਵਿਭਾਗ ਵੱਲੋਂ ਸਥਿਤੀ 'ਤੇ ਪੂਰੀ



ਨਿਗਰਾਨੀ ਰੱਖੀ ਜਾ ਰਹੀ ਹੈ।ਸਿਵਲ ਸਰਜਨ ਡਾ. ਰਮਨ ਗੁਪਤਾ ਦੇ ਨਿਰਦੇਸ਼ਾਂ ਤਹਿਤ ਇਸ ਸਬੰਧੀ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਹਰਸ਼ਰਨ ਕੌਰ ਤੇ ਉਨ੍ਹਾਂ ਦੀ ਟੀਮ ਜਿਸ ਵਿੱਚ ਏ ਐੱਮ ਓ ਦਿਲਬਾਗ ਸਿੰਘ ਹੈਲਥ ਸੁਪਰਵਾਈਜ਼ਰ ਰਣਜੀਤ ਸਿੰਘ ਵੱਲੋਂ ਸਿਵਲ ਹਸਪਤਾਲ ਨੰਗਲ ਦਾ ਦੌਰਾ ਕੀਤਾ ਗਿਆ। ਦੌਰੇ ਦੌਰਾਨ ਟੀਮ ਨੇ ਹਸਪਤਾਲ ਵਿੱਚ ਦਾਖ਼ਲ ਪੀਲੀਏ ਦੇ ਮਰੀਜ਼ਾਂ ਦਾ ਹਾਲ-ਚਾਲ ਪੁੱਛਿਆ ਅਤੇ ਉਨ੍ਹਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਈਸ਼ਾ ਵਰਮਾ ਅਤੇ ਹਸਪਤਾਲ ਦੇ ਮੈਡੀਕਲ ਸਟਾਫ਼ ਨਾਲ ਮੀਟਿੰਗ ਕਰਕੇ ਮੌਜੂਦਾ ਸਥਿਤੀ, ਮਰੀਜ਼ਾਂ ਦੀ ਦੇਖਭਾਲ, ਇਲਾਜ ਦੀ ਉਪਲਬਧਤਾ ਅਤੇ ਰੋਕਥਾਮ ਸਬੰਧੀ ਉਪਰਾਲਿਆਂ ਦੀ ਸਮੀਖਿਆ ਕੀਤੀ ਗਈ। ਡਾ. ਹਰਸ਼ਰਨ ਕੌਰ ਨੇ ਹਸਪਤਾਲ ਪ੍ਰਬੰਧਨ ਨੂੰ ਹਦਾਇਤ ਕੀਤੀ ਕਿ ਸ਼ੱਕੀ ਮਰੀਜ਼ਾਂ ਦੀ ਤੁਰੰਤ ਜਾਂਚ, ਸਮੇਂ ਸਿਰ ਇਲਾਜ ਅਤੇ ਲੋੜ ਪੈਣ 'ਤੇ ਸੈਂਪਲ ਲੈ ਕੇ ਲੈਬ ਜਾਂਚ ਯਕੀਨੀ ਬਣਾਈ ਜਾਵੇ। ਸਿਹਤ ਵਿਭਾਗ ਵੱਲੋਂ ਸਥਿਤੀ 'ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ ਅਤੇ ਲੋੜ ਅਨੁਸਾਰ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ। ਇਸ ਸਬੰਧੀ ਪ੍ਰਭਾਵਿਤ ਖੇਤਰਾਂ ਪੁਰਾਣਾ ਗੁਰਦੁਆਰਾ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਸਬੰਧੀ ਸਾਰੇ ਆਲੇ ਦੁਆਲੇ ਦੇ ਪ੍ਰਭਾਵਿਤ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕੀਤਾ ਗਿਆ।

## ਭਾਜਪਾ ਦੀ ਸਰਕਾਰ ਬਣਨ ਤੇ ਭ੍ਰਿਸ਼ਟਾਚਾਰ ਰਹਿਤ ਤੇ ਨਸ਼ਾ ਮੁਕਤ ਸ਼ਾਸਨ ਦਿੱਤਾ ਜਾਵੇਗਾ : ਸੁਰਿੰਦਰ ਜਾਜਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਭਾਜਪਾ ਦੀ ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਤੇ ਕਾਰਗੁਜ਼ਾਰੀਆਂ ਹਰ ਪਿੰਡ ਦੇ ਘਰ ਘਰ ਤੱਕ ਪਹੁੰਚਾਉਣ ਅਤੇ ਆਮ ਜਨਤਾ ਨੂੰ ਭਾਜਪਾ ਨਾਲ ਜੋੜਨ ਸਬੰਧੀ ਚਲਾਈ ਗਈ ਮੁਹਿੰਮ ਵਿੱਚ ਹੋਰ ਤੇਜੀ ਲਿਆਉਣ ਲਈ



ਭਾਜਪਾ ਪੰਜਾਬ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਵੱਖ-ਵੱਖ ਸੰਸਥਾਵਾਂ ਤੋਂ ਇਲਾਵਾ ਭਾਜਪਾ ਵਰਕਰਾਂ ਨੇ ਭਾਗ ਲਿਆ। ਹਾਜਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਜੇਕਰ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਨੇ ਭਾਜਪਾ ਨੂੰ ਸੱਤਾ ਸੌਂਪ ਦਿੱਤੀ ਤਾਂ ਸੂਬੇ ਵਿੱਚ ਮਹਾਰਾਜਾ ਰਣਜੀਤ ਸਿੰਘ ਰਾਜ ਦੇ ਸਿਧਾਂਤਾਂ ਤੇ ਅਧਾਰਿਤ ਸ਼ਾਸਨ ਕਾਇਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਨੂੰ ਨਸ਼ਿਆਂ, ਗੈਂਗਸਟਰਾਂ ਅਤੇ ਭ੍ਰਿਸ਼ਟਾਚਾਰ ਤੋਂ ਮੁਕਤ ਕਰਕੇ ਵਿਕਾਸ ਨੂੰ ਬੁਲੰਦੀਆਂ ਦੀ ਲੀਹਾਂ ਤੇ ਲਿਆਏਗੀ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੀ ਨੌਜਵਾਨ ਪੀੜੀ ਨਸ਼ਿਆਂ ਦੀ ਲਪੇਟ ਵਿੱਚ ਆ ਚੁੱਕੀ ਹੈ ਅਤੇ ਗੈਂਗਸਟਰਾਂ ਦਾ ਹਰ ਪਾਸੇ ਬੋਲ ਬਾਲਾ ਹੈ।

# ਲਾਇਨਜ਼ ਕਲੱਬ ਨੇ ਡਾ. ਰਮਨ ਸ਼ਰਮਾ ਨੂੰ ਦਿੱਤਾ ਲਾਈਫ ਟਾਈਮ ਅਚੀਵਮੈਂਟ ਅਵਾਰਡ

**ਫਗਵਾੜਾ (ਜਸਵਿੰਦਰ ਢੱਡਾ)**- ਲਾਇਨਜ ਇੰਟਰਨੈਸ਼ਨਲ 321-ਡੀ ਦੀ ਇਲੈਵਨ ਸਟਾਰ ਸਪੈਸ਼ਲ ਸਟੇਟਸ ਮਾਡਲ ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਵਲੋਂ ਕਲੱਬ ਦੇ ਪ੍ਰਧਾਨ ਲਾਇਨ ਪ੍ਰਦੀਪ ਸਿੰਘ ਦੀ ਅਗਵਾਈ ਹੇਠ ਲਾਇਨਿਸਟਿਕ ਸਾਲ




2026-27 ਦੀ ਸ਼ੁਰੂਆਤ 2 ਪ੍ਰੋਜੈਕਟਾਂ ਨੂੰ ਸਰਫਲਤਾ ਪੂਰਵਕ ਨੇਪਰੇ ਚਾੜ੍ਹ ਕੇ ਕੀਤੀ। ਕਲੱਬ ਪ੍ਰਧਾਨ ਲਾਇਨ ਪ੍ਰਦੀਪ ਸਿੰਘ ਅਤੇ ਲਾਇਨ ਸੁਸ਼ੀਲ ਸ਼ਰਮਾ ਪ੍ਰੋਜੈਕਟ ਚੇਅਰਮੈਨ ਨੇ ਦੱਸਿਆ ਕਿ ਰਾਸ਼ਟਰੀ ਡਾਕਟਰ ਦਿਵਸ ਮੌਕੇ ਸਿਵਲ ਹਸਪਤਾਲ ਫਗਵਾੜਾ ਵਿਖੇ 8 ਡਾਕਟਰਾਂ ਨੂੰ ਸਨਮਾਨਤ ਕਰਕੇ ਹੌਸਲਾ ਅਫਜਾਈ ਕੀਤੀ ਗਈ। ਸਨਮਾਨ ਡਾਕਟਰਾਂ ਵਿੱਚ ਐਸ.ਐਮ.ਓ. ਡਾ. ਸਿਮਰਦੀਪ ਕੌਰ ਤੋਂ ਇਲਾਵਾ ਡਾ. ਦਰਸ਼ਨ ਬੱਧਣ, ਡਾ. ਕਸ਼ਿਸ਼ ਢੀਂਗਰਾ, ਡਾ. ਆਸ਼ੂ, ਡਾ. ਨਿਖਿਲ ਸਿੰਘ, ਡਾ. ਸਰੂਚੀ ਮੰਗਲ, ਡਾ. ਅੰਜਨਾ ਅਰੋੜਾ ਅਤੇ ਡਾ. ਸੁਮਨਦੀਪ ਪਰਮਾਰ ਸ਼ਾਮਲ ਸਨ। ਇਸੇ ਦੌਰਾਨ ਸਮਾਜ ਸੇਵਕ ਡਾ. ਰਮਨ ਸ਼ਰਮਾ ਨੂੰ ਵੀ ਉਹਨਾਂ ਦੀਆਂ ਸਮਾਜ ਪ੍ਰਤੀ ਅਣਥਕ ਸੇਵਾਵਾਂ ਨੂੰ ਦੇਖਦੇ ਹੋਏ ਲਾਈਫ ਟਾਈਮ ਅਚੀਵਮੈਂਟ ਅਵਾਰਡ ਦੇ ਨਾਲ ਨਵਾਜਿਆ ਗਿਆ। ਲਾਇਨ ਪ੍ਰਦੀਪ ਸਿੰਘ ਅਤੇ ਲਾਇਨ ਸੁਸ਼ੀਲ ਸ਼ਰਮਾ ਨੇ ਕਿਹਾ ਕਿ ਡਾਕਟਰਾਂ ਦਾ ਸਮਾਜ ਨੂੰ ਤੰਦਰੁਸਤ ਰੱਖਣ ਵਿੱਚ ਬਹੁਤ ਅਹਿਮ ਯੋਗਦਾਨ ਹੈ। ਖਾਸ ਤੌਰ ਤੇ ਸਰਕਾਰੀ ਡਾਕਟਰ ਕਿਸੇ ਵੀ ਐਮਰਜੇਂਸੀ ਸਮੇਂ 24 ਘੰਟੇ ਆਪਣੀ ਡਿਊਟੀ ਪ੍ਰਤੀ ਸਮਰਪਿਤ ਰਹਿੰਦੇ ਹਨ। ਜਿਹਨਾਂ ਦੀ ਹੌਸਲਾ ਅਫਜਾਈ ਕਰਕੇ ਕਲੱਬ ਨੂੰ ਮਾਣ ਮਹਿਸੂਸ ਹੋਇਆ ਹੈ। ਉਹਨਾਂ ਦੱਸਿਆ ਕਿ ਕਲੱਬ ਦੇ ਸਥਾਈ ਪ੍ਰੋਜੈਕਟ ਫੂਡ ਫਾਰ ਹੰਗਰ ਤਹਿਤ ਪ੍ਰੋਜੈਕਟ ਚੇਅਰਮੈਨ ਲਾਇਨ ਰਵੀ ਮੰਗਲ ਦੀ ਦੇਖਰੇਖ ਹੇਠ 15 ਲੋੜਵੰਦਾਂ ਨੂੰ ਰਾਸ਼ਨ ਦੀ ਵੰਡ ਵੀ ਕੀਤੀ ਗਈ। ਮੰਚ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਵਲੋਂ ਬਾਖੂਬੀ ਕੀਤਾ ਗਿਆ। ਕਲੱਬ ਪ੍ਰਧਾਨ ਲਾਇਨ ਪ੍ਰਦੀਪ ਸਿੰਘ ਨੇ ਦੋਵੇਂ ਪ੍ਰੋਜੈਕਟਾਂ ਨੂੰ ਸਫਲ ਬਨਾਉਣ ਵਿਚ ਸਹਿਯੋਗ ਲਈ ਸਮੂਹ ਕਲੱਬ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸ਼੍ਰੋਮਣੀ ਅਕਾਲੀ ਦਲ ਦੇ ਪ੍ਰਤੀਨਿਧ ਮੰਡਲ ਵੱਲੋਂ 'ਆਪ' ਉਮੀਦਵਾਰ ਖਿਲਾਫ ਸ਼ਿਕਾਇਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਤੀਨਿਧ ਮੰਡਲ ਜਿਸ ਵਿੱਚ ਕੋਰ ਕਮੇਟੀ ਮੈਂਬਰ ਕਮਲ ਚੇਤਨੀ, ਲੁਧਿਆਣਾ ਹਲਕਾ ਨੌਰਥ ਦੇ ਹਲਕਾ ਇੰਚਾਰਜ ਆਰ ਡੀ ਸ਼ਰਮਾ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਹਲਕਾ ਇੰਚਾਰਜ ਸੰਜੀਵ ਤਲਵਾੜ ਵੱਲੋਂ ਡਿਪਟੀ ਕਮਿਸ਼ਨਰ-ਕਮ-ਮੁੱਖ ਚੋਣ ਅਫ਼ਸਰ, ਹੁਸ਼ਿਆਰਪੁਰ ਨੂੰ ਇੱਕ



ਲਿਖਤੀ ਸ਼ਿਕਾਇਤ ਦੇ ਕੇ ਹਲਕਾ ਵਿਧਾਇਕ ਹੁਸ਼ਿਆਰਪੁਰ ਦੇ ਸਕੇ ਭਰਾ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ-34 ਤੋਂ ਮੌਜੂਦਾ ਉਮੀਦਵਾਰ ਤੇ ਸਾਬਕਾ ਐੱਮ ਸੀ ਰਾਜੇਸ਼ਵਰ ਦਿਆਲ ਵਿਰੁੱਧ ਗੰਭੀਰ ਇਲਜ਼ਾਮ ਲਗਾਏ ਗਏ ਹਨ।ਸ਼ਿਕਾਇਤਕਰਤਾ ਸੰਜੀਵ ਤਲਵਾੜ ਨੇ ਦੋਸ਼ ਲਗਾਇਆ ਹੈ ਕਿ ਰਾਜੇਸ਼ਵਰ ਦਿਆਲ (ਸਪੁੱਤਰ ਕੁੰਭਕਰਨ ਦਾਸ, ਵਾਸੀ ਕ੍ਰਿਸ਼ਨਾ ਨਗਰ) ਨੇ ਆਪਣੀਆਂ ਦੋ-ਦੋ ਜਾਅਲੀ ਵੋਟਾਂ ਬਣਵਾਈਆਂ ਹੋਈਆਂ ਹਨ ਜਿਸ ਵਿੱਚ ਚੋਣ ਕਮਿਸ਼ਨ ਵੱਲੋਂ ਸਾਲ 2026 ਨਗਰ ਨਿਗਮ ਦੀਆਂ ਚੋਣਾਂ ਲਈ ਜਾਰੀ ਲਿਸਟ ਅਨੁਸਾਰ, ਰਾਜੇਸ਼ਵਰ ਦਿਆਲ ਦੀਆਂ ਵਾਰਡ ਨੰਬਰ-34 ਵਿੱਚ ਦੋ ਵੋਟਾਂ ਦਰਜ ਹਨ। ਵਾਰਡ ਨੰਬਰ-34, ਬੂਥ ਨੰਬਰ-91, ਲੜੀ ਨੰਬਰ-944, ਮਕਾਨ ਨੰਬਰ-156।ਵਾਰਡ ਨੰਬਰ-34, ਬੂਥ ਨੰਬਰ-92, ਲੜੀ ਨੰਬਰ, ਮਕਾਨ ਨੰਬਰ-156।ਇਸੇ ਤਰ੍ਹਾਂ ਸਾਲ 2024 ਦੀਆਂ ਚੋਣਾਂ ਦੌਰਾਨ ਵੀ ਉਕਤ ਵਿਅਕਤੀ ਦੀਆਂ ਤਤਕਾਲੀ ਵਾਰਡ ਨੰਬਰ-6 (ਹੁਣ ਵਾਰਡ ਨੰਬਰ-34) ਦੇ ਬੂਥ ਨੰਬਰ-14 ਵਿੱਚ ਦੋ ਵੋਟਾਂ (ਲੜੀ ਨੰਬਰ 18 ਅਤੇ ਲੜੀ ਨੰਬਰ 756) ਦਰਜ ਸਨ।

ਸ਼੍ਰੋਮਣੀ ਅਕਾਲੀ ਦਲ ਨੇ ਮੁੱਖ ਚੋਣ ਅਫ਼ਸਰ ਪਾਸੋਂ ਮੰਗ ਕੀਤੀ ਕਿ ਇਹਨਾਂ ਤੱਥਾਂ ਦੇ ਅਧਾਰ 'ਤੇ ਰਾਜੇਸ਼ਵਰ ਦਿਆਲ ਵਿਰੁੱਧ ਤੁਰੰਤ ਬਨਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਵੈਟਰਨਰੀ ਇੰਸਪੈਕਟਰ ਦਿਵਸ 5 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹਰ ਸਾਲ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ, ਵੈਟਨਰੀ ਇੰਸਪੈਕਟਰ ਦਿਵਸ ਮਨਾਉਂਦੀ ਹੈ, ਇਸ ਵਾਰ ਵੀ ਪੁਰਾਣੀ ਪਰੰਪਰਾ ਨੂੰ ਜਾਰੀ ਰੱਖਦਿਆਂ ਹੋਇਆਂ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ 17ਵਾਂ ਵੈਟਰਨਰੀ ਇੰਸਪੈਕਟਰ ਦਿਵਸ 5 ਜੁਲਾਈ ਦਿਨ ਐਤਵਾਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਮਨਾਉਣ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਵਿਭਾਗ ਵਿੱਚ ਕੰਮ ਕਰਦੇ ਸਮੂਹ ਵੈਟਨਰੀ ਇੰਸਪੈਕਟਰ ਸਾਥੀਆਂ ਤੋਂ ਇਲਾਵਾ ਵਿਭਾਗ ਤੋਂ ਰਿਟਾਇਰ ਹੋ ਚੁੱਕੇ ਵੈਟਰਨਰੀ ਇੰਸਪੈਕਟਰ ਸਾਥੀਆਂ ਨੂੰ ਵੀ ਸ਼ਿਰਕਤ ਕਰਨ ਦੀ ਅਪੀਲ ਕੀਤੀ ਹੈ। ਉਹਨਾਂ ਨੇ ਜਾਣਕਾਰੀ ਸਾਂਝੀ ਕਰਦਿਆਂ ਹੋਇਆ ਦੱਸਿਆ ਕਿ ਇਸ ਦਿਨ ਤੇ ਐਸੋਸੀਏਸ਼ਨ ਵੱਲੋਂ ਬਹੁਤ ਅਹਿਮ ਫੈਸਲੇ ਲਏ ਜਾਣੇ ਹਨ, ਮੌਜੂਦਾ ਜਥੇਬੰਦੀ ਟੀਮ ਦਾ ਦੋ ਸਾਲ ਦਾ ਸਮਾਂ ਪੂਰਾ ਹੋ ਚੁੱਕਾ ਹੈ, ਵੈਟਰਨਰੀ ਇੰਸਪੈਕਟਰ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ, ਮੌਜੂਦਾ ਸਰਕਾਰ ਦਾ ਵੀ ਆਖਰੀ ਸਾਲ ਹੈ। ਇਹਨਾਂ ਸਾਰੀਆਂ ਸਥਿਤੀਆਂ ਨੂੰ ਮੁੱਖ ਰੱਖਦਿਆਂ ਹੋਇਆ ਐਸੋਸੀਏਸ਼ਨ ਵੱਲੋਂ ਬਹੁਤ ਅਹਿਮ ਫੈਸਲੇ ਲੈਣੇ ਹਨ, ਜਿਵੇਂ ਕਿ ਨਵੀਂ ਟੀਮ ਦੀ ਚੋਣ ਕਦੋਂ ਕੀਤੀ ਜਾਵੇ, ਮੰਗਾਂ ਨੂੰ ਲੈ ਕੇ ਸੰਘਰਸ਼ ਨੂੰ ਕਿਵੇਂ ਤੇਜ਼ ਕੀਤਾ ਜਾਵੇ ਅਤੇ ਅਗਲੀ ਰਣਨੀਤੀ ਤੈਅ ਕੀਤੀ ਜਾਵੇ, ਵਿਭਾਗ ਦੀ ਅਫਸਰ ਸ਼ਾਹੀ ਸ਼ਾਹੀ ਵੱਲੋਂ ਪਾਇਆ ਜਾ ਰਿਹਾ ਨਜਾਇਜ਼ ਦਬਾ ਕਿਵੇਂ ਘੱਟ ਕੀਤਾ ਜਾ ਸਕੇ, ਇਸ ਲਈ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਵਿਭਾਗ ਵਿੱਚ ਕੰਮ ਕਰਦੇ ਸਮੂਹ ਵੈਟਰਨਰੀ ਇੰਸਪੈਕਟਰ ਅਤੇ ਐਸੋਸੀਏਸ਼ਨ ਦੇ ਬੁੱਧੀਜੀਵੀਆਂ ਨੂੰ ਇਸ ਦਿਵਸ ਤੇ ਪਹੁੰਚਣ ਦੀ ਅਪੀਲ ਕੀਤੀ ਹੈ।

## ਇੰਡੀਗੋ ਏਅਰਲਾਈਨਜ਼ ਨੇ ਆਦਮਪੁਰ ਤੋਂ ਮੁੰਬਈ ਉਡਾਨ 'ਤੇ ਇੱਕ ਸਾਲ ਪੂਰਾ ਕੀਤਾ

**ਆਦਮਪੁਰ (ਪਰਮਜੀਤ ਸਿੰਘ)**- ਇੰਡੀਗੋ ਏਅਰਲਾਈਨਜ਼ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਹਵਾਈ ਅੱਡੇ, ਆਦਮਪੁਰ ਤੋਂ ਮੁੰਬਈ-ਆਦਮਪੁਰ-ਮੁੰਬਈ ਸੈਕਟਰ 'ਤੇ ਅਨੁਸੂਚਿਤ ਉਡਾਣ ਸੰਚਾਲਨ



ਦਾ ਇੱਕ ਸਾਲ ਸਫਲਤਾਪੂਰਵਕ ਪੂਰਾ ਕੀਤਾ ਹੈ। ਪਿਛਲੇ ਸਾਲ ਦੌਰਾਨ, ਲਗਭਗ 1.04 ਲੱਖ ਯਾਤਰੀਆਂ ਨੇ ਇਸ ਰੂਟ 'ਤੇ ਯਾਤਰਾ ਕੀਤੀ, ਜਦੋਂ ਕਿ ਉਡਾਣਾਂ ਨੇ ਲਗਭਗ 78 ਪ੍ਰਤੀਸ਼ਤ ਦਾ ਔਸਤ ਯਾਤਰੀ ਲੋਡ ਫੈਕਟਰ ਦਰਜ ਕੀਤਾ, ਜੋ ਇਸ ਰੂਟ ਦੀ ਵਧਦੀ ਮੰਗ ਅਤੇ ਪ੍ਰਸਿੱਧੀ ਨੂੰ ਦਰਸਾਉਂਦਾ ਹੈ।ਇਸ ਪ੍ਰਾਪਤੀ ਨੂੰ ਯਾਦ ਕਰਨ ਲਈ, ਏਅਰਪੋਰਟ ਅਥਾਰਟੀ ਆਫ਼ ਇੰਡੀਆ (ਏ ਏ ਆਈ) ਅਤੇ ਇੰਡੀਗੋ ਏਅਰਲਾਈਨਜ਼ ਨੇ ਆਦਮਪੁਰ ਤੋਂ ਮੁੰਬਈ ਉਡਾਣ 'ਤੇ ਪਹਿਲੀ ਯਾਤਰੀ ਅਵੰਤਿਕਾ ਖਹਿਰਾ ਦਾ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਵਾਗਤ ਕੀਤਾ ਅਤੇ ਸਨਮਾਨਤ ਕੀਤਾ।ਇਸ ਮੌਕੇ 'ਤੇ ਹਵਾਈ ਅੱਡੇ 'ਤੇ ਯਾਤਰਾ ਕਰਨ ਵਾਲੇ ਕਈ ਯਾਤਰੀਆਂ ਤੋਂ ਉਨ੍ਹਾਂ ਦੇ ਯਾਤਰਾ ਅਨੁਭਵ ਅਤੇ ਹਵਾਈ ਅੱਡੇ 'ਤੇ ਉਪਲਬਧ ਸਹੂਲਤਾਂ ਬਾਰੇ ਫੀਡਬੈਕ ਵੀ ਪ੍ਰਾਪਤ ਕੀਤਾ ਗਿਆ।

# 452 ਲੋੜਵੰਦ ਵਿਦਿਆਰਥੀਆਂ ਨੂੰ ਕਰੀਬ 22 ਲੱਖ ਦੀ ਫੀਸ ਰਿਆਇਤ ਦਿੱਤੀ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਸਿੱਖਿਆ ਨੂੰ ਹਰ ਬੱਚੇ ਤੱਕ ਪਹੁੰਚਾਉਣ ਦੇ ਆਪਣੇ ਸਕੰਲਪ ਨੂੰ ਅੱਗੇ ਵਧਾਉਂਦਿਆ ਹੋਇਆ ਫੁੱਲਵਾੜੀ ਸਕੂਲ ਦੀ ਪ੍ਰਬੰਧਕ



ਕਮੇਟੀ ਵਲੋਂ ਸ਼ੈਸ਼ਨ 2026-27 ਵਿੱਚ ਦਾਖਲਾ ਲੈਣ ਵਾਲੇ 452 ਆਰਥਿਕ ਤੌਰ ਤੇ ਕਮਜ਼ੋਰ ਵਿਦਿਆਰਥੀਆਂ ਨੂੰ 10% ਤੋਂ 25% ਤੱਕ ਰਿਆਇਤ ਦਿੱਤੀ ਗਈ। 30 ਜੂਨ 2026 ਤੱਕ ਇਸ ਰਿਆਇਤ ਦੀ ਕੁੱਲ ਰਕਮ ਕਰੀਬ 22 ਲੱਖ ਰੁਪੈ ਬਣਦੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੀ ਕੰਨਸੈਸ਼ਨ ਕਮੇਟੀ ਦੇ ਮੈਂਬਰਾਂ ਸੀਨੀਅਰ ਪ੍ਰਿੰਸੀਪਲ ਲਖਬੀਰ ਸਿੰਘ, ਸੀਨੀਅਰ ਅਧਿਆਪਕਾਂ ਰਮੇਸ਼ ਸ਼ਰਮਾ ਅਤੇ ਰਣਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੁਲੱਵਾੜੀ ਸਕੂਲ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਵਿਦਿਆਰਥੀ ਸਿਰਫ਼ ਆਰਥਿਕ ਤੰਗੀ ਕਾਰਨ ਆਪਣੀ ਪੜ੍ਹਾਈ ਅਧੂਰੀ ਨਾ ਛੱਡੇ। ਇਸੇ ਸੋਚ ਤਹਿਤ ਲੋੜਵੰਦ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਯੋਗਤਾ ਅਤੇ ਆਰਥਿਕ ਸਥਿਤੀ ਦੇ ਆਧਾਰ ਤੇ ਉਨ੍ਹਾਂ ਵਲੋਂ 15000 ਰੁਪਏ ਪ੍ਰਤੀ ਮਹੀਨਾ ਤੋ ਘੱਟ ਆਮਦਨ ਦਾ ਸਵੈ ਘੋਸ਼ਣਾ ਪੱਤਰ ਲੈ ਕੇ ਰਾਹਤ ਮਿਲੀ ਹੈ ਜਿਸ ਨਾਲ ਸੈਂਕੜੇ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਵਿਦਿਆਰਥੀ ਆਪਣੀ ਪੜ੍ਹਾਈ ਨਿਰਵਿਘਨ ਜਾਰੀ ਰੱਖ ਸਕਣਗੇ।ਉਨ੍ਹਾਂ ਨੇ ਕਿਹਾ ਕਿ ਫੁੱਲਵਾੜੀ ਸਕੂਲ ਸ਼ੁਰੂ ਤੋਂ ਹੀ ਸਮਾਜਿਕ ਸਰੋਕਾਰ ਨੂੰ ਪਹਿਲ ਦਿੰਦਾ ਆ ਰਿਹਾ ਹੈ ਅਤੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ 36 ਸਾਲਾਂ ਤੋ ਸੇਵਾ ਭਾਵਨਾ ਨਾਲ ਕੰਮ ਕਰ ਰਿਹਾ ਹੈ। ਪ੍ਰਬੰਧਕ ਕਮੇਟੀ ਦਾ ਵਿਸ਼ਵਾਸ ਹੈ ਕਿ ਆਰਥਿਕ ਕਮਜ਼ੋਰੀ ਕਿਸੇ ਵੀ ਬੱਚੇ ਦੀ ਪ੍ਰਤੀਭਾ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ।ਕੰਨਸੈਸ਼ਨ ਕਮੇਟੀ ਨੇ ਲੋਕ ਭਲਾਈ ਦੇ ਇਸ ਫੈਸਲੇ ਲਈ ਸਕੂਲ ਦੀ ਸਮੂਹ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ।

# ਬਤੌਰ ਸੁਪਰਡੈਂਟ ਬੇਦਾਗ ਸੇਵਾ ਨਿਭਾਉਣ 'ਤੇ ਨਿਰਮਲ ਕੌਰ ਨੂੰ ਦਿੱਤੀ ਗਈ ਨਿੱਘੀ ਵਿਦਾਇਗੀ

**ਗੁਰਾਇਆ (ਬਿੰਦਰ ਸੁੰਮਨ)**: ਗੁਰੂ ਨਾਨਕ ਖਾਲਸਾ ਗਰਲਜ਼ ਕਾਲਜ, ਬਾਬਾ ਸੰਗ ਢੇਸੀਆਂ (ਗੁਰਾਇਆ) ਵਿਖੇ ਇੱਕ



ਵਿਦਾਇਗੀ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਕਾਲਜ਼ ਵਿੱਚ ਬਤੌਰ ਸੁਪਰਡੈਂਟ 34 ਸਾਲ ਬੇਦਾਗ ਸੇਵਾ ਨਿਭਾਉਣ ਤੇ ਮੈਡਮ ਨਿਰਮਲ ਕੌਰ ਨੂੰ ਨਿੱਘੀ ਵਿਦਾਇਗੀ ਦਿੱਤੀ ਗਈ। ਕਾਲਜ ਪਹੁੰਚਣ ਤੇ ਸਟਾਫ ਵਲੋਂ ਉਨ੍ਹਾਂ ਨੂੰ ਫੁੱਲਾ ਦੇ ਗੁਲਦਸਤੇ ਭੇਟ ਕਰਕੇ ਅਤੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਵਿਦਾਇਗੀ ਸਮਾਗਮ ਦੌਰਾਨ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਗੁਰਪ੍ਰਤਾਪ ਸਿੰਘ ਵਡਾਲਾ, ਬਲਜੀਤ ਸਿੰਘ ਸੰਧੂ, ਬਲਵਿੰਦਰ ਸਿੰਘ, ਉਧਮ ਸਿੰਘ ਅੱਲਖ, ਸੁਖਵਿੰਦਰ ਸਿੰਘ ਲਾਲੀ, ਗੁਰਦਾਵਰ ਸਿੰਘ ਪਾਸਲਾ, ਹਰਨਿੰਦਰ ਕੌਰ, ਸਰਬਜੀਤ ਕੌਰ, ਪ੍ਰਿੰਸੀਪਲ ਗੁਰਸ਼ਰਨਜੀਤ ਕੌਰ, ਪ੍ਰਿੰਸੀਪਲ ਮੰਜੂ ਸ਼ਰਮਾ, ਪ੍ਰਿੰਸੀਪਲ ਜਸਵੀਰ ਕੌਰ, ਕਾਲਜ ਸਟਾਫ ਅਤੇ ਦਫਤਰੀ ਸਟਾਫ ਨੇ ਕਿਹਾ ਕਿ ਨਿਰਮਲ ਕੌਰ ਨੇ ਕਾਲਜ ਨੂੰ 34 ਸਾਲ ਆਪਣੀਆ ਸੇਵਾਵਾਂ ਦਿੱਤੀਆਂ ਹਨ, ਜਿਸ ਦੌਰਾਨ ਉਨ੍ਹਾਂ ਆਪਣੀ ਪੂਰੀ ਇਮਾਨਦਾਰੀ ਅਤੇ ਅਣਥੱਕ ਮਿਹਨਤ ਨਾਲ ਕੰਮ ਕਰਕੇ ਕਾਲਜ ਨੂੰ ਹੋਰ ਬੁਲੰਦੀਆ ਤੱਕ ਲਿਆਂਦਾ। ਗੁਰਪ੍ਰਤਾਪ ਸਿੰਘ ਵਡਾਲਾ ਨੇ ਕਾਲਜ ਪ੍ਰਬੰਧਕੀ ਕਮੇਟੀ ਵਲੋਂ ਨਿਰਮਲ ਕੌਰ ਅਤੇ ਉਨਾਂ ਦੇ ਪਰਵਾਰਿਕ ਮੈਂਬਰਾਂ ਨੂੰ ਸਨਮਾਨਤ ਕੀਤਾ। ਕਾਲਜ ਅਤੇ ਸਕੂਲ ਸਟਾਫ ਵਲੋਂ ਵੀ ਨਿਰਮਲ ਕੌਰ ਨੂੰ ਸੇਵਾ ਮੁਕਤ ਹੋਣ ਤੇ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਡਮ ਨਿਰਮਲ ਕੌਰ ਦੇ ਪਤੀ ਰਾਜੇਸ਼ ਕੁਮਾਰ, ਉਨ੍ਹਾਂ ਦੇ ਰਿਸ਼ਤੇਦਾਰਾਂ ਬਲਦੇਵ ਰਾਜ ਕੋਮਲ, ਰੌਸ਼ਨ ਲਾਲ, ਕਮਲਾ ਦੇਵੀ, ਮਹਿੰਦਰ ਪਾਲ, ਮਾਸਟਰ ਸੁਖਵਿੰਦਰ ਰਾਮ ਅਤੇ ਉਨ੍ਹਾਂ ਦੀ ਬੇਟੀ ਚੰਦਨਪ੍ਰੀਤ ਕੌਰ ਵਿਸ਼ੇਸ਼ ਤੌਰ ਤੇ ਸਮਾਗਮ ਵਿੱਚ ਸ਼ਾਮਿਲ ਹੋਏ। ਅੰਤ ਵਿੱਚ ਨਿਰਮਲ ਕੌਰ ਨੇ ਸੇਵਾ ਮੁਕਤੀ ਮੌਕੇ ਉਨ੍ਹਾਂ ਨੂੰ ਸਨਮਾਨਿਤ ਕੀਤੇ ਜਾਣ ਤੇ ਕਾਲਜ ਪ੍ਰਬੰਧਕੀ ਕਮੇਟੀ, ਕਾਲਜ਼ ਅਤੇ ਸਕੂਲ ਸਟਾਫ ਦਾ ਧੰਨਵਾਦ ਕੀਤਾ।

# ਪ੍ਰੋ. ਪਵਨਦੀਪ ਚੀਮਾ ਦੀ ਸੇਵਾ-ਮੁਕਤੀ 'ਤੇ ਸਨਮਾਨ ਸਮਾਰੋਹ

**ਮਾਹਿਲਪੁਰ (ਸ਼ਫ਼ਰੀ)**- ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਅੰਗਰੇਜੀ ਵਿਭਾਗ ਦੇ ਮੁਖੀ ਵਜੋਂ ਸੇਵਾ ਮੁਕਤ ਹੋਏ ਪ੍ਰੋ. ਪਵਨਦੀਪ ਚੀਮਾ ਦੀ ਸੇਵਾ ਮੁਕਤੀ 'ਤੇ ਕਾਲਜ ਵਲੋਂ ਇਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।



ਇਸ ਮੌਕੇ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਜਨਰਲ ਸਕੱਤਰ ਪ੍ਰੋ. ਅਪਿੰਦਰ ਸਿੰਘ, ਖਜ਼ਾਨਚੀ ਵੀਰਇੰਦਰ ਸ਼ਰਮਾ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸੇਵਾ ਮੁਕਤੀ ਸਮਾਰੋਹ ਹਰ ਮੁਲਾਜ਼ਮ ਦੇ ਸੇਵਾ ਕਾਲ ਦੀ ਸਿਖਰ ਹੁੰਦਾ ਹੈ ਜਿੱਥੇ ਉਹ ਅਨੇਕਾਂ ਯਾਦਾਂ ਛੱਡ ਕੇ ਜਾਣ ਦੀ ਦਹਿਲੀਜ਼ 'ਤੇ ਹੁੰਦਾ ਹੈ। ਉਨ੍ਹਾਂ ਪ੍ਰੋ. ਪਵਨਦੀਪ ਚੀਮਾ ਵਲੋਂ ਦਿੱਤੀਆਂ ਅਠੱਤੀ ਸਾਲ ਦੀਆਂ ਅਧਿਆਪਨ ਸੇਵਾਵਾਂ ਬਾਰੇ ਵਿਚਾਰ ਰੱਖੇ। ਇਸ ਮੌਕੇ ਸਕੱਤਰ ਪ੍ਰੋ. ਅਪਿੰਦਰ ਸਿੰਘ ਤੇ ਵੀਰਇੰਦਰ ਸ਼ਰਮਾ ਨੇ ਪ੍ਰੋ. ਚੀਮਾ ਦੀ ਸੇਵਾ ਮੁਕਤੀ 'ਤੇ ਸ਼ੁੱਭ ਕਾਮਨਾਵਾਂ ਦਿੱਤੀਆਂ ਉਨ੍ਹਾਂ ਕਿਹਾ ਕਿ ਕਾਲਜ ਦੀ ਤਰੱਕੀ ਵਿਚ ਹਰ ਵਰਗ ਅਤੇ ਹਰ ਦਰਜੇ ਦੇ ਕਰਮਚਾਰੀ ਦੀ ਆਪੋ ਆਪਣੀ ਭੂਮਿਕਾ ਹੁੰਦੀ ਹੈ ਅਤੇ ਸੇਵਾ ਮੁਕਤੀ ਸਮਾਰੋਹ ਹਰ ਕਰਮਚਾਰੀ ਦੀ ਅਕਾਦਮਿਕ ਜਾਂ ਦਫਤਰੀ ਜਿੰਦਗੀ ਦਾ ਅਹਿਮ ਹਿੱਸਾ ਹੁੰਦਾ ਹੈ। ਇਸ ਮੌਕੇ ਪ੍ਰੋ. ਪਬਨਦੀਪ ਚੀਮਾ ਨੇ ਆਪਣੇ ਅਧਿਆਪਨ ਸਫਰ ਬਾਰੇ ਵਿਚਾਰ ਰੱਖੇ। ਉਨ੍ਹਾਂ ਕਾਲਜ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਸੰਸਥਾ ਦੀ ਹੋਰ ਤਰੱਕੀ ਦੀ ਕਾਮਨਾ ਕੀਤੀ। ਸਮਾਰੋਹ ਦੀ ਕਾਰਵਾਈ ਸਟਾਫ ਸਕੱਤਰ ਡਾ. ਆਰਤੀ ਸ਼ਰਮਾ ਨੇ ਚਲਾਈ। ਕਾਲਜ ਪ੍ਰਬੰਧਕਾਂ ਵੱਲੋਂ ਪ੍ਰੋ. ਚੀਮਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਿੰਦਰ ਸਿੰਘ ਬੈਂਸ, ਰਜਿੰਦਰ ਕੌਰ ਚੀਮਾ, ਪ੍ਰਿੰਸੀਪਲ ਗਗਨਦੀਪ ਕੌਰ, ਤਜਿੰਦਰ ਸਿੰਘ ਬਲ, ਡਾ ਬਿਮਲਾ ਜਸਵਾਲ, ਪ੍ਰੋ. ਰਾਜ ਕੁਮਾਰ, ਪ੍ਰੋ. ਰਾਕੇਸ਼ ਕੁਮਾਰ, ਸੁਖਜਿੰਦਰ ਸਿੰਘ, ਅਨਿਲ ਜੰਡੋਲੀ, ਮੈਡਮ ਮਨਜਿੰਦਰ ਕੌਰ,ਪ੍ਰੋ. ਬਲਵੀਰ ਕੌਰ, ਪ੍ਰੋ. ਵੀਨਾ, ਪ੍ਰੋ. ਅਵਲੀਨ ਕੌਰ, ਹਿਮਾਨੀ, ਪ੍ਰੋ. ਸੁਰਭੀ, ਪ੍ਰੋ. ਰੁਕਮਨੀ ਆਦਿ ਸਮੇਤ ਕਾਲਜ ਦਾ ਟੀਚਿੰਗ ਤੇ ਨਾਨ ਸਟਾਫ ਹਾਜ਼ਰ ਸੀ।